ਬੁੱਧਵਾਰ, 22 ਮਾਰਚ, 2023

9 ਚੇਤ { ਨਾਨਕਸ਼ਾਹੀ 555 / ਬਿਕਰਮੀ 2080

ਜਿਲਦ/VOL. : 71

ਅੰਕ/NO. : 290

# ਨਵਾਂ ਜ਼ਮਾਨਾ

DAILY NAWAN ZAMANA • WEDNESDAY, 22 MARCH, 2023 ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : Pb/JL-123/2021-23, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


# ਗੁਰਦੁਆਰੇ 'ਚੋਂ ਸ਼ਰਟ ਤੇ ਟਰਾਊਜ਼ਰ ਪਾ ਕੇ ਭੱਜਿਆ

## ਅੰਮ੍ਰਿਤਪਾਲ ਦੇ ਐੱਨ ਐੱਸ ਏ ਤਹਿਤ ਵਾਰੰਟ ਗ੍ਰਿਫ਼ਤਾਰੀ ਜਾਰੀ, ਬਾਈਕ 'ਤੇ ਭਜਾਉਣ ਵਾਲੇ ਚਾਰ ਕਾਬੂ

**ਚੰਡੀਗੜ੍ਹ** : ਪੰਜਾਬ ਸਰਕਾਰ ਨੇ ਮੰਗਲਵਾਰ ਪੰਜਾਬ ਤੇ ਹਰਿਆਣਾ ਹਾਈ ਕੋਰਟ ਨੂੰ ਦੱਸਿਆ ਕਿ ਕੱਟੜਪੰਥੀ ਪ੍ਰਚਾਰਕ ਅੰਮ੍ਰਿਤਪਾਲ ਸਿੰਘ ਵਿਰੁੱਧ ਕੌਮੀ ਸੁਰੱਖਿਆ ਕਾਨੂੰਨ (ਐੱਨ ਐੱਸ ਏ) ਲਗਾਇਆ ਗਿਆ ਹੈ। ਹਾਈ ਕੋਰਟ ਨੇ ਪੰਜਾਬ ਸਰਕਾਰ ਨੂੰ ਪੁੱਛਿਆ ਹੈ ਕਿ ਜੇ ਅੰਮ੍ਰਿਤਪਾਲ ਦੇਸ਼ ਲਈ ਖ਼ਤਰਾ ਹੈ ਤਾਂ ਉਸ ਨੂੰ ਹਾਲੇ ਤੱਕ ਕਿਉਂ ਨਹੀਂ ਫੜਿਆ ਜਾ ਸਕਿਆ, ਜੇ ਉਸ ਦੇ ਸਾਥੀ ਫੜੇ ਗਏ ਹਨ ਤਾਂ ਉਸ ਨੂੰ ਕਿਉਂ ਨਹੀਂ ਕਾਬੂ ਕੀਤਾ ਗਿਆ। ਰਾਜ ਵਿਚਲੇ 80 ਹਜ਼ਾਰ ਪੁਲਸ ਜਵਾਨ ਕੀ ਕਰ ਰਹੇ ਹਨ। ਇਸ ਦੌਰਾਨ ਹਾਈ ਕੋਰਟ ਨੇ ਅੰਮ੍ਰਿਤਪਾਲ ਸਿੰਘ ਵੱਲੋਂ ਪੁਲਸ ਨੂੰ ਚਕਮਾ ਦੇ ਕੇ ਫਰਾਰ ਹੋਣ ਨੂੰ ਖੁਫੀਆ ਤੰਤਰ ਦੀ ਨਾਕਾਮੀ ਕਰਾਰ ਦਿੰਦੇ ਹੋਏ ਪੰਜਾਬ ਸਰਕਾਰ ਨੂੰ ਝਾੜਿਆ। ਹੁਣ ਇਸ ਮਾਮਲੇ 'ਤੇ 4 ਦਿਨ ਬਾਅਦ ਸੁਣਵਾਈ ਕੀਤੀ ਜਾਵੇਗੀ।

ਆਈ ਜੀ (ਹੈੱਡਕੁਆਰਟਰ) ਸੁਖਚੈਨ ਸਿੰਘ ਗਿੱਲ ਨੇ ਦੱਸਿਆ ਹੈ ਕਿ ਉਹ ਬਰੇਜ਼ਾ ਬਰਾਮਦ ਕਰ ਲਈ ਗਈ ਹੈ, ਜਿਸ ਨੂੰ ਮਹਿਤਪੁਰ ਤੋਂ ਭੱਜਣ ਲਈ ਅੰਮ੍ਰਿਤਪਾਲ ਨੇ ਵਰਤਿਆ ਸੀ। ਅੰਮ੍ਰਿਤਪਾਲ ਨੂੰ ਭੱਜਣ ਵਿਚ ਮਦਦ ਕਰਨ ਵਾਲੇ ਚਾਰ ਜਣੇ ਗ੍ਰਿਫ਼ਤਾਰ ਕਰ ਲਏ ਗਏ ਹਨ। ਉਨ੍ਹਾਂ ਤੋਂ .315 ਬੋਰ ਦੀ ਰਾਈਫਲ, ਕੁਝ ਤਲਵਾਰਾਂ ਤੇ ਵਾਕੀ ਟਾਕੀ ਵੀ ਮਿਲੀ ਹੈ। ਗਿੱਲ ਨੇ ਦੱਸਿਆ ਕਿ ਮਹਿਤਪੁਰ ਵਿਚ ਪੁਲਸ ਨੂੰ ਝਕਾਨੀ ਦੇਣ ਤੋਂ ਬਾਅਦ ਅੰਮ੍ਰਿਤਪਾਲ ਨੰਗਲ ਅੰਬੀਆਂ ਦੇ ਗੁਰਦੁਆਰੇ ਵਿਚ ਠਹਿਰਿਆ। ਉਥੇ ਬਾਣਾ ਬਦਲ ਕੇ ਸ਼ਰਟ ਤੇ ਟਰਾਊਜ਼ਰ ਪਾਈ ਅਤੇ ਪੱਗ ਵੀ ਬਦਲੀ। ਫਿਰ ਉਹ ਮੋਟਰਸਾਈਕਲ 'ਤੇ ਭੱਜਿਆ। ਗਿੱਲ ਨੇ ਅੰਮ੍ਰਿਤਪਾਲ ਦੇ ਕੱਪੜਿਆਂ ਦੀਆਂ ਫੋਟੋਆਂ ਵੀ ਜਾਰੀ ਕੀਤੀਆਂ। ਇਸ ਤੋਂ ਪਹਿਲਾਂ ਉਹ ਗੱਡੀ ਦੀ ਮੂਹਰਲੀ ਸੀਟ 'ਤੇ ਬੈਠਾ ਇਕ ਟੋਲ ਪਲਾਜ਼ਾ 'ਤੇ ਨਜ਼ਰ ਆਇਆ ਸੀ।

ਪੁਲਸ ਨੇ ਉਸ ਦੇ ਐੱਨ ਐੱਸ ਏ ਤਹਿਤ ਵਾਰੰਟ ਗ੍ਰਿਫਤਾਰੀ ਜਾਰੀ ਕਰ ਦਿੱਤੇ ਹਨ। ਪੁਲਸ ਹੁਣ ਤੱਕ 154 ਬੰਦੇ ਫੜ ਚੁੱਕੀ ਹੈ। ਗਿੱਲ ਨੇ ਦੱਸਿਆ ਕਿ ਅਜੇ ਕੌਮੀ ਪੜਤਾਲੀਆ ਏਜੰਸੀ (ਐੱਨ ਆਈ ਏ) ਮਾਮਲੇ ਦੀ ਜਾਂਚ ਵਿਚ ਸ਼ਾਮਲ ਨਹੀਂ ਹੋਈ।

ਅੰਮ੍ਰਿਤਪਾਲ ਨੂੰ ਮਹਿਤਪੁਰ ਤੋਂ ਭੱਜਣ ਵਿਚ ਜਿਨ੍ਹਾਂ ਮਦਦ ਕੀਤੀ, ਉਨ੍ਹਾਂ ਵਿੱਚੋਂ ਸ਼ਾਹਕੋਟ ਦੇ ਨਵਾਂ ਕਿਲ੍ਹਾ ਦਾ ਮਨਪ੍ਰੀਤ ਮੰਨਾ (28), ਨਕੋਦਰ ਦੇ ਬਲ ਨੌਂ ਦਾ ਗੁਰਦੀਪ ਸਿੰਘ ਦੀਪਾ, ਬੁੱਲ੍ਹੋਵਾਲ ਦੇ ਪਿੰਡ ਕੋਟਲਾ ਨੌਧ ਸਿੰਘ ਦਾ ਹਰਪ੍ਰੀਤ ਸਿੰਘ ਹੈਪੀ (36) ਅਤੇ ਫਰੀਦਕੋਟ ਦੇ ਪਿੰਡ ਗੋਇੰਦਰਾ ਦਾ ਗੁਰਭੇਜ ਸਿੰਘ ਉਰਫ ਭੇਜਾ ਨੂੰ ਫੜਿਆ ਗਿਆ ਹੈ।

ਪੁਲਸ ਨੇ ਅੰਮ੍ਰਿਤਪਾਲ ਦੇ ਚਾਚੇ ਹਰਜੀਤ ਸਿੰਘ ਤੇ ਡਰਾਈਵਰ ਹਰਪ੍ਰੀਤ ਸਿੰਘ ਉੱਤੇ ਸਰਪੰਚ ਦੇ ਘਰ ਵੜ ਕੇ ਉਸ ਨੂੰ ਬੰਦੀ ਬਣਾਉਣ ਦਾ ਮਹਿਤਪੁਰ ਥਾਣੇ 'ਚ ਕੇਸ ਦਰਜ ਕੀਤਾ ਹੈ। ਊਧੋਵਾਲ ਦੇ ਸਰਪੰਚ ਮਨਪ੍ਰੀਤ ਸਿੰਘ ਨੇ ਦੋਸ਼ ਲਾਇਆ ਸੀ ਕਿ ਦੋਹਾਂ ਨੇ ਬੰਦੂਕ ਦੀ ਨੋਕ 'ਤੇ ਉਨ੍ਹਾ ਦੇ ਪਰਿਵਾਰ ਨੂੰ 29 ਘੰਟੇ ਬੰਦੀ ਬਣਾਈ ਰੱਖਿਆ। ਹਰਜੀਤ ਤੇ ਹਰਪ੍ਰੀਤ ਨੇ ਬੁਲੰਦਪੁਰ ਗੁਰਦੁਆਰੇ ਨੇੜੇ ਪੁਲਸ ਅੱਗੇ ਆਤਮ-ਸਮਰਪਣ ਕੀਤਾ ਸੀ। ਪੰਜਾਬ ਪੁਲਸ ਅੰਮ੍ਰਿਤਪਾਲ ਸਿੰਘ ਦੇ ਚਾਚਾ ਹਰਜੀਤ ਸਿੰਘ ਨੂੰ ਮੰਗਲਵਾਰ ਸਵੇਰੇ ਆਸਾਮ ਲੈ ਗਈ। ਉਸ ਨੂੰ ਗੁਹਾਟੀ ਤੋਂ ਸੜਕ ਰਾਹੀਂ ਡਿਬਰੂਗੜ੍ਹ ਜੇਲ੍ਹ ਲਿਜਾਇਆ ਗਿਆ। ਉਹ ਅੰਮ੍ਰਿਤਪਾਲ ਦੇ ਗਰੁੱਪ ਨਾਲ ਜੁੜਿਆ ਪੰਜਵਾਂ ਵਿਅਕਤੀ ਹੈ, ਜਿਸ ਨੂੰ ਉੱਤਰ-ਪੂਰਬੀ ਰਾਜ 'ਚ ਲਿਜਾਇਆ ਗਿਆ ਹੈ। ਪੰਜਾਬ ਦੇ 6 ਜ਼ਿਲ੍ਹਿਆਂ 'ਚ 23 ਮਾਰਚ ਦੁਪਹਿਰ 12 ਵਜੇ ਤੱਕ ਮੋਬਾਇਲ ਇੰਟਰਨੈੱਟ ਅਤੇ ਐੱਸ ਐੱਮ ਐੱਸ ਸੇਵਾਵਾਂ ਬੰਦ ਰਹਿਣਗੀਆਂ, ਜਦੋਂ ਕਿ ਬਾਕੀ ਜ਼ਿਲ੍ਹਿਆਂ 'ਚ ਇਹ ਸੇਵਾ ਮੰਗਲਵਾਰ ਦੁਪਹਿਰ 12 ਵਜੇ ਬਹਾਲ ਕਰ ਦਿੱਤੀ ਗਈ।

ਤਰਨ ਤਾਰਨ, ਫਿਰੋਜ਼ਪੁਰ, ਸੰਗਰੂਰ, ਮੋਗਾ, ਅੰਮ੍ਰਿਤਸਰ ਦੇ ਅਜਨਾਲਾ ਅਤੇ ਮੁਹਾਲੀ ਦੇ ਕੁਝ ਇਲਾਕਿਆਂ 'ਚ ਇੰਟਰਨੈੱਟ ਤੇ ਐੱਸ ਐੱਮ ਐੱਸ ਸੇਵਾ ਬੰਦ ਰਹੇਗੀ।

## ਪੰਜਾਬ ਸਰਕਾਰ ਸਖਤ ਕਦਮ ਚੁੱਕਣ ਤੋਂ ਨਹੀਂ ਡਰਦੀ : ਕੇਜਰੀਵਾਲ



**ਨਵੀਂ ਦਿੱਲੀ** : ਦਿੱਲੀ ਦੇ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਕਿਹਾ ਹੈ ਕਿ ਸੂਬਾ ਸਰਕਾਰ ਪੰਜਾਬ 'ਚ ਅਪਰਾਧਿਕ ਗਤੀਵਿਧੀਆਂ ਨਾਲ ਨਜਿੱਠਣ ਲਈ ਸਖਤ ਕਦਮ ਚੁੱਕਣ ਤੋਂ ਨਹੀਂ ਡਰਦੀ। ਉਨ੍ਹਾ ਦੀ ਇਹ ਟਿੱਪਣੀ ਪੰਜਾਬ ਪੁਲਸ ਵੱਲੋਂ ਅੰਮ੍ਰਿਤਪਾਲ ਸਿੰਘ ਅਤੇ 'ਵਾਰਿਸ ਪੰਜਾਬ ਦੇ' ਜਥੇਬੰਦੀ ਦੇ ਮੈਂਬਰਾਂ ਖਿਲਾਫ ਮੁਹਿੰਮ ਤੋਂ ਬਾਅਦ ਆਈ ਹੈ। ਕੇਜਰੀਵਾਲ ਨੇ ਕਿਹਾ—ਜਦੋਂ ਅਸੀਂ ਪੰਜਾਬ ਵਿਚ ਸੱਤਾ ਵਿਚ ਆਏ ਤਾਂ ਲੋਕਾਂ ਨੇ ਕਿਹਾ ਕਿ 'ਆਪ' ਸਿਰਫ ਸਿੱਖਿਆ, ਸਿਹਤ ਅਤੇ ਬਿਜਲੀ ਦੇ ਖੇਤਰਾਂ ਵਿਚ ਕੰਮ ਕਰ ਸਕਦੀ ਹੈ, ਕਾਨੂੰਨ ਵਿਵਸਥਾ ਨੂੰ ਸੰਭਾਲਣਾ ਮੁਸ਼ਕਲ ਹੋਵੇਗਾ। ਸਾਨੂੰ ਪਿਛਲੀਆਂ ਸਰਕਾਰਾਂ ਤੋਂ ਵਿਰਾਸਤ 'ਚ ਜੋ ਮਿਲਿਆ ਹੈ, ਉਸ ਤੋਂ ਲੱਗਦਾ ਹੈ ਕਿ ਅਪਰਾਧੀਆਂ ਨੂੰ ਸਿਆਸੀ ਸਰਪ੍ਰਸਤੀ ਹਾਸਲ ਸੀ, ਪਰ ਸਾਡੀ ਸਰਕਾਰ ਇਮਾਨਦਾਰ ਹੈ। ਅਸੀਂ ਅਜਿਹੇ ਅਨਸਰਾਂ ਖਿਲਾਫ ਸਖਤ ਕਾਰਵਾਈ ਕਰਦੇ ਹਾਂ।

## ਦੁਸ਼ਮਣ ਤਾਕਤਾਂ ਪੰਜਾਬ ਨੂੰ ਬਰਬਾਦ ਕਰਨਾ ਚਾਹੁੰਦੀਆਂ : ਸੀ ਪੀ ਆਈ

**ਸਾਰੀਆਂ ਅਮਨ ਤੇ ਜਮਹੂਰੀਅਤ-ਪੱਖੀ ਤਾਕਤਾਂ ਮਿਲ ਕੇ ਚੱਲਣ**

**ਚੰਡੀਗੜ੍ਹ** : ਪੰਜਾਬ ਦੀ ਤੇਜ਼ੀ ਨਾਲ ਵਿਗੜ ਰਹੀ ਹਾਲਤ 'ਤੇ ਗੰਭੀਰ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਮੰਗਲਵਾਰ ਪੰਜਾਬ ਸੀ ਪੀ ਆਈ ਨੇ ਪੰਜਾਬੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਸੁਹਿਰਦਤਾ ਅਤੇ ਠਰ੍ਹੰਮੇ ਤੋਂ ਕੰਮ ਲੈ ਕੇ ਆਪਣੀ ਪੂਰੀ ਤਾਕਤ ਨਾਲ ਹਜ਼ਾਰਾਂ ਕੁਰਬਾਨੀਆਂ ਦੇ ਕੇ ਕਾਇਮ ਕੀਤੀ ਸ਼ਾਂਤੀ ਅਤੇ ਭਾਈਚਾਰਕ ਏਕਤਾ ਨੂੰ ਬਣਾਈ ਰੱਖਣ। ਪਾਰਟੀ ਲੀਡਰਾਂ ਨਾਲ ਵਿਚਾਰ-ਚਰਚਾ ਕਰਨ ਉਪਰੰਤ ਸੂਬਾ ਸਕੱਤਰ ਬੰਤ ਸਿੰਘ ਬਰਾੜ ਨੇ ਆਖਿਆ ਕਿ ਪੰਜਾਬੀਆਂ ਨੇ ਹਜ਼ਾਰਾਂ ਕੁਰਬਾਨੀਆਂ ਦੇ ਕੇ ਬਹੁਤ ਮੁਸ਼ਕਲ ਨਾਲ ਸ਼ਾਂਤੀ ਕਾਇਮ ਕੀਤੀ ਸੀ ਅਤੇ ਬੇਮਿਸਾਲ ਏਕਤਾ ਸਥਾਪਤ ਕਰਕੇ ਸਾਰੇ ਦੇਸ਼ ਵਿਚ ਮਹਾਨ ਕਿਸਾਨ ਅੰਦੋਲਨ ਦੀ ਅਗਵਾਈ ਕੀਤੀ ਸੀ। ਪੰਜਾਬੀਆਂ ਦੀ ਇਸ ਏਕਤਾ ਨੂੰ ਤੋੜਨ ਲਈ ਅਨੇਕਾਂ ਕਿਸਮ ਦੀਆਂ ਏਜੰਸੀਆਂ ਦੀ ਵਾਹ ਲੱਗੀ ਹੋਈ ਹੈ ਕਿ ਪ੍ਰਾਂਤ ਦਾ ਮਾਹੌਲ ਪੂਰੀ ਤਰ੍ਹਾਂ ਬਰਬਾਦ ਕੀਤਾ ਜਾਵੇ।

ਸ੍ਰੀ ਬਰਾੜ ਨੇ ਕਿਹਾ ਕਿ ਕੇਂਦਰ ਅਤੇ ਪੰਜਾਬ ਦੀਆਂ ਸਰਕਾਰਾਂ ਪੰਜਾਬ ਦੇ ਵਿਗੜੇ ਹੋਏ ਹਾਲਾਤ ਲਈ ਜ਼ਿੰਮੇਵਾਰੀ ਤੋਂ ਭੱਜ ਨਹੀਂ ਸਕਦੀਆਂ। ਉਹਨਾ ਕਿਹਾ ਕਿ ਬੜੀ ਦੇਰ ਤੋਂ ਫੁੱਟ-ਪਾਊ ਪੰਜਾਬ ਵਿਰੋਧੀ ਸ਼ਕਤੀਆਂ ਖੁੱਲ੍ਹੇਆਮ ਹਥਿਆਰਾਂ ਦੀ ਨੁਮਾਇਸ਼ ਕਰਦੀਆਂ ਘੁੰਮ ਰਹੀਆਂ ਸਨ ਤੇ ਹਰ ਪੱਖ ਤੋਂ ਪੂਰੀ ਜਾਣਕਾਰੀ ਹੁੰਦਿਆਂ ਹੋਇਆਂ ਸਰਕਾਰਾਂ ਦਾ ਤਮਾਸ਼ਬੀਨ ਬਣ ਕੇ ਬੈਠੇ ਰਹਿਣਾ ਕਈ ਪ੍ਰਕਾਰ ਦੇ ਸ਼ੰਕਿਆਂ ਨੂੰ ਪ੍ਰਗਟ ਕਰਦਾ ਹੈ।

ਉਹਨਾ ਪੰਜਾਬ ਸਰਕਾਰ ਨੂੰ ਸਾਵਧਾਨ ਕਰਦਿਆਂ ਆਖਿਆ ਕਿ ਉਸ ਨੂੰ ਪੰਜਾਬ ਦੀਆਂ ਸਾਰੀਆਂ ਅਮਨਪਸੰਦ ਤਾਕਤਾਂ ਨੂੰ ਵਿਸ਼ਵਾਸ ਵਿਚ ਲੈ ਕੇ ਮਾਮਲੇ ਦੀ ਤਹਿ ਤੱਕ ਜਾਣਾ ਚਾਹੀਦਾ ਹੈ ਅਤੇ ਪੰਜਾਬ ਵਿਰੋਧੀ ਤਾਕਤਾਂ ਨੂੰ ਭਾਵੇਂ ਉਹ ਦੇਸ਼ ਵਿਚ ਜਾਂ ਬਦੇਸ਼ ਵਿਚ ਹੋਣ, ਸਾਰੇ ਸਬੂਤਾਂ ਸਮੇਤ ਲੋਕਾਂ ਸਾਹਮਣੇ ਨੰਗਿਆਂ ਕਰਨਾ ਚਾਹੀਦਾ ਹੈ। ਸੀ ਪੀ ਆਈ ਨੇ ਅਪੀਲ ਕਰਦਿਆਂ ਆਖਿਆ ਕਿ ਇਸ ਸੰਕਟਮਈ ਹਾਲਤਾਂ ਦਾ ਟਾਕਰਾ ਆਪਣੇ ਸਿਆਸੀ ਅਤੇ ਸਮਾਜੀ ਮਤਭੇਦਾਂ ਨੂੰ ਭੁਲਾ ਕੇ ਸਮੂਹ ਰਾਜਸੀ, ਧਾਰਮਕ ਅਤੇ ਸਮਾਜਕ ਸੰਗਠਨਾਂ ਦੀ ਏਕਤਾ ਕਾਇਮ ਕਰਕੇ ਸਮੁੱਚੇ ਪੰਜਾਬੀਆਂ ਨੂੰ ਕਰਨਾ ਚਾਹੀਦਾ ਹੈ।

## ਸੰਸਦ ਦੇ ਗਲਿਆਰੇ ਤੋਂ ਕੂਕ




**ਨਵੀਂ ਦਿੱਲੀ** : ਅਡਾਨੀ ਗਰੁੱਪ ਮਾਮਲੇ ਦੀ ਜਾਂਚ ਲਈ ਸਾਂਝੀ ਸੰਸਦੀ ਕਮੇਟੀ (ਜੇ ਪੀ ਸੀ) ਕਾਇਮ ਕਰਨ ਦੀ ਮੰਗ ਨੂੰ ਲੈ ਕੇ ਕਾਂਗਰਸ ਅਤੇ ਕਈ ਹੋਰ ਵਿਰੋਧੀ ਪਾਰਟੀਆਂ ਦੇ ਮੈਂਬਰਾਂ ਨੇ ਮੰਗਲਵਾਰ ਸੰਸਦ ਭਵਨ ਦੀ ਪਹਿਲੀ ਮੰਜ਼ਲ ਦੇ ਗਲਿਆਰੇ ਵਿਚ ਪ੍ਰਦਰਸ਼ਨ ਕੀਤਾ। ਰਾਜ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਅਤੇ ਕਾਂਗਰਸ ਪ੍ਰਧਾਨ ਮਲਿਕਾਅਰਜੁਨ ਖੜਗੇ, ਕਾਂਗਰਸ, ਡੀ ਐੱਮ ਕੇ, ਭਾਰਤ ਰਾਸ਼ਟਰ ਸਮਿਤੀ ਦੇ ਕਈ ਸੰਸਦ ਮੈਂਬਰ ਅਤੇ ਕੁਝ ਹੋਰ ਪਾਰਟੀਆਂ ਦੇ ਨੇਤਾ ਵਿਰੋਧ 'ਚ ਸ਼ਾਮਲ ਹੋਏ। ਦੋਵਾਂ ਸਦਨਾਂ ਦੀ ਕਾਰਵਾਈ ਬਾਅਦ ਦੁਪਹਿਰ 2 ਵਜੇ ਤੱਕ ਮੁਲਤਵੀ ਹੋਣ ਤੋਂ ਬਾਅਦ ਵਿਰੋਧੀ ਧਿਰ ਦੇ ਮੈਂਬਰ ਸੰਸਦ ਦੀ ਪਹਿਲੀ ਮੰਜ਼ਲ ਦੇ ਗਲਿਆਰੇ 'ਚ ਇਕੱਠੇ ਹੋ ਗਏ ਅਤੇ 'ਅਸੀਂ ਜੇ ਪੀ ਸੀ ਚਾਹੁੰਦੇ ਹਾਂ' ਦੇ ਨਾਅਰੇ ਲਾਏ।

## ਨੋਟਬੰਦੀ ਨਾਲ ਰੱਦੀ ਨੋਟਾਂ 'ਤੇ ਸੁਣਵਾਈ ਤੋਂ ਨਾਂਹ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਮੰਗਲਵਾਰ ਸਾਲ 2016 'ਚ ਨੋਟਬੰਦੀ ਕਾਰਨ 'ਰੱਦੀ' ਹੋਏ ਨੋਟਾਂ ਨੂੰ ਨਵੀਂ ਕਰੰਸੀ ਨਾਲ ਬਦਲਣ ਨਾਲ ਸੰਬੰਧਤ ਵੱਖ-ਵੱਖ ਮਾਮਲਿਆਂ ਨੂੰ ਸੁਣਨ ਤੋਂ ਇਨਕਾਰ ਕਰ ਦਿੱਤਾ ਤੇ ਪਟੀਸ਼ਨਰਾਂ ਨੂੰ ਕੇਂਦਰ ਕੋਲ ਜਾਣ ਦਾ ਨਿਰਦੇਸ਼ ਦਿੱਤਾ। ਸੁਪਰੀਮ ਕੋਰਟ ਨੇ ਕੇਂਦਰ ਨੂੰ 12 ਹਫਤਿਆਂ ਦੇ ਅੰਦਰ ਬੰਦ ਕੀਤੇ ਨੋਟਾਂ ਨੂੰ ਬਦਲਣ ਬਾਰੇ ਪੇਸ਼ ਦਾਅਵਿਆਂ 'ਤੇ ਫੈਸਲਾ ਕਰਨ ਲਈ ਕਿਹਾ ਹੈ।

## ਮੁਹਾਲੀ ਦਾ ਧਰਨਾ ਚੁਕਵਾਇਆ

**ਮੁਹਾਲੀ** : ਇੱਥੇ ਏਅਰਪੋਰਟ ਰੋਡ 'ਤੇ ਸੋਹਾਣਾ ਗੁਰਦੁਆਰਾ ਸਾਹਿਬ ਦੇ ਅੱਗੇ ਅੰਮ੍ਰਿਤਪਾਲ ਦੇ ਸਮਰਥਕਾਂ ਨੇ ਜਿਹੜਾ ਧਰਨਾ ਲਾਇਆ ਹੋਇਆ ਸੀ, ਉਹ ਪੁਲਸ ਨੇ ਚੁਕਵਾ ਦਿੱਤਾ ਹੈ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਲੋਕਾਂ, ਖਾਸਕਰ ਗੁਰਦੁਆਰਾ ਸਾਹਿਬ ਵਿਖੇ ਮੱਥਾ ਟੇਕਣ ਆਉਣ ਵਾਲੀ ਸੰਗਤ ਨੂੰ ਦਰਪੇਸ਼ ਸਮੱਸਿਆਵਾਂ ਦੇ ਮੱਦੇਨਜ਼ਰ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਦੇ ਬਾਹਰੋਂ ਧਰਨਾ ਚੁਕਾ ਦਿੱਤਾ ਗਿਆ ਹੈ। ਉਨ੍ਹਾ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਧਰਨੇ ਕਾਰਨ ਧਰਨਾਕਾਰੀਆਂ ਦਾ ਸੰਗਤ ਅਤੇ ਲੋਕਾਂ ਨਾਲ ਟਕਰਾਅ ਪੈਦਾ ਹੋਣ ਲੱਗ ਪਿਆ ਸੀ। ਪੰਚਾਇਤਾਂ ਅਤੇ ਸ਼ਹਿਰ ਦੇ ਅਨੇਕਾਂ ਲੋਕਾਂ ਨੇ ਇਸ ਸਮੱਸਿਆ ਦੇ ਹੱਲ ਲਈ ਬੇਨਤੀ ਕੀਤੀ ਸੀ। ਸੰਭਾਵੀ ਟਕਰਾਅ ਨੂੰ ਰੋਕਣ ਲਈ ਇਹ ਧਰਨਾ ਚੁਕਾਇਆ ਗਿਆ ਹੈ। ਸ਼ਾਂਤੀ ਭੰਗ ਕਰਨ ਦੀ ਕਿਸੇ ਨੂੰ ਵੀ ਆਗਿਆ ਨਹੀਂ ਦਿੱਤੀ ਜਾਵੇਗੀ। ਐੱਸ ਐੱਸ ਪੀ ਡਾ. ਸੰਦੀਪ ਗਰਗ ਨੇ ਕਿਹਾ ਕਿ ਧਰਨਾਕਾਰੀਆਂ ਵੱਲੋਂ ਸੰਗਤ ਅਤੇ ਪੰਚਾਇਤਾਂ ਦੇ ਮੈਂਬਰਾਂ ਨਾਲ ਧੱਕਾ-ਮੁੱਕੀ ਕਰਨ ਦੀਆਂ ਸ਼ਿਕਾਇਤਾਂ ਮਿਲੀਆਂ ਸਨ। ਸ਼ਾਂਤੀ ਬਹਾਲੀ ਲਈ ਧਰਨੇ ਨੂੰ ਚੁਕਾਇਆ ਗਿਆ ਹੈ। ਉਨ੍ਹਾ ਦੱਸਿਆ ਕਿ ਧਰਨੇ ਨੂੰ ਚੁਕਾਉਣ ਸਮੇਂ ਪੁਲਸ ਮੁਲਾਜ਼ਮਾਂ ਸਮੇਤ ਕੁਝ ਵਿਅਕਤੀ ਜ਼ਖਮੀ ਹੋਏ ਹਨ। 25 ਕੁ ਵਿਅਕਤੀਆਂ ਦੀ ਗ੍ਰਿਫਤਾਰੀ ਕੀਤੀ ਗਈ ਹੈ।

# ਮੈਲੀ ਅੱਖ ਰੱਖਣ ਦੀ ਕਿਸੇ ਨੂੰ ਇਜਾਜ਼ਤ ਨਹੀਂ ਦੇਵਾਂਗੇ : ਮਾਨ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਮੁੱਖ ਮੰਤਰੀ ਭਗਵੰਤ ਮਾਨ ਨੇ ਮੰਗਲਵਾਰ ਨੂੰ ਕਿਹਾ ਕਿ ਸੂਬਾ ਸੁਰੱਖਿਅਤ ਅਤੇ ਮਜ਼ਬੂਤ ਹੱਥਾਂ ਵਿੱਚ ਹੈ ਅਤੇ ਸੂਬੇ ਦੀ ਸ਼ਾਂਤੀ, ਸਦਭਾਵਨਾ ਅਤੇ ਭਾਈਚਾਰਕ ਸਾਂਝ ਨੂੰ ਭੰਗ ਕਰਨ ਦੀਆਂ ਸਾਜ਼ਿਸ਼ਾਂ ਰਚਣ ਵਾਲਿਆਂ ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਦੇਸ਼ ਵਾਸੀਆਂ ਖਾਸ ਕਰਕੇ ਪੰਜਾਬੀਆਂ ਦੇ ਨਾਂਅ ਵੀਡੀਓ ਸੰਦੇਸ਼ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸ਼ਾਂਤੀ ਅਤੇ ਤਰੱਕੀ ਦਾ ਪ੍ਰਤੀਕ ਹੈ, ਕਿਉਂਕਿ ਇਸ ਪਵਿੱਤਰ ਧਰਤੀ ਤੋਂ ਮਹਾਨ ਸਿੱਖ ਗੁਰੂਆਂ ਨੇ ਸਰਬ ਸਾਂਝੀਵਾਲਤਾ ਅਤੇ ਹਰ ਵਰਗ ਦੀ ਭਲਾਈ ਦਾ ਸੰਦੇਸ਼ ਦਿੱਤਾ ਹੈ। ਉਨ੍ਹਾ ਕਿਹਾ ਕਿ ਦੇਸ਼ ਦੀ ਅਜ਼ਾਦੀ ਦੇ ਸੰਘਰਸ਼ ਤੋਂ ਲੈ ਕੇ ਦੇਸ਼ ਨੂੰ



ਅਨਾਜ ਉਤਪਾਦਨ ਵਿੱਚ ਆਤਮ ਨਿਰਭਰ ਬਣਾਉਣ ਅਤੇ ਫਿਰ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰਨ ਤੱਕ ਪੰਜਾਬੀਆਂ ਨੇ ਸੰਕਟ ਸਮੇਂ ਹਰ ਖੇਤਰ ਵਿੱਚ ਦੇਸ਼ ਦੀ ਅਗਵਾਈ ਕੀਤੀ ਹੈ। ਭਗਵੰਤ ਮਾਨ ਨੇ ਕਿਹਾ ਕਿ ਪੰਜਾਬੀਆਂ ਨੂੰ ਕਿਸੇ ਵੀ ਮੁਸੀਬਤ ਵਿੱਚ ਮਦਦ ਦਾ ਹੱਥ ਵਧਾਉਣ ਲਈ ਜਾਣਿਆ ਜਾਂਦਾ ਹੈ। ਉਨ੍ਹਾ ਅੱਗੇ ਕਿਹਾ ਕਿ ਇਸ ਧਰਤੀ ਨੇ ਦੁਨੀਆ ਨੂੰ ਪਿਆਰ ਅਤੇ ਸ਼ਾਂਤੀ ਦਾ ਰਾਹ ਦਿਖਾਇਆ ਹੈ। ਮੁੱਖ ਮੰਤਰੀ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਸੂਬੇ ਦੀ ਸ਼ਾਂਤੀ, ਤਰੱਕੀ ਅਤੇ ਖੁਸ਼ਹਾਲੀ 'ਤੇ ਕਿਸੇ ਨੂੰ ਵੀ ਮੈਲੀ ਅੱਖ ਰੱਖਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ ਅਤੇ ਇਸ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾ ਕਿਹਾ ਕਿ ਕੁਝ ਦੇਸ਼ ਵਿਰੋਧੀ ਅਨਸਰ ਵਿਦੇਸ਼ੀ ਤਾਕਤਾਂ ਨਾਲ ਮਿਲ ਕੇ ਸੂਬੇ ਵਿੱਚ ਨਫ਼ਰਤ ਦੀ ਭਾਵਨਾ ਭੜਕਾਉਣ ਦੀ ਫਿਰਾਕ ਵਿੱਚ ਹਨ। ਭਗਵੰਤ ਮਾਨ ਨੇ ਕਿਹਾ ਕਿ ਅਜਿਹੇ ਅਨਸਰਾਂ ਖ਼ਿਲਾਫ਼ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ ਅਤੇ ਉਨ੍ਹਾਂ ਨੂੰ ਸ ਲਾ ਖਾਂ

ਬਾਕੀ ਸਫ਼ਾ 2 'ਤੇ

# ਕਣਕ ਦੇ ਨੁਕਸਾਨ ਦੀ ਗਿਰਦਾਵਰੀ ਦੇ ਆਦੇਸ਼

**ਚੰਡੀਗੜ੍ਹ** : ਮੁੱਖ ਮੰਤਰੀ ਭਗਵੰਤ ਮਾਨ ਨੇ ਸੂਬੇ ਵਿੱਚ ਮੋਹਲੇਧਾਰ ਮੀਂਹ ਤੇ ਗੜੇਮਾਰੀ ਕਾਰਨ ਕਣਕ ਦੀ ਫ਼ਸਲ ਦੇ ਹੋਏ ਨੁਕਸਾਨ ਦਾ ਅੰਦਾਜ਼ਾ ਲਾਉਣ ਲਈ ਗਿਰਦਾਵਰੀ ਕਰਨ ਦੇ ਆਦੇਸ਼ ਦਿੱਤੇ ਹਨ। ਇਹ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਦੱਸਿਆ ਕਿ ਮੁੱਖ ਮੰਤਰੀ ਨੇ ਵਿੱਤ ਕਮਿਸ਼ਨਰ (ਮਾਲ) ਨੂੰ ਆਦੇਸ਼ ਦਿੱਤੇ ਕਿ ਉਹ ਸੰਬੰਧਤ ਡਿਪਟੀ ਕਮਿਸ਼ਨਰਾਂ ਨੂੰ ਹਦਾਇਤ ਕਰਨ ਕਿ ਜਿਨ੍ਹਾਂ ਇਲਾਕਿਆਂ ਵਿੱਚ ਮੀਂਹ ਕਾਰਨ ਫ਼ਸਲ ਦਾ ਨੁਕਸਾਨ ਹੋਇਆ, ਉਨ੍ਹਾਂ ਵਿੱਚ ਨੁਕਸਾਨ ਦਾ ਤਰਜੀਹੀ ਅਧਾਰ 'ਤੇ ਅੰਦਾਜ਼ਾ ਲਾਉਣ ਲਈ ਤੁਰੰਤ ਗਿਰਦਾਵਰੀ ਕਰਵਾਈ ਜਾਵੇ। ਭਗਵੰਤ ਮਾਨ ਨੇ ਕਿਹਾ ਕਿ ਪ੍ਰਭਾਵਿਤ ਕਿਸਾਨਾਂ ਨੂੰ ਸਰਕਾਰ ਦੇ ਮਾਪਦੰਡਾਂ ਮੁਤਾਬਕ ਢੁਕਵਾਂ ਮੁਆਵਜ਼ਾ ਦਿੱਤਾ ਜਾਵੇਗਾ। ਮੁੱਖ ਮੰਤਰੀ ਨੇ ਕਿਸਾਨਾਂ ਨੂੰ ਭਰੋਸਾ ਦਿੱਤਾ ਕਿ ਕੁਦਰਤ ਦੀ ਇਸ ਮਾਰ ਤੋਂ ਕਿਸਾਨਾਂ ਨੂੰ ਬਚਾਉਣ ਲਈ ਸਰਕਾਰ ਵਚਨਬੱਧ ਹੈ। ਉਨ੍ਹਾ ਕਿਹਾ ਕਿ ਸੂਬੇ 'ਚ ਮੀਂਹ ਕਾਰਨ ਹੋਏ ਨੁਕਸਾਨ ਦਾ ਢੁਕਵਾਂ ਮੁਆਵਜ਼ਾ ਹਰੇਕ ਪ੍ਰਭਾਵਿਤ ਕਿਸਾਨ ਨੂੰ ਮਿਲਣਾ ਯਕੀਨੀ ਬਣਾਉਣ ਲਈ ਹਰੇਕ ਸੰਭਵ ਕੋਸ਼ਿਸ਼ ਕੀਤੀ ਜਾਵੇਗੀ।

## ਫਸਲਾਂ ਦਾ ਬਹੁਤਾ ਨੁਕਸਾਨ ਨਹੀਂ ਹੋਇਆ : ਤੋਮਰ

**ਨਵੀਂ ਦਿੱਲੀ** : ਕੇਂਦਰੀ ਖੇਤੀ ਮੰਤਰੀ ਨਰਿੰਦਰ ਤੋਮਰ ਨੇ ਕਿਹਾ ਹੈ ਕਿ ਬੇਮੌਸਮੀ ਬਾਰਸ਼ ਅਤੇ ਗੜਿਆਂ ਨੇ ਹਾੜ੍ਹੀ ਦੀਆਂ ਫਸਲਾਂ ਨੂੰ ਬਹੁਤਾ ਨੁਕਸਾਨ ਨਹੀਂ ਕੀਤਾ, ਪਰ ਰਾਜਾਂ ਤੋਂ ਪੂਰੀਆਂ ਰਿਪੋਰਟਾਂ ਆਉਣੀਆਂ ਹਨ। ਸੋਮਵਾਰ ਕੇਂਦਰ ਸਰਕਾਰ ਨੇ ਕਿਹਾ ਸੀ ਕਿ ਸਰ੍ਹੋਂ ਅਤੇ ਛੋਲਿਆਂ ਦੀ ਫਸਲ ਬਾਰੇ ਕੋਈ ਚਿੰਤਾ ਨਹੀਂ, ਕਿਉਂਕਿ ਇਸ ਦੀ ਜ਼ਿਆਦਾਤਰ ਕਟਾਈ ਹੋ ਚੁੱਕੀ ਹੈ। ਸਰਕਾਰ ਨੇ 2022-23 ਫਸਲੀ ਸਾਲ (ਜੁਲਾਈ-ਜੂਨ) ਲਈ 11.22 ਲੱਖ ਟਨ ਕਣਕ ਦੀ ਰਿਕਾਰਡ ਪੈਦਾਵਾਰ ਦਾ ਅਨੁਮਾਨ ਲਗਾਇਆ ਹੈ। ਇਸ ਦੌਰਾਨ ਮੌਸਮ ਵਿਭਾਗ ਨੇ ਝਾਰਖੰਡ, ਬਿਹਾਰ, ਉੱਤਰਾਖੰਡ, ਯੂ ਪੀ, ਆਂਧਰਾ, ਪੰਜਾਬ ਅਤੇ ਹਰਿਆਣਾ ਦੇ ਕਿਸਾਨਾਂ ਨੂੰ ਵਾਢੀ ਅੱਗੇ ਪਾਉਣ ਦੀ ਸਲਾਹ ਦਿੱਤੀ ਹੈ।

## ਰਾਣੀ ਰਾਮਪਾਲ ਦੇ ਨਾਂਅ 'ਤੇ




**ਨਵੀਂ ਦਿੱਲੀ** : ਭਾਰਤੀ ਹਾਕੀ ਸਟਾਰ ਰਾਣੀ ਰਾਮਪਾਲ ਦੇ ਨਾਂਅ ਰਾਏਬਰੇਲੀ 'ਚ ਸਟੇਡੀਅਮ ਬਣਾਇਆ ਗਿਆ ਹੈ ਤੇ ਉਹ ਇਹ ਸਨਮਾਨ ਪ੍ਰਾਪਤ ਕਰਨ ਵਾਲੀ ਪਹਿਲੀ ਮਹਿਲਾ ਖਿਡਾਰਨ ਹੈ। ਐੱਮ ਸੀ ਐੱਫ ਰਾਏਬਰੇਲੀ ਦਾ ਨਾਂਅ ਹੁਣ 'ਰਾਣੀ'ਜ਼ ਗਰਲਜ਼ ਹਾਕੀ ਟਰਫ' ਰੱਖਿਆ ਗਿਆ ਹੈ। ਰਾਣੀ ਨੇ ਸੋਸ਼ਲ ਮੀਡੀਆ 'ਤੇ ਤਸਵੀਰਾਂ ਸ਼ੇਅਰ ਕੀਤੀਆਂ ਹਨ, ਜਿਸ 'ਚ ਉਹ ਖਿਡਾਰੀਆਂ ਨਾਲ ਗੱਲਬਾਤ ਕਰਦੇ ਹੋਏ ਅਤੇ ਸਟੇਡੀਅਮ ਦਾ ਉਦਘਾਟਨ ਕਰਦੀ ਨਜ਼ਰ ਆ ਰਹੀ ਹੈ। ਰਾਣੀ ਨੇ ਟਵੀਟ ਕੀਤਾ—ਮੈਂ ਆਪਣੀ ਖੁਸ਼ੀ ਸ਼ਬਦਾਂ 'ਚ ਬਿਆਨ ਨਹੀਂ ਕਰ ਸਕਦੀ।

## 'ਨਹੀਂ, ਮੈਂ ਇਸ ਦੀ ਪੁਸ਼ਟੀ ਨਹੀਂ ਕਰ ਸਕਦਾ'

**ਵਾਸ਼ਿੰਗਟਨ** : ਵ੍ਹਾਈਟ ਹਾਊਸ ਨੇ ਉਸ ਰਿਪੋਰਟ ਦੀ ਪੁਸ਼ਟੀ ਕਰਨ ਤੋਂ ਇਨਕਾਰ ਕਰ ਦਿੱਤਾ ਹੈ, ਜਿਸ 'ਚ ਦਾਅਵਾ ਕੀਤਾ ਗਿਆ ਸੀ ਕਿ ਅਮਰੀਕਾ ਨੇ ਪਿਛਲੇ ਸਾਲ ਭਾਰਤੀ ਫੌਜ ਨੂੰ ਮਹੱਤਵਪੂਰਨ ਖੁਫੀਆ ਜਾਣਕਾਰੀ ਮੁਹੱਈਆ ਕਰਵਾਈ ਸੀ, ਜਿਸ ਨਾਲ ਉਸ ਨੂੰ ਚੀਨੀ ਘੁਸਪੈਠ ਨੂੰ ਸਫਲਤਾਪੂਰਵਕ ਨਜਿੱਠਣ 'ਚ ਮਦਦ ਮਿਲੀ।

ਵ੍ਹਾਈਟ ਹਾਊਸ 'ਚ ਰਣਨੀਤਕ ਸੰਚਾਰ ਲਈ ਰਾਸ਼ਟਰੀ ਸੁਰੱਖਿਆ ਪ੍ਰੀਸ਼ਦ ਦੇ ਕੋਆਰਡੀਨੇਟਰ ਜੌਹਨ ਕਿਰਬੀ ਨੇ ਇਸ ਖਬਰ ਬਾਰੇ ਪੁੱਛੇ ਜਾਣ 'ਤੇ ਇੱਥੇ ਰੋਜ਼ਾਨਾ ਪੱਤਰਕਾਰ ਸੰਮੇਲਨ 'ਚ ਕਿਹਾ, 'ਨਹੀਂ, ਮੈਂ ਇਸ ਦੀ ਪੁਸ਼ਟੀ ਨਹੀਂ ਕਰ ਸਕਦਾ।'

## ਲਾਦੇਨ ਦੀ ਫੋਟੋ ਲਾਉਣ ਵਾਲਾ ਐੱਸ ਡੀ ਓ ਬਰਖਾਸਤ

**ਲਖਨਊ** : ਯੂ ਪੀ ਦੇ ਬਿਜਲੀ ਵਿਭਾਗ 'ਚ ਤਾਇਨਾਤ ਐੱਸ ਡੀ ਓ ਨੂੰ ਕਥਿਤ ਤੌਰ 'ਤੇ ਅੱਤਵਾਦੀ ਓਸਾਮਾ ਬਿਨ ਲਾਦੇਨ ਦੀ ਤਸਵੀਰ ਆਪਣੇ ਦਫਤਰ 'ਚ ਲਗਾ ਕੇ ਉਸ ਨੂੰ ਆਪਣਾ ਆਦਰਸ਼ ਮੰਨਣ ਦੇ ਦੋਸ਼ 'ਚ ਨੌਕਰੀ ਤੋਂ ਬਰਖਾਸਤ ਕਰ ਦਿੱਤਾ ਗਿਆ ਹੈ। ਦਕਸ਼ਾਂਚਲ ਬਿਜਲੀ ਵੰਡ ਨਿਗਮ ਦੇ ਐੱਮ ਡੀ ਅਤੇ ਭਾਰਤੀ ਪ੍ਰਸ਼ਾਸਨਿਕ ਸੇਵਾ ਦੇ ਅਧਿਕਾਰੀ ਅਮਿਤ ਕਿਸ਼ੋਰ ਨੇ ਦੱਸਿਆ ਕਿ ਉਨ੍ਹਾ ਦੀ ਸਿਫਾਰਸ਼ 'ਤੇ ਯੂ ਪੀ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਚੇਅਰਮੈਨ ਐੱਮ ਦੇਵਰਾਜ ਨੇ ਵਿਭਾਗੀ ਐੱਸ ਡੀ ਓ ਰਵਿੰਦਰ ਪ੍ਰਕਾਸ਼ ਗੌਤਮ ਦੀ ਸੇਵਾ ਸਮਾਪਤ ਕਰ ਦਿੱਤੀ ਹੈ। ਜਾਂਚ ਦੌਰਾਨ ਪਤਾ ਲੱਗਾ ਕਿ ਉਹ ਓਸਾਮਾ ਬਿਨ ਲਾਦੇਨ ਦੀ ਤਸਵੀਰ ਲਗਾ ਕੇ ਉਸ ਨੂੰ ਆਪਣਾ ਆਦਰਸ਼ ਦੱਸਦਾ ਸੀ।

## ਅੱਜ-ਨਾਮਾ

ਤਣਾਅ ਦੇ ਵਿੱਚ ਪੰਜਾਬ ਹੈ ਪਿਆ ਫਸਿਆ,
ਹਰ ਇੱਕ ਚਿਹਰੇ ਦੇ ਉੱਪਰ ਸਵਾਲ ਬੇਲੀ।
ਕੋਈ ਨਾ ਅਫਸਰ ਹੀ ਖੁੱਲ੍ਹ ਕੇ ਬੋਲਿਆ ਏ,
ਕੀਤਾ ਏ ਗੱਪੀਆਂ ਮੰਦਾ ਜਿਹਾ ਹਾਲ ਬੇਲੀ।
ਸੋਸ਼ਲ ਮੀਡੀਆ ਗੱਪਾਂ ਦਾ ਵਹਿਣ ਵਗਦਾ,
ਇਹਦੀ ਰੇਲ ਤੋਂ ਬਾਹਲੀ ਆ ਚਾਲ ਬੇਲੀ।
ਕੰਨੋ-ਕੰਨੀ ਹਰ ਸ਼ਖਸ ਪਿਆ ਬੋਲਦਾ ਈ,
ਕੋਈ ਨਹੀਂ ਸੁਣੇ ਦੀ ਕਰੇ ਪੜਤਾਲ ਬੇਲੀ।
ਜਿਹੜੇ ਮੁਲਕ ਵਿੱਚ ਸੱਚ ਨੇ ਘੱਟ ਸੁਣਦੇ,
ਸੁਣ ਵੀ ਲੈਂਦੇ ਤਾਂ ਸ਼ੱਕ ਪਏ ਕਰਨ ਬੇਲੀ।
ਵਿਰਲੇ ਵਾਂਝੇ ਜੋ ਅਕਲ ਦੀ ਬਾਤ ਜਾਨਣ,
ਉਹ ਵੀ ਝੂਠ ਤੋਂ ਲੱਗੇ ਪਏ ਡਰਨ ਬੇਲੀ।

-ਤੀਸ ਮਾਰ ਖਾਂ

## ਪੀ ਆਰ ਟੀ ਸੀ ਕਾਮਿਆਂ ਵੱਲੋਂ 28 ਨੂੰ ਪਟਿਆਲਾ 'ਚ ਰੋਸ ਧਰਨਾ

**ਪਟਿਆਲਾ** : ਇੱਥੇ ਪੀ ਆਰ ਟੀ ਸੀ ਵਿੱਚ ਕੰਮ ਕਰਦੀਆਂ ਛੇ ਜਥੇਬੰਦੀਆਂ ਦੀ ਸਾਂਝੀ ਐਕਸ਼ਨ ਕਮੇਟੀ ਦੀ ਮੀਟਿੰਗ ਨਿਰਮਲ ਸਿੰਘ ਧਾਲੀਵਾਲ ਦੀ ਕਨਵੀਨਰਸ਼ਿਪ ਹੇਠ ਹੋਈ। ਮੀਟਿੰਗ ਵਿੱਚ ਐਕਸ਼ਨ ਕਮੇਟੀ ਦੇ ਮੈਂਬਰਾਨ ਸਰਵਸ੍ਰੀ ਬਲਦੇਵ ਰਾਜ ਬੱਤਾ, ਬਿਕਰਮਜੀਤ ਸ਼ਰਮਾ, ਰਾਕੇਸ਼ ਕੁਮਾਰ ਦਾਤਾਰਪੁਰੀ, ਤਰਸੇਮ ਸਿੰਘ ਅਤੇ ਮੁਹੰਮਦ ਖਲੀਲ ਸ਼ਾਮਲ ਸਨ। ਐਕਸ਼ਨ ਕਮੇਟੀ ਵੱਲੋਂ ਵਰਕਰਾਂ ਨੂੰ ਹਰ ਮਹੀਨੇ ਤਨਖਾਹ ਪੈਨਸ਼ਨ ਲੇਟ ਮਿਲਣ ਅਤੇ ਵਰਕਰਾਂ ਦੀਆਂ ਹੋਰ ਕਾਨੂੰਨੀ ਤੌਰ 'ਤੇ ਹੱਕੀ ਮੰਗਾਂ ਦੀ ਅਣਦੇਖੀ ਅਤੇ ਅਦਾਰੇ ਦੇ ਸਮੁੱਚੇ ਹਾਲਾਤ ਆਦਿ ਸੰਬੰਧੀ ਗੰਭੀਰ ਚਰਚਾ ਕਰਕੇ ਫੈਸਲਾ ਕੀਤਾ ਗਿਆ ਕਿ ਮਿਤੀ 28 ਮਾਰਚ ਨੂੰ ਪਟਿਆਲਾ ਵਿਖੇ ਬੱਸ ਸਟੈਂਡ 'ਤੇ ਇੱਕ ਵਿਸ਼ਾਲ ਰੋਸ ਧਰਨਾ ਦਿੱਤਾ ਜਾਵੇਗਾ ਅਤੇ ਮੁਜ਼ਾਹਰਾ ਵੀ ਕੀਤਾ ਜਾਵੇਗਾ। ਐਕਸ਼ਨ ਕਮੇਟੀ ਦੇ ਆਗੂਆਂ ਨੇ ਦੱਸਿਆ ਕਿ ਅੱਜ ਹੀ ਪੀ.ਆਰ.ਟੀ.ਸੀ. ਦੇ ਨਵ-ਨਿਯੁਕਤ ਚੇਅਰਮੈਨ ਨੂੰ 12 ਮੰਗਾਂ ਦਾ ਮੰਗ ਪੱਤਰ ਸੌਂਪਿਆ ਗਿਆ ਹੈ ਅਤੇ ਜਨਵਰੀ ਮਹੀਨੇ ਵਿੱਚ 26 ਮੰਗਾਂ ਦਾ ਮੰਗ ਪੱਤਰ ਮੈਨੇਜਿੰਗ ਡਾਇਰੈਕਟਰ ਨੂੰ ਦਿੱਤਾ ਗਿਆ ਸੀ, ਜਿਸ ਨੂੰ ਅਜੇ ਤੱਕ ਵੀ ਐੱਮ.ਡੀ. ਵੱਲੋਂ ਅਣਗੌਲਿਆ ਰੱਖਿਆ ਹੋਇਆ ਹੈ। ਦੂਸਰੇ ਪਾਸੇ ਵਰਕਰਾਂ ਨੂੰ ਤਨਖਾਹਾਂ-ਪੈਨਸ਼ਨ ਲੇਟ ਮਿਲਦੀ ਹੈ ਅਤੇ ਮੈਡੀਕਲ ਬਿੱਲ, ਸੇਵਾ ਮੁਕਤੀ ਬਕਾਏ ਅਤੇ ਹੋਰ ਕਈ ਕਿਸਮ ਦੇ ਵਿੱਤੀ ਬਕਾਏ ਸਾਲਾਂਬੱਧੀ ਸਮੇਂ ਤੋਂ ਨਹੀਂ ਦਿੱਤੇ ਜਾ ਰਹੇ। ਜਿੱਥੇ ਤਨਖਾਹ-ਪੈਨਸ਼ਨ ਹਰ ਮਹੀਨੇ ਦੇ ਸ਼ੁਰੂ ਦੀ ਬਜਾਏ ਅਖੀਰ ਵਿੱਚ ਜਾ ਕੇ ਬੜੀ ਮੁਸ਼ਕਲ ਨਾਲ ਦਿੱਤੀ ਜਾਂਦੀ ਹੈ, ਉੱਥੇ ਨਾਲ ਹੀ ਵਰਕਰਾਂ ਦੇ ਲੱਗਭੱਗ 100 ਕਰੋੜ ਰੁਪਏ ਦੇ ਵਿੱਤੀ ਬਕਾਏ ਅਦਾ ਕਰਨ ਤੋਂ ਮੈਨੇਜਮੈਂਟ ਅਤੇ ਸਰਕਾਰ ਪੂ ਰੀ

ਬਾਕੀ ਸਫ਼ਾ 2 'ਤੇ




## ਸਮਾਈਲ ਮੋਗਾ ਵਿਮੈਨ ਫਾਊਂਡੇਸ਼ਨ ਵੱਲੋਂ ਅੱਖਾਂ ਦਾ ਮੁਫਤ ਜਾਂਚ ਕੈਂਪ



**ਮੋਗਾ (ਅਮਰਜੀਤ ਬੱਬਰੀ)**-ਸਮਾਈਲ ਮੋਗਾ ਵਿਮੈਨ ਫਾਊਂਡੇਸ਼ਨ ਵੱਲੋਂ ਡੀ ਆਰ ਫੈਮਿਲੀ ਚੈਰੀਟੇਬਲ ਟਰੱਸਟ ਦੇ ਸਹਿਯੋਗ ਨਾਲ ਅੱਖਾਂ ਦਾ ਮੁਫਤ ਜਾਂਚ ਤੇ ਆਪ੍ਰੇਸ਼ਨ ਕੈਂਪ ਸ੍ਰੀ ਖਾਟੂਧਾਮ ਅੰਨਦ ਨਗਰ ਮੋਗਾ ਵਿਖੇ ਲਗਾਇਆ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਫਾਊਂਡੇਸ਼ਨ ਦੀ ਚੇਅਰਪਰਸਨ ਡਾ. ਨੀਨਾ ਗਰਗ ਨੇ ਦੱਸਿਆ ਕਿ ਲੋੜਵੰਦਾਂ ਦੀਆਂ ਮੁਫਤ ਅੱਖਾਂ ਦੇ ਆਪ੍ਰੇਸ਼ਨ ਕਰਕੇ ਲੈਨਜ਼ ਪਾਉਣ ਦੇ ਕੈਂਪ ਮੌਕੇ ਜੈਤੋ ਆਈ ਹਸਪਤਾਲ ਦੇ ਮਾਹਰ ਡਾਕਟਰਾਂ ਦੀ ਟੀਮ ਨੇ ਕਰੀਬ 600 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਤੇ ਮੁਫਤ ਦਵਾਈਆਂ ਦਿੱਤੀਆਂ। ਜਿਨ੍ਹਾਂ ਮਰੀਜ਼ਾਂ ਦੇ ਲੈਨਜ਼ ਪਾਏ ਜਾਣੇ ਸਨ, ਉਨ੍ਹਾਂ ਨੂੰ ਆਪ੍ਰੇਸ਼ਨ ਲਈ ਜੈਤੋ ਭੇਜਿਆ ਜਾਵੇਗਾ। ਇਸ ਮੌਕੇ ਪ੍ਰਧਾਨ ਰਚਿਤਾ ਬਾਂਸਲ ਤੇ ਵਾਇਸ ਚੇਅਰਪਰਸਨ ਮੈਡਮ ਨੀਰੂ ਗੋਇਲ ਨੇ ਡੀ ਆਰ ਫੈਮਿਲੀ ਚੈਰੀਟੇਬਲ ਟਰੱਸਟ ਦਾ ਧੰਨਵਾਦ ਕੀਤਾ। ਇਸ ਮੌਕੇ ਸਮਾਈਲ ਮੋਗਾ ਫਾਊਂਡੇਸ਼ਨ ਦੇ ਕਨੂੰ ਬਾਂਸਲ, ਵੀਨੂੰ ਗੋਇਲ, ਅਨੀਤਾ ਅਰੋੜਾ, ਡਾ. ਮੋਨਿਕਾ ਵਰਮਾ, ਵਿਨੂੰ ਗਰਗ, ਕਨੂੰ ਗਰਗ, ਮੰਜੂ ਸਿੰਗਲਾ, ਮਮਤਾ ਗਰਗ, ਚੰਦਨ ਨੌਹਰੀਆ, ਗੀਤਾ ਗਰਗ, ਨੀਨੂੰ ਬਾਂਸਲ, ਅਰੁਣਾ ਗੋਇਲ, ਮੀਨੂੰ ਬਾਂਸਲ, ਆਸ਼ੂ ਬਾਂਸਲ, ਰੰਜੂ ਮੰਗਲਾ ਤੇ ਰੇਨੂੰ ਗੁਪਤਾ ਆਦਿ ਹਾਜ਼ਰ ਸਨ।

## ਏ ਡੀ ਸੀ ਵੱਲੋਂ ਸੇਵਾ ਕੇਂਦਰਾਂ ਦੀ ਪ੍ਰਗਤੀ ਦਾ ਜਾਇਜ਼ਾ



**ਮਾਨਸਾ (ਆਤਮਾ ਸਿੰਘ ਪਮਾਰ)**-ਸੇਵਾ ਕੇਂਦਰਾਂ ਅੰਦਰ ਵੱਖ-ਵੱਖ ਸੇਵਾਵਾਂ ਪ੍ਰਾਪਤ ਕਰਨ ਲਈ ਆਉਣ ਵਾਲੇ ਨਾਗਰਿਕਾਂ ਨੂੰ ਨਿਰਵਿਘਨ ਸੇਵਾਵਾਂ ਮੁਹੱਈਆ ਕਰਵਾਈਆਂ ਜਾਣ ਤੇ ਬਕਾਇਆ ਪਈਆਂ ਦਰਖ਼ਾਸਤਾਂ ਦਾ ਸਮਾਂਬੱਧ ਨਿਪਟਾਰਾ ਕਰਨਾ ਯਕੀਨੀ ਬਣਾਇਆ ਜਾਵੇ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਟੀ. ਬੈਨਿਥ ਨੇ ਮਹੀਨਾਵਾਰ ਮੀਟਿੰਗ ਦੌਰਾਨ ਸੇਵਾ ਕੇਂਦਰਾਂ ਦੀ ਪ੍ਰਗਤੀ ਦਾ ਜਇਜ਼ਾ ਲੈਣ ਮੌਕੇ ਕੀਤਾ। ਵਧੀਕ ਡਿਪਟੀ ਕਮਿਸ਼ਨਰ ਨੇ ਸੇਵਾ ਕੇਂਦਰਾਂ ਤੋਂ ਮਿਲਣ ਵਾਲੀਆਂ ਵੱਖ ਵੱਖ ਸੇਵਾਵਾਂ ਦੀ ਪੈਡੰਸੀ ਬਾਰੇ ਸਮੀਖਿਆ ਕੀਤੀ ਤੇ ਸੇਵਾ ਕੇਂਦਰਾਂ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਕਿਸੇ ਪ੍ਰਕਾਰ ਦੀ ਕੋਈ ਪੈਡੰਸੀ ਬਾਕੀ ਨਹੀਂ ਰਹਿਣੀ ਚਾਹੀਦੀ। ਉਨ੍ਹਾਂ ਕਿਹਾ ਕਿ ਸੇਵਾ ਕੇਂਦਰ ਵਿਖੇ ਆਉਣ ਵਾਲੇ ਲੋਕਾਂ ਨੂੰ ਪਾਰਦਰਸ਼ੀ ਢੰਗ ਨਾਲ ਨਿਰਵਿਘਨ ਸੇਵਾਵਾਂ ਮੁਹੱਈਆ ਕਰਵਾਈਆਂ ਜਾਣ ਤਾਂ ਜੋ ਉਨ੍ਹਾਂ ਨੂੰ ਕਿਸੇ ਵੀ ਪ੍ਰਕਾਰ ਦੀ ਖੱਜਲ ਖੁਆਰੀ ਤੋਂ ਬਚਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਇਤਰਾਜ਼ ਵਾਲੀਆਂ ਦਰਖ਼ਾਸਤਾਂ ਦਾ ਸਬੰਧਤ ਦਰਖ਼ਾਸਤੀ ਪਾਸੋਂ ਇਤਰਾਜ਼ ਦਰੁੱਸਤ ਕਰਵਾ ਕੇ ਇਸ ਨੂੰ ਵੀ ਮੁਕੰਮਲ ਕੀਤਾ ਜਾਵੇ ਤਾਂ ਜੋ ਅਜਿਹੀਆਂ ਦਰਖ਼ਾਸਤਾਂ ਦਾ ਵੀ ਨਿਪਟਾਰਾ ਕੀਤਾ ਜਾ ਸਕੇ।

## ਪ੍ਰਭਾਤ ਫੇਰੀ ਦਾ ਕਾਲੀ ਮਾਤਾ ਮੰਦਰ ਪੁੱਜਣ 'ਤੇ ਭਰਵਾਂ ਸਵਾਗਤ



**ਭੀਖੀ (ਧਰਮਵੀਰ ਸ਼ਰਮਾ)**-ਸ਼੍ਰੀ ਸਨਾਤਨ ਧਰਮ ਭਾਰਤੀਆ ਮਹਾਂਵੀਰ ਦਲ ਸ਼੍ਰੀ ਹਨੂਮਾਨ ਮੰਦਰ ਕਮੇਟੀ ਭੀਖੀ ਵੱਲੋਂ ਸ਼੍ਰੀ ਰਾਮ ਨੌਮੀ ਦੇ ਸਬੰਧ 'ਚ ਕੱਢੀ ਜਾ ਰਹੀ ਪ੍ਰਭਾਤ ਫੇਰੀ ਦੇ ਸ਼੍ਰੀ ਕਾਲੀ ਮਾਤਾ ਮੰਦਰ ਪੁੱਜਣ 'ਤੇ ਸ਼੍ਰੀ ਕਾਲੀ ਮਾਤਾ ਮੰਦਰ ਕਮੇਟੀ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਸ਼੍ਰੀ ਕਾਲੀ ਮਾਤਾ ਮੰਦਰ ਪੁੱਜਣ 'ਤੇ ਪ੍ਰਭਾਤ ਫੇਰੀ ਨੂੰ ਜਿੱਥੇ ਲੰਗਰ ਅਟੁੱਟ ਵਰਤਾਇਆ ਗਿਆ, ਉੱਥੇ ਹਨੂਮਾਨ ਮੰਦਰ ਕਮੇਟੀ ਦੇ ਮੈਂਬਰਾਂ ਨੂੰ ਸਨਮਾਨਤ ਵੀ ਕੀਤਾ ਗਿਆ। ਸ਼੍ਰੀ ਹਨੂਮਾਨ ਮੰਦਰ ਕਮੇਟੀ ਵੱਲੋਂ ਸ਼੍ਰੀ ਕਾਲੀ ਮਾਤਾ ਮੰਦਰ ਦੇ ਪ੍ਰਬੰਧਕਾਂ ਨੂੰ ਪ੍ਰਸ਼ਾਦ ਤੇ ਸਿਰੋਪਾਉ ਭੇਟ ਕੀਤਾ ਗਿਆ। ਇਸ ਮੌਕੇ ਮੰਦਰ ਕਮੇਟੀ ਦੇ ਪ੍ਰਧਾਨ ਹਰਬੰਸ ਬਾਂਸਲ ਨੇ ਦੱਸਿਆ ਕਿ ਸ਼੍ਰੀ ਰਾਮ ਨੌਮੀ ਦੇ ਸਬੰਧ ਵਿੱਚ ਮੰਦਰ ਅੰਦਰ ਵੱਖ ਵੱਖ ਪ੍ਰੋਗਰਾਮ ਚੱਲ ਰਹੇ ਹਨ, ਜੋ ਕਿ 30 ਮਾਰਚ ਤੱਕ ਚੱਲਣਗੇ। ਸ਼੍ਰੀ ਕਾਲੀ ਮਾਤਾ ਕਮੇਟੀ ਨੇ ਆਪਣੇ ਵੱਲੋਂ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਹਨੂਮਾਨ ਮੰਦਰ ਕਮੇਟੀ ਦੇ ਰਤਨ ਜਿੰਦਲ, ਵਿਜੇ ਕੁਮਾਰ, ਮਿੱਠੂ ਠੇਕੇਦਾਰ, ਅਸ਼ੋਕ ਕੁਮਾਰ ਮਿੱਤਲ, ਸ਼੍ਰੀ ਕਾਲੀ ਮਾਤਾ ਮੰਦਰ ਕਮੇਟੀ ਦੇ ਪ੍ਰਧਾਨ ਪਵਨ ਕੁਮਾਰ, ਵਿਵੇਕ ਜੈਨ ਬੱਬੂ, ਸੁਨੀਲ ਕਾਲਾ, ਨਿਤਿਨ ਮਿੱਤਲ, ਦੀਪੂ ਅਲੀਸ਼ੇਰ, ਅਰਜਨ ਗਰਗ ਹਾਜ਼ਰ ਸਨ।

## ਜਵਾਲਾ ਜੀ ਤੋਂ ਲਿਆਂਦੀ ਜੋਤ ਦੁਰਗਾ ਮੰਦਰ ਪੁੱਜੀ



**ਭੀਖੀ (ਧਰਮਵੀਰ ਸ਼ਰਮਾ)**-ਹਿਮਾਚਲ ਪ੍ਰਦੇਸ਼ ਦੇ ਜਵਾਲਾ ਜੀ ਧਾਮ ਤੋਂ ਲਿਆਂਦੀ ਪਵਿੱਤਰ ਜੋਤ ਸਥਾਨਕ ਸ਼੍ਰੀ ਰਾਮ ਬਾਗ ਦੁਰਗਾ ਮੰਦਰ ਵਿਖੇ ਪੁੱਜੀ, ਜਿਸ ਦਾ ਸ਼ਹਿਰ ਵਾਸੀਆਂ ਨੇ ਭਰਵਾਂ ਸਵਾਗਤ ਕੀਤਾ। ਇਸ ਮੌਕੇ ਹਜ਼ਾਰਾਂ ਸ਼ਰਧਾਲੂ ਜੋਤ ਦੇ ਨਤਮਸਤਕ ਹੋਏ। ਇਸ ਮੌਕੇ ਮੰਦਰ ਦੇ ਮਹਿਲਾ ਮੰਡਲ ਵੱਲੋਂ ਸੰਕੀਰਤਨ ਵੀ ਕੀਤਾ ਗਿਆ। ਇਸ ਮੌਕੇ ਮੰਦਰ ਕਮੇਟੀ ਦੇ ਆਗੂ ਵਿਕਾਸ ਸ਼ਰਮਾ ਵਿੱਕੀ ਨੇ ਦੱਸਿਆ ਕਿ ਇਸ ਜੋਤ ਨੂੰ ਨਰਾਤਿਆਂ ਮੌਕੇ ਮੰਦਰ ਵਿਖੇ ਸਥਾਪਤ ਕੀਤਾ ਜਾਵੇਗਾ ਤੇ ਸ਼ਰਧਾਲੂ ਨਵਰਾਤਿਆਂ ਦੌਰਾਨ ਇਸ ਦੇ ਦਰਸ਼ਨ ਕਰ ਸਕਣਗੇ। ਇਸ ਮੌਕੇ ਵਿਨੋਦ ਵਿੱਕੀ, ਬਾਬਾ ਹਰਬੰਸ ਦਾਸ, ਨਗਰ ਪੰਚਾਇਤ ਦੇ ਸਾਬਕਾ ਪ੍ਰਧਾਨ ਹਰਪ੍ਰੀਤ ਸਿੰਘ ਚਹਿਲ, ਟੈਨੀ ਰਿਸ਼ੀ, ਨਵਜੀਤ ਰਿਖੀ, ਜਨਕ ਰਾਜ ਰੰਗ ਵਾਲਾ, ਸੰਦੀਪ ਸੈਟੀ, ਪੰਡਤ ਵਿਸ਼ਨੂੰ ਅਚਾਰੀਆ, ਆਰਕੀਟੈਕਟ ਮਨੋਜ ਗੋਇਲ, ਸੰਦੀਪ ਮਹਿਤਾ, ਸਿਮਰਜੀਤ ਸ਼ਰਮਾ, ਸੁਰਜੀਤਪਾਲ ਕੌਰ ਹਾਜ਼ਰ ਸਨ।

## ਜੀ ਟੀ ਬੀ ਕਾਲਜ ਦਾਖਾ ਵੱਲੋਂ ਵਿਦਿਆਰਥੀਆਂ ਦਾ ਵਿੱਦਿਅਕ ਟੂਰ



**ਮੁੱਲਾਂਪੁਰ ਦਾਖਾ (ਗੁਰਮੇਲ ਮੈਲਡੇ)**-ਗੁਰੂ ਤੇਗ ਬਹਾਦਰ ਨੈਸ਼ਨਲ ਕਾਲਜ ਦਾਖਾ ਵੱਲੋਂ ਦੋ ਵੱਖ-ਵੱਖ ਟੂਰ ਆਯੋਜਤ ਕੀਤੇ ਗਏ। ਪਹਿਲੇ ਟੂਰ ਦੌਰਾਨ ਵਿਦਿਆਰਥੀਆਂ ਨੂੰ ਇਤਿਹਾਸ ਤੇ ਫੰਕਸ਼ਨਲ ਅੰਗਰੇਜ਼ੀ ਵਿਭਾਗ ਦੇ ਸਹਿਯੋਗ ਨਾਲ ਨਾਭਾ ਅਤੇ ਪਟਿਆਲਾ ਸ਼ਹਿਰ ਦੇ ਇਤਿਹਾਸਕ ਕਿਲ੍ਹਿਆਂ ਦਾ ਦੌਰਾ ਕਰਵਾਇਆ ਅਤੇ ਇਨ੍ਹਾਂ ਦੀ ਮਹੱਤਤਾ ਤੇ ਇਤਿਹਾਸ ਬਾਰੇ ਚਾਨਣਾ ਪਾਉਣ ਉਪਰੰਤ ਇਤਿਹਾਸਕ ਗੁਰਦੁਆਰਾ ਦੂਖ ਨਿਵਾਰਨ ਸਾਹਿਬ ਦੇ ਦਰਸ਼ਨ ਵੀ ਕਰਵਾਏ। ਕਾਲਜ ਪ੍ਰਿੰਸੀਪਲ ਡਾ. ਅਵਤਾਰ ਸਿੰਘ, ਪ੍ਰੋ: ਮਨੂੰ ਬਾਂਸਲ, ਪ੍ਰੋ: ਰਵਿੰਦਰ ਸਿੰਘ ਸੋਢੀ ਤੇ ਪ੍ਰੋ: ਗਗਨਦੀਪ ਕੌਰ ਨੇ ਇਸ ਉਪਰਾਲੇ ਲਈ ਸ਼ਲਾਘਾ ਕੀਤੀ। ਕਾਲਜ ਦੇ ਦੂਜੇ ਵਿੱਦਿਅਕ ਟੂਰ ਦੌਰਾਨ ਵਣਿਜ ਵਿਭਾਗ ਵੱਲੋਂ ਹਿਮਾਚਲ ਪ੍ਰਦੇਸ਼ ਦੇ ਸੋਲਨ ਤੇ ਬੜੋਗ ਸ਼ਹਿਰਾਂ ਦਾ ਦੌਰਾ ਕਰਵਾ ਕੇ ਵਿਦਿਆਰਥੀਆਂ ਨੂੰ ਇਨ੍ਹਾਂ ਸ਼ਹਿਰਾਂ ਦੇ ਇਤਿਹਾਸ ਤੇ ਸੰਸਕਿਤੀ ਬਾਰੇ ਜਾਣੂ ਕਰਵਾਇਆ। ਇਸ ਮੌਕੇ ਅਧਿਆਪਕਾ ਡਾ. ਪ੍ਰਵੀਨ ਲਤਾ, ਪ੍ਰੋ. ਦੀਪਕ ਗਰਗ ਤੇ ਪ੍ਰੋ. ਗੁਰਵੀਰ ਸਿੰਘ ਹਾਜ਼ਰ ਸਨ।

## ਪਾਥਵੇਜ ਗਲੋਬਲ ਸਕੂਲ ਨੇ ਮਨਾਇਆ ਵਿਸ਼ਵ ਕਵਿਤਾ ਦਿਵਸ




**ਕੋਟ ਈਸੇ ਖਾਂ (ਅਰੋੜਾ)**-ਪਾਥਵੇਅਜ ਗਲੋਬਲ ਸਕੂਲ ਵਿਖੇ ਵਿਸ਼ਵ ਕਵਿਤਾ ਦਿਵਸ ਮਨਾਇਆ ਗਿਆ।-ਸਕੂਲ ਵੱਲੋਂ ਇਸ ਦਿਵਸ ਨਾਲ ਸਬੰਧਤ ਸਪੈਸ਼ਲ ਸਵੇਰ ਦੀ ਸਭਾ ਦਾ ਪ੍ਰਬੰਧ ਕੀਤਾ ਗਿਆ। ਵਿਸ਼ਵ ਕਵਿਤਾ ਦਿਵਸ ਹਰ ਸਾਲ 21 ਮਾਰਚ ਨੂੰ ਮਨਾਇਆ ਜਾਂਦਾ ਹੈ। ਸਕੂਲ ਦੀ ਭਰਵੀਂ ਹਾਜ਼ਰੀ ਵਿੱਚ ਵਿਦਿਆਰਥੀਆਂ ਨੇ ਹਿੰਦੀ, ਪੰਜਾਬੀ ਤੇ ਅੰਗਰੇਜ਼ੀ ਸਾਹਿਤ ਦੇ ਕਵੀਆਂ 'ਤੇ ਭਾਸ਼ਣ ਦਿੱਤੇ। 10ਵੀਂ ਦੀ ਵਿਦਿਆਰਥਣ ਦਿਵਲੀਨ ਕੌਰ ਨੇ 'ਨਸ਼ੇ' ਵਿਸ਼ੇ 'ਤੇ ਆਪਣੀ ਲਿਖੀ ਕਵਿਤਾ ਪੇਸ਼ ਕੀਤੀ। ਇਸੇ ਤਰ੍ਹਾਂ ਬਹੁਤ ਸਾਰੇ ਵਿਦਿਆਰਥੀਆਂ ਨੇ ਅਲੱਗ-ਅਲੱਗ ਵਿਸ਼ਿਆਂ ਤੇ ਕਵਿਤਾਵਾਂ ਇਸ ਦਿਨ ਦੀ ਖੁਸ਼ੀ ਦਾ ਪ੍ਰਗਟਾਵਾ ਕੀਤਾ। ਪ੍ਰਿੰਸੀਪਲ ਪਵਨ ਕੁਮਾਰ ਠਾਕੁਰ, ਡੀਨ ਮੈਡਮ ਪਰਮਿੰਦਰ ਤੂਰ, ਸਕੂਲ ਦੇ ਕਮੇਟੀ ਮੈਂਬਰ ਚੇਅਰਮੈਨ ਸੁਰਜੀਤ ਸਿੰਘ ਸਿੱਧੂ, ਪ੍ਰੈਜ਼ੀਡੈਂਟ ਡਾ. ਅਨਿਲਜੀਤ ਕੰਬੋਜ, ਵਾਈਸ-ਚੇਅਰਮੈਨ ਅਵਤਾਰ ਸਿੰਘ ਸੋਧ ਨੇ ਵਿਦਿਆਰਥੀਆਂ ਨੂੰ 'ਵਿਸ਼ਵ ਕਵਿਤਾ ਦਿਵਸ' ਦੀਆਂ ਵਧਾਈਆਂ ਦਿੱਤੀਆਂ ਤੇ ਵਿਦਿਆਰਥੀਆਂ ਦਾ ਹੌਸਲਾ ਵਧਾਇਆ।

## ਜ਼ਿਲ੍ਹੇ ਦੇ ਸਰਕਾਰੀ ਪ੍ਰਾਇਮਰੀ ਸਕੂਲਾਂ ਦੇ ਬੱਚਿਆਂ ਦਾ ਹੋਇਆ ਸਿੱਖਿਅਕ ਤੇ ਬੌਧਿਕ ਵਿਕਾਸ

**ਮੋਗਾ (ਅਮਰਜੀਤ ਬੱਬਰੀ)**

ਨੀਤੀ ਆਯੋਗ ਵੱਲੋਂ ਚਲਾਏ ਜਾ ਰਹੇ ਐਸਪੀਰੇਸ਼ਨਲ ਡਿਸਟ੍ਰਿਕਟ ਪ੍ਰੋਗਰਾਮ ਤਹਿਤ ਜ਼ਿਲ੍ਹੇ ਦੇ 100 ਸਰਕਾਰੀ ਪ੍ਰਾਇਮਰੀ ਸਕੂਲਾਂ ਦੇ 6 ਹਜ਼ਾਰ ਤੋਂ ਵਧੇਰੇ ਵਿਦਿਆਰਥੀਆਂ ਦਾ ਬੌਧਿਕ ਪ੍ਰੀਖਣ ਕੀਤਾ ਗਿਆ। ਇਹ ਪ੍ਰੀਖਣ ਜ਼ਿਲ੍ਹਾ ਮੋਗਾ ਵਿੱਚ ਚਲਾਏ ਜਾ ਰਹੇ ਬੁਨਿਆਦੀ ਸਿੱਖਿਆ ਅਭਿਆਨ ਤਹਿਤ ਕੀਤਾ ਗਿਆ, ਜਿਸ ਵਿੱਚ ਭਾਰੀ ਵਾਧਾ ਦਰਜ ਕੀਤਾ ਗਿਆ। ਇਸ ਪ੍ਰੀਖਣ ਤੋਂ ਪਹਿਲਾਂ ਬੱਚਿਆਂ ਦੀ ਬੁਨਿਆਦ, ਸਾਖਰਤਾ, ਗਣਿਤ ਤੇ ਮੁੱਢਲੀ ਸਿੱਖਿਆ ਦੀ ਗੁਣਵੱਤਾ ਵਿੱਚ ਸੁਧਾਰ ਲਿਆਉਣ ਲਈ ਪਿਛਲੇ ਸਾਲ ਅਕਤੂਬਰ ਮਹੀਨੇ ਵਿੱਚ ਇਸਦੇ ਪਹਿਲੇ ਗੇੜ ਦੀ ਸ਼ੁਰੂਆਤ ਕੀਤੀ ਗਈ ਸੀ, ਜਿਸ ਦੌਰਾਨ ਬੱਚਿਆਂ ਦਾ ਪੱਧਰ ਦੇਖਿਆ ਗਿਆ ਸੀ।

ਬੱਚਿਆਂ ਦੇ ਬੌਧਿਕ ਪੱਧਰ ਵਿੱਚ ਵਿਕਾਸ ਕਰਨ ਲਈ ਸਿੱਖਿਆ ਵਿਭਾਗ ਤੇ ਪਿਰਾਮਿਲ ਫਾਊਂਡੇਸ਼ਨ ਵੱਲੋਂ ਜ਼ਰੂਰੀ ਕਦਮ ਉਠਾਏ ਗਏ ਸਨ, ਜਿਸ ਤਹਿਤ ਬੱਚਿਆਂ ਲਈ ਮੁਹੱਲਾ ਕਲਾਸਾਂ, ਪੁਸਤਕ ਮੇਲੇ ਤੇ ਬੱਚਿਆਂ ਦੇ ਨਾਲ ਅਧਿਆਪਕ ਲਰਨਿੰਗ ਮਟੀਰੀਅਲ ਤਿਆਰ ਕੀਤਾ ਗਿਆ, ਜਿਸਦੀ ਵਰਤੋਂ ਕਰਕੇ ਬੱਚਿਆਂ ਦੇ ਬੌਧਿਕ ਪੱਧਰ ਵਿੱਚ ਵਾਧਾ ਦਰਜ ਕੀਤਾ ਗਿਆ। ਪਿਰਾਮਿਲ ਫਾਊਂਡੇਸ਼ਨ ਦੇ ਜ਼ਿਲ੍ਹਾ ਮੁਖੀ ਸ੍ਰੀ ਅਨੁਜ ਢੁੱਲ ਨੇ ਦੱਸਿਆ ਕਿ ਬੱਚਿਆਂ ਦੇ ਪੱਧਰ ਵਿੱਚ ਹੋਏ ਹਾਂ ਪੱਖੀ ਪਰਿਵਰਤਣ ਨੂੰ ਜਾਂਚਣ ਲਈ ਫਰਵਰੀ ਮਹੀਨੇ ਆਖਰੀ ਗੇੜ ਦੀ ਅਸੈਸਮੈਂਟ ਕੀਤੀ ਗਈ, ਜੋ ਬਹੁਤ ਹੀ ਉਤਸ਼ਾਹਜਨਕ ਹੈ। ਉਨ੍ਹਾਂ ਦੱਸਿਆ ਕਿ ਪਹਿਲੀ ਸ਼੍ਰੇਣੀ ਵਿੱਚ ਸ਼ਬਦਾਂ ਨੂੰ ਪਛਾਨਣ ਵਾਲੇ ਬੱਚਿਆਂ ਦੀ ਗਿਣਤੀ ਵਿੱਚ 46 ਫ਼ੀਸਦੀ ਵਾਧਾ ਦੇਖਿਆ ਗਿਆ। ਇਸੇ ਤਰ੍ਹਾਂ ਦੂਜੀ ਸ੍ਰੇਣੀ ਦੇ 49 ਫੀਸਦੀ ਬੱਚੇ ਹੁਣ ਪਹਿਰਿਆਂ ਨੂੰ ਪੜ੍ਹਨ ਤੇ ਸਮਝਣ ਲੱਗੇ ਸਨ। ਤੀਜੀ ਸ਼੍ਰੇਣੀ 'ਚ ਗਣਿਤ ਦਾ ਘਟਾਓ ਕਰਨ ਵਾਲੇ ਵਿਦਿਆਰਥੀਆਂ ਦੀ ਗਿਣਤੀ 48 ਫ਼ੀਸਦੀ ਵਧ ਗਈ। ਚੌਥੀ ਸ਼੍ਰੇਣੀ ਦੇ 33 ਫੀਸਦੀ ਬੱਚੇ ਹੁਣ ਭਾਗ ਦੇ ਸੁਆਲ ਹੱਲ ਕਰਨ ਦੇ ਸਮਰੱਥ ਹੋ ਚੁੱਕੇ ਹਨ। ਪੰਜਵੀਂ ਸ੍ਰੇਣੀ ਦੇ 40 ਫੀਸਦੀ ਬੱਚਿਆਂ ਵਿੱਚ ਕਹਾਣੀਆਂ ਪੜ੍ਹਨ ਤੇ ਸਮਝਣ ਦੀ ਸੋਝੀ ਆ ਗਈ ਹੈ। ਇਹ ਸਾਰੇ ਨਤੀਜੇ ਬੱਚਿਆਂ ਦੇ ਬੌਧਿਕ ਵਿਕਾਸ ਦੀ ਹਾਮੀ ਭਰਦੇ ਹਨ। ਅੰਕ ਗਣਿਤ ਤੇ ਭਾਸ਼ਾ ਗਿਆਨ ਦਾ ਉਪਯੋਗ ਕਰਨ ਵਾਲੇ ਵਿਦਿਆਰਥੀਆਂ ਦੀ ਗਿਣਤੀ ਵਿੱਚ ਹੋਇਆ ਵਾਧਾ ਇੱਕ ਸਕਾਰਾਤਮਕ ਪਹਿਲ ਹੈ, ਜਿਸ ਨਾਲ ਜ਼ਿਲ੍ਹੇ ਦੇ ਵਿਦਿਆਰਥੀਆਂ ਦਾ ਸਿੱਖਿਅਕ ਤੇ ਬੌਧਿਕ ਵਿਕਾਸ ਹੋ ਰਿਹਾ ਹੈ। ਪਿਰਾਮਿਲ ਫਾਊਂਡੇਸ਼ਨ ਦੇ ਪ੍ਰੋਗਰਾਮ ਲੀਡ ਵਿਜੇਂਦਰ ਭਾਟੀਆ ਨੇ ਦੱਸਿਆ ਕਿ ਇਸ ਅਭਿਆਨ ਨੂੰ ਸਫ਼ਲ ਬਣਾਉਣ ਲਈ ਗਾਂਧੀ ਫੈਲੋ ਨੇਹਾ, ਪ੍ਰਗਿਆ ਗੁਪਤਾ, ਦੁਰਗੇਸ਼ ਰਾਏ, ਗੌਰੀਸ਼ੰਕਰ ਤੇ ਜ਼ਿਲ੍ਹੇ ਦੇ 70 ਯੁਵਕ ਵਲੰਟੀਅਰਾਂ ਨੇ ਆਪਣਾ ਵਡਮੁੱਲਾ ਯੋਗਦਾਨ ਪਾਇਆ।



## ਭਾਰਤ-ਨੇਪਾਲ ਦੇ ਤੀਰਥ ਅਸਥਾਨਾਂ ਦੀ ਯਾਤਰਾ ਕਰਵਾਏਗੀ 'ਭਾਰਤ ਗੌਰਵ ਟੂਰਿਸਟ ਟਰੇਨ'

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਭਾਰਤੀ ਰੇਲ ਭਾਰਤ-ਨੇਪਾਲ ਵਿਚਾਲੇ ਸਪੈਸ਼ਲ ਟੂਰਿਸਟ ਟਰੇਨ ਚਲਾਉਣ ਜਾ ਰਹੀ ਹੈ।ਭਾਰਤ ਗੌਰਵ ਟੂਰਿਸਟ ਟਰੇਨ ਨਾਮਕ ਇਹ ਰੇਲਗੱਡੀ 31 ਮਾਰਚ ਨੂੰ ਫਿਰੋਜ਼ਪੁਰ ਰੇਲ ਡਵੀਜ਼ਨ ਦੇ ਜਲੰਧਰ ਸਿਟੀ ਸਟੇਸ਼ਨ ਤੋਂ ਚੱਲੇਗੀ, ਜੋ ਅਯੁੱਧਿਆ, ਪ੍ਰਯਾਗਰਾਜ, ਵਾਰਾਨਸੀ ਤੋਂ ਹੁੰਦੇ ਹੋਏ ਨੇਪਾਲ ਦੀ ਰਾਜਧਾਨੀ ਕਾਠਮਾਂਡੂ ਤੱਕ ਯਾਤਰਾ ਕਰਵਾਏਗੀ।ਅਤਿ ਆਧੁਨਿਕ ਇਸ ਡੀਲਕਸ ਏ ਸੀ ਟਰੇਨ ਦਾ ਟੂਰ 10 ਦਿਨ ਦਾ ਹੋਵੇਗਾ।ਟੂਰਿਸਟ ਜਲੰਧਰ ਸਿਟੀ, ਲੁਧਿਆਣਾ, ਚੰਡੀਗੜ੍ਹ, ਅੰਬਾਲਾ ਕੈਂਟ, ਕੁਰੂਕਸ਼ੇਤਰ, ਪਾਣੀਪਤ, ਦਿੱਲੀ, ਸਫਦਰਜੰਗ, ਗਾਜ਼ੀਆਬਾਦ, ਅਲੀਗੜ੍ਹ, ਟੁੰਡਲਾ, ਇਟਾਵਾ ਤੇ ਕਾਨਪੁਰ ਰੇਲਵੇ ਸਟੇਸ਼ਨਾਂ ਤੋਂ ਇਸ ਟਰੇਨ 'ਚ ਆ ਜਾ ਸਕਦੇ ਹਨ।ਤੀਜਾ ਦਰਜਾ ਏ ਸੀ 11 ਕੋਚ ਵਾਲੀ ਇਸ ਰੇਲਗੱਡੀ 'ਚ 600 ਮੁਸਾਫਰ ਸਫਰ ਕਰ ਸਕਦੇ ਹਨ।ਰੇਲਵੇ ਵਿਭਾਗ ਵੱਲੋਂ ਜਾਰੀ ਕੀਤੀ ਜਾਣਕਾਰੀ ਅਨੁਸਾਰ ਦੋ ਦੇਸ਼ਾਂ ਭਾਰਤ ਤੇ ਨੇਪਾਲ ਦੇ ਪ੍ਰਮੁੱਖ ਧਾਰਮਿਕ ਤੇ ਇਤਿਹਾਸਕ ਸਥਾਨਾਂ ਨੂੰ ਕਵਰ ਕਰਦੇ ਹੋਏ ਭਾਰਤ ਗੌਰਵ ਟੂਰਿਸਟ ਟਰੇਨ ਚਲਾਈ ਜਾ ਰਹੀ ਹੈ।ਸਫ਼ਰ 'ਚ ਅਯੁੱਧਿਆ ਤੋਂ ਇਲਾਵਾ ਨੰਦੀਗ੍ਰਾਮ, ਪ੍ਰਯਾਗਰਾਜ ਤੇ ਵਾਰਾਨਸੀ ਨੂੰ ਜੋੜਿਆ ਗਿਆ ਹੈ। ਕਾਠਮਾਂਡੂ ਦੇ ਹੋਟਲਾਂ 'ਚ ਤਿੰਨ ਰਾਤਾਂ ਤੇ ਅਯੁੱਧਿਆ ਅਤੇ ਵਾਰਾਨਸੀ 'ਚ ਟੂਰਿਸਟ ਇਕ-ਇਕ ਰਾਤ ਰੁਕਣਗੇ।ਰਕਸੌਲ ਰੇਲਵੇ ਸਟੇਸ਼ਨ ਤੋਂ ਕਾਠਮਾਂਡੂ ਤੱਕ ਆਉਣ-ਜਾਣ ਲਈ ਰਸਤਾ ਬੱਸਾਂ ਰਾਹੀਂ ਤੈਅ ਕੀਤਾ ਜਾਵੇਗਾ।ਨੇਪਾਲ ਯਾਤਰਾ ਦੌਰਾਨ ਟਰੇਨ ਰਕਸੌਲ ਸਟੇਸ਼ਨ 'ਤੇ ਰੁਕੀ ਰਹੇਗੀ।ਪਹਿਲਾ ਪੜਾਅ ਅਯੁੱਧਿਆ 'ਚ ਹੋਵੇਗਾ, ਜਿੱਥੇ ਟੂਰਿਸਟਾਂ ਨੂੰ ਸ਼੍ਰੀ ਰਾਮ ਜਨਮਭੂਮੀ ਮੰਦਿਰ, ਸ਼੍ਰੀ ਹਨੂੰਮਾਨ ਮੰਦਿਰ, ਨੰਦੀਗ੍ਰਾਮ 'ਚ ਭਰਤ ਮੰਦਿਰ ਦਿਖਾਏ ਜਾਣਗੇ।ਅਯੁੱਧਿਆ ਤੋਂ ਬਾਅਦ ਇਹ ਰੇਲਗੱਡੀ ਬਿਹਾਰ ਦੇ ਰਕਸੌਲ ਰੇਲਵੇ ਸਟੇਸ਼ਨ ਤੱਕ ਜਾਵੇਗੀ।ਕਾਠਮਾਂਡੂ 'ਚ ਠਹਿਰਾਓ ਦੌਰਾਨ ਟੂਰਿਸਟ ਸਵੈਭੂਨਾਥ ਸਤੂਪ, ਪਸ਼ੂਪਤੀਨਾਥ ਮੰਦਿਰ ਤੇ ਹੋਰ ਵਿਰਾਸਤੀ ਜਗ੍ਹਾ 'ਤੇ ਜਾਣਗੇ।ਕਾਸ਼ੀ 'ਚ ਸਾਰਨਾਥ, ਕਾਸ਼ੀ ਵਿਸ਼ਵਨਾਥ ਮੰਦਿਰ ਕੰਪਲੈਕਸ, ਤੁਲਸੀ ਮੰਦਿਰ ਤੇ ਸੰਕਟਮੋਚਨ ਮੰਦਿਰ ਸ਼ਾਮਲ ਹਨ।ਵਾਰਾਨਸੀ ਤੋਂ ਪ੍ਰਯਾਗਰਾਜ ਦਾ ਰਸਤਾ ਬੱਸਾਂ ਦੁਆਰਾ ਤੈਅ ਕੀਤਾ ਜਾਵੇਗਾ, ਜਿੱਥੇ ਟੂਰਿਸਟ ਸੰਗਮ ਤੇ ਹਨੂੰਮਾਨ ਮੰਦਿਰਾਂ ਦੇ ਦਰਸ਼ਨ ਕਰਨ ਜਾਣਗੇ। ਪ੍ਰਯਾਗਰਾਜ ਤੋਂ ਬਾਅਦ ਰੇਲਗੱਡੀ 10ਵੇਂ ਦਿਨ ਵਾਪਸੀ ਦਾ ਸਫ਼ਰ ਤੈਅ ਕਰੇਗੀ।ਇਸ ਪੂਰੇ ਟੂਰ ਦਾ ਪੈਕੇਜ ਪ੍ਰਤੀ ਮੁਸਾਫਰ 27,815 ਰੁਪਏ ਹੈ, ਜਿਸ 'ਚ ਰੇਲ ਯਾਤਰਾ, ਏ ਸੀ ਹੋਟਲਾਂ 'ਚ ਰਾਤ ਦਾ ਠਹਿਰਾਓ, ਸਾਰੇ ਭੋਜਨ ਸਿਰਫ ਸ਼ਾਕਾਹਾਰੀ, ਬੱਸਾਂ 'ਚ ਆਉਣਾ-ਜਾਣਾ ਤੇ ਘੁੰਮਣਾ, ਸਫਰ ਬੀਮਾ ਅਤੇ ਗਾਈਡ ਦੀਆਂ ਸੇਵਾਵਾਂ ਸ਼ਾਮਲ ਹੋਣਗੀਆਂ।

## ਗੜੇਮਾਰੀ ਕਾਰਨ ਫਸਲਾਂ ਦੇ ਹੋਏ ਨੁਕਸਾਨ ਦੀ ਗਿਰਦਾਵਰੀ ਕਰਵਾ ਕੇ ਮੁਆਵਜ਼ਾ ਦੇਵੇ ਸਰਕਾਰ : ਡੱਲੇਵਾਲ

**ਸਮਰਾਲਾ (ਸੁਰਜੀਤ ਸਿੰਘ)**



ਸੰਯੁਕਤ ਕਿਸਾਨ ਮੋਰਚਾ ਗੈਰ-ਰਾਜਨੀਤਕ ਦੇ ਸੀਨੀਅਰ ਆਗੂ ਸੂਬਾ ਪ੍ਰਧਾਨ ਬੀ ਕੇ ਯੂ ਏਕਤਾ ਸਿੱਧੂਪੁਰ ਜਗਜੀਤ ਸਿੰਘ ਡੱਲੇਵਾਲ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਪਿਛਲੇ ਸਮੇਂ ਤੋਂ ਲਗਾਤਾਰ ਕਈ ਫਸਲਾਂ ਉੱਪਰ ਪਈਆਂ ਕੁਦਰਤੀ ਮਾਰਾਂ ਤੇ ਸਰਕਾਰਾਂ ਦੀ ਕਿਸਾਨਾਂ ਪ੍ਰਤੀ ਬੇਰੁਖੀ ਕਰਕੇ ਕਿਸਾਨੀ ਦਾ ਲੱਕ ਟੁੱਟ ਚੁੱਕਾ ਹੈ ਅਤੇ ਬੀਤੇ ਦਿਨੀਂ ਗਰਜ਼-ਚਮਕ ਕਾਰਨ ਹੋਈ ਭਾਰੀ ਬਰਸਾਤ ਤੇ ਗੜੇਮਾਰੀ ਕਰਕੇ ਕਿਸਾਨਾਂ ਦੀ ਪੁੱਤਾਂ ਵਾਂਗ ਪਾਲੀ ਫਸਲ ਬੁਰੀ ਤਰ੍ਹਾਂ ਡਿੱਗਣ ਤੇ ਪਾਣੀ ਖੜਨ ਕਰਕੇ ਨੁਕਸਾਨੀ ਗਈ ਹੈ, ਜਿਸ ਦੀਆਂ ਪਟਿਆਲਾ, ਲੁਧਿਆਣਾ, ਸ਼੍ਰੀ ਮੁਕਤਸਰ ਸਾਹਿਬ, ਫਤਿਹਗੜ੍ਹ ਸਾਹਿਬ, ਫਿਰੋਜ਼ਪੁਰ, ਬਠਿੰਡਾ ਤਲਵੰਡੀ ਸਾਬੋ ਤੇ ਸਾਰੇ ਪੰਜਾਬ ਤੋਂ ਵੱਡੇ ਪੱਧਰ 'ਤੇ ਨੁਕਸਾਨ ਹੋਣ ਦੀਆਂ ਰਿਪੋਰਟਾਂ ਆ ਰਹੀਆਂ ਹਨ। ਜਗਜੀਤ ਸਿੰਘ ਡੱਲੇਵਾਲ ਨੇ ਕਿਹਾ ਕਿ ਇਸ ਸਮੇਂ ਪੱਕਣ ਦੇ ਕੰਢੇ ਖੜੀ ਫਸਲ ਉੱਪਰ ਹੋਈ ਬਾਰਸ਼ ਤੇ ਗੜੇਮਾਰੀ ਨੇ ਪਹਿਲਾਂ ਹੀ ਆਰਥਿਕ ਮੰਦਹਾਲੀ ਦਾ ਸਾਹਮਣਾ ਕਰ ਰਹੇ ਕਿਸਾਨਾਂ ਨੂੰ ਆਰਥਿਕ ਪੱਖੋਂ ਬਿਲਕੁੱਲ ਹੀ ਤੋੜਨ ਦਾ ਕੰਮ ਕੀਤਾ ਹੈ। ਇਸ ਲਈ ਪੰਜਾਬ ਸਰਕਾਰ ਕਿਸਾਨਾਂ ਦੀਆਂ ਫਸਲਾਂ ਦੇ ਹੋਏ ਖਰਾਬੇ ਦੀ ਤੁਰੰਤ ਵਿਸ਼ੇਸ਼ ਗਿਰਦਾਵਰੀ ਦੇ ਹੁਕਮ ਜਾਰੀ ਕਰਕੇ ਫਸਲਾਂ ਦੇ ਹੋਏ ਨੁਕਸਾਨ ਦਾ ਕਿਸਾਨਾਂ ਨੂੰ ਤੁਰੰਤ ਮੁਆਵਜ਼ਾ ਦਿੱਤਾ ਜਾਵੇ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਇਨ੍ਹਾਂ ਕੁਦਰਤੀ ਆਫਤਾਂ ਤੋਂ ਬਚਾਉਣ ਲਈ ਤੇ ਕਿਸਾਨਾਂ ਨੂੰ ਆਰਥਿਕ ਤੌਰ 'ਤੇ ਹੋ ਰਹੇ ਨੁਕਸਾਨ ਦੀ ਪੂਰਤੀ ਕਰਨ ਲਈ ਕਿਸਾਨਾਂ ਦੀਆਂ ਫਸਲਾਂ ਦਾ ਬੀਮਾ ਆਪਣੇ ਤੌਰ 'ਤੇ ਕਰਵਾਏ ਤੇ ਉਸ ਦੇ ਲਈ ਪੰਜਾਬ ਸਰਕਾਰ ਮੰਡੀ ਬੋਰਡ ਤੋਂ ਹੋਣ ਵਾਲੀ ਆਮਦਨ ਵਿੱਚੋਂ ਫਸਲਾਂ ਦੇ ਹੋਣ ਵਾਲੇ ਬੀਮੇ ਦਾ ਪ੍ਰੀਮੀਅਮ ਭਰੇ ਤਾਂ ਜੋ ਕਿਸਾਨਾਂ ਦੀ ਫਸਲ ਦੇ ਹੋਏ ਨੁਕਸਾਨ ਦੀ ਭਰਪਾਈ ਕਰਕੇ ਕਿਸਾਨਾਂ ਦੀ ਸਮੇਂ ਸਿਰ ਆਰਥਿਕ ਤੌਰ 'ਤੇ ਬਾਂਹ ਫੜੀ ਜਾ ਸਕੇ।

## ਬਾਬਾ ਫ਼ਰੀਦ ਕਾਲਜ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਵੱਲੋਂ ਬਿਜ਼ਨੈੱਸ ਆਈਡੀਆ ਮੁਕਾਬਲਾ

**ਬਠਿੰਡਾ (ਪਰਵਿੰਦਰ ਜੀਤ ਸਿੰਘ)**



ਬਾਬਾ ਫ਼ਰੀਦ ਕਾਲਜ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਦੇ ਬਿਜ਼ਨੈੱਸ ਸਟੱਡੀਜ਼ ਵਿਭਾਗ ਵੱਲੋਂ ਬੀ.ਐਫ.ਜੀ.ਆਈ. ਦੇ ਇੰਟਰਪ੍ਰੀਨਿਓਰਸ਼ਿਪ ਸੈੱਲ ਵੱਲੋਂ ਬਿਜ਼ਨੈੱਸ ਆਈਡੀਆ ਮੁਕਾਬਲੇ 'ਆਈਡੀਏਸ਼ਨ' ਦਾ ਆਯੋਜਨ ਕੀਤਾ ਗਿਆ। ਇਸ ਗਤੀਵਿਧੀ ਨੇ ਵਿਦਿਆਰਥੀਆਂ ਨੂੰ ਆਪਣੇ ਇਨੋਵੇਟਿਵ ਬਿਜ਼ਨਸ ਆਈਡੀਆ ਨੂੰ ਲੈ ਕੇ ਅੱਗੇ ਆਉਣ ਦਾ ਮੌਕਾ ਪ੍ਰਦਾਨ ਕੀਤਾ। ਇਸ ਗਤੀਵਿਧੀ ਦਾ ਮੁੱਖ ਉਦੇਸ਼ ਨੌਜਵਾਨ ਵਿਦਿਆਰਥੀਆਂ ਦੇ ਵਿਚਾਰਾਂ ਨੂੰ ਉਤਸ਼ਾਹਤ ਕਰਨਾ ਅਤੇ ਉਨ੍ਹਾਂ ਨੂੰ ਅਸਲ ਜੀਵਨ ਦੇ ਪ੍ਰੋਜੈਕਟਾਂ ਵਿੱਚ ਬਦਲਣ ਵਿੱਚ ਸਹਾਇਤਾ ਕਰਨਾ ਸੀ। ਬਾਬਾ ਫ਼ਰੀਦ ਸਕੂਲ ਆਫ਼ ਇੰਟਰਪ੍ਰੀਨਿਓਰਸ਼ਿਪ ਦੀ ਇਨਕੂਬੇਸ਼ਨ ਮੈਨੇਜਰ ਇਕਬਾਲਪ੍ਰੀਤ ਕੌਰ ਅਤੇ ਬਾਬਾ ਫ਼ਰੀਦ ਕਾਲਜ ਦੀ ਫੈਕਲਟੀ ਆਫ਼ ਐਗਰੀਕਲਚਰ ਤੋਂ ਇੰਟਰਪ੍ਰੀਨਿਓਰਸ਼ਿਪ ਸੈੱਲ ਦੇ ਕੋਆਰਡੀਨੇਟਰ ਡਾ. ਅੰਕਿਤ ਨੇ ਸਰੋਤ ਵਿਅਕਤੀਆਂ ਵਜੋਂ ਸ਼ਿਰਕਤ ਕੀਤੀ ਤੇ ਇਸ ਮੁਕਾਬਲੇ ਦੀ ਜੱਜਮੈਂਟ ਕੀਤੀ। ਇਸ ਮੁਕਾਬਲੇ ਵਿੱਚ 38 ਵਿਦਿਆਰਥੀਆਂ ਨੇ 15 ਟੀਮਾਂ ਦੇ ਰੂਪ ਵਿੱਚ ਪੈਨਲ ਅੱਗੇ ਪਾਵਰ ਪੁਆਇੰਟ ਪ੍ਰੈਜ਼ਨਟੇਸ਼ਨ ਰਾਹੀਂ ਆਪਣੇ ਬਿਜ਼ਨੈੱਸ ਆਈਡੀਆ ਪੇਸ਼ ਕੀਤੇ । ਦੂਸਰੇ ਗੇੜ ਵਿੱਚ 5 ਟੀਮਾਂ ਨੂੰ ਅਗਲੇ ਗੇੜ ਲਈ ਸ਼ਾਰਟ ਲਿਸਟ ਕੀਤਾ ਗਿਆ। ਸਾਰੇ ਪ੍ਰਤੀਭਾਗੀਆਂ ਨੇ ਪੂਰੇ ਉਤਸ਼ਾਹ ਨਾਲ ਆਪਣੇ ਕਾਰੋਬਾਰੀ ਵਿਚਾਰ ਪੇਸ਼ ਕੀਤੇ। ਇਸ ਉਪਰੰਤ ਮੁੱਖ ਮਹਿਮਾਨ ਵਜੋਂ ਬਾਬਾ ਫ਼ਰੀਦ ਕਾਲਜ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਦੇ ਵਾਈਸ-ਪ੍ਰਿੰਸੀਪਲ ਡਾ. ਸਚਿਨ ਦੇਵ ਤੇ ਡੀਨ (ਅਕਾਦਮਿਕ ਮਾਮਲੇ) ਸ਼੍ਰੀਮਤੀ ਨੀਤੂ ਸਿੰਘ ਨੇ ਸ਼ਿਰਕਤ ਕੀਤੀ। ਮਹਿਮਾਨਾਂ ਅਤੇ ਜੱਜਾਂ ਨੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ ਅਤੇ ਦੱਸਿਆ ਕਿ ਆਈਡੀਆ ਕਿਵੇਂ ਪਿੱਚ ਕੀਤੇ ਜਾ ਸਕਦੇ ਹਨ ਅਤੇ ਇੱਕ ਸਟਾਰਟ ਅੱਪ ਦੇ ਵਿਕਾਸ ਲਈ ਟੀਮ ਦੀ ਕੀ ਮਹੱਤਤਾ ਹੈ। ਇਸ ਮੁਕਾਬਲੇ ਦੇ ਨਤੀਜੇ ਅਨੁਸਾਰ ਐਮ.ਬੀ.ਏ. ਪਹਿਲਾ ਸਾਲ ਦੇ ਵਿਦਿਆਰਥੀ ਗੁਰਵਿੰਦਰ, ਸੋਰੂ ਤੇ ਅੰਮ੍ਰਿਤ ਨੇ ਪਹਿਲਾ ਇਨਾਮ ਹਾਸਲ ਕੀਤਾ ਜਦੋਂ ਕਿ ਐਮ.ਬੀ.ਏ. ਦੂਜਾ ਸਾਲ ਦੀ ਵਿਦਿਆਰਥਣ ਸ਼ਲੋਨੀ ਅਤੇ ਗੌਤਮ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਹੌਸਲਾ ਵਧਾਊ ਇਨਾਮ ਬੀ.ਬੀ.ਏ. ਤੀਜਾ ਸਾਲ ਦੇ ਉਦੇਪ੍ਰਤਾਪ, ਜਸਪ੍ਰੀਤ ਕੌਰ ਅਤੇ ਅਰਸ਼ਦੀਪ ਕੌਰ ਨੂੰ ਦਿੱਤਾ ਗਿਆ। ਬੀ.ਐਫ.ਜੀ.ਆਈ. ਦੇ ਚੇਅਰਮੈਨ ਡਾ. ਗੁਰਮੀਤ ਸਿੰਘ ਧਾਲੀਵਾਲ ਨੇ ਜੇਤੂਆਂ ਅਤੇ ਭਾਗ ਲੈਣ ਵਾਲਿਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਉੱਭਰਦੇ ਉੱਦਮੀਆਂ ਦੀ ਭਲਾਈ ਲਈ ਅਜਿਹੇ ਹੋਰ ਸਮਾਗਮ ਕਰਾਉਣ ਲਈ ਪ੍ਰੇਰਿਤ ਕੀਤਾ। ਅੰਤ ਵਿੱਚ ਸਹਾਇਕ ਪ੍ਰੋਫੈਸਰ ਸੁਖਵੀਰ ਕੌਰ ਨੇ ਇਸ ਗਤੀਵਿਧੀ ਦਾ ਹਿੱਸਾ ਬਣਨ ਅਤੇ ਇਸ ਨੂੰ ਸਫਲ ਬਣਾਉਣ ਲਈ ਮਹਿਮਾਨਾਂ, ਪੈਨਲ ਦੇ ਮੈਂਬਰਾਂ, ਭਾਗੀਦਾਰਾਂ ਤੇ ਹਾਜ਼ਰੀਨ ਦਾ ਧੰਨਵਾਦ ਕੀਤਾ। ਇਸ ਮੌਕੇ ਬਾਬਾ ਫ਼ਰੀਦ ਕਾਲਜ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਦੇ ਵੱਖ-ਵੱਖ ਵਿਭਾਗਾਂ ਦੇ ਮੁਖੀ, ਫੈਕਲਟੀ ਮੈਂਬਰ ਅਤੇ ਸਟਾਫ਼ ਹਾਜ਼ਰ ਸੀ।

## ਚਾਰ ਵਿਸ਼ਵ ਦਿਹਾੜਿਆਂ 'ਤੇ ਲਾਇਨਜ਼ ਕਲੱਬ ਕੋਟਕਪੂਰਾ ਰਾਇਲ ਵੱਲੋਂ ਸੈਮੀਨਾਰ

**ਕੋਟਕਪੂਰਾ (ਰਛਪਾਲ ਭੁੱਲਰ)**-'ਲਾਇਨਜ਼ ਕਲੱਬ ਕੋਟਕਪੂਰਾ ਰਾਇਲ' ਵੱਲੋਂ ਗੋਦ ਲਏ ਸਰਕਾਰੀ ਐਲੀਮੈਂਟਰੀ ਸਕੂਲ ਹਰੀਨੌਂ ਰੋਡ ਵਿਖੇ ਖੁਸ਼ੀਆਂ ਦਾ ਦਿਹਾੜਾ, ਟੀਬੀ ਦੀ ਰੋਕਥਾਮ, ਪਾਣੀ ਦੀ ਸੰਭਾਲ ਤੇ ਦਰੱਖਤਾਂ ਦੀ ਸਾਂਭ-ਸੰਭਾਲ ਸਬੰਧੀ ਚਾਰ ਵਿਸ਼ਵ ਦਿਹਾੜਿਆਂ ਨੂੰ ਸਮਰਪਤ ਕਰਾਏ ਗਏ ਵਿਸ਼ੇਸ਼ ਸੈਮੀਨਾਰ ਵਿੱਚ ਮੁੱਖ ਬੁਲਾਰੇ ਵਜੋਂ ਪੁੱਜੇ। ਗੁਰਿੰਦਰ ਸਿੰਘ ਮਹਿੰਦੀਰੱਤਾ ਨੇ ਬੱਚਿਆਂ ਅਤੇ ਸਟਾਫ਼ ਸਮੇਤ ਕਲੱਬ ਦੇ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਨਾਲ ਵਿਸਥਾਰ ਵਿੱਚ ਗੱਲਬਾਤ ਕੀਤੀ। ਉਨ੍ਹਾਂ ਆਖਿਆ ਕਿ ਖੁਸ਼ੀਆਂ ਨੂੰ ਸੱਦਾ ਦੇਣ ਲਈ ਕੁਝ ਕੁ ਸਾਵਧਾਨੀਆਂ ਦੀ ਜ਼ਰੂਰਤ ਹੈ। ਖੁਸ਼ੀਆਂ ਵੰਡਣ ਨਾਲ ਹੀ ਸੁੱਖ ਮਿਲਦਾ ਹੈ ਤੇ ਖੁਸ਼ੀਆਂ ਵਿੱਚ ਵਾਧਾ ਹੋਣਾ ਸੁਭਾਵਕ ਹੈ। ਇਸੇ ਤਰ੍ਹਾਂ ਤਪਦਿਕ (ਟੀਬੀ) ਰੋਗ ਦੀ ਰੋਕਥਾਮ ਲਈ ਵੀ ਸਾਨੂੰ ਸਾਵਧਾਨ ਹੋਣਾ ਪਵੇਗਾ, ਕਿਉਂਕਿ ਅਣਗਹਿਲੀ ਤੇ ਲਾਪ੍ਰਵਾਹੀ ਨਾਲ ਕਈ ਵਾਰ ਅਸੀਂ ਖੁਦ ਹੀ ਟੀਬੀ ਵਰਗੇ ਭਿਆਨਕ ਰੋਗਾਂ ਦੇ ਸ਼ਿਕਾਰ ਹੋ ਜਾਂਦੇ ਹਾਂ। ਕਰੋਨਾ ਵਾਇਰਸ ਦੀ ਕਰੋਪੀ ਦੌਰਾਨ ਆਕਸੀਜਨ ਦੀ ਆਈ ਕਮੀ ਤੇ ਦਰੱਖਤਾਂ ਤੋਂ ਮਿਲਦੀ ਆਕਸੀਜਨ ਸਮੇਤ ਹੋਰ ਅਨੇਕਾਂ ਫ਼ਾਇਦੇ ਗਿਣਾਉਂਦਿਆਂ ਗੁਰਿੰਦਰ ਸਿੰਘ ਨੇ ਦਰੱਖਤਾਂ ਦੀ ਸਾਂਭ-ਸੰਭਾਲ ਅਤੇ ਵੱਧ ਤੋਂ ਵੱਧ ਬੂਟੇ ਲਾਉਣ ਸਬੰਧੀ ਵੀ ਵਿਸਥਾਰ ਵਿੱਚ ਸਮਝਾਇਆ। ਕੁਦਰਤੀ ਸਰੋਤਾਂ ਵਿੱਚ ਸ਼ਾਮਲ ਮੀਂਹ ਦੇ ਪਾਣੀ ਸਮੇਤ ਭਾਵੇਂ ਨਦੀਆਂ, ਨਹਿਰਾਂ ਤੇ ਭਾਵੇਂ ਧਰਤੀ ਹੇਠਲਾ ਪਾਣੀ, ਉਸਦੀ ਸੰਭਾਲ ਨਾ ਕੀਤੀ ਤਾਂ ਪਛਤਾਉਣਾ ਪਵੇਗਾ, ਇਸ ਬਾਰੇ ਵੀ ਵੱਖ-ਵੱਖ ਨੁਕਤਿਆਂ ਦੀਆਂ ਉਦਾਹਰਣਾਂ ਦੇ ਕੇ ਪਾਣੀ ਦੀ ਬੱਚਤ ਅਤੇ ਸੰਭਾਲ ਦਾ ਸੱਦਾ ਦਿੱਤਾ। ਕਲੱਬ ਦੇ ਪੀ.ਆਰ.ਓ. ਇੰਜੀ. ਅਸ਼ੋਕ ਸੇਠੀ ਮੁਤਾਬਿਕ ਪ੍ਰਧਾਨ ਨੰਬਰਦਾਰ ਸੁਖਵਿੰਦਰ ਸਿੰਘ ਪੱਪੂ ਦੀ ਅਗਵਾਈ ਵਿੱਚ ਕਰਾਏ ਗਏ ਸੈਮੀਨਾਰ ਦੌਰਾਨ ਸੁਰਜੀਤ ਸਿੰਘ ਘੁਲਿਆਣੀ ਨੇ ਮੁੱਖ ਵਕਤਾ ਸਮੇਤ ਸਾਰਿਆਂ ਦੀ ਜਾਣ-ਪਛਾਣ ਕਰਾਈ, ਜਦਕਿ ਸਕੂਲ ਮੁਖੀ ਮਨਜੀਤ ਸਿੰਘ ਨੇ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਉਪਰੋਕਤ ਤੋਂ ਇਲਾਵਾ ਭੁਪਿੰਦਰ ਸਿੰਘ ਪਾਲੀ, ਮਨਜੀਤ ਸਿੰਘ ਔਲਖ, ਬਲਜਿੰਦਰ ਸਿੰਘ ਬੱਲੀ ਸਮੇਤ ਸਮੁੱਚਾ ਸਟਾਫ਼ ਵੀ ਹਾਜ਼ਰ ਸੀ।




## ਸਰਟੀਫਿਕੇਟ ਹਫ਼ਤੇ ਅੰਦਰ ਭੇਜਣੇ ਯਕੀਨੀ ਬਣਾਉਣ ਅਧਿਕਾਰੀ : ਡੀ ਸੀ

**ਮਾਨਸਾ (ਆਤਮਾ ਸਿੰਘ)**-ਜ਼ਿਲ੍ਹੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੇ ਮੁਕੰਮਲ ਹੋਣ 'ਤੇ ਸਬੰਧਤ ਵਿਭਾਗੀ ਅਧਿਕਾਰੀ ਵਰਤੋਂ ਸਰਟੀਫਿਕੇਟ ਇਕ ਹਫ਼ਤੇ ਦੇ ਅੰਦਰ ਭੇਜਣੇ ਯਕੀਨੀ ਬਣਾਉਣ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ੍ਰੀਮਤੀ ਬਲਦੀਪ ਕੌਰ ਨੇ ਬੱਚਤ ਭਵਨ ਵਿਖੇ ਵੱਖ-ਵੱਖ ਵਿਭਾਗਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਮਹੀਨਾਵਾਰ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤਾ। ਡਿਪਟੀ ਕਮਿਸ਼ਨਰ ਨੇ ਪਿੰਡ ਪੱਧਰ 'ਤੇ ਮਗਨਰੇਗਾ ਦੇ ਚੱਲ ਰਹੇ ਕੰਮਾਂ ਦਾ ਜਾਇਜ਼ਾ ਲੈਂਦਿਆਂ ਬਲਾਕ ਵਿਕਾਸ ਪੰਚਾਇਤ ਅਫ਼ਸਰਾਂ ਸਮੇਤ ਹੋਰਨਾਂ ਅਧਿਕਾਰੀਆਂ ਨੂੰ ਸਮਾਂਬੱਧ ਤੇ ਮਿੱਥੇ ਟੀਚੇ ਮੁਤਾਬਕ ਕੰਮ ਕਰਨ ਦੇ ਆਦੇਸ਼ ਜਾਰੀ ਕੀਤੇ। ਉਨ੍ਹਾਂ ਕਿਹਾ ਕਿ ਸਮੇਂ ਸਮੇਂ 'ਤੇ ਆਪਣੇ ਪੱਧਰ 'ਤੇ ਮਗਨਰੇਗਾ ਸਟਾਫ਼ ਸਮੇਤ ਕੰਮ ਦੀ ਗੁਣਵੱਤਾ ਦਾ ਨਿਰੀਖਣ ਕਰਨਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਪ੍ਰਧਾਨ ਮੰਤਰੀ ਆਵਾਸ ਯੋਜਨਾ (ਗ੍ਰਾਮੀਣ ਤੇ ਸ਼ਹਿਰੀ) ਅਧੀਨ ਬਣ ਰਹੇ ਘਰਾਂ ਨੂੰ ਮੋਨੀਟਰ ਕੀਤਾ ਜਾਵੇ। ਅਧੂਰੇ ਪਏ ਘਰਾਂ ਦਾ ਜੋ ਕੰਮ ਬਾਕੀ ਹੈ, ਉਸ ਸਬੰਧੀ ਲਾਭਪਾਤਰੀ ਨਾਲ ਤਾਲਮੇਲ ਕਰਦਿਆਂ ਉਸ ਨੂੰ ਪੂਰਾ ਕਰਾ ਕੇ ਰਿਪੋਰਟ ਭੇਜੀ ਜਾਵੇ। ਉਨ੍ਹਾਂ ਕਾਰਜਸਾਧਕ ਅਫ਼ਸਰਾਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਸ਼ਹਿਰਾਂ ਵਿਚੋਂ ਵੱਧ ਤੋਂ ਵੱਧ ਬੇਸਹਾਰਾ ਗਊਧੰਨ ਨੂੰ ਸਰਕਾਰੀ ਗਊਸ਼ਾਲਾ ਅੰਦਰ ਭੇਜਿਆ ਜਾਵੇ ਤਾਂ ਜੁ ਸੜਕੀ ਹਾਦਸਿਆਂ ਤੋਂ ਬਚਾਅ ਕੀਤਾ ਜਾ ਸਕੇ। ਉਨ੍ਹਾਂ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਨੂੰ ਰੋਕਣ ਲਈ ਦੁਕਾਨਾਂ 'ਤੇ ਚੈਕਿੰਗ ਕਰਨ ਦੇ ਆਦੇਸ਼ ਦਿੱਤੇ। ਉਨ੍ਹਾਂ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਤੋਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਮਿਲਣ ਵਾਲੇ ਮਾਣਭੱਤੇ ਬਾਰੇ ਜਾਣਕਾਰੀ ਲਈ। ਉਨ੍ਹਾਂ ਕਿਹਾ ਕਿ ਆਂਗਣਵਾੜੀਆਂ ਅਤੇ ਮਿਡ ਡੇਅ ਮੀਲ ਵਾਲੀ ਥਾਂ 'ਤੇ ਫੂਡ ਸੇਫਟੀ ਸਰਟੀਫ਼ਿਕੇਟ ਲਾਇਆ ਜਾਵੇ। ਡਿਪਟੀ ਕਮਿਸ਼ਨਰ ਨੇ ਪੰਜਾਬ ਗਰੀਵੈਂਸ ਪੋਰਟਲ 'ਤੇ ਵੱਖ-ਵੱਖ ਵਿਭਾਗਾਂ ਦੀਆਂ ਸ਼ਿਕਾਇਤਾਂ ਬਾਰੇ ਜਾਣਕਾਰੀ ਲਈ। ਉਨ੍ਹਾਂ ਕਿਹਾ ਕਿ ਪੋਰਟਲ 'ਤੇ ਪੈਂਡਿੰਗ ਸ਼ਿਕਾਇਤਾਂ ਦਾ ਸਮਾਂਬੱਧ ਨਿਪਟਾਰਾ ਕਰਨਾ ਯਕੀਨੀ ਬਣਾਇਆ ਜਾਵੇ ਅਤੇ ਜੋ ਸ਼ਿਕਾਇਤਾਂ ਲਟਕ ਰਹੀਆਂ ਹਨ, ਉਨ੍ਹਾਂ ਦਾ ਯੋਗ ਪ੍ਰਣਾਲੀ ਮੁਤਾਬਕ ਕਾਰਵਾਈ ਕਰਦਿਆਂ ਤੁਰੰਤ ਨਿਪਟਾਰਾ ਕਰ ਦਿੱਤਾ ਜਾਵੇ।

ਉਨ੍ਹਾਂ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਪਾਸੋਂ ਸੇਫ ਸਕੂਲ ਵਾਹਨ ਪਾਲਿਸੀ ਦੀ ਉਲੰਘਣਾਂ ਤਹਿਤ ਕੱਟੇ ਗਏ ਚਲਾਨ ਤੇ ਜਾਗਰੂਕਤਾ ਕੈਂਪਾਂ ਬਾਰੇ ਜਾਣਕਾਰੀ ਲਈ। ਉਨ੍ਹਾਂ ਕਿਹਾ ਕਿ ਸਕੂਲੀ ਬੱਚਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇ।



## ਤਰਕਸ਼ੀਲ ਸੁਸਾਇਟੀ ਵੱਲੋਂ ਮਸ਼ਾਲ ਮਾਰਚ ਅੱਜ

**ਸ਼ਾਹਕੋਟ (ਗਿਆਨ ਸੈਦਪੁਰੀ)**



ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਵਸ ਦੇ ਸੰਬੰਧ ਵਿੱਚ 22 ਮਾਰਚ ਨੂੰ ਤਰਕਸ਼ੀਲ ਸੁਸਾਇਟੀ ਪੰਜਾਬ ਦੀ ਇਕਾਈ ਸ਼ਾਹਕੋਟ ਵੱਲੋਂ ਮਸ਼ਾਲ ਮਾਰਚ ਕੱਢਿਆ ਜਾਵੇਗਾ। ਇੱਥੇ ਹੋਈ ਮੀਟਿੰਗ ਤੋਂ ਬਾਅਦ ਇਕਾਈ ਪ੍ਰਧਾਨ ਪ੍ਰਿੰਸੀਪਲ ਮਨਜੀਤ ਸਿੰਘ ਮਲਸੀਆਂ ਨੇ ਜਾਣਕਾਰੀ ਦਿੱਤੀ ਕਿ 22 ਮਾਰਚ ਸ਼ਾਮ 6:30 ਵਜੇ ਅੱਪੂ ਆਰਟ ਪ੍ਰੈਸ ਤੋਂ ਮਸ਼ਾਲ ਮਾਰਚ ਸ਼ੁਰੂ ਹੋਵੇਗਾ। ਮਾਰਚ ਸ਼ਾਹਕੋਟ ਦੇ ਵੱਖ ਵੱਖ ਬਜ਼ਾਰਾਂ ਵਿੱਚ ਦੀ ਹੁੰਦਾ ਹੋਇਆ ਇੱਥੇ ਹੀ ਸਮਾਪਤ ਹੋਵੇਗਾ। ਇਸ ਮਾਰਚ ਵਿੱਚ ਸੁਸਾਇਟੀ ਤੋਂ ਇਲਾਵਾ ਭਰਾਤਰੀ ਜਥੇਬੰਦੀਆਂ ਵੀ ਸ਼ਾਮਲ ਹੋਣਗੀਆਂ। ਮਸ਼ਾਲ ਮਾਰਚ ਦੌਰਾਨ ਸੌ ਸਾਲ ਪਹਿਲਾਂ ਸ਼ਹੀਦ ਭਗਤ ਸਿੰਘ ਵੱਲੋਂ ਲਿਖਿਆ ਲੇਖ ਜੋ ਅੱਜ ਵੀ ਪ੍ਰਸੰਗਿਕ ਹੈ, ਲੋਕਾਂ ਵਿੱਚ ਵੰਡਿਆ ਜਾਵੇਗਾ। ਮਾਰਚ ਦੀ ਤਿਆਰੀ ਦਾ ਜਾਇਜ਼ਾ ਲੈਣ ਲਈ ਹੋਈ ਮੀਟਿੰਗ ਵਿੱਚ ਪ੍ਰਿੰਸੀਪਲ ਮਨਜੀਤ ਸਿੰਘ ਮਲਸੀਆਂ, ਜਿੰਦਰ ਬਾਗਪੁਰ, ਬਿੱਟੂ ਰੂਪੇਵਾਲੀ ਤੇ ਦੇਸਰਾਜ ਜਾਫਰਵਾਲ ਸ਼ਾਮਲ ਸਨ।

### ਲਵਲੀ ਗਰਗ ਵੱਲੋਂ ਅਮਨਗੁਰਵੀਰ ਢਿੱਲੋਂ ਦੀ ਹਮਾਇਤ ਦਾ ਐਲਾਨ

**ਬਰੇਟਾ (ਗੋਬਿੰਦ ਸ਼ਰਮਾ)**-ਪੰਜਾਬ ਭਰ ਵਿੱਚ ਯੂਥ ਕਾਂਗਰਸ ਦੇ ਇਲੈਕਸ਼ਨ ਚੱਲ ਰਹੇ ਹਨ। ਵੱਖ-ਵੱਖ ਜ਼ਿਲ੍ਹਿਆਂ ਵਿੱਚ ਕਾਂਗਰਸੀ ਨੌਜਵਾਨ ਜਿਥੇ ਆਪੋ-ਅਪਣਾ ਦਾਅ ਲਗਾ ਰਹੇ ਹਨ ਓਥੇ ਹੀ ਮਾਨਸਾ ਜ਼ਿਲ੍ਹੇ ਵਿੱਚ ਤਿੰਨ ਕੋਣਾ ਖਿੱਚਵਾਂ ਮੁਕਾਬਲਾ ਚੱਲ ਰਿਹਾ ਹੈ। ਹਲਕਾ ਬੁਢਲਾਡਾ ਤੋਂ ਉਮੀਦਵਾਰ ਲਵਲੀ ਗਰਗ ਨੇ ਆਪਣੇ ਹਲਕੇ ਦੇ ਨੌਜਵਾਨਾਂ ਨੂੰ ਜ਼ਿਲ੍ਹਾ ਪ੍ਰਧਾਨਗੀ ਲਈ ਉਮੀਦਵਾਰ ਅਮਨਗੁਰਵੀਰ ਸਿੰਘ ਢਿੱਲੋਂ ਦੇ ਹੱਕ ਵਿੱਚ ਵੋਟ ਪਾਉਣ ਦੀ ਅਪੀਲ ਕੀਤੀ ਹੈ। ਜਾਣਕਾਰੀ ਦਿੰਦਿਆਂ ਗਰਗ ਨੇ ਦੱਸਿਆ ਕਿ ਅਮਨਗੁਰਵੀਰ ਸਿੰਘ ਢਿੱਲੋਂ ਇਕ ਯੋਗ ਅਤੇ ਪੜ੍ਹੇ ਲਿਖੇ ਉਮੀਦਵਾਰ ਹਨ ਜਿਨ੍ਹਾਂ ਦੀ ਰਹਿਨੁਮਾਈ ਹੇਠ ਜ਼ਿਲੇ ਵਿੱਚ ਕਾਂਗਰਸ ਪਾਰਟੀ ਹੋਰ ਮਜ਼ਬੂਤ ਹੋਵੇਗੀ। ਉਨ੍ਹਾਂ ਦੱਸਿਆ ਕਿ ਅਮਨਗੁਰਵੀਰ ਸਿੰਘ ਦਾ ਕਾਫਲਾ ਦਿਨੋਂ-ਦਿਨ ਵੱਧਦਾ ਜਾ ਰਿਹਾ ਹੈ। ਅਮਨ ਦੀ ਵੱਧ ਰਹੀ ਲੋਕਪ੍ਰਿਅਤਾ ਨੂੰ ਰੋਕਣ ਦੇ ਲਈ ਜ਼ਿਲੇ ਵਿੱਚ ਵੱਡਾ ਕੱਦ ਰੱਖਣ ਵਾਲੇ ਲੀਡਰ ਪੱਬਾਂ ਭਾਰ ਹੋਏ ਪਏ ਹਨ।

## ...ਸਫ਼ਾ 1 ਦੇ ਬਾਕੀ

### ਮੈਲੀ ਅੱਖ ਰੱਖਣ ਦੀ ਕਿਸੇ ...

ਪਿੱਛੇ ਡੱਕ ਦਿੱਤਾ ਗਿਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਤਿਹਾਸ ਇਸ ਗੱਲ ਤੋਂ ਜਾਣੂ ਹੈ ਕਿ ਜਿਸ ਕਿਸੇ ਨੇ ਵੀ ਸੂਬੇ ਦੇ ਬੁਨਿਆਦੀ ਸਮਾਜਕ ਤਾਣੇ-ਬਾਣੇ ਨੂੰ ਢਾਹ ਲਾਉਣ ਦੀ ਕੋਸ਼ਿਸ਼ ਕੀਤੀ ਹੈ, ਉਸ ਨੂੰ ਪੰਜਾਬੀਆਂ ਵੱਲੋਂ ਮੂੰਹ ਤੋੜਵਾਂ ਜਵਾਬ ਦਿੱਤਾ ਗਿਆ ਹੈ।

ਉਨ੍ਹਾ ਕਿਹਾ ਕਿ ਹੈਰਾਨੀ ਦੀ ਗੱਲ ਹੈ ਕਿ ਇੱਕ ਪਾਸੇ ਸੂਬਾ ਸਰਕਾਰ ਲੋਕਾਂ ਨੂੰ ਰੋਜ਼ਗਾਰ, ਸਿੱਖਿਆ, ਲੈਪਟਾਪ, ਕਿਤਾਬਾਂ, ਸਿਹਤ ਸੰਭਾਲ, ਬੁਨਿਆਦੀ ਢਾਂਚਾ ਅਤੇ ਹੋਰ ਸਹੂਲਤਾਂ ਦੇਣ ਨੂੰ ਤਰਜੀਹ ਦੇ ਰਹੀ ਹੈ ਅਤੇ ਦੂਜੇ ਪਾਸੇ ਅਜਿਹੇ ਪੰਜਾਬ ਵਿਰੋਧੀ ਅਨਸਰ ਨੌਜਵਾਨਾਂ ਨੂੰ ਦੇਸ਼ ਖ਼ਿਲਾਫ਼ ਗੈਰ-ਕਾਨੂੰਨੀ ਗਤੀਵਿਧੀਆਂ ਵਿੱਚ ਉਲਝਾ ਰਹੇ ਹਨ। ਭਗਵੰਤ ਮਾਨ ਨੇ ਕਿਹਾ ਕਿ ਸੂਬੇ ਦੀ ਇਹ ਦੇਸ਼ ਭਗਤ ਅਤੇ ਧਰਮ ਨਿਰਪੱਖ ਸਰਕਾਰ ਅਜਿਹੀਆਂ ਸਾਰੀਆਂ ਦੇਸ਼ ਵਿਰੋਧੀ ਕਾਰਵਾਈਆਂ ਪ੍ਰਤੀ ਮੂਕ ਦਰਸ਼ਕ ਨਹੀਂ ਬਣ ਸਕਦੀ, ਜਿਸ ਕਾਰਨ ਇਨ੍ਹਾਂ ਵਿਰੁੱਧ ਸਖਤ ਕਾਰਵਾਈ ਕੀਤੀ ਗਈ ਹੈ। ਮੁੱਖ ਮੰਤਰੀ ਨੇ ਪੰਜਾਬ ਵਿੱਚ ਅਮਨ-ਕਾਨੂੰਨ ਨੂੰ ਕਾਇਮ ਰੱਖਣ ਲਈ ਸੂਬਾ ਸਰਕਾਰ ਦੀ ਕਾਰਵਾਈ ਦਾ ਸਮਰਥਨ ਕਰਨ ਵਾਸਤੇ ਸੂਬੇ ਦੇ ਲੋਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾ ਪ੍ਰਣ ਕੀਤਾ ਕਿ ਸੂਬੇ ਦੀ ਤਰੱਕੀ ਵਿੱਚ ਅੜਿੱਕਾ ਡਾਹੁਣ ਅਤੇ ਇਸ ਦੀ ਸਖ਼ਤ ਘਾਲਣਾ ਨਾਲ ਹਾਸਲ ਕੀਤੀ ਸ਼ਾਂਤੀ ਨੂੰ ਭੰਗ ਕਰਨ ਦੀ ਕਿਸੇ ਨੂੰ ਵੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਭਗਵੰਤ ਮਾਨ ਨੇ ਕਿਹਾ ਕਿ ਭਾਵੇਂ ਕੁਝ ਟਕਸਾਲੀ ਤਾਕਤਾਂ ਸੂਬੇ ਦੀ ਸ਼ਾਂਤੀ ਅਤੇ ਤਰੱਕੀ ਨੂੰ ਲੀਹੋਂ ਲਾਹੁਣ ਦੀਆਂ ਲਗਾਤਾਰ ਕੋਸ਼ਿਸ਼ਾਂ ਕਰ ਰਹੀਆਂ ਹਨ ਪਰ ਉਨ੍ਹਾਂ ਦੇ ਨਾਪਾਕ ਮਨਸੂਬਿਆਂ ਨੂੰ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ।

ਸੂਬੇ ਦੀ ਪੁਰਾਤਨ ਸ਼ਾਨ ਬਹਾਲ ਕਰਨ ਲਈ ਆਪਣੀ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਦੁਹਰਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾ ਦੇ ਖ਼ੂਨ ਦਾ ਹਰ ਕਤਰਾ ਸੂਬੇ ਦੀ ਤਰੱਕੀ, ਖ਼ੁਸ਼ਹਾਲੀ ਅਤੇ ਸ਼ਾਂਤੀ ਲਈ ਸਮਰਪਤ ਹੈ।

ਉਨ੍ਹਾ ਕਿਹਾ ਕਿ ਸੂਬਾ ਸਰਕਾਰ ਪੰਜਾਬ ਵਿੱਚ ਧਰਮ ਨਿਰਪੱਖਤਾ, ਫਿਰਕੂ ਸਦਭਾਵਨਾ ਅਤੇ ਭਾਈਚਾਰਕ ਸਾਂਝ ਦੀਆਂ ਤੰਦਾਂ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਭਗਵੰਤ ਮਾਨ ਨੇ ਦੇਸ਼ ਵਾਸੀਆਂ ਨੂੰ ਭਰੋਸਾ ਦਿੱਤਾ ਕਿ ਪੰਜਾਬ ਸੁਰੱਖਿਅਤ ਹੱਥਾਂ ਵਿੱਚ ਹੈ ਅਤੇ ਇਸ ਨੂੰ ਦੇਸ਼ ਦਾ ਮੋਹਰੀ ਸੂਬਾ ਬਣਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ।

### ਪੀ ਆਰ ਟੀ ਸੀ ਕਾਮਿਆਂ...

ਤਰ੍ਹਾਂ ਅੱਖਾਂ ਬੰਦ ਕਰਕੇ ਵਰਕਰਾਂ ਦੇ ਹੱਕਾਂ ਦੀ ਅਣਦੇਖੀ ਕਰਕੇ ਆਪਣੀ ਕਾਨੂੰਨੀ ਅਤੇ ਇਖ਼ਲਾਕੀ ਜ਼ਿੰਮੇਵਾਰੀ ਨਹੀਂ ਨਿਭਾਅ ਰਹੀ।

ਹੋਰ ਅਨੇਕਾਂ ਮੰਗਾਂ ਜਿਵੇਂ ਕੰਟਰੈਕਟ ਵਰਕਰਾਂ ਨੂੰ ਪੱਕੇ ਕਰਨ ਲਈ ਕੋਈ ਕਦਮ ਨਾ ਚੁੱਕਣਾ, ਸਰਕਾਰ ਵੱਲੋਂ ਮੁਫਤ ਸਫਰ ਸਹੂਲਤਾਂ ਦਾ 400 ਕਰੋੜ ਰੁਪਿਆ ਨਾ ਦੇਣਾ, ਨਵੀਆਂ ਬੱਸਾਂ ਨਾ ਪਾਉਣਾ, ਵਰਕਰਾਂ ਨਾਲ ਵਿਤਕਰੇਬਾਜ਼ੀ ਅਤੇ ਧੱਕੇਸ਼ਾਹੀਆਂ ਬੰਦ ਨਾ ਕਰਨਾ, 1992 ਦੀ ਪੈਨਸ਼ਨ ਸਕੀਮ ਤੋਂ ਵਾਂਝੇ ਰਹਿ ਗਏ ਵਰਕਰਾਂ ਨੂੰ ਪੈਨਸ਼ਨ ਦਾ ਹੱਕ ਨਾ ਦੇ ਕੇ ਬੁਢਾਪੇ ਦੀ ਮਾਰ ਝੱਲ ਰਹੇ ਵਰਕਰਾਂ ਪ੍ਰਤੀ ਕਠੋਰ ਰਵੱਈਆ ਧਾਰਨ ਕਰਨਾ ਆਦਿ ਨੂੰ ਲੈ ਕੇ ਰੋਸ ਜ਼ਾਹਰ ਕਰਨ ਲਈ ਵਰਕਰਾਂ ਨੂੰ ਮਜਬੂਰ ਹੋਣਾ ਪੈ ਰਿਹਾ ਹੈ।

ਧਰਨੇ ਵਿੱਚੋਂ ਅਗਲੇ ਐਕਸ਼ਨ ਪ੍ਰੋਗਰਾਮ ਦਾ ਵੀ ਐਲਾਨ ਕੀਤਾ ਜਾਵੇਗਾ। ਐਕਸ਼ਨ ਕਮੇਟੀ ਵੱਲੋਂ ਪੀ.ਆਰ.ਟੀ.ਸੀ. ਦੇ ਸਮੁੱਚੇ ਵਰਕਰਾਂ ਨੂੰ ਇਸ ਧਰਨੇ ਵਿੱਚ ਹੁੰਮ-ਹੁੰਮਾ ਕੇ ਪੁੱਜਣ ਦੀ ਅਪੀਲ ਕੀਤੀ ਗਈ।


**ਸਨਮੁੱਖ ਸੁਖਜੀਤ ਸਿੰਘ ਜੌਲੀ ਐਡਵੋਕੇਟ ਦੇ ਸਾਲਸੀ ਟ੍ਰਿਬਿਊਨਲ/ਇਕਮਾਤਰ ਸਾਲਸੀ, ਜਲੰਧਰ**

ਕੈਪੀਟਲ ਸਮਾਲ ਫਾਈਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮ: ਵਜੋਂ ਜਾਣੇ ਜਾਂਦੇ) ਕੰਪਨੀਜ਼ ਐਕਟ ਅਧੀਨ ਇੱਕ ਕਾਰਪੋਰੇਟ ਬਾਡੀ, ਜਿਸ ਦਾ ਮੁੱਖ ਦਫਤਰ 37, ਮਿਡਾਸ ਕਾਰਪੋਰੇਟ ਪਾਰਕ, ਜੀ ਟੀ ਰੋਡ ਜਲੰਧਰ ਵਿਖੇ ਹੈ ਅਤੇ ਇਸ ਦੀਆਂ ਹੋਰ ਸ਼ਾਖਾਵਾਂ ਵਿੱਚ ਇੱਕ ਸ਼ਾਖਾ ਦਫਤਰ, ਮਾਲ ਰੋਡ. ਅੰਮ੍ਰਿਤਸਰ ਵਿਖੇ ਹੈ, ਵਿਧੀਗਤ ਗਠਿਤ ਅਟਾਰਨੀ ਰਾਹੀਂ।

ਬਿਨੈਕਾਰ

ਬਨਾਮ

1. ਕਰਨਜੀਤ ਸਿੰਘ ਪੁੱਤਰ ਸ੍ਰੀ ਬਚਨ ਸਿੰਘ ਵਾਸੀ ਮਕਾਨ ਨੰ: 133, ਪਿੰਡ ਦਾਊਕੇ, ਜ਼ਿਲ੍ਹਾ ਅੰਮ੍ਰਿਤਸਰ-143108
2. ਤਰਸੇਮ ਸਿੰਘ ਪੁੱਤਰ ਸ੍ਰੀ ਬਚਨ ਸਿੰਘ ਵਾਸੀ ਮਕਾਨ ਨੰ: 133, ਪਿੰਡ ਦਾਊਕੇ, ਜ਼ਿਲ੍ਹਾ ਅੰਮ੍ਰਿਤਸਰ-143108
3. ਜਗਰੂਪ ਸਿੰਘ ਪੁੱਤਰ ਹਰਦੀਪ ਸਿੰਘ ਵਾਸੀ ਪਿੰਡ ਬੱਗਾ ਕਲਾਂ, ਤਹਿ: ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ-143101

ਜਵਾਬਦੇਹ

ਉਕਤ ਪਾਰਟੀਆਂ ਵਿਚਾਲੇ ਵਿਵਾਦ ਦੇ ਚੱਲਦਿਆਂ ਰਜਿਸਟਰਡ ਡਾਕ ਰਾਹੀਂ ਨੋਟਿਸ ਭੇਜੇ ਗਏ ਸਨ। ਜਵਾਬਦੇਹਾਂ ਨੂੰ ਭੇਜੇ ਗਏ ਨੋਟਿਸ ਪਹਿਲੀ ਵਾਰ ਵਾਪਸ ਪ੍ਰਾਪਤ ਨਹੀਂ ਹੋਏ। ਦੂਸਰੀ ਵਾਰ ਨੋਟਿਸ ਫਿਰ ਜਵਾਬਦੇਹਾਂ ਨੂੰ ਭੇਜੇ ਗਏ ਨੋਟਿਸ, ਜੋ ਲਿਫਾਫੇ ਅਤੇ ਵਾਪਸੀ ਰਸੀਦਾਂ ਸਨ, ਫਿਰ ਵਾਪਸ ਪ੍ਰਾਪਤ ਨਹੀਂ ਹੋਏ, ਜਿਸ ਤੋਂ ਸਪੱਸ਼ਟ ਹੈ ਕਿ ਜਵਾਬਦੇਹ ਜਾਣਬੁੱਝ ਕੇ ਮੇਰੇ ਸਾਹਮਣੇ ਪੇਸ਼ ਹੋਣ ਤੋਂ ਕੰਨੀ ਕਤਰਾ ਰਹੇ ਹਨ ਅਤੇ ਉਹਨਾਂ ਨੇ ਨੋਟਿਸ ਪ੍ਰਾਪਤ ਕਰ ਲਏ ਸਨ। ਬੇਸ਼ੱਕ ਸਾਰੇ ਜਵਾਬਦੇਹਾਂ ਨੂੰ ਇਕ ਹੋਰ ਮੌਕਾ ਦੇਣ ਲਈ ਇਹ ਹੁਕਮ ਦਿੱਤਾ ਜਾਂਦਾ ਹੈ ਕਿ ਉਨ੍ਹਾਂ ਨੂੰ ਵਿਵਾਦ ਦੇ ਮਾਮਲੇ 'ਚ ਆਪਣੇ ਦਾਅਵੇ ਅਤੇ ਇਤਰਾਜ਼ ਪੇਸ਼ ਕਰਨ ਲਈ ਅਖ਼ਬਾਰ 'ਚ ਪ੍ਰਕਾਸ਼ਨਾ ਰਾਹੀਂ ਸੂਚਿਤ ਕੀਤਾ ਜਾਵੇ। ਤੁਹਾਨੂੰ ਜਵਾਬਦੇਹਾਂ ਨੂੰ ਆਪਣੇ ਇਤਰਾਜ਼ ਅਤੇ ਦਾਅਵੇ, ਜੇਕਰ ਕੋਈ ਹਨ ਤਾਂ ਦਾਖਲ ਕਰਨ ਲਈ 1/5/2023 ਨੂੰ ਦੁਪਹਿਰ 1.00 ਵਜੇ ਖੁਦ ਜਾਂ ਆਪਣੇ ਪ੍ਰਤੀਨਿਧ ਜਾਂ ਵਕੀਲ ਰਾਹੀਂ ਸਾਲਸ ਸਨਮੁੱਖ ਚੈਂਬਰ ਨੰਬਰ 113, ਨਵੀਆਂ ਕਚਹਿਰੀਆਂ, ਜਲੰਧਰ ਵਿਖੇ ਪੇਸ਼ ਹੋਣ ਦੀ ਹਦਾਇਤ ਕੀਤੀ ਜਾਂਦੀ ਹੈ। ਅਸਫਲ ਰਹਿਣ 'ਤੇ ਤੁਹਾਡੇ ਵਿਰੁੱਧ ਇਕਤਰਫਾ ਕਾਰਵਾਈ ਕਰ ਦਿੱਤੀ ਜਾਵੇਗੀ।

ਮਿਤੀ : 20.3.2023 ਸੁਖਜੀਤ ਸਿੰਘ ਜੌਲੀ
ਜਲੰਧਰ ਸਾਲਸ



ਪੰਜਾਬ ਮੰਡੀ ਬੋਰਡ

# ਪੰਜਾਬ ਮੰਡੀ ਬੋਰਡ

**ਈ-ਟੈਂਡਰਿੰਗ ਨੋਟਿਸ ਨੰਬਰ : 09 ਮਿਤੀ 21.3.2023**

ਦਫਤਰ ਕਾਰਜਕਾਰੀ ਇੰਜੀਨੀਅਰ (ਸ) ਪੰਜਾਬ ਮੰਡੀ ਬੋਰਡ, ਤਰਨ ਤਾਰਨ ਵੱਲੋਂ ਮੰਡੀ ਰਾਜੋਕੇ ਵਿੱਚ ਬਣੇ ਆਕਸ਼ਨ ਪਲੇਟਫਾਰਮ, ਪਾਰਕਿੰਗ ਅਤੇ ਸੜਕਾਂ ਉਪਰ ਇੱਟਾਂ ਦਾ ਖੜਵੰਜਾ ਲਗਾਉਣਾ, ਮੰਡੀ ਗੱਗੋਬੂਆ ਵਿਖੇ ਅੰਦਰੂਨੀ ਸੜਕਾਂ ਦੀ ਸਪੈਸ਼ਲ ਰਿਪੇਅਰ ਅਤੇ 50'×100' ਦੇ ਸਟੀਲ ਕਵਰ ਸ਼ੈੱਡ ਦੀ ਉਸਾਰੀ ਅਤੇ ਮੰਡੀ ਖਾਲੜਾ ਵਿਖੇ ਬਰਸਾਤੀ ਪਾਣੀ ਦੇ ਨਿਕਾਸ ਲਈ ਸੀਵਰੇਜ ਦੇ ਕੰਮਾਂ ਨੂੰ ਕਰਨ ਲਈ ਪੰਜਾਬ ਮੰਡੀ ਬੋਰਡ ਪਾਸੋਂ ਪ੍ਰਵਾਨਤ ਰਜਿਸਟਰਡ ਯੋਗ ਠੇਕੇਦਾਰਾਂ/ਫਰਮਾਂ/ਸਹਿਕਾਰੀ ਸਭਾਵਾਂ ਪਾਸੋਂ ਪ੍ਰਤੀਸ਼ਤ ਦਰ 'ਤੇ ਈ-ਟੈਂਡਰਿੰਗ ਸਾਈਟ http://eproc.punjab.gov.in ਰਾਹੀਂ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ।

ਇਸ ਟੈਂਡਰ ਨੋਟਿਸ ਦੇ ਨਿਯਮਾਂ ਅਤੇ ਸ਼ਰਤਾਂ ਸੰਬੰਧੀ ਹੋਰ ਜਾਣਕਾਰੀ ਲਈ ਪੰਜਾਬ ਸਰਕਾਰ ਦੀ ਈ-ਟੈਂਡਰਿੰਗ ਸਾਈਟ http://eproc.punjab.gov.in ਤੋਂ ਹਵਾਲਾ ਲਿਆ ਜਾ ਸਕਦਾ ਹੈ।

ਨੋਟ : ਕੋਰੀਜੰਡਮ ਕੇਵਲ http://eproc.punjab.gov.in ਵੈੱਬਸਾਈਟ 'ਤੇ ਹੀ ਜਾਰੀ ਕੀਤਾ ਜਾਵੇਗਾ।

ਸਹੀ/- ਕਾਰਜਕਾਰੀ ਇੰਜੀਨੀਅਰ (ਸ),
ਪੰਜਾਬ ਮੰਡੀ ਬੋਰਡ,
ਤਰਨ ਤਾਰਨ


ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Fatehpuri

ਸੰਪਾਦਕ : ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਜ਼ਿਲ੍ਹਾ ਸ਼ਹਿਰੀ ਬੁਨਿਆਦੀ ਢਾਂਚਾ ਕਮੇਟੀ ਵੱਲੋਂ 95 ਕਰੋੜ ਦੇ 276 ਵਿਕਾਸ ਕਾਰਜਾਂ ਨੂੰ ਹਰੀ ਝੰਡੀ

**ਜਲੰਧਰ: (ਸ਼ੈਲੀ ਐਲਬਰਟ)**–ਜਲੰਧਰ ਵਿਖੇ ਚੱਲ ਰਹੇ ਸ਼ਹਿਰੀ ਵਿਕਾਸ ਨੂੰ ਹੁਲਾਰਾ ਦਿੰਦਿਆਂ ਡਿਪਟੀ ਕਮਿਸ਼ਨਰ ਜਸਪ੍ਰੀਤ ਸਿੰਘ ਦੀ ਅਗਵਾਈ ਵਾਲੀ ਜ਼ਿਲ੍ਹਾ ਸ਼ਹਿਰੀ ਬੁਨਿਆਦੀ ਢਾਂਚਾ ਕਮੇਟੀ (ਡੀ.ਯੂ.ਆਈ.ਸੀ.) ਵੱਲੋਂ ਨਗਰ ਨਿਗਮ ਜਲੰਧਰ ਅਧੀਨ ਆਉਂਦੇ ਖੇਤਰਾਂ ਅਤੇ ਜ਼ਿਲ੍ਹੇ ਦੀਆਂ ਹੋਰ ਨਗਰ ਕੌਂਸਲਾਂ ਵਿੱਚ 95 ਕਰੋੜ ਰੁਪਏ ਦੀ ਲਾਗਤ ਵਾਲੇ ਕਰੀਬ 276 ਵਿਕਾਸ ਕਾਰਜਾਂ ਨੂੰ ਹਰੀ ਝੰਡੀ ਦੇ ਦਿੱਤੀ ਗਈ ਹੈ । । ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹੋਈ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਵੱਲੋਂ ਕੁੱਲ 12 ਨਗਰ ਕੌਂਸਲਾਂ ਅਤੇ ਇੱਕ ਨਗਰ ਨਿਗਮ ਲਈ 95 ਕਰੋੜ ਰੁਪਏ ਦੇ ਨਵੇਂ ਕੰਮਾਂ ਨੂੰ ਪ੍ਰਵਾਨਗੀ ਦਿੱਤੀ ਗਈ । ਵਧੇਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਨਗਰ ਨਿਗਮ ਜਲੰਧਰ ਲਈ 52.07 ਕਰੋੜ ਰੁਪਏ ਦੀ ਲਾਗਤ ਵਾਲੇ ਕਰੀਬ 127 ਨਵੇਂ ਵਿਕਾਸ ਪ੍ਰਾਜੈਕਟ ਮਨਜ਼ੂਰ ਕੀਤੇ ਗਏ ਹਨ । ਇਸੇ ਤਰ੍ਹਾਂ ਨਕੋਦਰ ਨਗਰ ਕੌਂਸਲ ਵਿਖੇ 5.02 ਕਰੋੜ ਦੀ ਲਾਗਤ ਨਾਲ 21 ਵਿਕਾਸ ਪ੍ਰਾਜੈਕਟ, ਆਦਮਪੁਰ ਵਿਖੇ 3.02 ਕਰੋੜ ਦੀ ਲਾਗਤ ਨਾਲ 33 ਕੰਮ, ਅਲਾਵਲਪੁਰ ਵਿਖੇ 1.18 ਕਰੋੜ ਦੀ ਲਾਗਤ ਨਾਲ ਤਿੰਨ ਕਾਰਜ, ਕਰਤਾਰਪੁਰ ਵਿੱਚ 2.80 ਕਰੋੜ ਦੀ ਲਾਗਤ ਨਾਲ 13 ਕੰਮ, ਭੋਗਪੁਰ ਵਿੱਚ 2.73 ਕਰੋੜ ਦੀ ਲਾਗਤ ਨਾਲ 22 ਵਿਕਾਸ ਪ੍ਰਾਜੈਕਟ, ਫਿਲੌਰ ਵਿਖੇ 48 ਲੱਖ ਦੀ ਲਾਗਤ ਨਾਲ ਇੱਕ ਪ੍ਰਾਜੈਕਟ, ਗੁਰਾਇਆ ਵਿਖੇ 2.19 ਕਰੋੜ ਦੀ ਲਾਗਤ ਨਾਲ 21 ਪ੍ਰਾਜੈਕਟ, ਨੂਰਮਹਿਲ ਵਿਖੇ 2.80 ਕਰੋੜ ਦੀ ਲਾਗਤ ਨਾਲ 20 ਕੰਮ, ਲੋਹੀਆਂ ਖਾਸ ਵਿੱਚ 1.90 ਕਰੋੜ ਦੀ ਲਾਗਤ ਨਾਲ ਸੱਤ ਕੰਮ, ਸ਼ਾਹਕੋਟ ਵਿੱਚ 3.27 ਕਰੋੜ ਦੀ ਲਾਗਤ ਨਾਲ ਅੱਠ ਕੰਮ, ਮਹਿਤਪੁਰ ਵਿੱਚ 2.56 ਕਰੋੜ ਦੀ ਲਾਗਤ ਨਾਲ ਸੱਤ ਕੰਮ ਅਤੇ ਬਿਲਗਾ ਨਗਰ ਕੌਂਸਲ ਵਿਖੇ 5.07 ਕਰੋੜ ਰੁਪਏ ਦੀ ਲਾਗਤ ਨਾਲ 25 ਵਿਕਾਸ ਕਾਰਜ ਕਰਵਾਏ ਜਾਣਗੇ । ।ਜਸਪ੍ਰੀਤ ਸਿੰਘ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਜ਼ਿਲ੍ਹੇ ਦੇ ਸ਼ਹਿਰੀ ਵਿਕਾਸ ਲਈ 95.15 ਕਰੋੜ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਗਈ ਹੈ, ਜਿਸ ਵਿੱਚੋਂ ਜ਼ਿਲ੍ਹਾ ਸ਼ਹਿਰੀ ਬੁਨਿਆਦੀ ਢਾਂਚਾ ਕਮੇਟੀ ਨੇ ਇਹ ਗ੍ਰਾਂਟ 276 ਵਿਕਾਸ ਪ੍ਰਾਜੈਕਟਾਂ ਤੇ ਖਰਚ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਨ੍ਹਾਂ ਸਾਰੇ ਪ੍ਰਾਜੈਕਟਾਂ ਨੂੰ ਜਲਦ ਤੋਂ ਜਲਦ ਸ਼ੁਰੂ ਕਰਨ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਇਨ੍ਹਾਂ ਕਾਰਜਾਂ ਨਾਲ ਜਲੰਧਰ ਦੇ ਸ਼ਹਿਰੀ ਖੇਤਰ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਨੂੰ ਹੋਰ ਹੁਲਾਰਾ ਮਿਲੇਗਾ । ਉਨ੍ਹਾਂ ਸਪੱਸ਼ਟ ਕਿਹਾ ਕਿ ਇਹ ਕੰਮ ਸਮਾਂਬੱਧ ਤਰੀਕੇ ਨਾਲ ਮੁਕੰਮਲ ਕੀਤੇ ਜਾਣਗੇ। ਜ਼ਿਲ੍ਹਾ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀਆਂ ਵੱਲੋਂ ਇਨ੍ਹਾਂ ਪ੍ਰਾਜੈਕਟਾਂ ਦੀ ਪ੍ਰਗਤੀ ਦੀ ਵਿਅਕਤੀਗਤ ਤੌਰ ਤੇ ਨਿਗਰਾਨੀ ਕੀਤੀ ਜਾਵੇਗੀ ਤਾਂ ਜੋ ਇਨ੍ਹਾਂ ਨੂੰ ਸਮੇਂ ਸਿਰ ਮੁਕੰਮਲ ਕੀਤਾ ਜਾ ਸਕੇ। ਮੀਟਿੰਗ ਵਿੱਚ ਨਗਰ ਨਿਗਮ ਜਲੰਧਰ ਦੇ ਕਮਿਸ਼ਨਰ ਅਭਿਜੀਤ ਕਪਲਿਸ਼, ਵਧੀਕ ਡਿਪਟੀ ਕਮਿਸ਼ਨਰ ਵਰਿੰਦਰਪਾਲ ਸਿੰਘ ਬਾਜਵਾ ਸਮੇਤ ਹੋਰ ਅਧਿਕਾਰੀ ਮੌਜੂਦ ਸਨ ।

# ਸਿਕਲੀਗਰ ਸਿੱਖ ਬੱਚਿਆਂ ਦੀਆਂ ਫੀਸਾਂ ਲਈ ਸ਼੍ਰੋਮਣੀ ਕਮੇਟੀ ਨੇ ਦਿੱਤੇ 17 ਲੱਖ 58 ਹਜ਼ਾਰ ਰੁਪਏ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿਕਲੀਗਰ ਸਿੱਖ ਬੱਚਿਆਂ ਦੀਆਂ ਸਕੂਲ ਫੀਸਾਂ ਲਈ 17 ਲੱਖ 58 ਹਜ਼ਾਰ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ। ਇਹ ਸਹਾਇਤਾ ਰਾਸ਼ੀ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰਾਂ ਨੇ ਛੱਤੀਸਗੜ੍ਹ ਅਤੇ ਆਂਧਰਾ ਪ੍ਰਦੇਸ਼ ਦੇ ਵੱਖ-ਵੱਖ ਥਾਵਾਂ 'ਤੇ ਪੜ੍ਹਦੇ ਸਿਕਲੀਗਰ ਬੱਚਿਆਂ ਦੀਆਂ ਫੀਸਾਂ ਦੇ ਰੂਪ ਵਿਚ ਸਕੂਲਾਂ ਨੂੰ ਸੌਂਪੀ। ਜ਼ਿਕਰਯੋਗ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ਸਿਕਲੀਗਰ ਸਿੱਖ ਬੱਚਿਆਂ ਨੂੰ ਸਵੈ-ਨਿਰਭਰ ਬਣਾਉਣ ਲਈ ਹਰ ਸਾਲ ਬੱਚਿਆਂ ਦੀਆਂ ਸਕੂਲ ਫੀਸਾਂ ਭਰਨ ਦਾ ਫੈਸਲਾ ਕੀਤਾ ਹੋਇਆ ਹੈ। ਇਸੇ ਤਹਿਤ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ 'ਤੇ ਵਿਦਿਅਕ ਸਾਲ 2022-23 ਦੀਆਂ ਫੀਸਾਂ ਭੇਜੀਆਂ ਗਈਆਂ ਹਨ।

ਸ਼੍ਰੋਮਣੀ ਕਮੇਟੀ ਵੱਲੋਂ ਛੱਤੀਸਗੜ੍ਹ ਅਤੇ ਆਂਧਰਾ ਪ੍ਰਦੇਸ਼ ਭੇਜੇ ਵਫ਼ਦ ਵਿਚ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸੁਖਵਰਸ਼ ਸਿੰਘ ਪੰਨੂ, ਸ਼੍ਰੋਮਣੀ ਕਮੇਟੀ ਮੈਂਬਰ ਭੁਪਿੰਦਰ ਸਿੰਘ ਭਲਵਾਨ, ਸਿੱਖ ਮਿਸ਼ਨ ਰਾਏਪੁਰ ਦੇ ਇੰਚਾਰਜ ਗੁਰਮੀਤ ਸਿੰਘ, ਵਿਸ਼ਾਖਾਪਟਨਮ ਤੋਂ ਦਿਲਸ਼ਾਹ ਸਿੰਘ ਅਨੰਦ ਅਤੇ ਗੁਰਦੁਆਰਾ ਇੰਸਪੈਕਟਰ ਮੋਹਨਦੀਪ ਸਿੰਘ ਸ਼ਾਮਲ ਹਨ। ਜਾਣਕਾਰੀ ਦਿੰਦਿਆਂ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸੁਖਵਰਸ਼ ਸਿੰਘ ਪੰਨੂ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਰਾਏਪੁਰ, ਛੱਤੀਸਗੜ੍ਹ ਅਤੇ ਆਂਧਰਾ ਪ੍ਰਦੇਸ਼ ਦੇ ਵਿਸ਼ਾਖਾਪਟਨਮ, ਕਾਕੀਨਾੜਾ ਤੇ ਰਾਜਮੁੰਦਰੀ ਵਿਖੇ ਵੱਖ-ਵੱਖ ਸਕੂਲਾਂ 'ਚ ਜਾ ਕੇ ਸਿੱਧੇ ਤੌਰ 'ਤੇ ਸਕੂਲਾਂ ਨੂੰ ਫੀਸਾਂ ਸੌਂਪੀਆਂ ਗਈਆਂ ਹਨ।

ਉਨ੍ਹਾਂ ਦੱਸਿਆ ਕਿ ਬੀਤੇ 'ਚ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਗਏ ਫੈਸਲੇ ਅਨੁਸਾਰ ਸਾਲ ਭਰ ਦੀਆਂ ਫੀਸਾਂ ਇਕੋ ਸਮੇਂ ਖੁਦ ਜਾ ਕੇ ਜਮ੍ਹਾਂ ਕਰਵਾਈਆਂ ਜਾਂਦੀਆਂ ਹਨ ਤਾਂ ਜੋ ਇਸ ਦੀ ਸੁਚੱਜੀ ਵਰਤੋਂ ਯਕੀਨੀ ਬਣੀ ਰਹੇ। ਪੰਨੂ ਅਨੁਸਾਰ ਇਹ ਫੀਸਾਂ ਦੇਣ ਦਾ ਮੰਤਵ ਸਿਕਲੀਗਰ ਸਿੱਖ ਬੱਚਿਆਂ ਨੂੰ ਸਵੈ-ਨਿਰਭਰ ਬਣਾਉਣ ਲਈ ਸਿੱਖਿਅਤ ਕਰਨਾ ਹੈ ਤਾਂ ਜੋ ਭਵਿੱਖ ਵਿਚ ਉਨ੍ਹਾਂ ਦਾ ਨਿਰਬਾਹ ਠੀਕ ਢੰਗ ਨਾਲ ਹੋ ਸਕੇ। ਇਸੇ ਤਹਿਤ ਹੀ ਵਿੱਦਿਅਕ ਖਰਚਾ ਕਰਨ ਦਾ ਫੈਸਲਾ ਕੀਤਾ ਹੋਇਆ ਹੈ।

## ਕਬਜ਼ੇ 'ਚ ਸਮਾਰਕ, ਕਿਵੇਂ ਮਿਲੇਗਾ ਵਿਰਾਸਤੀ ਸ਼ਹਿਰ ਦਾ ਦਰਜਾ : ਡਾ. ਕੰਵਲ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਅੰਮ੍ਰਿਤਸਰ ਨੂੰ ਵਿਰਾਸਤੀ ਸ਼ਹਿਰ ਦਾ ਦਰਜਾ ਦਿਵਾਉਣ ਵਿਚ ਸਹਾਇਕ ਸਾਬਤ ਹੋਣ ਵਾਲੇ ਮਹਾਰਾਜਾ ਰਣਜੀਤ ਸਿੰਘ ਦੁਆਰਾ ਉਸਾਰੇ ਗਏ ਸਮਾਰਕਾਂ ਦੇ ਪ੍ਰਤੀ ਲੰਬੇ ਸਮੇਂ ਤੋਂ ਭੇਦ-ਭਾਵ ਦੀ ਨੀਤੀ ਅਪਣਾਈ ਜਾ ਰਹੀ ਹੈ ਜਿਸ ਦੇ ਚੱਲਦਿਆਂ ਨਾ ਸਿਰਫ਼ ਅੰਮ੍ਰਿਤਸਰ ਸਥਿਤ ਵਿਰਾਸਤੀ ਤੇ ਇਤਿਹਾਸਕ ਸਮਾਰਕਾਂ ਦੇ ਇਤਿਹਾਸ ਨੂੰ ਹੀ ਵਿਗਾੜ ਕੇ ਪੇਸ਼ ਕੀਤਾ ਜਾ ਰਿਹਾ ਹੈ, ਸਗੋਂ ਸਮਾਰਕਾਂ ਦੇ ਚੱਲ ਰਹੇ ਨਵ-ਨਿਰਮਾਣ ਪ੍ਰਤੀ ਵੀ ਬੇਰੁਖ਼ੀ ਵਿਖਾਈ ਜਾ ਰਹੀ ਹੈ। ਪੰਜਾਬ ਟੂਰਿਜ਼ਮ ਵਿਭਾਗ ਨੂੰ ਇਸ ਸੰਬੰਧੀ ਪੱਤਰ ਜਾਰੀ ਕਰਦਿਆਂ ਪੰਜਾਬ ਭਾਜਪਾ ਦੀ ਸਹਿ ਮੀਡੀਆ ਇੰਚਾਰਜ ਅਤੇ ਪੰਜਾਬੀ ਹੈਰੀਟੇਜ ਫਾਊਂਡੇਸ਼ਨ ਦੀ ਪ੍ਰਧਾਨ ਡਾ: ਸੁਰਿੰਦਰ ਕੌਰ ਕੰਵਲ ਨੇ ਦੱਸਿਆ ਕਿ ਜੇਕਰ ਸਰਕਾਰ ਵਾਕਿਆ ਅੰਮ੍ਰਿਤਸਰ ਨੂੰ ਵਿਰਾਸਤੀ ਸ਼ਹਿਰ ਦਾ ਦਰਜਾ ਦਿਵਾਉਣ ਲਈ ਇੱਛੁਕ ਹੈ ਤਾਂ ਸਭ ਤੋਂ ਪਹਿਲਾਂ ਸ਼ਹਿਰ ਦੇ ਵਿਰਾਸਤੀ ਸਮਾਰਕਾਂ ਨੂੰ ਕਬਜ਼ਾ ਮੁਕਤ ਕਰਵਾਇਆ ਜਾਵੇ। ਇਸ ਦੇ ਨਾਲ ਹੀ ਸ਼ਹਿਰ ਦੇ ਵਿਰਾਸਤੀ ਸਮਾਰਕਾਂ ਦੇ ਨਵ-ਨਿਰਮਾਣ ਨੂੰ ਲੈ ਕੇ ਕਰੋੜਾਂ ਰੁਪਏ ਖ਼ਰਚ ਕਰ ਚੁੱਕੀਆਂ ਕੰਪਨੀਆਂ ਪਾਸੋਂ ਇਸ ਦਾ ਜਵਾਬ ਵੀ ਮੰਗਿਆ ਜਾਵੇ ਕਿ ਆਖ਼ਿਰ ਸ਼ਹਿਰ ਦੇ ਵਿਰਾਸਤੀ ਸਮਾਰਕਾਂ ਦਾ ਪਿਛਲੇ ਕਰੀਬ 20 ਵਰ੍ਹਿਆਂ ਤੋਂ ਚੱਲ ਰਿਹਾ ਨਵ-ਨਿਰਮਾਣ ਦਾ ਕੰਮ ਕਦੋਂ ਮੁਕੰਮਲ ਹੋਵੇਗਾ।

ਡਾ: ਸੁਰਿੰਦਰ ਕੰਵਲ ਨੇ ਅੰਮ੍ਰਿਤਸਰ ਦੇ ਇਤਿਹਾਸ ਤੇ ਸਮਾਰਕਾਂ ਦੇ ਸੰਬੰਧ ਵਿਚ ਪ੍ਰਕਾਸ਼ਿਤ ਪੁਸਤਕ 'ਤਵਾਰੀਖ ਲਾਹੌਰ-ਅੰਮ੍ਰਿਤਸਰ' ਦਾ ਹਵਾਲਾ ਦਿੰਦਿਆਂ ਕਿਹਾ ਕਿ ਉਪਰੋਕਤ ਪੁਸਤਕ ਅਨੁਸਾਰ ਅੰਮ੍ਰਿਤਸਰ ਵਿਚ ਮੌਜੂਦਾ ਸਮੇਂ 200 ਤੋਂ ਵਧੇਰੇ ਵਿਰਾਸਤੀ ਤੇ ਇਤਿਹਾਸਕ ਸਮਾਰਕ ਮੌਜੂਦ ਹਨ, ਜਿਨ੍ਹਾਂ ਵਿਚ ਮੁਗ਼ਲ ਕਾਲ ਦੀਆਂ ਬਾਉਲੀਆਂ, ਸੂਫ਼ੀ ਫ਼ਕੀਰਾਂ ਤੇ ਸੰਤਾਂ ਦੇ ਤੱਕੀਏ, ਮੰਦਰ, ਠਾਕਰਦੁਆਰੇ, ਸਿੱਖ ਰਾਜ ਸਮੇਂ ਸਾਧੂ ਸੰਤਾਂ ਦੇ ਨਿਵਾਸ ਲਈ ਬਣਾਈਆਂ ਬਗੀਚੀਆਂ, ਅਖਾੜੇ, ਮਸਜਿਦਾਂ, ਮੱਠ, ਰਾਜਪੂਤਾਨਾ ਛਤਰੀਆਂ, ਤਲਾਬ, ਬਾਗ਼, ਬਾਜ਼ਾਰ, ਸਮਾਧਾਂ ਸਹਿਤ ਕਈ ਇਤਿਹਾਸਕ ਹਵੇਲੀਆਂ ਤੇ ਹੋਰ ਸਮਾਰਕ ਮੌਜੂਦ ਹਨ। ਉਨ੍ਹਾਂ ਕਿਹਾ ਕਿ ਵਿਰਾਸਤੀ ਸਮਾਰਕਾਂ ਦੇ ਰੱਖ-ਰਖਾਅ ਅਤੇ ਪ੍ਰਚਾਰ-ਪ੍ਰਸਾਰ ਦੇ ਲਈ ਸਰਕਾਰ ਦੁਆਰਾ ਕਾਇਮ ਕੀਤੇ ਗਏ ਵਿਭਾਗਾਂ ਵੱਲੋਂ ਇਨ੍ਹਾਂ ਸਮਾਰਕਾਂ ਨੂੰ ਪਹਿਲ ਦੇ ਆਧਾਰ 'ਤੇ ਕਬਜ਼ਾ-ਮੁਕਤ ਕਰਾਉਣਾ ਚਾਹੀਦਾ ਹੈ।

## 'ਯੂ ਜੀ ਸੀ ਨੈੱਟ ਪ੍ਰੈਪਰੇਸ਼ਨ ਸਟਰੈਟੇਜੀ ਐਂਡ ਕੈਰੀਅਰ ਗਾਇਡੈਂਸ' ਵਿਸ਼ੇ 'ਤੇ ਵਰਕਸ਼ਾਪ




**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਖਾਲਸਾ ਕਾਲਜ ਵਿਖੇ ਗਣਿਤ ਵਿਭਾਗ ਵੱਲੋਂ ਵਿਦਿਆਰਥੀਆਂ ਲਈ 'ਯੂ. ਜੀ. ਸੀ. ਨੈੱਟ ਪ੍ਰੈਪਰੇਸ਼ਨ ਸਟਰੈਟੇਜੀ ਅਤੇ ਕੈਰੀਅਰ ਗਾਇਡੈਂਸ' ਵਿਸ਼ੇ 'ਤੇ ਵਰਕਸ਼ਾਪ ਆਯੋਜਿਤ ਕੀਤੀ ਗਈ। ਕਾਲਜ ਪ੍ਰਿੰਸੀਪਲ ਡਾ. ਮਹਿਲ ਸਿੰਘ ਦੇ ਸਹਿਯੋਗ ਨਾਲ ਕਰਵਾਈ ਵਰਕਸ਼ਾਪ ਮੌਕੇ ਡਾ. ਅੰਮ੍ਰਿਤਪਾਲ ਸਿੰਘ ਗਵਰਨਮੈਂਟ ਕਾਲਜ, ਮੋਹਾਲੀ ਵੱਲੋਂ ਵਿਦਿਆਰਥੀਆਂ ਨੂੰ ਯੂ. ਜੀ. ਸੀ. ਨੈੱਟ ਪ੍ਰੀਖਿਆ ਸਬੰਧੀ ਆਪਣੇ ਵੱਡਮੁੱਲੇ ਵਿਚਾਰ ਸਾਂਝੇ ਕੀਤੇ ਅਤੇ ਇਸ ਪ੍ਰੀਖਿਆ 'ਚ ਸਫ਼ਲ ਹੋਣ ਸਬੰਧੀ ਕੁਝ ਨੁਕਾਤੀ ਤਰੀਕੇ ਵੀ ਦੱਸੇ। ਉਨ੍ਹਾਂ ਨੇ ਗਣਿਤ 'ਚ ਮਾਸਟਰ ਡਿਗਰੀ ਕਰਨ ਉਪਰੰਤ ਵੱਖ-ਵੱਖ ਵਿਭਾਗਾਂ, ਯੂਨੀਵਰਸਿਟੀਆਂ 'ਚ ਰਿਸਰਚ ਅਤੇ ਵਿਦੇਸ਼ਾਂ 'ਚ ਚੰਗੀਆਂ ਕੰਪਨੀਆਂ 'ਚ ਇਸ ਮਾਸਟਰ ਡਿਗਰੀ ਦੀ ਮਹੱਤਤਾ ਬਾਰੇ ਵੀ ਜਾਣਕਾਰੀ ਵਿਦਿਆਰਥੀਆਂ ਨਾਲ ਸਾਂਝੀ ਕੀਤੀ। ਇਸ ਮੌਕੇ ਡੀਨ ਅਕਾਦਮਿਕ ਡਾ. ਤਮਿੰਦਰ ਸਿੰਘ ਨੇ ਮੈਥ ਵਿਭਾਗ ਨੂੰ ਅਜਿਹੇ ਪ੍ਰੋਗਰਾਮ ਕਰਨ ਦੀ ਵਧਾਈ ਦਿੰਦਿਆਂ ਦੱਸਿਆ ਕਿ ਵਿਦਿਆਰਥੀਆਂ ਲਈ ਅਜਿਹੇ ਪ੍ਰੋਗਰਾਮ ਉਨ੍ਹਾਂ ਦੀ ਮੈਥ ਵਿਸ਼ੇ ਪ੍ਰਤੀ ਰੁਚੀ 'ਚ ਹੋਰ ਵੀ ਵਾਧਾ ਕਰਦੇ ਹਨ।

ਇਸ ਮੌਕੇ ਵਿਭਾਗ ਮੁਖੀ ਡਾ. ਰਾਜਿੰਦਰਪਾਲ ਕੌਰ ਨੇ ਆਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪ੍ਰਿੰ: ਡਾ. ਮਹਿਲ ਸਿੰਘ ਦੀ ਯੋਗ ਅਗਵਾਈ ਸਦਕਾ ਹੀ ਅਜਿਹੇ ਪ੍ਰੋਗਰਾਮ ਮੈਥ ਵਿਭਾਗ ਵੱਲੋਂ ਸਮੇਂ-ਸਮੇਂ 'ਤੇ ਉਲੀਕੇ ਜਾਂਦੇ ਹਨ ਤਾਂ ਜੋ ਵਿਦਿਆਰਥੀਆਂ 'ਚ ਮੈਥ ਵਿਸ਼ੇ ਸਬੰਧੀ ਰੁਚੀ ਵੱਧ ਸਕੇ। ਇਸ ਮੌਕੇ ਡਾ. ਹਰਵਿੰਦਰ ਕੌਰ, ਡਾ. ਨਵਯੋਧ ਸਿੰਘ, ਡਾ. ਗਗਨਦੀਪ ਸਿੰਘ, ਆਂਚਲ ਸ਼ਰਮਾ ਤੇ ਸਮੂਹ ਸਟਾਫ਼ ਹਾਜ਼ਰ ਸੀ।

## ਸ਼ੇਰ-ਏ-ਪੰਜਾਬ ਸਪੋਰਟਸ ਕਲੱਬ ਖੋਖਰ ਨੇ ਤਿੰਨ ਰੋਜ਼ਾ ਫੁੱਟਬਾਲ ਟੂਰਨਾਮੈਂਟ ਕਰਵਾਇਆ



**ਨੌਸ਼ਹਿਰਾ ਮੱਝਾ ਸਿੰਘ (ਸਤਨਾਮ ਸਿੰਘ ਕਿਰਤੀ)**-ਨੌਜਵਾਨ ਬੱਚਿਆਂ ਨੂੰ ਖੇਡਾਂ ਅਤੇ ਸਮਾਜਿਕ ਗਤੀਵਿਧੀਆ ਵੱਲ ਪ੍ਰੇਰਿਤ ਕਰਨ ਦੇ ਮਕਸਦ ਤਹਿਤ ਬੀਤੇ ਦਿਨੀਂ ਸ਼ੇਰ-ਏ-ਪੰਜਾਬ ਸਪੋਰਟਸ ਐਂਡ ਵੈੱਲਫੇਅਰ ਕਲੱਬ ਵੱਲੋਂ ਪਿੰਡ ਖੋਖਰ ਫੌਜੀਆਂ ਵਿਖੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਤਿੰਨ ਰੋਜ਼ਾ ਜੂਨੀਅਰ ਵਰਗ ਫੁਟਬਾਲ ਟੂਰਨਾਮੈਂਟ ਕਰਵਾਇਆ ਗਿਆ। ਟੂਰਨਾਮੈਂਟ ਵਿੱਚ ਬੱਚਿਆਂ ਦਾ ਭਾਰ 40 ਕਿਲੋ ਰੱਖਿਆ ਗਿਆ ਸੀ ਜਿਸ ਵਿੱਚ ਵੱਖ-ਵੱਖ ਪਿੰਡਾਂ ਅਤੇ ਕਲੱਬਾਂ ਦੀਆ ਫੁੱਟਬਾਲ ਟੀਮਾਂ ਨੇ ਹਿੱਸਾ ਲਿਆ। ਫੁੱਟਬਾਲ ਟੂਰਨਾਮੈਂਟ ਦੇ ਫਾਈਨਲ ਵਿੱਚ ਫਰਜ਼ੁਲਾਚੱਕ ਅਤੇ ਬਟਾਲੇ ਦੀਆ ਟੀਮਾਂ ਨੇ ਆਪਣੀ ਜਗ੍ਹਾ ਬਣਾਈ। ਇਨ੍ਹਾਂ ਦੋਵਾਂ ਟੀਮਾਂ ਵਿੱਚ ਫਾਈਨਲ ਮੈਚ ਖੇਡਿਆ ਗਿਆ ਅਤੇ ਅਖੀਰ ਫਰਜ਼ੁਲਾਚੱਕ ਦੀ ਟੀਮ ਬਟਾਲਾ ਟੀਮ ਨੂੰ 1-0 ਨਾਲ ਹਰਾ ਕੇ ਫਾਈਨਲ ਵਿੱਚ ਜੇਤੂ ਰਹੀ। ਕਲੱਬ ਵਲੋਂ ਜੇਤੂ ਪਹਿਲੇ ਨੰਬਰ ਦੀ ਟੀਮ ਨੂੰ 21000 ਰੁਪਏ ਅਤੇ ਦੂਸਰੇ ਨੰਬਰ ਦੀ ਟੀਮ ਨੂੰ 15000 ਰੁਪਏ ਇਨਾਮ ਦਿੱਤਾ ਗਿਆ। ਪਲੇਅਰ ਆਫ ਦਾ ਟੂਰਨਾਮੈਂਟ ਬਟਾਲਾ ਟੀਮ ਦੇ ਗੁਰਨਾਮ ਸਿੰਘ ਗਾਮਾ ਨੂੰ ਚੁਣਿਆ ਗਿਆ। ਇਸ ਤੋਂ ਇਲਾਵਾ ਟੂਰਨਾਮੈਂਟ ਵਿੱਚ ਖਾਲਸਾ ਕਬੱਡੀ ਕਲੱਬ ਖੋਖਰ ਫੌਜੀਆਂ ਅਤੇ ਗੁਰੂ ਰਾਮਦਾਸ ਕਬੱਡੀ ਕਲੱਬ ਸੇਖਵਾਂ ਟੀਮਾਂ ਵਿੱਚ ਕਬੱਡੀ ਮੈਚ ਕਰਵਾਇਆ ਗਿਆ। ਨਾਲ ਹੀ ਲੜਕੇ ਅਤੇ ਲੜਕੀਆਂ ਦੀਆਂ 100 ਮੀਟਰ ਅਤੇ 200 ਮੀਟਰ ਦੌੜਾਂ ਕਾਰਵਾਈਆਂ ਗਈਆਂ ਤੇ ਜੇਤੂ ਖਿਡਾਰੀਆਂ ਨੂੰ ਸਨਮਾਨਿਤ ਕੀਤਾ ਗਿਆ। ਫੁੱਟਬਾਲ ਟੂਰਨਮੈਂਟ ਵਿੱਚ ਪਿੰਡ ਖੋਖਰ ਫੌਜੀਆਂ ਦੇ ਇੰਟਰਨੈਸ਼ਨਲ ਫੁੱਟਬਾਲ ਖਿਡਾਰੀ ਲਾਰਾ ਸ਼ਰਮਾ ਨੇ ਉਚੇਚੇ ਤੌਰ 'ਤੇ ਪਹੁੰਚ ਕੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕੀਤੀ। ਟੂਰਨਾਮੈਂਟ ਦੇ ਅੰਤ ਵਿਚ ਕਲੱਬ ਵਲੋ ਸ਼ਾਨ ਏ ਦਸਤਾਰ ਟੀਮ ਬਟਾਲਾ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸ਼ੇਰ-ਏ-ਪੰਜਾਬ ਸਪੋਰਟਸ ਐਂਡ ਵੈੱਲਫੇਅਰ ਕਲੱਬ ਖੋਖਰ ਫੌਜੀਆਂ ਦੇ ਪ੍ਰਧਾਨ ਸਿਮਰਨਦੀਪ ਸਿੰਘ, ਪਲਵਿੰਦਰ ਸਿੰਘ ਪੰਨੂ, ਗੁਰਪ੍ਰੀਤ ਸਿੰਘ ਹੁੰਦਲ, ਪਰਮਜੀਤ ਸਿੰਘ, ਰਣਬੀਰ ਸਿੰਘ, ਜਤਿੰਦਰ ਸਿੰਘ ਪੰਨੂ, ਜਸਬੀਰ ਸਿੰਘ ਗਿੱਲ, ਲਵਪ੍ਰੀਤ ਸਿੰਘ ਰੰਧਾਵਾ, ਬਿਕਰਮਪ੍ਰੀਤ ਵੜੈਚ, ਜਰਨੈਲ ਸਿੰਘ ਮੱਲੀ, ਹਰਸਿਮਰਨਜੀਤ ਸਿੰਘ ਗੋਨੀ, ਮਨਜੀਤ ਸਿੰਘ ਕਬੱਡੀ ਕੋਚ ਅਤੇ ਹਜ਼ਾਰਾਂ ਲੋਕ ਹਾਜ਼ਰ ਸਨ।

## ਧਾਲੀਵਾਲ ਦੀ ਅਗਵਾਈ 'ਚ ਅਜਨਾਲਾ ਸ਼ਹਿਰ ਦਾ ਸਰਬਪੱਖੀ ਵਿਕਾਸ ਹੋ ਰਿਹੈ : ਦੀਪਕ ਚੈਨਪੁਰੀਆ

**ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)**-ਹਲਕਾ ਅਜਨਾਲਾ ਦੇ ਵਿਧਾਇਕ ਤੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਅਜਨਾਲਾ 'ਚ ਵਿਕਾਸ ਕਾਰਜ ਤੇਜ਼ੀ ਨਾਲ ਚੱਲ ਰਹੇ ਹਨ ਅਤੇ ਉਨ੍ਹਾਂ ਵੱਲੋਂ ਅਜਨਾਲਾ ਸ਼ਹਿਰ ਦੀ ਨੁਹਾਰ ਬਦਲੀ ਜਾ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਦੇ ਸ਼ਹਿਰੀ ਪ੍ਰਧਾਨ ਦੀਪਕ ਚੈਨਪੁਰੀਆ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਸ਼ੁਰੂ ਤੋਂ ਹੀ ਅਜਨਾਲਾ ਸ਼ਹਿਰ ਨੂੰ ਵਿਕਾਸ ਪੱਖੋਂ ਮੋਹਰੀ ਬਣਾਉਣ ਲਈ ਯਤਨਸ਼ੀਲ ਹਨ, ਜਿਸ ਤਹਿਤ ਉਨ੍ਹਾਂ ਵੱਲੋਂ ਅਜਨਾਲਾ ਸ਼ਹਿਰ ਦੇ ਮੁੱਖ ਚੌਕ ਵਿੱਚ ਸ਼ਹੀਦ ਭਗਤ ਸਿੰਘ ਦਾ ਬੁੱਤ ਲਾਉਣ ਲਈ ਅਤੇ ਟਰੈਫਿਕ ਸਮੱਸਿਆ ਦੇ ਹੱਲ ਲਈ ਬਿਜਲੀ ਦਾ ਟਰਾਂਸਫਾਰਮਰ ਪਾਸੇ ਕਰਵਾਇਆ ਹੈ। ਇਸ ਮੌਕੇ ਉਨ੍ਹਾਂ ਕਿਹਾ ਕਿ ਕੈਬਨਿਟ ਮੰਤਰੀ ਧਾਲੀਵਾਲ ਵੱਲੋਂ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਸਮੇਂ ਸਿਰ ਮੁਕੰਮਲ ਕਰਵਾਉਣ ਕਰਕੇ ਅਜਨਾਲਾ ਸ਼ਹਿਰ ਵਿਕਾਸ ਪੱਖੋਂ ਸੂਬੇ ਭਰ ਦੇ ਸ਼ਹਿਰਾਂ 'ਚੋਂ ਮੋਹਰੀ ਬਣ ਕੇ ਉਭਰੇਗਾ। ਇਸ ਮੌਕੇ ਨਗਰ ਪੰਚਾਇਤ ਅਜਨਾਲਾ ਦੇ ਪ੍ਰਧਾਨ ਜਸਪਾਲ ਸਿੰਘ ਢਿੱਲੋਂ, ਬਲਾਕ ਪ੍ਰਧਾਨ ਦਵਿੰਦਰ ਸਿੰਘ ਸੋਨੂੰ, ਅਮਿਤ ਪੁਰੀ, ਰਛਪਾਲ ਸਿੰਘ, ਪਵਿੱਤਰ ਸਿੰਘ ਫੈਂਸੀ, ਅਮਰਦੀਪ ਸਿੰਘ ਰਿੰਕੂ ਅਤੇ ਸ਼ਮਸ਼ੇਰ ਸਿੰਘ ਅਜਨਾਲਾ ਆਦਿ ਹਾਜ਼ਰ ਸਨ।

## ਸਾਹਿਬ ਕਾਂਸ਼ੀ ਰਾਮ ਦਾ 89ਵਾਂ ਜਨਮ ਦਿਹਾੜਾ ਮਨਾਇਆ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਭਾਰਤੀ ਰਾਜਨੀਤੀ ਦਾ ਕੋਹੇਨੂਰ ਹੀਰੇ, ਬੇਦਾਗ਼ ਸ਼ਖ਼ਸੀਅਤ ਦੇ ਮਾਲਕ ਅਤੇ ਬਹੁਜਨ ਸਮਾਜ ਦੇ ਮਸੀਹਾ, ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਮਿਸ਼ਨ ਨੂੰ ਮੁੜ ਤੋਂ ਜਿਊਂਦਾ ਕਰਨ ਵਾਲੇ, ਜਾਤੀ ਵਿਵਸਥਾ 'ਚ ਅਲੱਗ-ਅਲੱਗ ਸਮਾਜ ਨੂੰ ਬਹੁਜਨ ਸਮਾਜ ਦੇ ਇੱਕ ਮੰਚ 'ਤੇ ਇਕੱਠੇ ਕਰਕੇ ਸਾਈਕਲ 'ਤੇ ਕਸ਼ਮੀਰ ਤੋਂ ਕੰਨਿਆਕੁਮਾਰੀ ਤੱਕ ਦਾ ਸਫਰ ਤੈਅ ਕਰਨ ਵਾਲੇ ਬਹੁਜਨ ਸਮਾਜ ਦੇ ਸਤਿਕਾਰਤ ਨੇਤਾ ਸਾਹਿਬ ਸ਼੍ਰੀ ਕਾਂਸ਼ੀ ਰਾਮ ਦਾ 89ਵਾਂ ਜਨਮ ਦਿਨ ਬਹੁਤ ਹੀ ਧੂਮਧਾਮ ਨਾਲ ਮਨਾਇਆ ਗਿਆ ਜਿਸ ਵਿੱਚ ਜੋਤੀ ਭੀਮ ਕੌਂਟਾ, ਨਸੀਬ ਚੰਦ, ਰਿਸ਼ੀ ਪਾਲ, ਅਜੈ ਸਹਿਰੀਆ, ਜੰਗ ਬਹਾਦਰ, ਕੇਵਲ ਸਰੰਗਲ, ਰੂਪ ਲਾਲ, ਅਜੈ ਕੁਮਾਰ ਭੀਮ ਆਰਮੀ, ਰਾਜਨ ਕੁਮਾਰ, ਰਵੀ ਕੁਮਾਰ, ਸ਼ਾਮ ਲਾਲ ਅਤੇ ਸੁਖਦੇਵ ਰਾਜ ਆਦਿ ਹਾਜ਼ਰ ਸਨ।

## ਨਸ਼ਿਆਂ ਦੀ ਵਧ ਰਹੀ ਵਰਤੋਂ ਹੀ ਅਪਰਾਧਕ ਘਟਨਾਵਾਂ ਦੀ ਜੜ੍ਹ: ਡਾ. ਤੇਜਪਾਲ ਸੰਧੂ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਸਮਾਜ 'ਚ ਤੇਜ਼ੀ ਨਾਲ ਵੱਧ ਰਹੇ ਨਸ਼ਿਆਂ ਦੇ ਰੁਝਾਨ ਕਾਰਨ ਕਈ ਤਰ੍ਹਾਂ ਦੀਆਂ ਅਪਰਾਧਿਕ ਘਟਨਾਵਾਂ ਵਾਪਰ ਰਹੀਆਂ ਹਨ ਅਤੇ ਨਸ਼ਿਆਂ ਦੀ ਇਸ ਬੁਰਾਈ ਕਾਰਨ ਰੋਜ਼ਾਨਾ ਕਈ ਪਰਿਵਾਰ ਆਰਥਿਕ ਤੌਰ 'ਤੇ ਪ੍ਰਭਾਵਿਤ ਹੋ ਰਹੇ ਹਨ। ਇਹ ਪ੍ਰਗਟਾਵਾ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ ਲਾਇਨ ਡਾ: ਤੇਜਪਾਲ ਸਿੰਘ ਸੰਧੂ ਨੇ ਪੱਤਰਕਾਰਾ ਨਾਲ ਗੱਲਬਾਤ ਕਰਦਿਆਂ ਕੀਤਾ।

ਡਾ. ਸੰਧੂ ਨੇ ਕਿਹਾ ਕਿ ਨਸ਼ਾ ਸਾਡੇ ਸਮਾਜ ਵਿੱਚ ਇੱਕ ਅਜਿਹੀ ਬੁਰਾਈ ਹੈ ਜੋ ਨਸ਼ਾ ਕਰਨ ਵਾਲੇ ਵਿਅਕਤੀ ਅਤੇ ਉਸਦੇ ਪਰਿਵਾਰ ਨੂੰ ਹਰ ਤਰ੍ਹਾਂ ਨਾਲ ਤਬਾਹ ਕਰ ਦਿੰਦਾ ਹੈ ਅਤੇ ਇਸਦੇ ਨਾਲ ਹੀ ਤਰ੍ਹਾਂ ਦੇ ਅਪਰਾਧਾਂ ਦਾ ਕਾਰਨ ਵੀ ਬਣਦਾ ਹੈ। ਹਰ ਰੋਜ਼ ਸ਼ੋਸ਼ਲ ਮੀਡੀਆ 'ਤੇ ਨਸ਼ੇ ਦੇ ਆਦੀ ਨੌਜਵਾਨਾਂ ਦੀਆਂ ਵੀਡੀਓਜ਼ ਵਾਇਰਲ ਹੋ ਰਹੀਆਂ ਹਨ ਅਤੇ ਕਈ ਨੌਜਵਾਨ ਕਈ ਤਰ੍ਹਾਂ ਦੇ ਨਸ਼ੇ ਕਰਦੇ ਦਿਖਾਈ ਦੇ ਰਹੇ ਹਨ ਅਤੇ ਸਮਾਜ 'ਚ ਇਹ ਇੱਕ ਅਜਿਹਾ ਕਲੰਕ ਹੈ, ਜਿਸ ਨੂੰ ਜੜ੍ਹੋਂ ਖਤਮ ਕਰਨਾ ਸਾਡਾ ਸਾਰਿਆਂ ਦਾ ਪਹਿਲਾ ਫਰਜ਼ ਹੈ। ਉਨ੍ਹਾਂ ਦੱਸਿਆ ਕਿ ਪੁਲਸ ਪ੍ਰਸ਼ਾਸਨ ਨੇ ਸੂਬਾ ਸਰਕਾਰ ਤੋਂ ਮੰਗ ਕੀਤੀ ਹੈ ਕਿ ਇਸ ਵਿਸ਼ੇ 'ਤੇ ਨਸ਼ੇ ਦੀ ਖਰੀਦੋ-ਫਰੋਖਤ ਕਰਨ ਵਾਲਿਆਂ ਵਿਰੁੱਧ ਠੋਸ ਕਾਰਵਾਈ ਕੀਤੀ ਜਾਵੇ, ਗੁਰੂਆਂ ਦੀ ਧਰਤੀ ਪੰਜਾਬ ਨੂੰ ਨਸ਼ਾ ਮੁਕਤ ਬਣਾਇਆ ਜਾਵੇ ਅਤੇ ਇਸ ਲਈ ਧਾਰਮਿਕ, ਸਮਾਜਿਕ ਤੇ ਸਮਾਜਿਕ ਜਥੇਬੰਦੀਆਂ ਨੂੰ ਵੀ ਅੱਗੇ ਆਉਣਾ ਚਾਹੀਦਾ ਹੈ। ਇਸ ਲਈ ਜਾਗਰੂਕਤਾ ਮੁਹਿੰਮ ਸ਼ੁਰੂ ਕਰੋ ਅਤੇ ਇਸ ਲਈ ਵਿਦਿਆਰਥੀ ਵਰਗ ਨੂੰ ਸਕੂਲਾਂ-ਕਾਲਜਾਂ ਵਿੱਚ ਨਸ਼ਿਆਂ ਵਰਗੀ ਗੰਭੀਰ ਬੁਰਾਈ ਵਿਰੁੱਧ ਜਾਗਰੂਕਤਾ ਮੁਹਿੰਮ ਨਾਲ ਜੋੜਿਆ ਜਾਵੇ ਕਿਉਂਕਿ ਨੌਜਵਾਨ ਵਰਗ ਇਸ ਵਿੱਚ ਅਹਿਮ ਕੜੀ ਸਾਬਤ ਹੋ ਸਕਦਾ ਹੈ। ਇਸ ਮੌਕੇ ਨਾਨਕ ਸਿੰਘ ਨਵਾਂ ਪਿੰਡ, ਡਾ. ਬਲਜੀਤ ਸਿੰਘ ਡੱਡੂਆਣਾ, ਡਾ. ਇੰਦਰਜੀਤ ਸਿੰਘ ਰਾਏਪੁਰ ਆਦਿ ਆਗੂ ਵੀ ਹਾਜ਼ਰ ਸਨ।

## ਡਿਪਟੀ ਕਮਿਸ਼ਨਰ ਵੱਲੋਂ ਪ੍ਰਾਈਵੇਟ ਨਸ਼ਾ ਛੁਡਾਊ ਤੇ ਮੁੜ ਵਸੇਬਾ ਕੇਂਦਰਾਂ ਦੇ ਮਹੀਨਾਵਾਰ ਨਿਰੀਖਣ ਦੀਆਂ ਹਦਾਇਤਾਂ

**ਜਲੰਧਰ (ਸ਼ੈਲੀ ਐਲਬਰਟ)** ਡਿਪਟੀ ਕਮਿਸ਼ਨਰ ਜਸਪ੍ਰੀਤ ਸਿੰਘ ਨੇ ਜ਼ਿਲ੍ਹੇ ਵਿੱਚ ਚੱਲ ਰਹੇ ਓਟ ਕਲੀਨਿਕਾਂ, ਨਸ਼ਾ ਛੁਡਾਊ ਕੇਂਦਰਾਂ ਅਤੇ ਮੁੜ ਵਸੇਬਾ ਕੇਂਦਰਾਂ ਦੀ ਕਾਰਗੁਜ਼ਾਰੀ ਦਾ ਜਾਇਜ਼ਾ ਲੈਣ ਦੇ ਨਾਲ-ਨਾਲ ਸਬੰਧਤ ਅਧਿਕਾਰੀਆਂ ਨੂੰ ਪ੍ਰਾਈਵੇਟ ਨਸ਼ਾ ਛੁਡਾਊ ਸੈਂਟਰਾਂ ਅਤੇ ਮੁੜ ਵਸੇਬਾ ਕੇਂਦਰਾਂ ਦੇ ਮਹੀਨਾਵਾਰ ਨਿਰੀਖਣ ਨੂੰ ਯਕੀਨੀ ਬਣਾਉਣ ਦੀਆਂ ਹਦਾਇਤਾਂ ਦਿੱਤੀਆਂ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਸੁਸਾਇਟੀ ਦੀ ਗਵਰਨਿੰਗ ਬਾਡੀ ਦੀ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਚੱਲ ਰਹੇ ਸਾਰੇ ਪ੍ਰਾਈਵੇਟ ਨਸ਼ਾ ਛੁਡਾਊ ਕੇਂਦਰਾਂ ਅਤੇ ਮੁੜ ਵਸੇਬਾ ਕੇਂਦਰਾਂ ਦਾ ਹਰ ਮਹੀਨੇ ਨਿਰੀਖਣ ਕੀਤਾ ਜਾਵੇ ਤਾਂ ਜੋ ਉਥੇ ਨਸ਼ਾ ਪੀੜਤ ਮਰੀਜ਼ਾਂ ਲਈ ਲੋੜੀਂਦੀਆਂ ਦਵਾਈਆਂ ਸਮੇਤ ਹੋਰ ਇਲਾਜ ਸਹੂਲਤਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਹਦਾਇਤ ਕੀਤੀ ਕਿ ਇਨ੍ਹਾਂ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਕੇਂਦਰਾਂ ਵਿੱਚ ਇਲਾਜ ਲਈ ਦਾਖਲ ਹੋਣ ਵਾਲੇ ਮਰੀਜ਼ਾਂ ਦਾ ਢੁੱਕਵਾਂ ਰਿਕਾਰਡ ਰੱਖਣ ਦੇ ਨਾਲ-ਨਾਲ ਇਸ ਸਬੰਧੀ ਮਹੀਨਾਵਾਰ ਰਿਪੋਰਟ ਸੁਸਾਇਟੀ ਨੂੰ ਭੇਜਣੀ ਯਕੀਨੀ ਬਣਾਈ ਜਾਵੇ। ਨਸ਼ਾ ਪੀੜਤ ਮਰੀਜ਼ਾਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਸ਼ਾਮਲ ਕਰਨ ਲਈ ਠੋਸ ਉਪਰਾਲੇ ਕਰਨ 'ਤੇ ਜ਼ੋਰ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਕੇਂਦਰਾਂ ਵਿਖੇ ਅਜਿਹੇ ਮਰੀਜ਼ਾਂ ਨੂੰ ਕਾਊਂਸਲਿੰਗ ਪ੍ਰਦਾਨ ਕਰਨ ਦੇ ਨਾਲ-ਨਾਲ ਯੋਗਾ, ਐਰੋਬਿਕਸ ਅਤੇ ਖੇਡਾਂ ਵੱਲ ਉਤਸ਼ਾਹਿਤ ਕਰਨ ਦੇ ਉਪਰਾਲੇ ਕੀਤੇ ਜਾਣ। ਨਸ਼ਾ ਪੀੜਤ ਮਰੀਜ਼ਾਂ ਨੂੰ ਯੋਗ ਅਭਿਆਸ ਕਰਵਾਉਣ ਲਈ ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਜ਼ਿਲ੍ਹਾ ਆਯੂਰਵੇਦਿਕ ਅਤੇ ਯੂਨਾਨੀ ਦਫਤਰ ਨਾਲ ਤਾਲਮੇਲ ਕਰਨ ਦੀਆਂ ਹਦਾਇਤਾਂ ਵੀ ਦਿੱਤੀਆਂ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾਵੇ, ਜਿਸ ਦੇ ਲਈ ਜ਼ਿਲ੍ਹੇ ਦੇ ਸਕੂਲਾਂ ਤੇ ਕਾਲਜਾਂ ਵਿੱਚ ਨਿਯਮਿਤ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਜਾਣ ਤਾਂ ਜੋ ਵਿਦਿਆਰਥੀਆਂ ਨੂੰ ਨਸ਼ਿਆਂ ਦੀ ਅਲਾਮਤ ਤੋਂ ਦੂਰ ਰੱਖਿਆ ਜਾ ਸਕੇ। ਡਿਪਟੀ ਕਮਿਸ਼ਨਰ ਵੱਲੋਂ ਇਸ ਦੌਰਾਨ ਜ਼ਿਲ੍ਹੇ ਵਿੱਚ ਚੱਲ ਰਹੇ ਓਟ ਕਲੀਨਿਕਾਂ, ਨਸ਼ਾ ਛੁਡਾਊ ਕੇਂਦਰਾਂ ਅਤੇ ਮੁੜ ਵਸੇਬਾ ਕੇਂਦਰਾਂ ਵਿਖੇ ਨਸ਼ਾ ਪੀੜਤ ਮਰੀਜ਼ਾਂ ਨੂੰ ਪ੍ਰਦਾਨ ਕੀਤੀਆਂ ਜਾ ਰਹੀਆਂ ਇਲਾਜ ਸਹੂਲਤਾਂ ਦਾ ਵੀ ਜਾਇਜ਼ਾ ਲਿਆ ਗਿਆ। ਸਿਵਲ ਸਰਜਨ ਅਤੇ ਮੈਡੀਕਲ ਸੁਪਰਡੰਟ ਡਾ. ਰਾਜੀਵ ਸ਼ਰਮਾ ਅਤੇ ਡਿਪਟੀ ਮੈਡੀਕਲ ਕਮਿਸ਼ਨਰ ਡਾ. ਜਯੋਤੀ ਸ਼ਰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਵਿਚ 31 ਓਟ ਕਲੀਨਿਕਾਂ ਦੇ ਨਾਲ-ਨਾਲ ਸਿਵਲ ਹਸਪਤਾਲ ਵਿਖੇ 50 ਬਿਸਤਰਿਆਂ ਵਾਲਾ ਅਤੇ ਕਮਿਊਨਿਟੀ ਹੈਲਥ ਸੈਂਟਰ ਨੂਰਮਹਿਲ ਵਿਖੇ 10 ਬਿਸਤਰਿਆਂ ਵਾਲਾ ਨਸ਼ਾ ਛੁਡਾਊ ਕੇਂਦਰ ਚਲਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਪਿੰਡ ਸ਼ੇਖੇ ਵਿਖੇ ਸਥਿਤ ਮੁੜ ਵਸੇਬਾ ਕੇਂਦਰ ਵਿਖੇ ਵੀ ਨਸ਼ਾ ਪੀੜਤ ਮਰੀਜ਼ਾਂ ਨੂੰ ਮੁਫ਼ਤ ਇਲਾਜ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿਚ ਚੱਲ ਰਹੇ ਸਰਕਾਰੀ 'ਓਟ' ਕਲੀਨਿਕਾਂ ਵਿੱਚ ਨਸ਼ਿਆਂ ਦੀ ਅਲਾਮਤ ਦਾ ਸ਼ਿਕਾਰ ਕਰੀਬ 17,591 ਮਰੀਜ਼ਾਂ ਨੂੰ ਰਜਿਸਟਰਡ ਕਰਕੇ ਉਨ੍ਹਾਂ ਦਾ ਮੁਫ਼ਤ ਇਲਾਜ ਕੀਤਾ ਜਾ ਰਿਹਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਨਸ਼ਾ ਪੀੜਤ ਮਰੀਜ਼ਾਂ ਨੂੰ ਸਨ ਫਾਊਂਡੇਸ਼ਨ ਦੇ ਸਹਿਯੋਗ ਨਾਲ ਮੁੜ ਵਸੇਬਾ ਕੇਂਦਰ ਸ਼ੇਖੇ ਵਿਖੇ ਵੋਕੇਸ਼ਨਲ ਟ੍ਰੇਨਿੰਗ ਵੀ ਪ੍ਰਦਾਨ ਕੀਤੀ ਜਾ ਰਹੀ ਹੈ ਤਾਂ ਜੋ ਉਹ ਠੀਕ ਹੋਣ ਉਪਰੰਤ ਰੋਜ਼ਗਾਰ ਦੇ ਸਮਰੱਥ ਹੋ ਸਕਣ। ਡਿਪਟੀ ਕਮਿਸ਼ਨਰ ਨੇ ਇਸ ਮੌਕੇ ਓਟ ਕਲੀਨਿਕ ਵਿਖੇ ਆਉਣ ਵਾਲੇ ਨਸ਼ਾ ਪੀੜਤ ਮਰੀਜ਼ਾਂ ਲਈ ਵੀ ਵੋਕੇਸ਼ਨਲ ਟ੍ਰੇਨਿੰਗ ਲਈ ਉਪਰਾਲੇ ਕਰਨ ਦੀਆਂ ਹਦਾਇਤਾਂ ਦਿੱਤੀਆਂ। ਇਸ ਮੌਕੇ ਸਹਾਇਕ ਕਮਿਸ਼ਨਰ (ਯੂ.ਟੀ.) ਮੇਜਰ ਡਾ. ਇਰਵਿਨ ਕੌਰ, ਡਾ.ਅਮਨ ਸੂਦ ਆਦਿ ਮੌਜੂਦ ਸਨ।

## ਅਕਾਲੀ ਬਾਬਾ ਫੂਲਾ ਸਿੰਘ ਦੇ ਸ਼ਤਾਬਦੀ ਸਮਾਗਮਾਂ ਦੀ ਸਫਲਤਾ ਲਈ ਸ਼ੁਕਰਾਨੇ ਵਜੋਂ ਅਰਦਾਸ ਕਰਵਾਈ



**ਅੰਮ੍ਰਿਤਸਰ: (ਜਸਬੀਰ ਸਿੰਘ ਪੱਟੀ)**-ਬੁੱਢਾ ਦਲ ਦੇ ਛੇਵੇਂ ਮੁਖੀ ਅਤੇ ਸ੍ਰੀ ਅਕਾਲ ਤਖ਼ਤ ਦੇ ਜਥੇਦਾਰ ਰਹੇ ਸਿੰਘ ਸਾਹਿਬ ਅਕਾਲੀ ਬਾਬਾ ਫੂਲਾ ਸਿੰਘ ਜੀ ਦੀ ਦੋ ਸੌ ਸਾਲਾ ਸ਼ਹੀਦੀ ਸ਼ਤਾਬਦੀ ਦੇ ਮੁੱਖ ਸਮਾਗਮ ਭਲੀਭਾਂਤ ਸ਼ਾਂਤੀ ਪੂਰਨ ਸਫਲ ਹੋਣ ਦੇ ਸ਼ੁਕਰਾਨੇ ਵਜੋਂ ਅੰਮ੍ਰਿਤਸਰ ਦੀਆਂ ਸਮੂਹ ਸੁਖਮਨੀ ਸਾਹਿਬ ਸੇਵਾ ਸੁਸਾਇਟੀਆਂ ਨੇ ਇਕੱਤਰ ਹੋ ਕੇ ਗੁਰਦੁਆਰਾ ਮੱਲ ਅਖਾੜਾ ਸਾਹਿਬ ਪਾਤਸ਼ਾਹੀ ਛੇਵੀਂ ਛਾਉਣੀ ਬੁੱਢਾ ਦਲ ਬੁਰਜ ਅਕਾਲੀ ਬਾਬਾ ਫੂਲਾ ਸਿੰਘ ਵਿਖੇ ਗੁਰਮਤਿ ਸਮਾਗਮ ਉਪਰੰਤ ਸ਼ਰਧਾ ਭਾਵਨਾ ਨਾਲ ਸੰਪੂਰਨਤਾ ਦੀ ਅਰਦਾਸ ਕੀਤੀ। ਬੀਬੀ ਪਰਮਜੀਤ ਕੌਰ ਪਿੰਕੀ, ਬੀਬੀ ਗੁਰਚਰਨ ਕੌਰ ਅਤੇ ਬੀਬੀ ਤੇਜ ਕੌਰ ਦੇ ਸਹਿਯੋਗ ਨਾਲ ਸਮੂਹ ਸੁਖਮਨੀ ਸਾਹਿਬ ਸੇਵਾ ਸੁਸਾਇਟੀਆਂ ਨੇ 4 ਜੁਲਾਈ ਤੋਂ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦੀ ਪ੍ਰੇਰਨਾ ਨਾਲ ਸਿੰਘ ਸਾਹਿਬ ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਦੀ ਦੋ ਸੌ ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਨਾਮ ਸਿਮਰਨ, ਸੁਖਮਨੀ ਸਾਹਿਬ ਦੇ ਪਾਠ ਅਤੇ ਸ਼ਬਦ ਕੀਰਤਨ ਦਾ ਪ੍ਰਵਾਹ ਆਰੰਭ ਕੀਤਾ ਸੀ ਜੋ 14 ਮਾਰਚ ਨੂੰ ਨਿਰਵਿਘਨ ਸੰਪੂਰਨ ਹੋਇਆ ਹੈ। ਸਮੂਹ ਇਸਤਰੀਆਂ ਦੀਆਂ ਸੁਖਮਨੀ ਸਾਹਿਬ ਸੇਵਾ ਸੁਸਾਇਟੀਆਂ ਦੇ ਮੈਂਬਰਾਂ ਨੇ ਜਿਥੇ ਸ਼ਬਦ ਕੀਰਤਨ, ਸੁਖਮਨੀ ਸਾਹਿਬ ਦੇ ਪਾਠ ਕੀਤੇ ਉਥੇ ਸ਼ਰਧਾ ਭਾਵਨਾ ਨਾਲ ਸ਼ੁਕਰਾਨੇ ਦੀ ਅਰਦਾਸ ਕੀਤੀ। ਇਸ ਮੌਕੇ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਵੱਲੋਂ ਪ੍ਰਸ਼ਾਦ ਰੂਪ 'ਚ ਗੁਰੂ ਘਰ ਦਾ ਖਜਾਨਾ ਭੇਜਿਆ ਗਿਆ। ਬੁੱਢਾ ਦਲ ਦੇ ਸਕੱਤਰ ਦਿਲਜੀਤ ਸਿੰਘ ਬੇਦੀ ਅਤੇ ਬੀਬੀ ਪਰਮਜੀਤ ਕੌਰ ਪਿੰਕੀ ਨੇ ਸਮੂਹ ਸੇਵਾ ਸੁਸਾਇਟੀਆਂ ਦੀਆਂ ਬੀਬੀਆਂ ਨੂੰ ਯਾਦਗਾਰੀ ਚਿੰਨ੍ਹ, ਸਿਰਪਾਓ ਤੇ ਖਜਾਨੇ 'ਚ ਆਈ ਮਾਇਆ ਦੇ ਪ੍ਰਸ਼ਾਦ ਨਾਲ ਸਨਮਾਨਿਤ ਕੀਤਾ। ਇਸ ਮੌਕੇ ਬਾਬਾ ਭਗਤ ਸਿੰਘ, ਬਾਬਾ ਅਮਰੀਕ ਸਿੰਘ, ਬਾਬਾ ਗੁਰਲਾਲ ਸਿੰਘ, ਬਾਬਾ ਜੋਗਾ ਸਿੰਘ, ਪਰਮਜੀਤ ਸਿੰਘ ਬਾਜਵਾ ਅਤੇ ਭਾਈ ਗਗਨਦੀਪ ਸਿੰਘ ਹਾਜ਼ਰ ਸਨ।

## ਡਾ. ਪੰਪੋਸ਼ ਨੂੰ ਆਤਮ ਹੱਤਿਆ ਲਈ ਮਜਬੂਰ ਕਰਨ ਵਾਲਿਆਂ ਦੀ ਹੋਵੇ ਤੁਰੰਤ ਗ੍ਰਿਫ਼ਤਾਰੀ - ਬਸਪਾ ਆਗੂ



**ਫਗਵਾੜਾ (ਡਾ. ਰਮਨ )** ਸ੍ਰੀ ਗੁਰੂ ਰਾਮਦਾਸ ਮੈਡੀਕਲ ਕਾਲਜ ਅੰਮ੍ਰਿਤਸਰ ਵਿਖੇ ਜਾਤੀ ਅਭਿਮਾਨੀਆਂ ਵਲੋਂ ਇਕ ਹੋਣਹਾਰ ਬੇਟੀ ਨੂੰ ਮਾਨਸਿਕ ਤੌਰ 'ਤੇ ਜਲੀਲ ਕਰਕੇ ਆਤਮ ਹੱਤਿਆ ਲਈ ਮਜਬੂਰ ਕਰਨਾ ਸਮਾਜ ਦੇ ਉਹਨਾਂ ਲੋਕਾਂ ਦੀ ਘਿਨਾਉਣੀ ਤਸਵੀਰ ਪੇਸ਼ ਕਰਦਾ ਹੈ ਜੋ ਭਾਰਤ ਦੀ ਆਜ਼ਾਦੀ ਦੇ 70 ਸਾਲ ਬਾਅਦ ਵੀ ਦਲਿਤਾਂ ਨੂੰ ਅੱਗੇ ਵੱਧਦਿਆਂ ਦੇਖ ਕੇ ਖੁਸ਼ ਨਹੀਂ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਬਹੁਜਨ ਸਮਾਜ ਪਾਰਟੀ ਹਲਕਾ ਵਿਧਾਨ ਸਭਾ ਫਗਵਾੜਾ ਦੇ ਪ੍ਰਧਾਨ ਚਿਰੰਜੀ ਲਾਲ ਕਾਲਾ ਵਲੋਂ ਕੀਤਾ ਗਿਆ ਹੈ। ਫਗਵਾੜਾ ਦੇ ਗੁਰੂ ਹਰਗੋਬਿੰਦ ਨਗਰ ਸਥਿਤ ਸੰਵਿਧਾਨ ਨਿਰਮਾਤਾ ਡਾ. ਬੀ.ਆਰ. ਅੰਬੇਡਕਰ ਪਾਰਕ ਵਿਖੇ ਵਰਕਰਾਂ ਦੀ ਹਾਜਰੀ 'ਚ ਮੋਮਬਤੀਆਂ ਜਗ੍ਹਾ ਕੇ ਮ੍ਰਿਤਕਾ ਡਾ. ਪੰਪੋਸ਼ ਨੂੰ ਸ਼ਰਧਾਂਜਲੀ ਭੇਟ ਕਰਨ ਸਮੇਂ ਉਕਤ ਘਟਨਾ ਪ੍ਰਤੀ ਡੂੰਘੇ ਰੋਸ ਦਾ ਮੁਜਾਹਰਾ ਕਰਦੇ ਹੋਏ ਚਿਰੰਜੀ ਲਾਲ ਕਾਲਾ ਨੇ ਪੁਲਸ ਪ੍ਰਸ਼ਾਸਨ ਅਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਦੋਸ਼ੀਆਂ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇ। ਚਿਰੰਜੀ ਲਾਲ ਕਾਲਾ ਤੋਂ ਇਲਾਵਾ ਬਸਪਾ ਪੰਜਾਬ ਦੇ ਸੀਨੀਅਰ ਆਗੂ ਲੇਖਰਾਜ ਜਮਾਲਪੁਰ, ਰਮੇਸ਼ ਕੌਲ ਅਤੇ ਇੰਜੀਨੀਅਰ ਪ੍ਰਦੀਪ ਮੱਲ ਨੇ ਕਿਹਾ ਕਿ ਇਹ ਕੋਈ ਅਜਿਹੀ ਪਹਿਲੀ ਘਟਨਾ ਨਹੀਂ ਹੈ ਇਸ ਤੋਂ ਪਹਿਲਾਂ ਵੀ ਐਸ.ਸੀ. ਸਮਾਜ ਦੇ ਵਿਦਿਆਰਥੀਆਂ ਨੂੰ ਕਾਲਜਾਂ ਅਤੇ ਯੂਨੀਵਰਸਿਟੀਆਂ ਵਿਚ ਉਹਨਾਂ ਦੀ ਜਾਤੀ ਦੇ ਅਧਾਰ ਤੇ ਪ੍ਰਤਾੜਿਤ ਕੀਤਾ ਜਾਂਦਾ ਰਿਹਾ ਹੈ। ਪੋਸਟ ਮੈਟ੍ਰਿਕ ਸਕਾਲਰਸ਼ਿਪ ਅਧੀਨ ਪੜ੍ਹਾਈ ਕਰ ਰਹੇ ਵਿਦਿਆਰਥੀਆਂ ਨੂੰ ਹਰ ਸਾਲ ਕਾਲਜਾਂ ਦੇ ਪ੍ਰਬੰਧਕਾਂ ਵਲੋਂ ਜਲੀਲ ਕੀਤਾ ਜਾਂਦਾ ਹੈ। ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਸਖ਼ਤ ਕਦਮ ਚੁੱਕੇ ਜਾਣ ਦੀ ਮੰਗ ਕਰਦਿਆਂ ਉਕਤ ਆਗੂਆਂ ਨੇ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਉਕਤ ਕੇਸ ਵਿਚ ਪੁਲਸ ਨੇ ਤੁਰੰਤ ਦੋਸ਼ੀਆਂ ਨੂੰ ਗ੍ਰਿਫਤਾਰ ਨਾ ਕੀਤਾ ਤਾਂ ਬਸਪਾ ਦੀ ਸੀਨੀਅਰ ਲੀਡਰਸ਼ਿਪ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੰਘਰਸ਼ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਜਰੂਰੀ ਹੋਇਆ ਤਾਂ ਡਾ. ਪੰਪੋਸ਼ ਨੂੰ ਨਿਆ ਦੁਆਉਣ ਲਈ ਬਸਪਾ ਸੂਬਾ ਪੱਧਰੀ ਸੰਘਰਸ਼ ਸ਼ੁਰੂ ਕਰੇਗੀ। ਇਸ ਮੌਕੇ ਸੀਨੀਅਰ ਬਸਪਾ ਆਗੂ ਅਸ਼ੋਕ ਸੰਧੂ, ਬਲਵਿੰਦਰ ਬੋਧ, ਗੁਰਦਿੱਤਾ ਬੰਗੜ, ਸੁਰਜੀਤ ਭੁੱਲਾਰਾਈ, ਹਰਭਜਨ ਖਲਵਾੜਾ, ਅਮਰਜੀਤ ਖੁੱਤਣ, ਸ੍ਰੀਮਤੀ ਪੁਸ਼ਪਿੰਦਰ ਕੌਰ ਅਠੌਲੀ, ਸੀਮਾ, ਕੇ.ਕੇ. ਦਾਦਰਾ, ਜੋਗਿੰਦਰ ਪਾਲ ਪੰਚ, ਹੈਪੀ ਕੌਲ, ਧਰਮਵੀਰ ਬੋਧ, ਬੰਟੀ ਮੋਰੋਵਾਲੀਆ, ਮਨਜੀਤ ਮਾਨ, ਮਨੀ ਅੰਬੇਡਕਰ, ਅਸ਼ੋਕ ਰਾਮਪੁਰਾ, ਕੁਲਵਿੰਦਰ ਕਿੰਦਾ, ਸੰਨੀ ਕੈਲੇ, ਨਰੇਸ਼ ਕੈਲੇ, ਵਿਜੇ ਕੁਮਾਰ ਪੀਪਾਰੰਗੀ, ਸੁਰਿੰਦਰ ਕਲੇਰ, ਕੁਲਦੀਪ ਬਾਲੂ, ਹਰਭਜ ਸਾਬਕਾ ਸਰਪੰਚ ਤੋਂ ਇਲਾਵਾ ਵੱਡੀ ਗਿਣਤੀ ਵਿਚ ਬਸਪਾ ਵਰਕਰ ਹਾਜਰ ਸਨ।

## ਡੀ ਟੀ ਐੱਫ ਵੱਲੋਂ ਨਵੀਂ ਸਿੱਖਿਆ ਨੀਤੀ 'ਤੇ ਸੈਮੀਨਾਰ ਭਲਕੇ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**—ਡੈਮੋਕਰੈਟਿਕ ਟੀਚਰਜ਼ ਫ਼ਰੰਟ ਪੰਜਾਬ (ਡੀ.ਟੀ.ਐੱਫ.) ਜ਼ਿਲ੍ਹਾ ਇਕਾਈ ਹੁਸ਼ਿਆਰਪੁਰ ਦੇ ਆਗੂਆਂ ਇੱਕ ਅਹਿਮ ਮੀਟਿੰਗ ਹੁਸ਼ਿਆਰਪੁਰ ਵਿਖੇ ਸੂਬਾ ਜਨਰਲ ਸਕੱਤਰ ਮੁਕੇਸ਼ ਗੁਜਰਾਤੀ, ਜ਼ਿਲ੍ਹਾ ਪ੍ਰਧਾਨ ਸੁਖਦੇਵ ਡਾਨਸੀਵਾਲ, ਇੰਦਰ ਸੁਖਦੀਪ ਸਿੰਘ ਓਢਰਾ ਅਤੇ ਮਨਜੀਤ ਸਿੰਘ ਦਸੂਹਾ ਦੀ ਪ੍ਰਧਾਨਗੀ ਹੇਠ ਹੋਈ। ਹਾਜ਼ਰ ਆਗੂਆਂ ਨੇ ਇਸ ਗੱਲ ਉੱਤੇ ਡੂੰਘੀ ਚਿੰਤਾ ਪ੍ਰਗਟ ਕੀਤੀ ਕਿ ਪਿਛਲੇ ਕਈ ਸਾਲਾਂ ਤੋਂ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਅਧਿਆਪਕਾਂ ਦੀ ਵੱਡੀ ਘਾਟ ਪਾਈ ਜਾ ਰਹੀ ਹੈ, ਆਲਮ ਇਹ ਹੈ ਕਿ ਕਈ ਪ੍ਰਾਇਮਰੀ ਸਕੂਲਾਂ ਵਿੱਚ ਸਿਰਫ਼ ਇੱਕ ਅਧਿਆਪਕਾ ਹੀ ਸਕੂਲ ਦੀਆਂ ਸੱਤ ਜਮਾਤਾਂ ਵੀ ਸਾਂਭ ਰਹੀ ਹੈ, ਮਿਡ-ਡੇ-ਮੀਲ ਵੀ ਬਣਵਾ ਰਹੀ ਹੈ ਅਤੇ ਸਕੂਲ ਦਾ ਪ੍ਰਬੰਧ ਵੀ ਚਲਾ ਰਹੀ ਹੈ ਪਰ ਪੰਜਾਬ ਸਰਕਾਰ ਸਕੂਲਾਂ ਵਿੱਚੋਂ ਅਧਿਆਪਕਾਂ ਦੀ ਘਾਟ ਦੂਰ ਕਰਨ ਦੀ ਬਜਾਇ ਨਵੀਂ ਕੇਂਦਰੀ ਸਿੱਖਿਆ ਨੀਤੀ 2020 ਨੂੰ ਸੂਬੇ ਵਿੱਚ ਲਾਗੂ ਕਰਨ ਜਾ ਰਹੀ ਹੈ, ਜਿਸ ਦਾ ਕਿ ਡੀ.ਟੀ.ਐੱਫ. ਪੁਰਜ਼ੋਰ ਵਿਰੋਧ ਕਰਦੀ ਹੈ। ਉਹਨਾਂ ਦੱਸਿਆ ਕਿ ਸਰਕਾਰ ਵੱਲੋਂ ਸ਼ੁਰੂ ਕੀਤੇ ਜਾ ਰਹੇ ਐਮੀਨੈਂਸ ਸਕੂਲਾਂ ਨਾਲ ਵੱਡੇ ਪੱਧਰ ਤੇ ਵਿਦਿਆਰਥੀਆਂ ਅਤੇ ਅਧਿਆਪਕਾਂ ਦਾ ਉਜਾੜਾ ਹੋਵੇਗਾ। ਇਹ ਸਕੀਮ ਵਿਤਕਰੇਬਾਜ਼ੀ ਵਧਾਵੇਗੀ ਅਤੇ ਸਿੱਖਿਆ ਪ੍ਰਬੰਧ ਬੇਹਤਰ ਦੇ ਬਜਾਏ ਬਦਤਰ ਬਣ ਜਾਵੇਗਾ। ਚਲਦੇ ਢਾਂਚੇ ਨੂੰ ਚੰਗੇਰਾ ਬਣਾਉਣ ਦੀ ਥਾਂ ਸਰਕਾਰ ਢਾਂਚਾ ਹੀ ਹਿਲਾਉਣ ਦੀ ਕੋਸ਼ਿਸ਼ ਵਿੱਚ ਹੈ ਜਿਸ ਨਾਲ ਕਿ ਜਨਤਕ ਸਿੱਖਿਆ ਦਾ ਵੱਡਾ ਨੁਕਸਾਨ ਹੋਵੇਗਾ। ਉਹਨਾਂ ਜਾਣਕਾਰੀ ਦਿੱਤੀ ਕਿ ਮਹਾਨ ਸ਼ਹੀਦਾਂ ਭਗਤ ਸਿੰਘ,ਰਾਜਗੁਰੂ ਅਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ 'ਤੇ 23 ਮਾਰਚ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਜਾਗਰੂਕਤਾ ਕਨਵੈਨਸ਼ਨ ਕਰਕੇ ਸ਼ਹਿਰ ਵਿੱਚ ਮਾਰਚ ਕੀਤਾ ਜਾਵੇਗਾ ਤੇ ਸਰਕਾਰਾਂ ਦੀਆਂ ਸਿੱਖਿਆ ਮਾਰੂ ਨੀਤੀਆਂ ਦਾ ਵਿਰੋਧ ਕੀਤਾ ਜਾਵੇਗਾ। ਮੀਟਿੰਗ ਵਿੱਚ ਵਰਿੰਦਰ ਸੈਣੀ, ਪ੍ਰਦੀਪ ਗੁਰੂ, ਮਨਜੀਤ ਸਿੰਘ ਬਾਬਾ, ਸਤਪਾਲ ਕਲੇਰ, ਹੰਸ ਰਾਜ ਆਦਿ ਹਾਜ਼ਰ ਸਨ।

# ਨਹਿਰੂ ਯੁਵਾ ਕੇਂਦਰ ਵੱਲੋਂ ਤਿੰਨ ਰੋਜ਼ਾ ਕਮਿਊਨਿਟੀ ਡਿਵੈੱਲਪਮੈਂਟ ਟ੍ਰੇਨਿੰਗ ਪ੍ਰੋਗਰਾਮ




**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਨਹਿਰੂ ਯੁਵਾ ਕੇਂਦਰ ਹੁਸ਼ਿਆਰਪੁਰ ਯੁਵਾ ਮਾਮਲੇ ਮੰਤਰਾਲਾ, ਭਾਰਤ ਸਰਕਾਰ ਦੇ ਜ਼ਿਲ੍ਹਾ ਯੂਥ ਅਫਸਰ ਰਾਕੇਸ਼ ਕੁਮਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਬਲਾਕ ਭੂੰਗਾ ਦੇ ਜੀ.ਜੀ.ਡੀ.ਐਸ. ਡੀ ਕਾਲਜ ਦੇ ਕਾਮਰਸ ਵਿਭਾਗ, ਖੇਤੀਬਾੜੀ ਵਿਭਾਗ ਅਤੇ ਐਨ.ਐਸ.ਐਸ. ਯੂਨਿਟ ਦੇ ਬਹੁਤ ਹੀ ਸ਼ਲਾਘਾਯੋਗ ਸਹਿਯੋਗ ਨਾਲ ਤਿੰਨ ਰੋਜਾ ਯੂਥ ਲੀਡਰਸ਼ਿਪ ਅਤੇ ਕਮਿਊਨਿਟੀ ਡਿਵੈੱਲਪਮੈਂਟ ਟ੍ਰੇਨਿੰਗ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦਾ ਉਦਘਾਟਨ ਕਾਲਜ ਪ੍ਰਿੰਸੀਪਲ ਰਾਜੀਵ ਕੁਮਾਰ ਨੇ ਕੀਤਾ। ਇਸ ਸਿਖਲਾਈ ਪ੍ਰੋਗਰਾਮ ਵਿੱਚ 40 ਨੌਜਵਾਨਾਂ ਨੇ ਭਾਗ ਲਿਆ। ਇਸ ਟ੍ਰੇਨਿੰਗ ਦੇ ਪਹਿਲੇ ਦਿਨ ਰਾਕੇਸ਼ ਕੁਮਾਰ ਜ਼ਿਲ੍ਹਾ ਯੁਵਾ ਅਫਸਰ ਨਹਿਰੂ ਯੁਵਾ ਕੇਂਦਰ ਹੁਸ਼ਿਆਰਪੁਰ ਨੇ ਇਸ ਪ੍ਰੋਗਰਾਮ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਪ੍ਰਿੰਸੀਪਲ ਡਾ. ਰਾਜੀਵ ਕੁਮਾਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਪੜ੍ਹਾਈ ਦੇ ਨਾਲ-ਨਾਲ ਅਜਿਹੀਆਂ ਗਤੀਵਿਧੀਆਂ ਵਿਚ ਹਿੱਸਾ ਲੈਂਦੇ ਰਹਿਣਾ ਚਾਹੀਦਾ ਹੈ। ਉਨ੍ਹਾਂ ਨੇ ਇਸ ਪ੍ਰੋਗਰਾਮ ਲਈ ਜੀ ਜੀ ਡੀ ਐਸ ਡੀ ਕਾਲਜ ਹਰਿਆਣਾ ਨੂੰ ਚੁਣਨ ਲਈ ਨਹਿਰੂ ਯੁਵਾ ਕੇਂਦਰ ਦਾ ਧੰਨਵਾਦ ਵੀ ਕੀਤਾ। ਟ੍ਰੇਨਿੰਗ ਦੇ ਦੂਜੇ ਦਿਨ ਰਿਸੋਰਸ ਪਰਸਨ ਅਸ਼ੋਕ ਪੁਰੀ ਨੇ ਨੌਜਵਾਨਾਂ ਨੂੰ ਵਲੰਟੀਅਰੀ ਅਤੇ ਲੀਡਰਸ਼ਿਪ ਬਾਰੇ ਜਾਣਕਾਰੀ ਦਿੱਤੀ, ਰਿਸੋਰਸ ਪਰਸਨ ਅੰਕੁਸ਼ ਸ਼ਰਮਾ ਨੇ ਨੌਜਵਾਨਾਂ ਨੂੰ ਲੀਡਰਸ਼ਿਪ ਅਤੇ ਸੰਚਾਰ ਹੁਨਰ, ਮਨਿੰਦਰ ਸਿੰਘ ਸੱਧਰ ਨੇ ਜ਼ਿਲ੍ਹੇ ਵਿੱਚ ਸਵੈ-ਇੱਛੁਕ ਮੌਕਿਆਂ ਰਾਹੀਂ ਸਮਾਜ ਦੇ ਵਿਕਾਸ ਬਾਰੇ ਜਾਣਕਾਰੀ ਦਿੱਤੀ। ਰਿਸੋਰਸ ਪਰਸਨ ਰਾਕੇਸ਼ ਡਡਵਾਲ ਨੇ ਨਵੇਂ ਹੁਨਰ ਸਿੱਖਣ, ਕੰਮ ਵਿੱਚ ਉਦੇਸ਼ ਲੱਭਣ ਅਤੇ ਆਪਣੇ ਕਰੀਅਰ ਵਿੱਚ ਅੱਗੇ ਵਧਣ ਲਈ ਅਪਣਾਈਆਂ ਜਾਣ ਵਾਲੀਆਂ ਪ੍ਰਕਿਰਿਆਵਾਂ ਬਾਰੇ ਦੱਸਿਆ। ਰਿਸੋਰਸ ਪਰਸਨ ਪ੍ਰੋਫੈਸਰ ਸੁਰੇਸ਼ ਕੁਮਾਰ, ਪ੍ਰੋਫੈਸਰ ਫੁਲਾਰਾਣੀ ਨੇ ਸਿਖਿਆਰਥੀਆਂ ਨੂੰ ਯੁਵਾ ਕੇਂਦਰਿਤ ਭਾਈਚਾਰਕ ਵਿਕਾਸ ਬਾਰੇ ਜਾਣਕਾਰੀ ਦਿੱਤੀ। ਰਿਸੋਰਸ ਪਰਸਨ ਪ੍ਰੋਫੈਸਰ ਹਰਜੋਤ ਕੌਰ ਨੇ ਨੌਜਵਾਨਾਂ ਨੂੰ ਆਪਣੀ ਸ਼ਖਸੀਅਤ ਦਾ ਵਿਕਾਸ ਕਰਨ ਬਾਰੇ ਜਾਣਕਾਰੀ ਦਿੱਤੀ।

ਸਿਖਲਾਈ ਦੇ ਤੀਜੇ ਦਿਨ ਕਰਨ ਕੁਮਾਰ ਨੇ ਸਿਖਿਆਰਥੀਆਂ ਨੂੰ ਸਿਹਤ, ਤੰਦਰੁਸਤੀ ਅਤੇ ਖੇਡਾਂ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ। ਕੈਂਪ ਦੌਰਾਨ ਯੋਗਾ ਵੀ ਕਰਵਾਇਆ ਗਿਆ ਤਾਂ ਜੋ ਸਿਖਿਆਰਥੀਆਂ ਨੂੰ ਯੋਗਾ ਬਾਰੇ ਜਾਗਰੂਕ ਕੀਤਾ ਜਾ ਸਕੇ। ਰਿਸੋਰਸ ਪਰਸਨ ਪ੍ਰੋਫੈਸਰ ਰਾਜੀਵ ਕੁਮਾਰ ਸ਼ਰਮਾ ਨੇ ਨੌਜਵਾਨਾਂ ਨੂੰ ਆਜਾਦੀ ਦੇ ਅੰਮ੍ਰਿਤ ਮਹੋਤਸਵ ਬਾਰੇ ਜਾਣਕਾਰੀ ਦਿੱਤੀ। ਰਿਸੋਰਸ ਪਰਸਨ ਅਨਿਲ ਕੁਮਾਰ ਵੱਲੋਂ ਸਮਾਰਟਫੋਨ ਅਤੇ ਇੰਟਰਨੈੱਟ ਦਾ ਲਾਭ ਲੈਂਦਿਆਂ ਨੌਜਵਾਨਾਂ ਨੂੰ ਪ੍ਰੋਜੈਕਟਰ ਰਾਹੀਂ ਡਿਜੀਟਲ ਸਾਖਰਤਾ ਸਬੰਧੀ ਜਾਣਕਾਰੀ ਦਿੱਤੀ ਗਈ। ਇਸ ਸਿਖਲਾਈ ਦੌਰਾਨ ਨੌਜਵਾਨਾਂ ਦੀ ਗਰੁੱਪ ਡਿਸਕਸਨ ਅਤੇ ਗਰੁੱਪ ਪੇਸ਼ਕਾਰੀ ਵੀ ਕਰਵਾਈ ਗਈ।

ਇਸ ਪ੍ਰੋਗਰਾਮ ਦੌਰਾਨ ਕੈਚ ਦ ਰੇਨ ਪ੍ਰੋਗਰਾਮ ਵਿੱਚ ਜੀ-20 ਦੀ ਪ੍ਰਧਾਨਗੀ ਅਤੇ ਪਾਣੀ ਦੀ ਸੰਭਾਲ ਸਬੰਧੀ ਅੰਤਰਰਾਸ਼ਟਰੀ ਸਾਲ 2023 ਬਾਰੇ ਜਾਣਕਾਰੀ ਦਿੱਤੀ ਗਈ। ਟ੍ਰੇਨਿੰਗ ਦੇ ਆਖਰੀ ਦਿਨ ਸਮਾਪਤੀ ਸਮਾਰੋਹ ਦੇ ਮੁੱਖ ਮਹਿਮਾਨ ਵਜੋਂ ਜ਼ਿਲ੍ਹਾ ਅਟਾਰਨੀ ਦਵਿੰਦਰ ਕੁਮਾਰ ਵਿਸ਼ੇਸ਼ ਤੌਰ 'ਤੇ ਪਹੁੰਚੇ ਤੇ ਸਿਖਿਆਰਥੀਆਂ ਨੂੰ ਅਜਿਹੀ ਸਿਖਲਾਈ ਵਿੱਚ ਉਤਸ਼ਾਹ ਨਾਲ ਭਾਗ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੌਜਵਾਨਾਂ ਨੂੰ ਸੰਦੇਸ਼ ਦਿੱਤਾ ਕਿ ਉਹ ਆਪਣੀ ਸ਼ਖ਼ਸੀਅਤ ਨੂੰ ਨਿਖਾਰ ਕੇ ਚੰਗੇ ਸਮਾਜ ਦੀ ਉਸਾਰੀ ਕਰ ਸਕਦੇ ਹਨ। ਰਾਕੇਸ਼ ਕੁਮਾਰ ਅਤੇ ਰਾਜੀਵ ਕੁਮਾਰ ਜੀਜੀਡੀਐਸਡੀ ਕਾਲਜ ਵੱਲੋਂ ਮੁੱਖ ਮਹਿਮਾਨ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤਾ ਗਿਆ। ਵਧੀਆ ਪੇਸ਼ਕਾਰੀ ਕਰਨ ਵਾਲੇ ਨੌਜਵਾਨਾਂ ਨੂੰ ਟਰਾਫੀ ਦਿੱਤੀ ਗਈ। ਸਿਖਲਾਈ ਦੌਰਾਨ ਸਾਰੇ ਸਿਖਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਐਨਵਾਈਵੀ ਤਰਨਜੀਤ ਐਕਸ ਐਨਵਾਈਵੀ ਅਸ਼ਵਨੀ ਕੁਮਾਰ ਅਤੇ ਹੋਰ ਪਤਵੰਤੇ ਹਾਜਰ ਸਨ।

## ਭਗਵੰਤ ਮਾਨ ਤੇ ਦਿੱਲੀ ਦੇ ਕੇਜਰੀਵਾਲ 25 ਨੂੰ ਡੇਰਾ ਸੱਚਖੰਡ ਬੱਲਾਂ 'ਚ ਹੋਣਗੇ ਨਤਮਸਤਕ



**ਜਲੰਧਰ: (ਸ਼ੈਲੀ ਐਲਬਰਟ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ 25 ਮਾਰਚ ਨੂੰ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੇ ਨਾਲ ਡੇਰਾ ਸੱਚਖੰਡ ਬੱਲਾਂ ਵਿਖੇ ਨਤਮਸਤਕ ਹੋਣਗੇ, ਜਿਸ ਸਬੰਧੀ ਵਿਧਾਇਕ ਕਰਤਾਰਪੁਰ ਬਲਕਾਰ ਸਿੰਘ ਅਤੇ ਡਿਪਟੀ ਕਮਿਸ਼ਨਰ ਜਸਪ੍ਰੀਤ ਸਿੰਘ ਵੱਲੋਂ ਸੋਮਵਾਰ ਨੂੰ ਤਿਆਰੀਆਂ ਦੀ ਸਮੀਖਿਆ ਕੀਤੀ ਗਈ । ਇਸ ਸਬੰਧੀ ਡੇਰਾ ਸੱਚਖੰਡ ਬੱਲਾਂ ਵਿਖੇ ਪੁਲਿਸ ਤੇ ਸਿਵਲ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਤਿਆਰੀਆਂ ਅਤੇ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਵਿਧਾਇਕ ਅਤੇ ਡਿਪਟੀ ਕਮਿਸ਼ਨਰ ਨੇ ਸਮੁੱਚੇ ਲੋੜੀਂਦੇ ਪ੍ਰਬੰਧ ਸਮੇਂ ਸਿਰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

ਉਨ੍ਹਾਂ ਪੁਲਸ ਅਧਿਕਾਰੀਆਂ ਨੂੰ ਸੁਰੱਖਿਆ ਦੇ ਪੁਖ਼ਤਾ ਇੰਤਜ਼ਾਮ ਕਰਨ ਦੇ ਨਾਲ-ਨਾਲ ਸੁਚਾਰੂ ਟ੍ਰੈਫਿਕ ਵਿਵਸਥਾ ਨੂੰ ਵੀ ਯਕੀਨੀ ਬਣਾਉਣ ਦੀਆਂ ਹਦਾਇਤਾਂ ਦਿੱਤੀਆਂ। ।ਉਨ੍ਹਾਂ ਕਿਹਾ ਕਿ ਪ੍ਰੋਗਰਾਮ ਵਾਲੇ ਦਿਨ ਢੁੱਕਵੀਂ ਪਾਰਕਿੰਗ, ਸਫਾਈ, ਸੰਗਤ ਲਈ ਬੈਠਣ ਦੇ ਇੰਤਜ਼ਾਮ ਸਮੇਤ ਹੋਰ ਸਾਰੇ ਜ਼ਰੂਰੀ ਪ੍ਰਬੰਧ ਸਮੇਂ ਸਿਰ ਮੁਕੰਮਲ ਕੀਤੇ ਜਾਣ ਤਾਂ ਜੋ ਸੰਗਤ ਨੂੰ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ।

ਨਵਾਂ ਜ਼ਮਾਨਾ
ਬੁੱਧਵਾਰ, 22 ਮਾਰਚ 2023

# ਸੀਲਬੰਦ ਲਿਫਾਫਾ ਕਲਚਰ

*ਸੁਪਰੀਮ ਕੋਰਟ ਵਿੱਚ ਸੋਮਵਾਰ ਸਾਬਕਾ ਫੌਜੀਆਂ ਨੂੰ ਵਨ ਰੈਂਕ, ਵਨ ਪੈਨਸ਼ਨ ਤਹਿਤ ਬਕਾਇਆਂ ਦੇ ਭੁਗਤਾਨ ਦੇ ਮਾਮਲੇ 'ਚ ਸੁਣਵਾਈ ਦੌਰਾਨ ਕੇਂਦਰ ਸਰਕਾਰ ਵੱਲੋਂ ਸੀਲਬੰਦ ਲਿਫਾਫੇ ਵਿੱਚ ਸੌਂਪੇ ਗਏ ਦਸਤਾਵੇਜ਼ ਲੈਣ ਤੋਂ ਇਨਕਾਰ ਕਰਦਿਆਂ ਚੀਫ ਜਸਟਿਸ ਡੀ ਵਾਈ ਚੰਦਰਚੂੜ ਨੇ ਕਿਹਾ, "ਮੈਂ ਨਿੱਜੀ ਤੌਰ 'ਤੇ ਸੀਲਬੰਦ ਲਿਫਾਫਿਆਂ ਦੇ ਖਿਲਾਫ ਹਾਂ। ਅਦਾਲਤ 'ਚ ਪਾਰਦਰਸ਼ਤਾ ਹੋਣੀ ਚਾਹੀਦੀ ਹੈ।" ਚੀਫ ਜਸਟਿਸ ਚੰਦਰਚੂੜ, ਜਸਟਿਸ ਪੀ ਐੱਸ ਨਰਸਿਮ੍ਹਾ ਤੇ ਜਸਟਿਸ ਜੇ ਬੀ ਪਾਰਦੀਵਾਲਾ ਦੀ ਬੈਂਚ ਨੇ ਕਿਹਾ ਕਿ ਮਾਮਲਾ ਤਾਂ ਸੁਪਰੀਮ ਕੋਰਟ ਵੱਲੋਂ ਪੈਨਸ਼ਨ ਦੇਣ ਦੇ ਹੁਕਮਾਂ ਨੂੰ ਲਾਗੂ ਕਰਨ ਦਾ ਹੈ, ਇਸ ਵਿੱਚ ਗੋਪਨੀਅਤਾ ਵਾਲੀ ਕਿਹੜੀ ਗੱਲ ਹੈ? ਸੁਪਰੀਮ ਕੋਰਟ ਨੂੰ ਸੀਲਬੰਦ ਲਿਫਾਫੇ ਵਾਲੀ ਪ੍ਰਥਾ ਨੂੰ ਖਤਮ ਕਰਨਾ ਹੋਵੇਗਾ। ਇਹ ਮੂਲ ਰੂਪ 'ਚ ਨਿਰਪੱਖ ਇਨਸਾਫ ਦੀ ਬੁਨਿਆਦੀ ਪ੍ਰਕਿਰਿਆ ਦੇ ਖਿਲਾਫ ਹੈ।*

*ਦਰਅਸਲ ਸੁਪਰੀਮ ਕੋਰਟ ਨੇ 2022 ਵਿੱਚ ਬਕਾਏ 28 ਫਰਵਰੀ 2024 ਤੱਕ ਤਿੰਨ ਕਿਸ਼ਤਾਂ 'ਚ ਦੇਣ ਦਾ ਹੁਕਮ ਦਿੱਤਾ ਸੀ ਤੇ ਕੇਂਦਰ ਸਰਕਾਰ ਨੇ ਹਾਮੀ ਵੀ ਭਰ ਦਿੱਤੀ ਸੀ। ਪਿੱਛੇ ਜਿਹੇ ਰੱਖਿਆ ਮੰਤਰਾਲੇ ਨੇ ਭੁਗਤਾਨ ਚਾਰ ਕਿਸ਼ਤਾਂ ਵਿੱਚ ਕਰਨ ਦਾ ਪੱਤਰ ਜਾਰੀ ਕਰ ਦਿੱਤਾ। ਸੁਪਰੀਮ ਕੋਰਟ ਨੇ ਇਸ 'ਤੇ ਨਰਾਜ਼ਗੀ ਜ਼ਾਹਰ ਕਰਦਿਆਂ ਕਿਹਾ ਕਿ ਮੰਤਰਾਲਾ ਇਸ ਤਰ੍ਹਾਂ ਕਾਨੂੰਨ ਆਪਣੇ ਹੱਥ 'ਚ ਨਹੀਂ ਲੈ ਸਕਦਾ। ਕੋਰਟ ਨੇ ਮੰਤਰਾਲੇ ਨੂੰ ਉਕਤ ਪੱਤਰ ਵਾਪਸ ਲੈਣ ਦੀ ਹਦਾਇਤ ਕਰਦਿਆਂ ਕਿਹਾ ਕਿ ਉਹ ਭੁਗਤਾਨ ਦੀ ਸਹੀ ਰਕਮ ਤੇ ਇਸ ਦੇ ਭੁਗਤਾਨ ਦੇ ਤਰੀਕੇ ਆਦਿ ਬਾਰੇ ਜਵਾਬ ਦਾਖਲ ਕਰੇ। ਕੋਰਟ ਨੇ ਇਹ ਵੀ ਕਿਹਾ ਕਿ ਅਫਸੋਸ ਦੀ ਗੱਲ ਹੈ ਕਿ ਚਾਰ ਲੱਖ ਰਿਟਾਇਰਡ ਰੱਖਿਆ ਜਵਾਨ ਪੈਨਸ਼ਨ ਦੀ ਉਡੀਕ ਵਿੱਚ ਪਹਿਲਾਂ ਹੀ ਜਾਨਾਂ ਗੁਆ ਚੁੱਕੇ ਹਨ।*

*ਸੁਣਵਾਈ ਦੌਰਾਨ ਚੀਫ ਜਸਟਿਸ ਨੇ ਅਟਾਰਨੀ ਜਨਰਲ ਨੂੰ ਕਿਹਾ— ਅਸੀਂ ਸੀਲਬੰਦ ਲਿਫਾਫਾ ਕਲਚਰ ਨੂੰ ਖਤਮ ਕਰਨਾ ਚਾਹੁੰਦੇ ਹਾਂ। ਜੇ ਸੁਪਰੀਮ ਕੋਰਟ ਅਜਿਹਾ ਕਰੇਗੀ ਤਾਂ ਹਾਈ ਕੋਰਟਾਂ ਵੀ ਕਰਨਗੀਆਂ। ਸੀਲਬੰਦ ਲਿਫਾਫੇ ਪੂਰੀ ਤਰ੍ਹਾਂ ਸਥਾਪਤ ਨਿਆਇਕ ਸਿਧਾਂਤਾਂ ਦੇ ਖਿਲਾਫ ਹਨ ਅਤੇ ਇਸ ਦਾ ਸਹਾਰਾ ਤਦੇ ਲਿਆ ਜਾ ਸਕਦਾ ਹੈ, ਜਦ ਇਹ ਕਿਸੇ ਸਰੋਤ ਜਾਂ ਕਿਸੇ ਦੇ ਜੀਵਨ ਨੂੰ ਖਤਰੇ 'ਚ ਪਾਉਣ ਬਾਰੇ ਹੋਣ।*

*ਪਿਛਲੇ ਕੁਝ ਸਾਲਾਂ ਤੋਂ ਜਾਣਕਾਰੀ ਸਰਵਜਨਕ ਕਰਕੇ ਕਿਸੇ ਵੀ ਤਰ੍ਹਾਂ ਦੀ ਪੜਤਾਲ ਜਾਂ ਸਵਾਲਾਂ ਤੋਂ ਬਚਣ ਲਈ ਕੇਂਦਰ ਸਰਕਾਰ ਸੀਲਬੰਦ ਲਿਫਾਫੇ ਇਸਤੇਮਾਲ ਕਰਦੀ ਰਹੀ ਹੈ। ਹਾਲਾਂਕਿ ਕਈ ਅਹਿਮ ਮਾਮਲਿਆਂ—ਰਫਾਲ ਜਹਾਜ਼ਾਂ ਦੇ ਸੌਦੇ ਨੂੰ ਚੁਣੌਤੀ, ਆਸਾਮ ਐੱਨ ਆਰ ਸੀ, ਇਲੈਕਟੋਰਲ ਬਾਂਡ, ਅਯੁੱਧਿਆ ਵਿਵਾਦ, ਗੁਜਰਾਤ ਪੁਲਸ ਦਾ ਫਰਜ਼ੀ ਮੁਕਾਬਲਾ, ਨਰਿੰਦਰ ਮੋਦੀ ਦੀ ਬਾਇਓਪਿਕ ਰਿਲੀਜ਼ ਦਾ ਮਾਮਲਾ, ਚੀਫ ਜਸਟਿਸ ਰੰਜਨ ਗੋਗੋਈ 'ਤੇ ਲੱਗੇ ਯੌਨ ਸ਼ੋਸ਼ਣ ਦੇ ਦੋਸ਼ਾਂ ਦਾ ਮਾਮਲਾ, ਭੀਮਾ-ਕੋਰੇਗਾਂਵ ਕੇਸ ਤੇ ਕਾਂਗਰਸ ਆਗੂ ਚਿਦੰਬਰਮ ਦੀ ਪੇਸ਼ਗੀ ਜ਼ਮਾਨਤ ਦਾ ਕੇਸ—ਵਿੱਚ ਸੁਪਰੀਮ ਕੋਰਟ ਨੇ ਸੀਲਬੰਦ ਲਿਫਾਫਿਆਂ 'ਚ ਦਿੱਤੇ ਗਏ ਦਸਤਾਵੇਜ਼ ਸਵੀਕਾਰ ਕੀਤੇ ਹਨ। ਸੀਲਬੰਦ ਲਿਫਾਫੇ ਦੀ ਸ਼ੁਰੂਆਤ 'ਸੇਵਾ ਜਾਂ ਪ੍ਰਸ਼ਾਸਨਕ ਮਾਮਲਿਆਂ' ਦੇ ਸੰਬੰਧ ਵਿੱਚ ਹੋਈ ਸੀ, ਜਿੱਥੇ ਅਧਿਕਾਰੀਆਂ ਦੇ ਵਕਾਰ ਨੂੰ ਬਚਾਉਣ ਲਈ ਵਿਅਕਤੀਗਤ ਮੁਲਾਜ਼ਮਾਂ ਦੇ ਆਫੀਸ਼ੀਅਲ ਸੇਵਾ ਰਿਕਾਰਡ ਤੇ ਪ੍ਰਮੋਸ਼ਨ ਅਸਿਸਮੈਂਟ ਸੀਲਬੰਦ ਲਿਫਾਫੇ ਵਿੱਚ ਪੇਸ਼ ਕੀਤੇ ਜਾਂਦੇ ਸਨ। ਅਦਾਲਤਾਂ ਅੱਜ ਵੀ ਯੌਨ ਸ਼ੋਸ਼ਣ ਦੇ ਮਾਮਲਿਆਂ ਵਿੱਚ ਪੀੜਤ ਦੀ ਪਛਾਣ ਦੀ ਰਾਖੀ ਲਈ ਦਸਤਾਵੇਜ਼ ਖੁਫੀਆ ਤਰੀਕੇ ਨਾਲ ਲੈਂਦੀਆਂ ਹਨ।*

*ਹੁਣ ਲਗਦਾ ਹੈ ਕਿ ਸੁਪਰੀਮ ਕੋਰਟ ਸੀਲਬੰਦ ਲਿਫਾਫੇ ਬਾਰੇ ਜ਼ਿਆਦਾ ਗੰਭੀਰ ਹੋ ਗਈ ਹੈ। ਉਸ ਨੇ ਪਿਛਲੇ ਸਾਲ ਦੇ ਅਖੀਰ ਵਿੱਚ ਵੀ ਕਿਹਾ ਸੀ ਕਿ ਸੀਲਬੰਦ ਲਿਫਾਫੇ ਦੀ ਪ੍ਰਕਿਰਿਆ ਇੱਕ ਖਤਰਨਾਕ ਮਿਸਾਲ ਹੈ, ਕਿਉਂਕਿ ਇਹ ਫੈਸਲੇ ਦੀ ਪ੍ਰਕਿਰਿਆ ਨੂੰ ਅਸਪੱਸ਼ਟ ਤੇ ਅਪਾਰਦਰਸ਼ੀ ਬਣਾਉਂਦੀ ਹੈ। 20 ਅਕਤੂਬਰ 2022 ਨੂੰ ਜਸਟਿਸ ਡੀ ਵੀ ਚੰਦਰਚੂੜ, ਜਿਹੜੇ ਚੀਫ ਜਸਟਿਸ ਬਾਅਦ 'ਚ ਬਣੇ, ਤੇ ਜਸਟਿਸ ਹਿਮਾ ਕੋਹਲੀ ਦੀ ਬੈਂਚ ਨੇ ਇੱਕ ਫੈਸਲੇ ਵਿੱਚ ਕਿਹਾ ਸੀ ਕਿ ਇਹ ਪ੍ਰਕਿਰਿਆ ਇਨਸਾਫ ਦੇਣ ਦੀ ਪ੍ਰਣਾਲੀ ਦੇ ਕੰਮਕਾਜ ਨੂੰ ਪ੍ਰਭਾਵਿਤ ਕਰਦੀ ਹੈ ਤੇ ਕੁਦਰਤੀ ਇਨਸਾਫ ਦੀ ਗੰਭੀਰ ਉਲੰਘਣਾ ਹੈ। ਪਿਛਲੇ ਸਾਲ ਮਾਰਚ 'ਚ ਵੇਲੇ ਦੇ ਚੀਫ ਜਸਟਿਸ ਐੱਨ ਵੀ ਰਮੰਨਾ ਨੇ ਸੀਲਬੰਦ ਲਿਫਾਫਿਆਂ ਵਿੱਚ ਦਲੀਲਾਂ ਦਾਖਲ ਕਰਨ ਨੂੰ ਨਾਮਨਜ਼ੂਰ ਕਰ ਦਿੱਤਾ ਸੀ। ਯੌਨ ਪੀੜਤਾਂ ਤੇ ਕੌਮੀ ਸੁਰੱਖਿਆ ਦੇ ਮਾਮਲੇ 'ਚ ਸੀਲਬੰਦ ਲਿਫਾਫੇ 'ਚ ਦਾਖਲ ਕਰਨ ਨੂੰ ਮੰਨਿਆ ਜਾ ਸਕਦਾ ਹੈ ਪਰ ਪੈਨਸ਼ਨਾਂ ਵਰਗੇ ਮਾਮਲਿਆਂ 'ਚ ਸੀਲਬੰਦ ਲਿਫਾਫਾ ਕਬੂਲ ਨਾ ਕਰਨ ਬਾਰੇ ਸੁਪਰੀਮ ਕੋਰਟ ਵੱਲੋਂ ਲਿਆ ਸਟੈਂਡ ਪ੍ਰਥਾ ਬਣ ਜਾਣਾ ਚਾਹੀਦਾ ਹੈ।*

# ਵਿਰਾਟ ਜਲ ਸੰਕਟ ਵੱਲ ਵਧ ਰਹੇ ਹਾਂ ਅਸੀਂ

## ਵਰਖਾ ਦੀ ਹਰ ਬੂੰਦ ਸਾਂਭਣੀ ਪਵੇਗੀ

*ਵਰਖਾ ਹੀ ਪਾਣੀ ਦਾ ਮੁੱਢਲਾ ਸੋਮਾ ਹੈ। ਪਾਣੀ 100 ਫੀਸਦੀ ਸਭ ਦੀ ਸਾਂਝੀ, ਕੁਦਰਤੀ ਨਿਆਮਤ ਹੈ। ਇਹ ਬਣਾਇਆ ਨਹੀਂ ਜਾ ਸਕਦਾ। ਇਸ ਦੀ ਸੰਜਮੀ ਅਤੇ ਭਲੀ ਵਰਤੋਂ ਕੀਤੀ ਜਾ ਸਕਦੀ ਹੈ। ਇਹ ਸ਼ੁੱਧ ਰੱਖਿਆ ਜਾ ਸਕਦਾ ਹੈ, ਬਚਾਇਆ ਜਾ ਸਕਦਾ ਹੈ। ਵਰ੍ਹਾਇਆ ਅਤੇ ਧਰਤੀ 'ਚ ਭੇਜਿਆ ਜਾ ਸਕਦਾ ਹੈ।*


ਵਿਜੈ ਬੰਬੇਲੀ

ਪ੍ਰਿਥਵੀ ਦੇ ਕੁੱਲ ਜਲ 'ਚੋਂ 97% ਨਮਕੀਨ ਸਮੁੰਦਰੀ ਪਾਣੀ ਹੈ, ਜਿਹੜਾ ਮਨੁੱਖੀ ਜਾਂ ਸਿੰਚਾਈ ਵਰਤੋਂ 'ਚ ਨਹੀਂ ਆਉਂਦਾ, ਜੋ ਢਾਈ ਫੀਸਦੀ ਪਾਣੀ ਨਮਕ ਰਹਿਤ ਹੈ, ਉਸ ਦਾ 70% ਭਾਗ ਗਹਿਰੀ ਜੰਮੀ ਅਵਸਥਾ ਵਿੱਚ ਹੈ, ਅੱਧਾ ਫੀਸਦੀ ਹਰ ਵਕਤ ਖਲਾਅ 'ਚ ਵਿਚਰਦਾ ਹੈ। ਪਹਿਲਾਂ ਬਿਆਨੇ ਢਾਈ ਫੀਸਦੀ 'ਚੋਂ 70% ਕੱਢ ਕੇ ਬਾਕੀ ਜੋ ਪੌਣੇ ਦੋ ਫੀਸਦੀ ਅਨੁਮਾਨਤ ਕੀਤੀ ਗਈ ਹੈ, ਜਿਹੜਾ ਕਿ ਵਗਦਾ, ਖੜੋਤਾ ਜਾਂ ਧਰਤੀ ਹੇਠ ਹੈ, ਸਿਰਫ ਉਹ ਹੀ ਸਾਡੀਆਂ ਤਾ-ਲੋੜਾਂ ਹਿੱਤ ਹੈ, ਜਿਸ ਨੂੰ ਅਸੀਂ ਨਾ-ਅਹਿਲ ਵਰਤੋਂ ਨਾਲ ਮੁੱਕਣੇ ਪਾਇਆ ਹੋਇਆ ਹੈ, ਸਿੱਟੇ ਵਜੋਂ ਅਸੀਂ ਬੇਹੱਦ ਡਰਾਉਣੇ ਜਲ-ਸੰਕਟ ਵੱਲ ਵਧ ਮਾਰੇ ਜਾਵਾਂਗੇ।

ਪਰ ਮੈਂ ਆ ਰਹੇ ਗੰਭੀਰ ਜਲ-ਸੰਕਟ ਦੀ ਸੰਭਾਵੀ ਤਸਵੀਰ ਪੇਸ਼ ਕਰਕੇ ਤੁਹਾਨੂੰ ਡਰਾਉਣਾ ਨਹੀਂ, ਚੌਕਸ ਕਰਨਾ ਚਾਹੁੰਦਾ ਹਾਂ, ਜੇ ਨਾ ਸੰਭਲੇ ਤਾਂ ਵੇਲਾ ਹੱਥੋਂ ਨਿਕਲ ਜਾਵੇਗਾ। ਜੇ ਡਗਰ ਇਹੀ ਰਹੀ, ਪੁਖਤਾ ਹੱਲ ਨਾ ਲੱਭੇ ਤਾਂ ਜਿਹੜੇ 33 ਮੁਲਕ ਗੰਭੀਰ ਜਲ-ਸੰਕਟ ਦੇ ਸ਼ਿਕਾਰ ਹੋ ਜਾਣਗੇ, ਭਾਰਤ ਉਹਨਾਂ ਵਿੱਚੋਂ ਇੱਕ ਹੈ। ਭਾਰਤ ਦੇ ਜਿਹਨਾਂ 13 ਰਾਜਾਂ 'ਚ ਤਿੱਖਾ ਜਲ ਸੰਕਟ ਪਨਪ ਰਿਹਾ ਹੈ, ਪੰਜਾਬ ਉਹਨਾਂ ਵਿੱਚ ਇੱਕ ਹੈ। ਮੁਲਕ ਦੇ ਜਿਹੜੇ 256 ਜ਼ਿਲ੍ਹਿਆਂ 'ਚ ਗੰਭੀਰ ਜਲ ਸੰਕਟ ਹੋਣ ਜਾ ਰਿਹਾ ਹੈ, ਪੰਜਾਬ ਦੇ 17 ਜ਼ਿਲ੍ਹੇ ਉਹਨਾਂ ਵਿੱਚ ਸ਼ੁਮਾਰ ਹਨ। ਜਲ ਸੰਕਟ ਦਾ ਹੱਲ ਸੰਭਵ ਹੈ। ਕਾਰਗਰ ਉਪਾਅ ਹੈ, ਪਾਣੀ ਦੀ ਸੰਜਮੀ ਵਰਤੋਂ ਅਤੇ ਢੁਕਵਾਂ ਹੱਲ ਹੈ, "ਵਰਖਾ ਦੀ ਹਰ ਤਿੱਪ ਸਾਂਭਣੀ"।

ਪਾਣੀ, ਸਾਡੀ ਸਮਾਜਿਕ, ਆਰਥਿਕ ਤੇ ਰਾਜਨੀਤਕ ਸ਼ਕਤੀ ਹੈ। ਕੁਦਰਤ ਦਾ ਅਦਭੁੱਤ ਕ੍ਰਿਸ਼ਮਾ, ਜ਼ਿੰਦਗੀ ਦਾ ਧਰੋਹਰ। ਕਦੇ ਅਸੀਂ ਜਲ ਨਾਲ ਸ਼ਰਸਾਰ ਸਾਂ। ਦੁਨੀਆ ਦੀ ਕੁੱਲ ਵਸੋਂ ਦਾ 17% ਸਾਡੇ ਦੇਸ਼ 'ਚ ਵਸਦਾ ਹੈ, ਪਰ ਧਰਤੀ ਦੇ ਕੁੱਲ ਜਲ-ਸਰੋਤਾਂ 'ਚੋਂ ਸਾਡੇ ਕੋਲ ਮਸਾਂ 4% ਹਨ। ਵਰਖਾ; ਜੋ ਪਾਣੀ ਦਾ ਮੁੱਢਲਾ ਸੋਮਾ ਹੈ, ਵਜੋਂ ਕੁਦਰਤ ਸਾਡੇ 'ਤੇ ਬੜੀ ਦਿਆਲ ਸੀ/ਹੈ ਪਰ ਅਸੀਂ ਇਸਦੀ ਕਦਰ ਨਹੀਂ ਕਰਦੇ। ਜਲ ਮਾਹਿਰਾਂ ਅਨੁਸਾਰ; ਸਾਡੇ ਦੇਸ਼ ਵਿੱਚ ਹਰ ਸਾਲ ਕਰੀਬ 4000 ਅਰਬ ਘਣਮੀਟਰ ਮੀਂਹ ਪੈਂਦਾ ਸੀ/ਹੈ। ਭੂਗੋਲਿਕ ਅਤੇ ਬਨਸਪਤਨ ਸਥਿਤੀਆਂ ਅਨੁਸਾਰ ਕਿਤੇ ਬਹੁਤਾ, ਕਿਤੇ ਮੂਲੋਂ ਘੱਟ, ਪ੍ਰੰਤੂ ਅਸੀਂ ਸਿਰਫ 8% (320 ਅ.ਘ.ਮੀ.) ਹੀ ਸਾਂਭਦੇ-ਸਲੂਟਦੇ ਹਾਂ।

ਬੀਤੀ ਸਦੀ ਦੇ ਸ਼ੁਰੂ 'ਚ ਪ੍ਰਤੀ ਵਿਅਕਤੀ ਜਲ-ਉਪਲੱਬਧੀ 8192 ਘਣਮੀਟਰ ਹਰ ਸਾਲ ਸੀ। ਜਿਹੜੀ ਆਜ਼ਾਦੀ ਤੋਂ ਮਹਿਜ਼ ਅੱਧੀ ਸਦੀ ਬਾਅਦ ਹੀ 5694 ਘਣਮੀਟਰ ਰਹਿ ਗਈ ਸੀ। ਕਾਰਨ, ਆਬਾਦੀ ਵਾਧਾ ਅਤੇ ਪਾਣੀ ਦਾ ਦੁਰ-ਪ੍ਰਬੰਧ/ਦੁਰ-ਵਰਤੋਂ। ਖ਼ੁਦਗਰਜ਼ "ਤਰੱਕੀ", ਜਲ ਸੋਮਿਆਂ ਅਤੇ ਕੁਦਰਤ ਪ੍ਰਤੀ ਅਵੇਸਲਾਪਨ। ਡਗਰ ਇਹੀ ਰਹੀ ਤਦ ਇਸ ਸਦੀ ਦੇ ਅੱਧ ਤੀਕ ਇਹ 158 ਕਰੋੜ ਹੋ ਜਾਵੇਗੀ। ਇੰਜ ਪ੍ਰਤੀ ਸਾਲ ਹਰ ਵਿਅਕਤੀ ਦੇ ਹਿੱਸੇ ਔਸਤਨ 1235 ਘਣਮੀਟਰ ਪਾਣੀ ਹੀ ਰਹਿ ਜਾਵੇਗਾ, ਜਿਹੜਾ ਤਾ-ਕਿਸਮ ਦੀਆਂ ਲੋੜਾਂ ਦੀ ਪੂਰਤੀ ਲਈ ਸੰਨ 2050 'ਚ ਲੋੜੀਂਦੀ ਵਿਅਕਤੀਗਤ ਲੋੜ (2500 ਘਣਮੀਟਰ) ਦਾ ਅੱਧ ਹੈ।

ਸੰਨ 50 'ਚ ਡੇਢ ਅਰਬ ਢਿੱਡ ਭਰਨ ਲਈ ਭਾਰਤੀ ਧਰਤੀ (ਜਲ-ਜੰਗਲ-ਜ਼ਮੀਨ ਅਤੇ ਸਮੁੰਦਰ ਤੇ ਪਹਾੜਾਂ) 'ਤੇ ਬੇਹਤਾਸ਼ਾ ਬੋਝ ਵਧੇਗਾ। ਸਿੱਟੇ ਵਜੋਂ, ਵਾਤਾਵਰਣ ਹੋਰ ਦੂਸ਼ਿਤ ਹੋਵੇਗਾ, ਵਰਖਾ ਗੜ੍ਹਵੜਾਏਗੀ, ਹੜ੍ਹ-ਸੋਕਾ-ਸਮੁੰਦਰੀ ਹਲਚਲਾਂ ਸਮੇਤ ਕਈ ਕਿਸਮ ਦੀਆਂ ਦੁਸ਼ਵਾਰੀਆਂ (ਜ਼ਮੀਨੀ ਖਿਸਕਾਅ ਅਤੇ ਮਹਾਂਮਾਰੀਆਂ) ਵੀ ਦਰਪੇਸ਼ ਹੋਣਗੀਆਂ। ਸਿਰਫ ਖੇਤੀ-ਸਿੰਚਾਈ ਲਈ ਹੀ ਲੋੜੀਂਦੇ 807 ਅਰਬ ਘਣਮੀਟਰ ਪਾਣੀ ਹਿੱਤ ਵਗਦੇ ਜਾਂ ਖੜ੍ਹੇ ਜਲ-ਸੋਮਿਆਂ (ਜਿਹੜੇ ਬੇਹੱਦ/ ਤੇਜ਼ੀ ਨਾਲ ਘਟਦੇ ਜਾ ਰਹੇ ਹਨ) ਦੀ ਬੇਕਿਰਕ/ਸੰਭਾਵਿਤ ਵਰਤੋਂ ਤੋਂ ਬਿਨਾਂ ਭਾਰਤੀ ਧਰਤੀ ਵਿੱਚੋਂ ਕਰੀਬ 344 ਅਰਬ ਘਣਮੀਟਰ, ਯਾਨੀ ਖ਼ਤਰਨਾਕ ਹੱਦ ਤੋਂ ਕਿਤੇ ਜ਼ਿਆਦਾ ਪਾਣੀ ਖਿੱਚਿਆ ਜਾਵੇਗਾ। ਸਿੱਟਾ; ਜਲ-ਸੋਮੇ ਅਤੇ ਜਲ-ਤੱਗੀ ਤਹਿਸ-ਨਹਿਸ ਹੋ ਜਾਵੇਗੀ। ਪੱਲੇ ਪੈ ਜਾਵੇਗਾ ਰੇਗਿਸਤਾਨ, 'ਬਿਨ ਪਾਣੀ ਸਭ ਸੂਨ'।

ਮੌਜੂਦਾ ਕਲ-ਕਾਰਖਾਨੇ ਜਾਂ ਯੋਜਨਾਵਾਂ ਅਨੁਸਾਰ ਜਲ ਲੋੜ ਸਾਲ 2025 'ਚ 282 ਅਰਬ ਘਣਮੀਟਰ ਹੋਵੇਗੀ, ਜੋ ਵਧਦੀ ਆਬਾਦੀ ਅਤੇ ਅਖੌਤੀ ਭੌਤਿਕ ਸਹੂਲਤਾਂ ਦੇ ਸਿੱਟੇ ਵਜੋਂ 2050 ਵਿੱਚ 428 ਅਰਬ ਘਣਮੀਟਰ ਹੋ ਜਾਵੇਗੀ। ਰਾਸ਼ਟਰੀ ਜਲ-ਸੰਸਾਧਨ ਵਿਕਾਸ ਅਯੋਗ (1999) ਨੇ ਖੇਤੀ-ਪਾਣੀ ਤੋਂ ਬਿਨਾਂ ਸ਼ਹਿਰੀ ਅਤੇ ਪੇਂਡੂ ਖੇਤਰ ਲਈ ਪ੍ਰਤੀ ਵਿਅਕਤੀ ਕ੍ਰਮਵਾਰ 220 ਅਤੇ 150 ਲੀਟਰ ਪਾਣੀ ਹਰ-ਦਿਨ ਦਾ ਪੈਮਾਨਾ ਨਿਰਧਾਰਤ ਕੀਤਾ ਸੀ। ਇਸ ਅਨੁਸਾਰ 2025 ਅਤੇ 2050 ਤੱਕ ਘਰੇਲੂ ਅਤੇ ਮਿਊਂਸਪਲ ਖਪਤ ਹਿੱਤ ਦੇਸ਼ ਦੀ ਜ਼ਰੂਰਤ ਕ੍ਰਮਵਾਰ 62 ਅਤੇ 111 ਅਰਬ ਘਣਮੀਟਰ (ਕੁੱਲ 173 ਅ.ਘ.ਮੀ.) ਹੋਵੇਗੀ, ਜਿਸ ਹਿੱਤ 72 ਅਰਬ ਘਣਮੀਟਰ (26+46 ਅ.ਘ.ਮੀ.) ਜ਼ਮੀਨ ਉਤਲਾ ਪਾਣੀ ਅਤੇ ਬਾਕੀ (39 ਅ.ਘ.ਮੀ.) ਜ਼ਮੀਨ ਹੇਠੋਂ ਕੱਢਿਆ ਜਾਵੇਗਾ। ਘਰੇਲੂ ਅਤੇ ਸਿੰਚਾਈ ਪਾਣੀ ਤੋਂ ਬਿਨਾਂ ਉਦਯੋਗਾਂ (ਵਸਤ-ਨਿਰਮਾਣ, ਬਿਜਲੀ, ਖਾਦਾਂ-ਦਵਾਈਆਂ ਆਦਿ) ਤੇ ਹੋਰ ਜ਼ਰੂਰੀ (ਅਤੇ ਗੈਰ-ਜ਼ਰੂਰੀ) ਕਾਰਜਾਂ/ਵਸਤਾਂ ਲਈ ਵੀ ਅਰਬਾਂ ਘਣਮੀਟਰ ਪਾਣੀ ਦੀ ਲੋੜ ਬਰਕਰਾਰ ਰਹਿੰਦੀ ਹੈ।

ਕੁੱਝ ਮਿਸਾਲਾਂ ਦੇਣਾ ਕੁਥਾਂ ਨਹੀਂ ਹੋਵੇਗਾ: ਇੱਕ ਲੀਟਰ ਪੈਟਰੋਲ ਸੋਧਣ ਲਈ 100 ਲੀਟਰ ਪਾਣੀ, ਇੱਕ ਕਿਲੋ ਕਾਗਜ਼ ਲਈ 150 ਲੀਟਰ ਪਾਣੀ, ਕਿਲੋ ਮਾਸ ਜਾਂ ਆਲੂ ਪੈਦਾ ਕਰਨ ਹਿੱਤ 500 ਲੀਟਰ, ਇੱਕ ਕਿੱਲੋ ਕਣਕ ਲਈ 1000 ਲੀਟਰ, ਸੇਰ ਪੱਕੇ ਦੁੱਧ ਲਈ 1500 ਲੀਟਰ (ਸੰਦਰਭ : ਚਾਰਾ, ਖ਼ੁਰਾਕ, ਪੀਣ ਅਤੇ ਨੁਹਾਉਣ ਆਦਿ), ਕਿੱਲੋ ਚੀਨੀ ਹਿੱਤ 2000 ਲੀਟਰ, ਇੱਕ ਕਿੱਲੋ ਚੌਲਾਂ ਲਈ ਔਸਤਨ 3000 ਲੀਟਰ, ਇੱਕ ਟਨ ਸੀਮਿੰਟ ਬਣਾਉਣ ਲਈ 8000 ਲੀਟਰ ਅਤੇ ਟਨ ਲੋਹਾ ਨਿਰਮਾਣ ਲਈ ਤਕਰੀਬਨ 20000 ਲੀਟਰ ਪਾਣੀ ਦੀ ਲੋੜ ਪੈਂਦੀ ਹੈ। ਹੋਰ ਵਸਤਾਂ/ਪੈਦਾਵਾਰਾਂ ਲਈ ਜਲ-ਖਪਤ ਦੀ ਗੱਲ ਕਿਤੇ ਫੇਰ ਸਹੀ।

ਹਾਂ, ਇਹਨਾਂ ਵਸਤਾਂ, ਕੁੱਝ-ਇਕ ਤੋਂ ਬਿਨਾਂ, ਜੀਵਨ ਨਿਰਬਾਹ ਸੰਭਵ ਨਹੀਂ, ਪਰ ਸੰਜਮੀ ਵਰਤੋਂ ਤਾਂ ਕੀਤੀ ਜਾ ਸਕਦੀ ਹੈ, ਪਰ ਲੀਟਰ ਕੁ ਸਾਫਟ ਡਰਿੰਕ ਬਣਾਉਣ ਦੀ ਪ੍ਰਕਿਰਿਆ ਦੌਰਾਨ 80 ਲੀਟਰ ਜਲ-ਖਪਤ ਅਤੇ ਮਹਿਜ਼ ਇੱਕ ਗਲਾਸੀ ਬੀਅਰ ਜਾਂ ਵਾਈਨ ਬਦਲੇ 250 ਲੀਟਰ ਪਾਣੀ ਨੂੰ ਗੰਧਲਾਉਣਾ ਅਰਥਾਤ ਉਸ ਦੀ ਵੇਸਟੇਜ਼ ਕਰਨੀ ਤਾਂ ਨਿਰਾ ਉਜੱਡਪੁਣਾ ਹੈ। ਪਲਾਸਟਿਕ, ਟੌਹਰੀ ਕੱਪੜੇ-ਲੱਤੇ, ਹਾਰ-ਸ਼ਿੰਗਾਰ ਅਤੇ ਹੋਰ ਨਾ-ਮੁਰਾਦ ਭੌਤਿਕ ਸਹੂਲਤਾਂ ਬਣਾਉਣ/ਵਰਤਣ ਲਈ ਵਰਤੇ ਜਾਂਦੇ (ਅਸਲ ਵਿੱਚ ਡੋਲ੍ਹੇ ਜਾਂ ਗੰਧਲਾਏ ਜਾਂਦੇ) ਲਖੂਖਾ-ਲਖੂਖਾ ਘਣ ਲੀਟਰ ਪਾਣੀ ਦੀ ਗੱਲ ਵੀ ਕਿਤੇ ਫੇਰ ਸਹੀ। ਜਦਕਿ, ਜਲ-ਲੋੜਾਂ ਤਾਂ ਸਾਂਵੀਂ-ਜੀਵਨ-ਜਾਚ ਤਾਈਂ ਈ ਬਹੁਤ ਹਨ। ਫਿਰ ਕਿਥੋਂ ਆਵੇਗਾ ਐਨਾ ਪਾਣੀ?

ਇੱਕੋ-ਇੱਕ ਹੱਲ ਮੀਂਹ ਦੇ ਪਾਣੀ ਨੂੰ ਵੀ ਅਸੀਂ ਸਾਂਭ-ਸਲੂਟ ਨਹੀਂ ਰਹੇ। ਜਲ-ਤੱਗੀਆਂ ਦੀ ਮੁੜ-ਭਰਪਾਈ (ਰੀ-ਚਾਰਜਿੰਗ) 'ਤੇ ਵੀ ਸਵਾਲੀਆ ਨਿਸ਼ਾਨ ਲੱਗ ਚੁੱਕਾ ਹੈ। ਕਾਰਨ; ਜੰਗਲ ਕਟਾਈ ਅਤੇ ਕੰਕਰੀਟ ਕਲਚਰ ਵਰਖੇਈ ਪਾਣੀ ਦਾ ਧਰਤੀ 'ਚ ਰਿਸਾਵ ਜਿਹੜਾ ਸੰਨ 2000 ਵਿੱਚ ਕਰੀਬ 300 ਅਰਬ ਘਣ ਮੀਟਰ ਸੀ,ਧਰਤ-ਗੁੰਨਣਾ ਇਵੇਂ ਹੀ ਰਿਹਾ ਤਾਂ ਸੰਨ 50 ਤੱਕ ਕਰੀਬ ਇਹ 200 ਅ.ਘ.ਮੀ. ਹੀ ਰਹਿ ਜਾਵੇਗਾ, ਜਿਹੜਾ ਅਸਲ ਲੋੜ 40% (1600 ਅ.ਘ.ਮੀ) ਤੋਂ ਕਿਤੇ ਘੱਟ ਹੋਵੇਗਾ। ਪਹਿਲਾਂ ਹੀ ਦੇਸ਼ ਦੇ ਤਬਦੀਲੀ ਜਾਂ ਨਵਿਆਉਣਯੋਗ ਅੰਦਰੂਨੀ ਜਲ-ਸੋਮਿਆਂ ਦੀ ਜਲ-ਮਿਕਦਾਰ ਪ੍ਰਤੀ ਸਾਲ ਕਰੀਬ 1953 ਅਰਬ ਘਣਮੀਟਰ ਸੀ। ਮੌਜੂਦਾ ਅੰਕੜਿਆਂ ਅਨੁਸਾਰ ਦਿਨੋ-ਦਿਨ ਘਟ ਰਹੇ ਵਰਤਣਯੋਗ ਸੋਮਿਆਂ ਦੀ ਜਲ-ਮਾਤਰਾ 1086 ਅਰਬ ਘਣਮੀਟਰ ਰਹਿ ਗਈ ਹੈ, 690 ਅ. ਘ. ਮੀ. ਸਤਹਾ/ਜ਼ਮੀਨ ਉਪਰਲਾ ਅਤੇ 396 ਅ.ਘ.ਮੀ. ਜ਼ਮੀਨ-ਦੋਜ਼। ਘਟ ਰਹੀ ਰੀ-ਚਾਰਜਿੰਗ ਕਈ ਹੋਰ ਅਲਾਮਤਾਂ ਨੂੰ ਵੀ ਜਨਮ ਦੇਵੇਗੀ, ਜਿਸ ਵਿੱਚ ਜ਼ਮੀਨ ਦਾ ਗਰਕਣਾ, ਸਮੁੰਦਰੀ/ਲੂਣੇ ਪਾਣੀਆਂ ਦਾ ਖਾਲੀ ਹੋਈਆਂ ਜਲ-ਤੱਗੀਆਂ ਵੱਲ ਵਹਾਅ ਉਪਰੰਤ ਉਸ ਦੀ ਉਪਰ ਨੂੰ ਖਿਚਾਈ ਕਲਰ ਅਲਾਮਤਾਂ ਸਮੇਤ ਹੇਠਲੇ ਜਲ-ਖਲਾਅ ਧਰਤੀ ਹੇਠਲੀਆਂ ਪਲੇਟਾਂ ਦੇ ਗਰਕਣ ਅਤੇ ਭੁਚਾਲਾਂ ਦਾ ਕਾਰਨ ਬਣਨਗੇ।

ਸਾਡੇ ਦੇਸ਼ ਵਿੱਚ ਮੀਂਹਾਂ ਤੇ ਬਾਰਾਂ ਮਾਸੀ ਨਦੀਆਂ ਰਾਹੀਂ ਕਰੀਬ 4000 ਘਣ ਕਿਲੋਮੀਟਰ ਪਾਣੀ ਆਉਂਦਾ ਹੈ, ਉਪਯੋਗ ਸਿਰਫ 1250 ਹੁੰਦਾ ਹੈ, ਲੋੜ ਹਿੱਤ ਬਾਕੀ ਧਰਤੀ ਵਿੱਚੋਂ ਕੱਢਿਆ ਜਾਂਦਾ ਹੈ। ਅੰਦਾਜ਼ਨ ਕਰੀਬ 65% ਪਾਣੀ ਖੇਤੀ ਲਈ ਅਤੇ ਥੋੜ੍ਹੇ-ਬਹੁਤੇ ਫਰਕ ਨਾਲ 20% ਉਦਯੋਗਾਂ ਤੇ 15% ਘਰੇਲੂ ਵਰਤੋਂ ਲਈ ਹੋ ਰਿਹਾ ਹੈ। ਬਿਨਾਂ ਸ਼ੱਕ ਵੱਧ ਵੇਸਟੇਜ਼ ਤੇ ਗੰਧਲਾ ਤਾਂ ਉਦਯੋਗ ਹੀ ਕਰਦੇ ਹਨ ਪਰੰਤੂ ਤਿੰਨ-ਚਾਰ ਪਰਤੀ ਹਾਈਬਰੈਡਡ ਘਣੀ-ਖੇਤੀ ਤੇ ਗੈਰ-ਸਿਆਣਪੀ ਸਿੰਚਾਈ ਨੂੰ ਦਰ-ਕਿਨਾਰ ਨਹੀਂ ਕੀਤਾ ਜਾ ਸਕਦਾ। ਸੋ ਉਦਯੋਗੀ ਧੰਨ-ਕੁਬੇਰਾਂ, ਜਿਹੜੇ ਦਿਨ-ਰਾਤ ਪਤਾਲ 'ਚੋਂ ਮਣਾਂ-ਮੂੰਹੀਂ ਪਾਣੀ ਖਿੱਚ ਰਹੇ ਹਨ, ਨੂੰ ਨੱਥ ਮਾਰਨ ਸਮੇਤ ਭੂਗੋਲਿਕ ਅਤੇ ਜਲ-ਸਥਿਤੀ 'ਤੇ ਕੁਦਰਤ ਮੇਚਵੀਆਂ ਬਹੁ-ਪਰਤੀ ਫਸਲਾਂ ਤੇ ਨਹਿਰਾਂ ਅਤੇ ਮਿਣਵੀਂ ਸਿੰਚਾਈ ਪ੍ਰਣਾਲੀ ਅਪਣਾਉਣੀ ਪਵੇਗੀ।

ਭਾਰਤ ਵਿੱਚ ਔਸਤਨ ਸਾਲਾਨਾ ਵਰਖਾ 1200 ਮਿ.ਮੀ. ਪੈਂਦੀ ਸੀ/ ਹੈ, ਖਿੱਤਾ ਵਿਸ਼ੇਸ਼ 200 ਤੋਂ 11000 ਮੀ.ਮੀ, ਪ੍ਰੰਤੂ; ਇਸ ਦਾ 70% ਹਿੱਸਾ ਬਰਸਾਤਾਂ ਦੇ ਮਾਤਰ 100 ਕੁ ਦਿਨਾਂ ਵਿੱਚ ਹੀ ਵਰ੍ਹ ਜਾਂਦਾ ਹੈ। ਇਸ ਦਾ ਅੱਧਾ ਮਹਿਜ਼ 50-100 ਘੜੀਆਂ ਵਿੱਚ ਹੀ, ਜਿਸ ਨੂੰ ਮੂਸਲੇਧਾਰ ਮੀਂਹ ਕਿਹਾ ਜਾਂਦਾ ਹੈ। ਸਾਡੀਆਂ ਅਸਮਰਥਾਵਾਂ/ਨਲਾਇਕੀਆਂ ਕਾਰਨ ਇਹੀ ਪਾਣੀ ਸਾਨੂੰ ਰੋੜ੍ਹਦਾ, ਖੋਰਦਾ, ਨੁਕਸਾਨਦਾ ਹੈ। ਹੁਣ ਖੇਤੀ ਤੇ ਹੋਰ ਸੰਭਾਵਿਤ ਲੋੜਾਂ ਲਈ ਮੀਂਹ ਦੇ ਪਾਣੀ ਦੀ ਸੰਭਾਲ ਅਤੇ ਵਰਤੋਂ ਤੇ ਇਸਨੂੰ ਧਰਤੀ 'ਚ ਭੇਜਣਾ ਅਣ-ਸਰਦੀ ਲੋੜ ਹੈ। ਸਾਂਵੀਂ ਵਰਖਾ ਲਈ ਵੀ ਸਾਨੂੰ ਉਹ ਕਾਰਕ ਵੀ ਮੁੜ ਸਿਰਜਣੇ ਪੈਣੇ ਹਨ, ਜਿਹੜੇ ਵਰਖਾ ਵਰ੍ਹਾਉਣ 'ਚ ਸਹਾਈ ਹੁੰਦੇ ਹਨ ਅਤੇ ਉਹ ਕਾਰਨ ਤੱਜਣੇ ਪੈਣੇ ਹਨ, ਜਿਹਨਾਂ ਕਾਰਨ ਵਰਖਾ ਗੜਬੜਾ ਜਾਂਦੀ ਹੈ ਅਤੇ ਮਿੱਟੀ ਰੁੜ੍ਹ-ਖੁਰ ਜਾਂਦੀ ਹੈ। ਇਸ ਕਾਰਜ ਵਿੱਚ ਜੰਗਲ ਕੁੰਜੀਵਤ ਹਿੱਸਾ ਪਾ ਸਕਦੇ ਹਨ, ਪਰ ਅਸੀਂ ਰਵਾਇਤੀ ਰੁੱਖਾਂ-ਜੰਗਲਾਂ ਮਗਰ ਹੱਥ ਧੋ ਕੇ ਪਏ ਹੋਏ ਹਾਂ। ਗੰਭੀਰ ਸਿੱਟੇ ਭੁਗਤਣੇ ਪੈਣਗੇ।

ਦਰ-ਹਕੀਕਤ; ਵਰਖਾ ਹੀ ਪਾਣੀ ਦਾ ਮੁੱਢਲਾ ਸੋਮਾ ਹੈ, ਬਾਕੀ ਸਭ ਵਗਦਾ, ਖੜ੍ਹੋਤਾ (ਨਦੀਆਂ, ਝੀਲਾਂ) ਅਤੇ ਜ਼ਮੀਨ ਹੇਠਲਾ ਪਾਣੀ ਸਾਰੇ ਹੀ ਦੋਮ-ਦਰਜੇ ਦੇ ਸੋਮੇ ਹਨ। ਜਲ-ਸੰਕਟ ਦਾ ਪੁਖਤਾ ਹੱਲ ਵਰਖੇਈ ਜਲ ਦੀ ਸਾਂਭ-ਸਲੂਟ, ਵਗਦਾ ਰਹਿਣ ਅਤੇ ਰੀ-ਚਾਰਜਿੰਗ ਰਾਹੀਂ ਹੀ ਸੰਭਵ ਹੈ। ਸ਼ੁਕਰ ਹੈ, ਕੁਦਰਤੀ ਜਲ-ਚੱਕਰ ਬਦੌਲਤ ਭਾਰਤੀ ਸਤਹਾ ਉੱਤੇ ਅਜੇ ਵੀ 40000 ਘਣ ਕਿ.ਮੀ. ਪਾਣੀ ਵਰਸਦਾ ਹੈ। ਅਵੇਸਲੇਪਨ ਨਾਲ ਇਸ ਦਾ ਦੋ-ਤਿਹਾਈ ਹਿੱਸਾ ਵਗ ਜਾਂਦਾ ਹੈ। ਪਹਿਲਕਦਮੀ; ਜਿਹੜੀ ਤੁਰੰਤ ਵਿੱਢਣ ਦੀ ਲੋੜ ਹੈ। ਨਿੱਜੀ ਤਜਰਬੇ ਦੇ ਆਧਾਰ 'ਤੇ ਇੱਕ ਕਮਾਲ ਦੀ ਉਦਾਹਰਣ, ਸੰਦਰਭ ਕੰਢੀ ਖਿੱਤਾ, ਮੈਂ ਤੁਹਾਡੇ ਨਾਲ ਸਾਂਝੀ ਕਰਾਂਗਾ:

"ਪੰਜਾਬ ਦਾ ਕੰਢੀ ਖਿੱਤਾ ਵਰਖੇਈ ਪਾਣੀ ਰੋਕਣ-ਖਲਾਰਨ ਅਤੇ ਧਰਤੀ 'ਚ ਗਰਕਾਉਣ ਹਿੱਤ ਬੜਾ ਢੁੱਕਵਾਂ ਹੈ। ਪੰਜਾਬ ਦਾ ਕੁਲ ਰਕਬਾ 54 ਲੱਖ ਹੈਕਟੇਅਰ ਹੈ। ਜਿਸ ਦਾ 10%, ਭਾਵ 5.4 ਲੱਖ ਹੈਕ. ਕੰਢੀ ਖੇਤਰ 'ਚ ਪੈਂਦਾ ਹੈ। ਭਾਰਤ ਦੀ ਔਸਤਨ ਸਾਲਾਨਾ ਵਰਖਾ 1200 ਐੱਮ. ਐੱਮ. ਹੈ। ਮੌਜੂਦਾ ਹਾਲਾਤ ਤਹਿਤ ਪੰਜਾਬ ਦੀ 800 ਐੱਮ. ਐੱਮ. ਮੰਨ ਲਵੋ। ਹਾਲ ਦੀ ਘੜੀ ਤੁਸੀਂ ਕੰਢੀ ਦਾ ਚੌਥਾ ਹਿੱਸਾ (25%), ਯਾਨੀ 1.35 ਲੱਖ ਹੈਕ. ਹੀ ਲਵੋ ਅਤੇ ਰੋੜ੍ਹਵੀਂ ਵਰਖਾ ਵੀ 50%, ਭਾਵ 400 ਐੱਮ. ਐੱਮ ਹੀ ਮੰਨ ਕੇ ਚਲੋ। ਸੋ; ਜੇ ਅਸੀਂ ਕੰਢੀ ਦੇ ਚੌਥੇ ਹਿੱਸੇ ਵਿੱਚ ਹੀ ਵਰਖਾ ਦਾ ਮਹਿਜ਼ ਅੱਧ ਰੋਕ-ਖੜ੍ਹਾ ਕੇ ਵਰਤ-ਗਰਕਾ ਲਈਏ, ਤਦ ਵੀ ਬਰਸਾਤ 'ਚ ਕਮਾਏ ਪਾਣੀ ਦੀ ਮਿਕਦਾਰ 54 ਹਜ਼ਾਰ ਹੈਕ. ਲੀਟਰ ਬਣ ਜਾਵੇਗਾ। ਹਾਂ; ਇਹ ਐਨਾ ਹੈ ਕਿ ਪੰਜਾਬ ਵਿੱਚ, ਜੇ ਇਹ ਬਿਲਕੁਲ ਸਾਂਵਾਂ-ਪੱਧਰਾ ਹੋਵੇ, ਇੱਕ-ਇੱਕ ਗਿੱਠ (10 ਸੈਂਟੀ ਮੀ.) ਪਾਣੀ ਖੜ੍ਹਾਇਆ ਜਾ ਸਕਦਾ ਹੈ।"।

**ਮੁੱਕਦੀ ਗੱਲ** : ਵਰਖਾ ਹੀ ਪਾਣੀ ਦਾ ਮੁੱਢਲਾ ਸੋਮਾ ਹੈ। ਪਾਣੀ 100 ਫੀਸਦੀ, ਸਭ ਦੀ ਸਾਂਝੀ, ਕੁਦਰਤੀ ਨਿਆਮਤ ਹੈ। ਇਹ ਬਣਾਇਆ ਨਹੀਂ ਜਾ ਸਕਦਾ। ਇਸ ਦੀ ਸੰਜਮੀ ਅਤੇ ਭਲੀ ਵਰਤੋਂ ਕੀਤੀ ਜਾ ਸਕਦੀ ਹੈ। ਇਹ ਸ਼ੁੱਧ ਰੱਖਿਆ ਜਾ ਸਕਦਾ ਹੈ, ਬਚਾਇਆ ਜਾ ਸਕਦਾ ਹੈ। ਵਰ੍ਹਾਇਆ ਅਤੇ ਧਰਤੀ 'ਚ ਭੇਜਿਆ ਜਾ ਸਕਦਾ ਹੈ।

**# ਸੰਪਰਕ : 94634-39075**

# ਮੌਤ ਤੋਂ ਬਾਅਦ ਵੀ ਵੱਖਰਾ ਰਾਹ ਦਿਖਾ ਗਿਆ ਅਵਤਾਰ

ਕੁਝ ਵੱਖਰਾ ਸੋਚਣਾ, ਕੁਝ ਵੱਖਰਾ ਕਰਨਾ ਅਤੇ ਕੁਝ ਵੱਖਰਾ ਕਰਕੇ ਦੂਜਿਆਂ ਨੂੰ ਕੁਝ ਵੱਖਰਾ ਕਰਨ ਦਾ ਸੁਨੇਹਾ ਦੇ ਜਾਣਾ ਜ਼ਿੰਦਗੀ ਦੀਆਂ ਅਹਿਮ ਪ੍ਰਾਪਤੀਆਂ ਹੁੰਦੀਆਂ ਹਨ।

ਪਿਛਲੇ ਦਿਨੀਂ ਕਾਮਰੇਡ ਅਵਤਾਰ ਸਿੰਘ ਭਾਰਟਾ ਖ਼ੁਰਦ (ਨਵਾਂ ਸ਼ਹਿਰ) ਕੁਝ ਮਹੀਨਿਆਂ ਦੀ ਬਿਮਾਰੀ ਬਾਅਦ ਸਾਨੂੰ ਸਦੀਵੀ ਵਿਛੋੜਾ ਦੇ ਗਏ। ਉਹ ਆਖਰੀ ਸਮੇਂ ਤੱਕ ਪੂਰੇ ਹੌਸਲੇ ਵਿੱਚ ਰਹੇ ।

ਕਾਮਰੇਡ ਅਵਤਾਰ ਅਜੇ ਸਕੂਲ ਵਿੱਚ ਹੀ ਪੜ੍ਹਦੇ ਸਨ ਕਿ ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ ਦੇ ਜੀਵਨ ਤੋਂ ਅਤੇ ਕੁਝ ਕਮਿਊਨਿਸਟ ਸਾਥੀਆਂ ਦੇ ਵਿਚਾਰਾਂ ਤੋਂ ਪ੍ਰਭਾਵਤ ਹੋ ਕੇ ਲੋਕ ਪੱਖੀ ਲਹਿਰਾਂ ਨਾਲ ਜੁੜ ਗਏ । ਉਹ ਹਮੇਸ਼ਾ ਮਜ਼ਦੂਰਾਂ ਅਤੇ ਕਿਸਾਨਾਂ ਨਾਲ ਖੜ੍ਹੇ ਰਹੇ । ਉਨ੍ਹਾਂ ਸੀ ਪੀ ਐੱਮ ਨਾਲ 10 ਸਾਲ ਕੰਮ ਕੀਤਾ।

ਕਾਮਰੇਡ ਨੇ ਪੰਜਾਬ ਦੇ ਵੱਖ-ਵੱਖ ਪਿੰਡਾਂ ਅਤੇ ਪੰਜਾਬ ਤੋਂ ਬਾਹਰ ਕੁਝ ਹੋਰ ਰਾਜਾਂ ਵਿੱਚ ਸਟੇਜਾਂ 'ਤੇ ਵੱਖ-ਵੱਖ ਨਾਟਕ ਕੀਤੇ। ਉਹ ਨਾਟਕ ਵਿੱਚ ਹੀਰੋ ਦੀ ਭੂਮਿਕਾ ਨਿਭਾਉਂਦੇ ਹੁੰਦੇ ਸਨ। ਉਨ੍ਹਾਂ ਵਿੱਚ ਕੰਮ ਕਰਨ ਦਾ ਬਹੁਤ ਜਜ਼ਬਾ ਸੀ। ਉਹ ਕਬੱਡੀ ਦੇ ਚੰਗੇ ਖਿਡਾਰੀ ਸਨ ਅਤੇ ਕੁਸ਼ਤੀ ਵੀ ਕਰ ਲੈਂਦੇ ਸਨ।

ਇੱਕ ਵਾਰ ਧਰੇਤਾ ਪਿੰਡ ਵਿੱਚ ਉਨ੍ਹਾ ਨਾਟਕ ਕਰਨਾ ਸੀ । ਉਥੋਂ ਦਾ ਜਗੀਰਦਾਰ ਜ਼ਬਰਦਸਤੀ ਸਟੇਜ 'ਤੇ ਕੁਰਸੀ ਲਗਾ ਕੇ ਬੈਠ ਗਿਆ। ਕਾਮਰੇਡ ਤੇ ਹੋਰ ਸਾਥੀਆਂ ਨੇ ਉਸ ਨੂੰ ਹੇਠਾਂ ਉਤਰਨ ਲਈ ਕਿਹਾ, ਪਰ ਉਹ ਕਹਿਣ ਲੱਗਾ ਕਿ ਮੈਂ ਸਟੇਜ 'ਤੇ ਹੀ ਬੈਠਣਾ ਹੈ। ਉਸ ਜਗੀਰਦਾਰ ਦੀ ਅਮੀਰ ਹੋਣ ਕਾਰਨ ਇਲਾਕੇ ਵਿੱਚ ਕਾਫੀ ਦਹਿਸ਼ਤ ਸੀ ਅਤੇ ਲੋਕ ਉਸ ਦੇ ਖਿਲਾਫ ਖੜ੍ਹਨ ਤੋਂ ਹਰ ਵੇਲੇ ਡਰਦੇ ਸਨ । ਜਦ ਕਾਮਰੇਡ ਦੇ ਕਹਿਣ 'ਤੇ ਉਹ ਸਟੇਜ ਤੋਂ ਨਾ ਉਤਰਿਆ ਤਾਂ ਕਾਮਰੇਡ ਨੇ ਉਸ ਨੂੰ ਕੁਰਸੀ ਸਮੇਤ ਚੁੱਕ ਕੇ ਸਟੇਜ ਤੋਂ ਥੱਲੇ ਮਾਰਿਆ ਅਤੇ ਕਿਹਾ ਕਿ ਇਹ ਸਟੇਜ ਮਜ਼ਦੂਰਾਂ ਦੀ ਹੈ, ਜਗੀਰਦਾਰਾਂ ਦੀ ਨਹੀਂ। ਇਸ ਤਰ੍ਹਾਂ ਦਾ ਜਜ਼ਬਾ ਰੱਖਦੇ ਸਨ ਅਵਤਾਰ ਕਾਮਰੇਡ। ਇਸ ਤੋਂ ਬਾਅਦ ਉਹ ਅਰਬ ਮੁਲਕਾਂ ਵਿੱਚ ਗਏ ਉੱਥੇ ਵੀ ਕਿਰਤ ਦੇ ਨਾਲ-ਨਾਲ ਮਜ਼ਦੂਰਾਂ ਨਾਲ ਰਲ ਕੇ ਸਰਮਾਏਦਾਰਾਂ ਖਿਲਾਫ ਸੰਘਰਸ਼ ਕਰਦੇ ਰਹੇ ਅਤੇ ਕੁਝ ਸਮੇਂ ਬਾਅਦ ਭਾਰਤ ਵਾਪਸ ਆ ਕੇ ਵੀ ਉਨ੍ਹਾ ਸੰਘਰਸ਼ ਜਾਰੀ ਰੱਖਿਆ।


ਅਵਤਾਰ ਤਰਕਸ਼ੀਲ

ਕਾਮਰੇਡ ਅਵਤਾਰ ਤਕਰੀਬਨ 34 ਸਾਲ ਪਹਿਲਾਂ ਨਿਊਜ਼ੀਲੈਂਡ ਆ ਗਏ ਸਨ, ਜਿੱਥੇ ਉਨ੍ਹਾ ਸਾਰੀ ਉਮਰ ਖੇਤੀਬਾੜੀ ਅਤੇ ਫਲਾਂ ਦੇ ਬਾਗਾਂ ਵਿੱਚ ਕੰਮ ਕੀਤਾ ਅਤੇ ਵੱਖ-ਵੱਖ ਤਰ੍ਹਾਂ ਦੀ ਖੇਤੀਬਾੜੀ ਵਾਲੀ ਮਸ਼ੀਨਰੀ ਚਲਾਈ। ਉਨ੍ਹਾਂ ਦਾ ਜੀਵਨ ਸੱਚ ਅਤੇ ਇਮਾਨਦਾਰੀ ਨੂੰ ਸਮਰਪਿਤ ਸੀ।

ਜਵਾਨੀ ਦੇ ਦਿਨਾਂ ਵਿੱਚ ਕਾਮਰੇਡ ਅਵਤਾਰ ਦੋ ਮੁੱਖ ਨਾਟਕ 'ਸੱਚ ਨੂੰ ਫਾਂਸੀ' ਅਤੇ 'ਜ਼ਿੰਦਗੀ ਇੱਕ ਸੰਘਰਸ਼ ਹੈ' ਕਰਦੇ ਹੁੰਦੇ ਸਨ, ਜਿਸ ਵਿੱਚ ਉਹ ਇੱਕ ਲਾਈਨ ਬੋਲਦੇ ਹੁੰਦੇ ਸੀ, 'ਕਫਣ ਦੀ ਥਾਂ ਲਾਲ ਦੁਪੱਟਾ ਮੇਰੀ ਅਰਥੀ 'ਤੇ ਪਾ ਦੇਣਾ।'

ਮੈਨੂੰ ਨਿਊਜ਼ੀਲੈਂਡ ਵਿੱਚ ਰਹਿੰਦਿਆਂ 34 ਸਾਲ ਹੋ ਗਏ ਹਨ। ਇਨ੍ਹਾਂ ਸਾਲਾਂ ਵਿੱਚ ਇਹ ਪਹਿਲੀ ਵਾਰ ਹੋਇਆ ਹੈ ਕਿ ਕਿਸੇ ਵਿਅਕਤੀ ਦੀਆਂ ਅੰਤਮ ਰਸਮਾਂ ਬਿਨਾਂ ਕਿਸੇ ਧਾਰਮਕ ਰਸਮ ਤੋਂ ਹੋਈਆਂ ਹੋਣ, ਭਾਵੇਂ ਕਿ ਇਸ ਬਾਰੇ ਵਿਚਾਰ-ਚਰਚਾ ਆਪਸ ਵਿੱਚ ਚਲਦੀ ਰਹਿੰਦੀ ਸੀ ।

ਕਾਮਰੇਡ ਜੀ ਹਮੇਸ਼ਾ ਵੱਖਰੇ ਰਾਹਾਂ 'ਤੇ ਚੱਲੇ ਸਨ ਅਤੇ ਮੌਤ ਤੋਂ ਬਾਅਦ ਵੀ ਧਾਰਮਕ ਰਸਮਾਂ ਤੋਂ ਬਿਨਾਂ ਆਪਣੀਆਂ ਅੰਤਮ ਰਸਮਾਂ ਕਰਾ ਕੇ ਕਾਮਰੇਡਾਂ ਅਤੇ ਤਰਕਸ਼ੀਲਾਂ ਨੂੰ ਨਵਾਂ ਰਾਹ ਦਿਖਾ ਗਏ ਹਨ। ਉਹ ਦੱਸ ਗਏ ਹਨ ਕਿ ਜੇ ਤਰਕਸ਼ੀਲ ਜਾਂ ਕਾਮਰੇਡ ਆਤਮਾ, ਪਰਮਾਤਮਾ ਅਤੇ ਗੈਬੀ ਸ਼ਕਤੀਆਂ ਨੂੰ ਨਹੀਂ ਮੰਨਦੇ ਤਾਂ ਅੰਤਮ ਸਮੇਂ ਵੀ ਧਾਰਮਿਕ ਰਸਮਾਂ ਦੀ ਕੋਈ ਲੋੜ ਨਹੀਂ ਹੈ।

ਕਾਮਰੇਡ ਜੀ ਦੇ ਅੰਤਮ ਸੰਸਕਾਰ ਮੌਕੇ ਅਤੇ ਸ਼ਰਧਾਂਜਲੀ ਸਮਾਰੋਹ ਵੇਲੇ ਉਨ੍ਹਾ ਦੇ ਦੋਸਤਾਂ ਅਤੇ ਪਰਵਾਰਿਕ ਮੈਂਬਰਾਂ ਨੇ ਕਾਮਰੇਡ ਅਵਤਾਰ ਦੇ ਜੀਵਨ, ਉਨ੍ਹਾ ਵਲੋਂ ਕੀਤੇ ਲੋਕ ਪੱਖੀ ਸੰਘਰਸ਼, ਚੱਲ ਰਹੀਆਂ ਲੋਕ ਲਹਿਰਾਂ, ਵਿਗਿਆਨਕ ਵਿਚਾਰਧਾਰਾ, ਤਰਕਸ਼ੀਲਤਾ, ਕਮਿਊਨਿਜ਼ਮ, ਸਰਮਾਏਦਾਰੀ, ਲੋਕਾਂ ਦੀ ਹੋ ਰਹੀ ਲੁੱਟ ਬਾਰੇ ਅਤੇ ਜਾਤ-ਪਾਤ ਤਹਿਤ ਹੋ ਰਹੇ ਵਿਤਕਰਿਆਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ, ਲੋਕ-ਪੱਖੀ ਕਵਿਤਾਵਾਂ ਪੇਸ਼ ਕੀਤੀਆਂ ਅਤੇ ਲੋਕਾਂ ਨੂੰ ਇਕਜੁੱਟ ਹੋਣ ਦੀ ਪ੍ਰੇਰਨਾ ਦਿੱਤੀ।

ਕਾਮਰੇਡ ਅਵਤਾਰ ਦੇ ਸਰੀਰ 'ਤੇ ਉਨ੍ਹਾ ਦੇ ਦੋਸਤ ਅਤੇ ਵਿਚਾਰਧਾਰਕ ਸਾਥੀ ਜਰਨੈਲ ਸਿੰਘ ਰਾਹੋਂ, ਕਾਮਰੇਡ ਧਰਮਪਾਲ (ਭਰਾ), ਅਵਤਾਰ ਤਰਕਸ਼ੀਲ ਨਿਊਜ਼ੀਲੈਂਡ ਅਤੇ ਉਨ੍ਹਾ ਦੇ ਬੇਟੇ ਅਮਨਦੀਪ ਸਿੰਘ ਨੇ ਲਾਲ ਕੱਪੜਾ ਪਾ ਕੇ ਉਨ੍ਹਾ ਨੂੰ ਅੰਤਮ ਵਿਦਾਇਗੀ ਦਿੱਤੀ।

ਉਨ੍ਹਾ ਦੇ ਜੀਵਨ 'ਤੇ ਸੁਰਜੀਤ ਪਾਤਰ ਦੀ ਕਵਿਤਾ ਦੀਆਂ ਇਹ ਲਾਈਨਾਂ ਪੂਰੀ ਤਰ੍ਹਾਂ ਢੁੱਕਦੀਆਂ ਹਨ:

*'ਮੈਂ ਰਾਹਾਂ 'ਤੇ ਨਹੀਂ ਤੁਰਦਾ,*
*ਮੈਂ ਤੁਰਦਾ ਹਾਂ ਤਾਂ ਰਾਹ ਬਣਦੇ।*
*ਸਦੀਆਂ ਤੋਂ ਕਾਫਲੇ ਆਉਂਦੇ,*
*ਇਸੇ ਗੱਲ ਦੇ ਗਵਾਹ ਬਣਦੇ।*

**# ਸੰਪਰਕ** : 006421392147

# ਆਪਣੀ ਸਿਹਤ ਨੂੰ ਸੁਧਾਰੋ ਨਮਕ ਦੀ ਆਦਤ ਨੂੰ ਛੱਡ ਕੇ !

ਇਹ ਬਹੁਤ ਮਹੱਤਵਪੂਰਨ ਹੈ ਕਿ ਅਸੀਂ ਇਸ ਹਫ਼ਤੇ ਪੈਸੇ ਦੀ ਬੱਚਤ ਕਰੀਏ ਅਤੇ ਗਲੋਬਲ ਏਜੰਡੇ 'ਤੇ ਘੱਟ ਲੂਣ ਪ੍ਰਾਪਤ ਕਰਨ ਲਈ ਵਧ ਰਹੀ ਲਹਿਰ ਵਿੱਚ ਸ਼ਾਮਲ ਹੋਈਏ ਅਤੇ ਇਸ ਤੋਂ ਵੀ ਮਹੱਤਵਪੂਰਨ, ਸਾਡੀ ਆਪਣੀ ਜ਼ਿੰਦਗੀ ਨੂੰ ਸਿਹਤਮੰਦ ਬਣਾਈਏ।

ਸਿਹਤ ਮਾਹਰਾਂ ਦਾ ਕਹਿਣਾ ਹੈ ਕਿ ਦਿਲ ਦੇ ਦੌਰੇ ਅਤੇ ਸਟ੍ਰੋਕ ਦੁਨੀਆ ਭਰ ਵਿੱਚ ਮੌਤ ਅਤੇ ਅਪਾਹਜਤਾ ਦੇ ਪ੍ਰਮੁੱਖ ਕਾਰਨ ਹਨ। ਹਰ ਸਾਲ 17.9 ਮਿਲੀਅਨ ਲੋਕ ਇਸ ਦੇ ਦੌਰੇ ਅਤੇ ਸਟ੍ਰੋਕ ਕਾਰਨ ਮਰ ਜਾਂਦੇ ਹਨ। ਇਹ ਜੋ ਦਬਾਅ ਸਿਰਫ਼ ਵਿਅਕਤੀਆਂ ਅਤੇ ਉਨ੍ਹਾਂ ਦੇ ਪਰਵਾਰਾਂ 'ਤੇ ਹੀ ਨਹੀਂ, ਸਗੋਂ ਸਿਹਤ ਸੰਭਾਲ ਸੰਸਥਾਵਾਂ 'ਤੇ ਵੀ ਰਿਹਾ ਹੈ, ਜੋ ਸਾਡੇ ਹੱਥ ਵਿਚ ਹੈ, ਜਿਸ ਨੂੰ ਇਕ ਲੂਣ ਦੀ ਚੁਟਕੀ ਨਾਲ ਬਹੁਤਿਆਂ ਦੀਆਂ ਜ਼ਿੰਦਗੀਆਂ ਬਚਾਈਆਂ ਜਾ ਸਕਦੀਆਂ ਹਨ।

ਰਿਪੋਰਟ ਵਿੱਚ ਕਿਹਾ ਗਿਆ ਹੈ, "ਜ਼ਿਆਦਾਤਰ ਕੇਸ ਪੂਰੀ ਤਰ੍ਹਾਂ ਰੋਕੇ ਜਾ ਸਕਦੇ ਹਨ, ਇਸ ਲਈ ਇਹ ਜ਼ਰੂਰੀ ਹੈ ਕਿ ਅਸੀਂ ਸਾਰੇ ਆਪਣੀ ਸਿਹਤ ਨੂੰ ਬਿਹਤਰ ਬਣਾਉਣ ਲਈ ਕੰਮ ਕਰੀਏ ਅਤੇ ਇਹਨਾਂ ਚੀਜ਼ਾਂ ਨੂੰ ਪਹਿਲੀ ਥਾਂ 'ਤੇ ਹੋਣ ਤੋਂ ਰੋਕੀਏ।" "ਇਹ ਥੋੜ੍ਹਾ ਜਿਹਾ ਜਾਣਿਆ-ਪਛਾਣਿਆ ਸੱਚ ਹੈ ਕਿ ਸਾਡੇ ਲੂਣ ਦੇ ਸੇਵਨ ਨੂੰ ਘਟਾਉਣਾ ਸਾਡੀ ਸਿਹਤ ਨੂੰ ਬਿਹਤਰ ਬਣਾਉਣ ਲਈ ਸਭ ਤੋਂ ਸਰਲ ਅਤੇ ਸਭ ਤੋਂ ਪ੍ਰਭਾਵਸ਼ਾਲੀ ਰਣਨੀਤੀਆਂ ਵਿੱਚੋਂ ਇੱਕ ਹੈ।"

ਇਹ ਤੱਥ ਕਿ ਵਿਸ਼ਵ ਲੂਣ ਜਾਗਰੂਕਤਾ ਹਫ਼ਤਾ ਸਾਡੇ ਕੈਲੰਡਰ 'ਤੇ ਹੋਣਾ ਚਾਹੀਦਾ ਹੈ, ਖਾਸ ਤੌਰ 'ਤੇ ਵਿਸ਼ਵ ਸਿਹਤ ਸੰਗਠਨ ਦੇ ਪਿਛਲੇ ਹਫ਼ਤੇ ਜਾਰੀ ਕੀਤੇ ਅਧਿਐਨ ਦੀ ਰੌਸ਼ਨੀ ਵਿੱਚ ਮਹੱਤਵਪੂਰਨ ਹੈ।

ਭੋਜਨ ਵਿੱਚ ਨਮਕ (ਸੋਡੀਅਮ ਕਲੋਰਾਈਡ) ਇੱਕ ਵੱਡਾ ਕਾਰਕ ਹੈ, ਕਿਉਂਕਿ ਇਹ ਬਲੱਡ ਪ੍ਰੈਸ਼ਰ, ਹਾਈਪਰਟੈਨਸ਼ਨ ਅਤੇ ਦਿਲ ਦੀ ਬਿਮਾਰੀ ਦੇ ਸਮੁੱਚੇ ਜੋਖਮ ਨੂੰ ਪ੍ਰਭਾਵਿਤ ਕਰਦਾ ਹੈ। ਡਬਲਯੂ ਐੱਚ ਓ ਦਾ ਕਹਿਣਾ ਹੈ ਕਿ ਲੋਕਾਂ ਨੂੰ ਦਿਲ ਦੀਆਂ ਬਿਮਾਰੀਆਂ ਤੋਂ ਬਚਣ ਲਈ ਪ੍ਰਤੀ ਦਿਨ 5 ਗ੍ਰਾਮ ਲੂਣ (ਜਾਂ 2 ਗ੍ਰਾਮ ਸੋਡੀਅਮ) ਤੋਂ ਵੱਧ ਨਹੀਂ ਖਾਣਾ ਚਾਹੀਦਾ, ਜੋ ਕਿ ਦੁਨੀਆ ਭਰ ਵਿੱਚ ਮੌਤ ਦਾ ਮੁੱਖ ਕਾਰਨ ਹਨ। ਫਿਰ ਵੀ ਬਹੁਤ ਸਾਰੇ ਦੇਸ਼ਾਂ ਦੇ ਅਧਿਐਨ ਦਰਸਾਉਂਦੇ ਹਨ ਕਿ ਜ਼ਿਆਦਾਤਰ ਲੋਕ ਸਿਫ਼ਾਰਸ਼ ਕੀਤੇ ਗਏ ਨਾਲੋਂ ਕਿਤੇ ਜ਼ਿਆਦਾ ਲੂਣ ਖਾਂਦੇ ਹਨ।


ਸੁਰਜੀਤ ਸਿੰਘ ਫਲੋਰਾ

ਬਹੁਤ ਸਾਰੇ ਉੱਚ-ਆਮਦਨ ਵਾਲੇ ਦੇਸ਼ਾਂ ਦੇ ਲੋਕ ਪ੍ਰੋਸੈਸਡ ਭੋਜਨਾਂ ਅਤੇ ਘਰ ਤੋਂ ਬਾਹਰ ਪਰੋਸੇ ਜਾਣ ਵਾਲੇ ਭੋਜਨਾਂ ਤੋਂ ਲੱਗਭੱਗ 75% ਨਮਕ ਦੀ ਖਪਤ ਕਰਦੇ ਹਨ। ਬਹੁਤ ਸਾਰੇ ਘੱਟ ਅਤੇ ਮੱਧ-ਆਮਦਨੀ ਵਾਲੇ ਦੇਸ਼ਾਂ ਵਿੱਚ ਖਪਤ ਕੀਤੇ ਜਾਣ ਵਾਲੇ ਸੋਡੀਅਮ ਦੀ ਬਹੁਗਿਣਤੀ ਖਾਣਾ ਪਕਾਉਣ ਦੌਰਾਨ ਅਤੇ ਮੇਜ਼ 'ਤੇ ਘਰ ਵਿੱਚ ਟੇਬਲਾਂ 'ਤੇ ਪਏ ਨਮਕ ਦੇ ਨਾਲ-ਨਾਲ ਮੱਛੀ ਦੀ ਚਟਣੀ ਅਤੇ ਸੋਇਆ ਸਾਸ ਵਰਗੇ ਮਸਾਲਿਆਂ ਤੋਂ ਮਿਲਦੀ ਹੈ। ਪ੍ਰਤੀ ਦਿਨ 5 ਗ੍ਰਾਮ ਤੋਂ ਘੱਟ ਦੇ ਸਿਫ਼ਾਰਸ਼ ਕੀਤੇ ਪੱਧਰ ਤੋਂ ਘਟਾ ਕੇ ਮੌਜੂਦਾ ਗਲੋਬਲ ਪੱਧਰ 9-12 ਗ੍ਰਾਮ ਪ੍ਰਤੀ ਦਿਨ ਤੱਕ ਲੂਣ ਦਾ ਸੇਵਨ ਬਲੱਡ ਪ੍ਰੈਸ਼ਰ ਅਤੇ ਦਿਲ ਦੀ ਬਿਮਾਰੀ 'ਤੇ ਵੱਡਾ ਪ੍ਰਭਾਵ ਪਾਉਂਦਾ ਹੈ, ਹਰ ਇੱਕ ਨੂੰ ਦਿਲ ਦੇ ਦੌਰੇ ਅਤੇ ਸਟ੍ਰੋਕ ਨਾਲ 2.5 ਮਿਲੀਅਨ ਮੌਤਾਂ ਨੂੰ ਰੋਕਦਾ ਹਰ ਸਾਲ ਰੋਕ ਸਕਦਾ ਹੈ।

ਨਾਲ ਹੀ, ਡਬਲਯੂ ਐੱਚ ਓ ਨੇ ਹੈਰਾਨ ਕਰਨ ਵਾਲੀ ਘੋਸ਼ਣਾ ਵੀ ਕੀਤੀ ਕਿ ਵਿਸ਼ਵ 2025 ਤੱਕ ਲੂਣ ਦੀ ਖਪਤ ਨੂੰ 30% ਤੱਕ ਘਟਾਉਣ ਦੇ ਆਪਣੇ ਟੀਚੇ ਨੂੰ ਪੂਰਾ ਕਰਨ ਦੇ ਰਾਹ 'ਤੇ ਨਹੀਂ ਹੈ। ਨਾਲ ਹੀ 2030 ਤੱਕ ਲੱਗਭੱਗ 70 ਲੱਖ ਜਾਨਾਂ ਬਚਾਈਆਂ ਜਾ ਸਕਦੀਆਂ ਹਨ, ਜੇਕਰ ਲੂਣ ਦੇ ਸੇਵਨ ਨੂੰ ਘਟਾਉਣ ਲਈ ਰਣਨੀਤੀਆਂ ਹਰ ਦੇਸ਼ ਦੀਆਂ ਸਰਕਾਰਾਂ ਤਿਆਰ ਕਰਨ ਤਾਂ।

ਡਬਲਯੂ ਐੱਚ ਓ ਦੇ ਡਾਇਰੈਕਟਰ ਜਨਰਲ ਡਾ: ਟੇਡਰੋਸ ਅਡਾਨੋਮ ਨੇ ਕਿਹਾ, "ਗੈਰ-ਸਿਹਤਮੰਦ ਖ਼ੁਰਾਕ ਵਿਸ਼ਵ ਪੱਧਰ 'ਤੇ ਮੌਤ ਅਤੇ ਬਿਮਾਰੀਆਂ ਦਾ ਮੁੱਖ ਕਾਰਨ ਹੈ ਅਤੇ ਬਹੁਤ ਜ਼ਿਆਦਾ ਲੂਣ ਦਾ ਸੇਵਨ ਮੁੱਖ ਕਾਰਨਾਂ ਵਿੱਚੋਂ ਇੱਕ ਹੈ।" ਇਸ ਵਿਸ਼ਲੇਸ਼ਣ ਦੇ ਅਨੁਸਾਰ ਜ਼ਿਆਦਾਤਰ ਰਾਸ਼ਟਰਾਂ ਨੇ ਅਜੇ ਤੱਕ ਕਿਸੇ ਵੀ ਲਾਜ਼ਮੀ ਨਿਯਮ ਨੂੰ ਲਾਗੂ ਨਹੀਂ ਕੀਤਾ ਹੈ। ਲੂਣ ਘਟਾਉਣ ਦੇ ਪ੍ਰੋਗਰਾਮ, ਉਹਨਾਂ ਦੇ ਨਾਗਰਿਕਾਂ ਨੂੰ ਦਿਲ ਦੇ ਦੌਰੇ, ਸਟ੍ਰੋਕ ਅਤੇ ਹੋਰ ਸਿਹਤ ਸਮੱਸਿਆਵਾਂ ਦੇ ਖ਼ਤਰੇ ਵਿੱਚ ਪਾਉਂਦੇ ਹਨ।"

ਡਬਲਯੂ ਐੱਚ ਓ ਦੇ ਮੁਲਾਂਕਣ ਅਨੁਸਾਰ ਦੁਨੀਆ ਦੀ ਬਹੁਗਿਣਤੀ ਆਬਾਦੀ ਹਰ ਰੋਜ਼ ਲੱਗਭੱਗ 10.8 ਗ੍ਰਾਮ ਲੂਣ ਖਾਂਦੀ ਹੈ, ਜੋ ਕਿ ਇੱਕ ਚਮਚ ਦੀ ਸਿਫਾਰਸ਼ ਕੀਤੀ ਰੋਜ਼ਾਨਾ ਮਾਤਰਾ ਤੋਂ ਦੁੱਗਣੀ ਹੈ।

ਟੇਬਲ ਲੂਣ ਜਾਂ ਸੋਡੀਅਮ ਕਲੋਰਾਈਡ, ਸੋਡੀਅਮ ਦਾ ਸਾਡਾ ਮੁੱਖ ਅਤੇ ਸਭ ਤੋਂ ਆਮ ਸਰੋਤ ਹੈ। ਇਹ ਰਸੋਈਆਂ ਅਤੇ ਰਾਤ ਦੇ ਖਾਣੇ ਦੇ ਮੇਜ਼ਾਂ 'ਤੇ ਪਏ ਹੋਣਾ ਇੱਕ ਆਮ ਦ੍ਰਿਸ਼ ਹੈ, ਜਿੱਥੇ ਸ਼ੇਕਰ ਹਮੇਸ਼ਾ ਇਸ ਨਾਲ ਭਰੇ ਰਹਿੰਦੇ ਹਨ।

ਪਰ ਪਰਉਪਕਾਰ ਦੀ ਤਰ੍ਹਾਂ ਲੂਣ ਦੀ ਕਮੀ ਘਰ ਤੋਂ ਸ਼ੁਰੂ ਹੁੰਦੀ ਹੈ, ਸ਼ੁਰੂਆਤੀ ਬਿੰਦੂ ਵਜੋਂ ਸਿੱਖਿਆ ਦੇ ਨਾਲ।

ਇਸ ਦੇ ਨਾਲ ਹੀ ਖੋਜ ਦਰਸਾਉਂਦੀ ਹੈ ਕਿ ਮਨੁੱਖਾਂ ਨੂੰ ਨਸਾਂ ਦੀਆਂ ਭਾਵਨਾਵਾਂ, ਮਾਸਪੇਸ਼ੀਆਂ ਨੂੰ ਸੁੰਗੜਨ ਅਤੇ ਆਰਾਮ ਦੇਣ, ਅਤੇ ਪਾਣੀ ਅਤੇ ਖਣਿਜਾਂ ਦਾ ਸਿਹਤਮੰਦ ਸੰਤੁਲਨ ਰੱਖਣ ਲਈ ਥੋੜ੍ਹੀ ਮਾਤਰਾ ਵਿੱਚ ਸੋਡੀਅਮ ਦੀ ਲੋੜ ਹੁੰਦੀ ਹੈ।

ਲੂਣ ਘੱਟ ਕਰਨ ਦੀ ਜ਼ਿਆਦਾ ਵਰਤੋਂ ਕਰਨਾ ਜਾਂ ਬਹੁਤ ਜ਼ਿਆਦਾ ਨਮਕੀਨ ਪ੍ਰੋਸੈਸਡ ਭੋਜਨ ਖਾਣ ਨਾਲ ਬਹੁਤ ਜ਼ਿਆਦਾ ਸੋਡੀਅਮ ਅਤੇ ਪਾਣੀ ਦੀ ਧਾਰਨਾ ਹੋ ਸਕਦੀ ਹੈ। ਨਤੀਜੇ ਵਜੋਂ, ਤਰਲ ਦੀ ਮਾਤਰਾ ਵਧਣ ਨਾਲ ਦਿਲ ਸਖ਼ਤ ਪੰਪ ਕਰਦਾ ਹੈ ਅਤੇ ਖ਼ੂਨ ਦੀਆਂ ਨਾੜੀਆਂ ਵਿੱਚ ਦਬਾਅ ਪੈਦਾ ਕਰਦਾ ਹੈ। ਹਾਈ ਬਲੱਡ ਪ੍ਰੈਸ਼ਰ, ਦਿਲ ਦੀ ਬਿਮਾਰੀ ਅਤੇ ਸਟ੍ਰੋਕ ਅੰਤਮ ਨਤੀਜੇ ਹਨ।

ਸਭ ਤੋਂ ਪਹਿਲਾਂ ਨਮਕ ਤੁਹਾਨੂੰ ਬਹੁਤ ਪਿਆਸ ਮਹਿਸੂਸ ਕਰਵਾਏਗਾ। ਫਿਰ ਤੁਸੀਂ ਕਮਜ਼ੋਰ ਅਤੇ ਬਿਮਾਰ ਮਹਿਸੂਸ ਕਰੋਗੇ ਅਤੇ ਤੁਹਾਡੀ ਭੁੱਖ ਖਤਮ ਹੋ ਜਾਵੇਗੀ। ਜਿਵੇਂ-ਜਿਵੇਂ ਸਮਾਂ ਬੀਤਦਾ ਜਾਂਦਾ ਹੈ, ਲੱਛਣ ਵਿਗੜ ਜਾਂਦੇ ਹਨ, ਜਿਵੇਂ ਕਿ ਉਲਝਣ, ਮਾਸਪੇਸ਼ੀਆਂ ਦਾ ਮਰੋੜਨਾ ਅਤੇ ਦਿਮਾਗ ਦੇ ਅੰਦਰ ਜਾਂ ਆਲੇ-ਦੁਆਲੇ ਖ਼ੂਨ ਵਗਣਾ। ਜਦੋਂ ਦਿਮਾਗ ਖੋਪੜੀ ਦੇ ਵਿਰੁੱਧ ਸੁੱਜ ਜਾਂਦਾ ਹੈ ਤਾਂ ਇਹ ਵਿਅਕਤੀ ਨੂੰ ਮਾਰ ਦਿੰਦਾ ਹੈ।

ਲੂਣ ਦਾ ਜ਼ਹਿਰ ਆਮ ਤੌਰ ਤੇ ਲੋਕਾਂ ਨੂੰ ਉਲਝਣ ਅਤੇ ਘਬਰਾਹਟ ਮਹਿਸੂਸ ਕਰਵਾਉਂਦਾ ਹੈ। ਦੌਰੇ ਅਤੇ ਕੋਮਾ ਹੋ ਸਕਦੇ ਹਨ ਜੇਕਰ ਜ਼ਹਿਰ ਕਾਫ਼ੀ ਖ਼ਰਾਬ ਹੈ। ਜੇਕਰ ਡਾਕਟਰੀ ਸਹਾਇਤਾ ਨਾ ਦਿੱਤੀ ਜਾਵੇ ਤਾਂ ਵਿਅਕਤੀ ਦੀ ਮੌਤ ਹੋ ਸਕਦੀ ਹੈ। ਹਾਈਪਰਨੇਟ੍ਰੀਮੀਆ ਜਾਂ ਖ਼ੂਨ ਵਿੱਚ ਸੋਡੀਅਮ ਦਾ ਇੱਕ ਅਸਧਾਰਨ ਉੱਚ ਪੱਧਰ, ਆਮ ਤੌਰ 'ਤੇ ਇਹਨਾਂ ਲੱਛਣਾਂ ਦਾ ਕਾਰਨ ਹੁੰਦਾ ਹੈ।

ਤਕਰੀਬਨ ਹਰ ਦੇਸ਼ ਦੇ ਲੋਕ ਡਾਇਬਟੀਜ਼ ਵਰਗੀਆਂ ਗੈਰ-ਸੰਚਾਰੀ ਬਿਮਾਰੀਆਂ ਦੇ ਸਮਾਜਿਕ, ਸਿਹਤ ਅਤੇ ਆਰਥਿਕ ਪ੍ਰਭਾਵਾਂ ਨਾਲ ਵੀ ਨਜਿੱਠ ਰਹੇ ਹਨ, ਜੋ ਅਕਸਰ ਬਹੁਤ ਜ਼ਿਆਦਾ ਖੰਡ, ਚਰਬੀ ਅਤੇ ਨਮਕ ਖਾਣ ਨਾਲ ਬਦਤਰ ਹੋ ਰਹੇ ਹਨ।

ਇਸ ਲਈ ਸਾਨੂੰ 15-21 ਮਈ ਦੇ ਹਫ਼ਤੇ ਨੂੰ ਬਚਾਉਣ ਦੀ ਯੋਜਨਾ ਬਣਾਉਣੀ ਚਾਹੀਦੀ ਹੈ ਅਤੇ ਆਪਣੀ ਸਿਹਤ ਨੂੰ ਸੁਧਾਰ ਅਤੇ ਵਧੀਆ ਸਿਹਤਮੰਦ ਰਹਿਣ ਲਈ ਬਹੁਤੇ ਨਮਕ ਦੀ ਆਦਤ ਨੂੰ ਛੱਡ ਦੇਣਾ ਚਾਹੀਦਾ ਹੈ, ਜਿਸ ਵਿਚ ਹੀ ਤੁਹਾਡਾ ਅਤੇ ਤੁਹਾਡੇ ਪਰਵਾਰ ਦਾ ਭਲਾ ਹੈ!

ਮਾਮਲਾ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਨਾਲ ਦੁਰਵਿਹਾਰ ਦਾ

# ਬਾਰ ਐਸੋਸੀਏਸ਼ਨ ਵੱਲੋਂ ਐੱਸ ਡੀ ਐੱਮ ਦਫਤਰ ਅੱਗੇ ਦੂਜੇ ਦਿਨ ਵੀ ਧਰਨਾ



**ਤਲਵੰਡੀ ਸਾਬੋ (ਜਗਦੀਪ ਗਿੱਲ)**

ਬਾਰ ਐਸੋਸੀਏਸ਼ਨ ਤਲਵੰਡੀ ਸਾਬੋ ਵੱਲੋਂ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਵਰਿੰਦਰ ਸਿੰਘ ਢਿੱਲੋਂ ਨਾਲ ਤਹਿਸੀਲ ਦਫਤਰ ਦੇ ਇੱਕ ਕਲਰਕ ਵੱਲੋਂ ਦੁਰਵਿਹਾਰ ਕਰਨ ਦੇ ਰੋਸ ਵਜੋਂ ਐੱਸ.ਡੀ.ਐੱਮ. ਦਫਤਰ ਅੱਗੇ ਧਰਨਾ ਦੂਜੇ ਦਿਨ ਵੀ ਜਾਰੀ ਰਿਹਾ। ਬਾਰ ਐਸੋਸੀਏਸ਼ਨ ਵੱਲੋਂ ਧਰਨਾ ਲਗਾ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਪ੍ਰਦਰਸ਼ਨਕਾਰੀਆਂ ਨੇ ਮਾਮਲਾ ਹੱਲ ਨਾ ਹੋਣ ਤੱਕ ਸੰਘਰਸ਼ ਜਾਰੀ ਰੱਖਣ ਦਾ ਐਲਾਨ ਕੀਤਾ। ਪ੍ਰਦਰਸ਼ਨ ਦੌਰਾਨ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਵਰਿੰਦਰ ਸਿੰਘ ਢਿੱਲੋਂ ਨੇ ਦੱਸਿਆ ਕਿ ਤਹਿਸੀਲ ਦਫਤਰ ਦੇ ਇੱਕ ਕਲਰਕ ਨੂੰ ਇੱਕ ਲੋੜਵੰਦ ਵਿਅਕਤੀ, ਜਿਸ ਨੂੰ ਸਰਕਾਰੀ ਨੌਕਰੀ ਮਿਲੀ ਸੀ, ਦੀ ਜਾਤੀ ਸਰਟੀਫਿਕੇਟ ਦੀ ਵੈਰੀਫਿਕੇਸ਼ਨ ਆਈ ਸੀ, ਜੋ ਕਿ ਵੈਰੀਫਿਕੇਸ਼ਨ ਕਰਵਾਉਣ ਲਈ ਲਈ ਦਫਤਰ ਦੇ ਕਈ ਗੇੜੇ ਮਾਰ ਚੁੱਕਾ ਸੀ, ਪਰ ਉਸ ਦੀ ਵੈਰੀਫਿਕੇਸ਼ਨ ਨਹੀਂ ਕੀਤੀ ਗਈ ਤੇ ਉਸ ਨੂੰ ਪ੍ਰੇਸ਼ਾਨ ਕੀਤਾ ਜਾ ਰਿਹਾ ਸੀ। ਪ੍ਰਧਾਨ ਨੇ ਦੱਸਿਆ ਕਿ ਉਕਤ ਨੌਜਵਾਨ ਨੇ ਆਪਣੀ ਮੁਸ਼ਕਲ ਬਾਰੇ ਮੈਨੂੰ ਦੱਸਿਆ ਤਾਂ ਮੈਂ ਵੀ ਕਲਰਕ ਨੂੰ ਕੰਮ ਕਰਨ ਲਈ ਕਿਹਾ, ਪਰ ਉਸ ਨੇ ਕਈ ਵਾਰ ਕਹਿਣ ਦੇ ਬਾਵਜੂਦ ਕੰਮ ਨਹੀਂ ਕੀਤਾ, ਸਗੋਂ ਸਾਡੇ ਨਾਲ ਦੁਰਵਿਹਾਰ ਕੀਤਾ। ਉਨ੍ਹਾ ਦੱਸਿਆ ਕਿ ਜਦੋਂ ਅਸੀਂ ਐੱਸ.ਡੀ.ਐੱਮ. ਨੂੰ ਮਾਮਲੇ ਦੀ ਸ਼ਿਕਾਇਤ ਕਰਕੇ ਵਾਪਸ ਜਾ ਰਹੇ ਸੀ ਤਾਂ ਉਸ ਨੇ ਐੱਸ.ਡੀ.ਐੱਮ. ਦਫਤਰ ਦੇ ਬਾਹਰ ਮੇਰੇ ਨਾਲ ਗਾਲੀ ਗਲੋਚ ਕੀਤਾ, ਜਿਸ ਦੇ ਰੋਸ ਵਿੱਚ ਧਰਨਾ ਅੱਜ ਵੀ ਜਾਰੀ ਰਿਹਾ। ਉਨ੍ਹਾਂ ਦੋਸ਼ ਲਗਾਇਆ ਕਿ ਦਫਤਰਾਂ ਵਿੱਚ ਲੋਕਾਂ ਤੋਂ ਖੁੱਲੇਆਮ ਰਿਸ਼ਵਤਾਂ ਲੈ ਕੇ ਕੰਮ ਕੀਤੇ ਜਾ ਰਹੇ ਹਨ, ਜਿਸ ਕਰਕੇ ਇਨ੍ਹਾਂ ਖਿਲਾਫ ਸਖਤ ਕਰਵਾਈ ਕੀਤੀ ਜਾਵੇ। ਉਨ੍ਹਾਂ ਮੰਗ ਕੀਤੀ ਕਿ ਜਿੰਨਾ ਸਮਾਂ ਕਲਰਕ ਖਿਲ਼ਾਫ ਕਾਰਵਾਈ ਨਹੀਂ ਕੀਤੀ ਜਾਂਦੀ, ਉਨਾ ਸਮਾਂ ਸੰਘਰਸ਼ ਜਾਰੀ ਰਹੇਗਾ ਤੇ ਸੰਘਰਸ਼ ਹੋਰ ਵੀ ਤਿੱਖਾ ਕੀਤਾ ਜਾਵੇਗਾ।

# ਨ.ਫਰਤ, ਬਦਲਾਖੋਰੀ ਦੀ ਸਿਆਸਤ ਨਾਲ ਪੰਜਾਬ ਤੇ ਪੰਜਾਬੀਅਤ ਨੂੰ ਬਦਨਾਮ ਕੀਤਾ ਜਾ ਰਿਹੈ : ਸੁਖਬੀਰ ਬਾਦਲ



ਖੇਡ ਮੇਲੇ ਦੌਰਾਨ ਸੰਬੋਧਨ ਕਰਦੇ ਹੋਏ ਸੁਖਬੀਰ ਸਿੰਘ ਬਾਦਲ।

**ਬੁਢਲਾਡਾ (ਅਸ਼ੋਕ ਲਾਕੜਾ)**

ਪੰਜਾਬ ਦੀ ਅਮਨ ਸ਼ਾਂਤੀ ਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨਾ ਸਮੇਂ ਦੀ ਮੁੱਖ ਲੋੜ ਹੈ। ਇਹ ਸ਼ਬਦ ਇੱਥੇ ਪਿੰਡ ਕਲੀਪੁਰ ਵਿਖੇ 2 ਰੋਜ਼ਾ ਕਬੱਡੀ ਟੂਰਨਾਮੈਂਟ ਦੇ ਇਨਾਮ ਵੰਡ ਸਮਾਰੋਹ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ (ਬ) ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ। ਉਨ੍ਹਾ ਕਿਹਾ ਕਿ ਅੱਜ ਪੰਜਾਬ ਨੂੰ ਨਫ਼ਰਤ, ਬਦਲਾਖੋਰੀ ਦੀ ਸਿਆਸਤ ਨਾਲ ਪੰਜਾਬ ਤੇ ਪੰਜਾਬੀਅਤ ਨੂੰ ਬਦਨਾਮ ਕੀਤਾ ਜਾ ਰਿਹਾ ਹੈ। ਉਨ੍ਹਾ ਕਿਹਾ ਕਿ ਪੰਜਾਬ ਵਿੱਚ ਹਰ ਵਿਅਕਤੀ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰਦਾ ਹੈ। ਉਨ੍ਹਾ ਕਿਹਾ ਕਿ ਲੁੱਟਾਂ-ਖੋਹਾਂ ਤੇ ਫਰੌਤੀਆਂ ਕਾਰਨ ਲੋਕ ਅੱਜ ਸਹਿਮ ਦੀ ਜ਼ਿੰਦਗੀ ਬਸਰ ਕਰਨ ਲਈ ਮਜਬੂਰ ਹਨ। ਉਨ੍ਹਾ 2022 ਦੀਆਂ ਲੋਕ ਸਭਾ ਚੋਣਾਂ ਲਈ ਪਾਰਟੀ ਵਰਕਰਾਂ ਨੂੰ ਲਾਮਬੰਦ ਹੋਣ ਦਾ ਸੱਦਾ ਦਿੱਤਾ। ਸ੍ਰ. ਬਾਦਲ ਨੇ ਕਿਹਾ ਕਿ ਪੰਜਾਬ ਦੇ ਪਿੰਡਾਂ 'ਚ ਖੇਡੀ ਜਾਂਦੀ ਕਬੱਡੀ ਦੁਨੀਆ ਦੇ 19 ਮੁਲਕਾਂ 'ਚ ਸ਼੍ਰੋਮਣੀ ਅਕਾਲੀ ਦਲ ਸਰਕਾਰ ਦੇ 7 ਸਾਲ ਕਾਰਜਕਾਲ ਦੌਰਾਨ ਖੇਡੀ ਗਈ। ਪੰਜਾਬ 'ਚ 100 ਕਰੋੜ ਰੁਪਏ ਹਰ ਸਾਲ ਖੇਡਾਂ ਲਈ ਰਾਖਵਾਂ ਹੁੰਦਾ ਸੀ, ਜਿਸ ਨਾਲ ਹਰ ਸਾਲ ਵਰਲਡ ਕੱਪ ਕਰਵਾਉਂਦਿਆਂ ਪੰਜਾਬ ਅੰਦਰ ਮੇਲੇ ਜਿਹਾ ਮਾਹੌਲ ਹੁੰਦਾ ਸੀ। ਹਾਕੀ ਖੇਡ ਨੂੰ ਪ੍ਰਫੁਲਤ ਕਰਨ ਲਈ 17 ਖੇਡ ਸਟੇਡੀਅਮ ਦਾ ਨਿਰਮਾਣ ਕੀਤਾ ਗਿਆ ਤਾਂ ਜੋ ਪੰਜਾਬ ਦੀ ਜਵਾਨੀ ਨੂੰ ਗਰਾਊਂਡ ਨਾਲ ਜੋੜਿਆ ਜਾ ਸਕੇ। ਉਨ੍ਹਾ ਹਲਕੇ ਦੇ ਲੋਕਾਂ ਨੂੰ ਯਾਦ ਕਰਵਾਇਆ ਕਿ 12 ਸਾਲ ਪਹਿਲਾ ਜਦੋਂ ਇਥੇ ਪੀਣ ਵਾਲਾ ਪਾਣੀ, ਸੜਕਾਂ, ਕਿਰਸਾਨੀ ਦਾ ਮੰਦਾ ਹਾਲ ਸੀ, ਪਰ ਸ਼੍ਰੋਮਣੀ ਅਕਾਲੀ ਦਲ ਦੇ ਯਤਨਾ ਸਦਕਾ ਦੇਸ਼ ਦੀ ਕੇਂਦਰ ਸਰਕਾਰ ਤੋਂ 200 ਕਰੋੜ ਰੁਪਏ ਲਿਆ ਕੇ ਇਸ ਹਲਕੇ ਦੇ ਵਿਕਾਸ ਤੇ ਕਿਰਸਾਨੀ ਨੂੰ ਮਜ਼ਬੂਤ ਕੀਤਾ ਸੀ।

ਅੱਜ ਲੋੜ ਹੈ ਸਾਨੂੰ ਭਾਈਚਾਰਕ ਸਾਂਝ ਦੀ। ਇਸ ਮੌਕੇ ਹਲਕਾ ਇੰਚਾਰਜ ਡਾ. ਨਿਸ਼ਾਨ ਸਿੰਘ, ਠੇਕੇਦਾਰ ਗੁਰਪਾਲ ਸਿੰਘ, ਸਾਬਕਾ ਚੇਅਰਮੈਨ ਬੱਲਮ ਸਿੰਘ ਕਲੀਪੁਰ, ਗੁਰਦੀਪ ਸਿੰਘ ਟੋਡਰਪੁਰ, ਹਰਮੇਲ ਸਿੰਘ ਕਲੀਪੁਰ, ਮਹਿੰਦਰ ਸਿੰਘ ਸੈਦੇਵਾਲਾ, ਅਮਰਜੀਤ ਸਿੰਘ ਕੁਲਾਣਾ, ਬਲਵੀਰ ਸਿੰਘ ਬੀਰਾ, ਨਛੱਤਰ ਸਿੰਘ ਸੰਧੂ, ਜਥੇਦਾਰ ਜੋਗਾ ਸਿੰਘ ਬੋਹਾ, ਦਿਲਬਾਗ ਸਿੰਘ ਅਹਿਮਦਪੁਰ, ਸ਼ਮਸ਼ੇਰ ਸਿੰਘ ਗੁੜੱਦੀ, ਕਾਕਾ ਕੋਚ, ਕੌਂਸਲਰ ਕਾਲੂ ਮਦਾਨ, ਕਰਮਜੀਤ ਕੌਰ ਕਲੀਪੁਰ ਆਦਿ ਹਾਜ਼ਰ ਸਨ। ਇਸ ਮੌਕੇ ਜੇਤੂ ਟੀਮਾਂ ਨੂੰ ਇਨਾਮ ਵੰਡ ਕੇ ਸਨਮਾਨਤ ਕੀਤਾ ਗਿਆ।

# ਜਾਤੀਵਾਦ ਦੀ ਭੇਟ ਚੜ੍ਹੀ ਡਾ. ਪੰਪੋਸ਼ ਦੇ ਕਾਤਲਾਂ ਦੀ ਗ੍ਰਿਫ਼ਤਾਰੀ ਲਈ ਕੱਢਿਆ ਕੈਂਡਲ ਮਾਰਚ

**ਨਾਭਾ (ਵਰਿੰਦਰ ਵਰਮਾ)**

ਸ੍ਰੀ ਗੁਰੂ ਰਾਮਦਾਸ ਮੈਡੀਕਲ ਕਾਲਜ ਵਿੱਚ ਐਮ.ਬੀ.ਬੀ.ਐਸ ਦੀ ਪੜ੍ਹਾਈ ਪੂਰੀ ਕਰ ਚੁੱਕੀ ਇੰਟਰਨਸ਼ਿਪ ਕਰ ਰਹੀ ਡਾ. ਪੰਪੋਸ ਦੀ ਭੇਦਭਰੀ ਮੌਤ ਨੂੰ ਲੈ ਕੇ ਬਹੁਜਨ ਸਮਾਜ ਪਾਰਟੀ ਦੀ ਅਗਵਾਈ ਵਿੱਚ ਬਸਪਾ ਪੰਜਾਬ ਦੇ ਨਿਰਦੇਸ਼ਾਂ ਅਨੁਸਾਰ ਇਨਸਾਫ਼ ਪਸੰਦ ਭਰਾਤਰੀ ਜਥੇਬੰਦੀਆਂ ਸ੍ਰੀ ਗੁਰੂ ਰਵਿਦਾਸ ਸੇਵਾ ਸੁਸਾਇਟੀ ਰਜਿ:, ਪੰਜਾਬ ਸਫ਼ਾਈ ਕ੍ਰਮਚਾਰੀ ਯੂਨੀਅਨ, ਬਾਲਮਿਕੀ ਸਭਾ, ਜੈ.ਕਬੀਰ ਸਭਾ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ, ਭਾਈ ਜੀਵਨ ਰੰਗਰੇਟਾ ਗੁਰੂਦੁਆਰਾ ਕਮੇਟੀ ਨੇ ਸਾਂਝੇ ਤੌਰ 'ਤੇ ਵੱਡੀ ਗਿਣਤੀ ਵਿੱਚ ਬੀਬੀਆਂ ਦੇ ਸਹਿਯੋਗ ਨਾਲ ਰੋਸ ਮਾਰਚ ਤੇ ਕੈਂਡਲ ਮਾਰਚ ਕੱਢਿਆ। ਕੈਂਡਲ ਮਾਰਚ ਦੀ ਅਗਵਾਈ ਕਰਦੇ ਹੋਏ ਬਸਪਾ ਦੇ ਇੰਚਾਰਜ ਅਮਰ ਸਿੰਘ ਟੌਡਰਵਾਲ ਸ੍ਰੀ ਸੰਦੀਪ ਬਾਲੀ, ਦਲਬੀਰ ਸਿੰਘ ਛੀਟਾਂਵਾਲਾ ਨੇ ਕਿਹਾ ਕਿ ਪੰਜਾਬ ਅੰਦਰ ਹਰ ਰੋਜ਼ ਲੋਕ ਜਾਤੀ ਵਿਤਕਰੇ ਦੇ ਸ਼ਿਕਾਰ ਹੋ ਰਹੇ ਹਨ। ਗੁਰੂ ਦੇ ਚਰਨ ਛੋਹ ਧਰਤੀ ਪੰਜਾਬ ਅੰਦਰ ਅਨੁਸੂਚਿਤ ਜਾਤੀ ਤਸ਼ੱਸਦ ਦੀ ਘਟਨਾਵਾਂ ਵਿਚ ਹਰ ਰੋਜ਼ ਵਾਧਾ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਨੂੰ ਪੜ੍ਹਨ ਤੋਂ ਰੋਕਣ ਲਈ ਬੇਇੱਜ਼ਤ ਤੇ ਜ਼ਲੀਲ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਗੁਰੂ ਰਾਮਦਾਸ ਮੈਡੀਕਲ ਕਾਲਜ ਵਿਖੇ ਇੱਕ ਹੋਣਹਾਰ ਬੱਚੀ ਦਾ ਕਤਲ ਕਰ ਦਿੱਤਾ ਹੈ। ਜੇਕਰ ਸਰਕਾਰ ਨੇ ਡਾ. ਪੰਪੋਸ ਦੇ ਕਾਤਲਾਂ ਨੂੰ ਜਲਦੀ ਗ੍ਰਿਫ਼ਤਾਰ ਨਾ ਕੀਤਾ। ਉਨ੍ਹਾਂ ਨੂੰ ਬਣਦੀ ਸਜ਼ਾ ਨਾ ਦਿੱਤੀ ਗਈ ਤਾਂ ਬਸਪਾ ਤਿੱਖਾ ਸੰਘਰਸ਼ ਕਰੇਗੀ। ਅਮਰ ਸਿੰਘ ਟੋਡਰਵਾਲ ਨੇ ਰੋਸ ਪ੍ਰਗਟ ਕੀਤਾ ਕਿ ਸਰਕਾਰ ਦੇ ਕਿਸੇ ਵੀ ਮੰਤਰੀ, ਵਿਧਾਇਕ, ਮੁੱਖ ਮੰਤਰੀ ਨੇ ਡਾ. ਪੰਪੋਸ ਪ੍ਰਤੀ ਦੁੱਖ ਪ੍ਰਗਟ ਨਹੀਂ ਕੀਤਾ ਤੇ ਨਾ ਹੀ ਹਾਅ ਦਾ ਨਾਅਰਾ ਮਾਰਿਆ। ਰੋਸ ਮਾਰਚ ਵਿੱਚ ਵਿਸ਼ੇਸ ਤੌਰ 'ਤੇ ਸ੍ਰੀ ਸੋਨੀ ਹੰਸ, ਸਤਪਾਲ ਰਾਏ, ਕ੍ਰਿਸ਼ਨ ਭੜੋ, ਗੁਰਮੁਖ ਸਿੰਘ ਤੁੰਗਾ, ਜਸਵੀਰ ਸਿੰਘ ਫੌਜੀ, ਰਾਮਧੰਨ ਸਿੰਘ, ਜਸਪਾਲ ਸਿੰਘ, ਮਾਸਟਰ ਜਗਤਾਰ ਸਿੰਘ, ਰਾਜਿੰਦਰ ਸਿੰਘ ਸਾਧੋਹੇੜੀ, ਸ੍ਰੀ ਹੇਮਰਾਜ, ਜਗਸੀਰ ਸਿੰਘ, ਕਸ਼ਮੀਰ ਲਾਲ, ਸੰਜੇ ਕੁਮਾਰ, ਮਲਕੀਤ ਸਿੰਘ, ਕਰਮ ਸਿੰਘ, ਗੁਰਜੰਟ ਸਿੰਘ ਅੰਮ੍ਰਿਤਪਾਲ ਸਿੰਘ, ਵੀਰਦਵਿੰਦਰ ਸਿੰਘ ਤੇ ਵੱਡੀ ਗਿਣਤੀ 'ਚ ਔਰਤਾਂ ਸ਼ਾਮਲ ਸਨ।



## ਕਾਤਰਾਂ

### ਮਹਿਲਾ ਟੇਬਲ ਟੈਨਿਸ ਮੁਕਾਬਲੇ 24 ਨੂੰ

**ਬਰਨਾਲਾ (ਰਜਿੰਦਰ ਬਰਾੜ, ਰਾਕੇਸ਼ ਨੀਟਾ)**-ਜ਼ਿਲ੍ਹਾ ਖੇਡ ਅਫਸਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਖੇਡ ਵਿਭਾਗ ਬਰਨਾਲਾ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਸਬੰਧ ਵਿੱਚ 24 ਮਾਰਚ ਨੂੰ ਲਾਲ ਬਹਾਦੁਰ ਸ਼ਾਸਤਰੀ ਆਰੀਆ ਮਹਿਲਾ ਕਾਲਜ ਵਿਖੇ ਲੜਕੀਆਂ/ਮਹਿਲਾਵਾਂ ਦੇ ਟੇਬਲ ਟੈਨਿਸ ਦੇ ਮੈਚ ਕਰਵਾਏ ਜਾਣਗੇ। ਇਹ ਮੈਚ ਉਮਰ ਵਰਗ ਅੰਡਰ 14, ਅੰਡਰ 17, ਅੰਡਰ 21, 21 ਤੋਂ 40 ਤੇ 40 ਸਾਲ ਤੋਂ ਉੱਪਰ ਦੇ ਕਰਾਏ ਜਾਣੇ ਹਨ, ਜੋ ਕਿ ਸਵੇਰੇ 9 ਵਜੇ ਸ਼ੁਰੂ ਹੋਣਗੇ। ਉਨ੍ਹਾਂ ਵੱਧ ਤੋਂ ਵੱਧ ਖਿਡਾਰਨਾਂ ਨੂੰ ਭਾਗ ਲੈਣ ਦਾ ਸੱਦਾ ਦਿੱਤਾ।

### ਝਾੜ ਸਾਹਿਬ ਕਾਲਜ ਦਾ ਬੀ. ਕਾਮ ਦਾ ਨਤੀਜਾ ਸ਼ਾਨਦਾਰ ਰਿਹਾ



**ਸਮਰਾਲਾ (ਸੁਰਜੀਤ ਸਿੰਘ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਰਪ੍ਰਸਤੀ ਹੇਠ ਚੱਲ ਰਹੀ ਇਲਾਕੇ ਦੀ ਕੁੜੀਆਂ ਦੀ ਪੜ੍ਹਾਈ ਲਈ ਸਿੱਖਿਆ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ ਝਾੜ ਸਾਹਿਬ ਦਾ ਬੀ. ਕਾਮ ਸਮੈਸਟਰ ਪੰਜਵੇਂ ਦਾ ਪੰਜਾਬ ਯੂਨੀਵਰਸਿਟੀ ਵੱਲੋਂ ਐਲਾਨਿਆ ਨਤੀਜਾ ਇਸ ਵਾਰ ਵੀ ਸ਼ਾਨਦਾਰ ਰਿਹਾ। ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਦੱਸਿਆ ਕਿ ਕਾਲਜ ਵਿਦਿਆਰਥਣ ਹਰਸਪ੍ਰੀਤ ਕੌਰ ਨੇ 84.08 ਫੀਸਦੀ ਅੰਕ ਲੈ ਕੇ ਕਾਲਜ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਕੀਤਾ ਹੈ। ਹਰਨਿੰਦਰ ਕੌਰ ਨੇ 84.03 ਫੀਸਦੀ ਤੇ ਸਿਮਰਨਜੀਤ ਕੌਰ ਨੇ 80 ਫੀਸਦੀ ਅੰਕ ਪ੍ਰਾਪਤ ਕਰਕੇ ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ। ਉਨ੍ਹਾਂ ਦੱਸਿਆ ਕਿ ਕਾਲਜ ਦਾ ਸਮੁੱਚਾ ਨਤੀਜਾ 100 ਫੀਸਦੀ ਰਿਹਾ ਹੈ। ਉਨ੍ਹਾਂ ਵਿਦਿਆਰਥਣਾਂ ਦੀ ਵਧੀਆ ਕਾਰਗੁਜ਼ਾਰੀ ਲਈ ਸਮੁੱਚੇ ਕਾਮਰਸ ਵਿਭਾਗ, ਵਿਦਿਆਰਥਣਾਂ ਤੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਕਾਲਜ ਦਾ ਮੁੱਖ ਉਦੇਸ਼ ਵਿਦਿਆਰਥਣਾਂ ਨੂੰ ਅਕਾਦਮਿਕ ਪੱਧਰ 'ਤੇ ਅਜਿਹੀ ਮਿਆਰੀ ਸਿੱਖਿਆ ਦੇਣਾ ਹੈ, ਜਿਸ ਨਾਲ ਮੁਕਾਬਲੇ ਦੇ ਅਜੋਕੇ ਦੌਰ ਵਿੱਚ ਉਹ ਆਪਣੀ ਵਿਲੱਖਣ ਹੋਂਦ ਸਥਾਪਤ ਕਰ ਸਕਣ।

### ਅੰਮ੍ਰਿਤਪਾਲ ਸਿੰਘ ਤੇ ਉਸ ਦੇ ਸਾਥੀਆਂ ਦੀ ਫੜੋ ਫੜੀ ਦੀ ਲੋਕ ਸੰਗਰਾਮ ਮੋਰਚਾ ਵੱਲੋਂ ਨਿਖੇਧੀ

**ਮੋਗਾ (ਅਮਰਜੀਤ ਬੱਬਰੀ)**-ਦੇਸ਼ ਅੰਦਰ ਵਿਰੋਧ ਦੀ ਹਰ ਆਵਾਜ਼ ਨੂੰ ਦਬਾਉਣ ਦਾ ਯਤਨ ਹੋ ਰਿਹਾ ਹੈ। ਸਿਆਸੀ ਵਿਰੋਧੀਆਂ, ਧਾਰਮਿਕ ਘੱਟ ਗਿਣਤੀਆਂ, ਵੱਖ-ਵੱਖ ਕੌਮਾਂ, ਕਮਿਊਨਿਸਟਾਂ ਤੇ ਦਲਿਤਾਂ ਨੂੰ ਯੋਜਨਾਬੱਧ ਢੰਗ ਨਾਲ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਵਾਰਿਸ ਪੰਜਾਬ ਜਥੇਬੰਦੀ ਦੇ ਆਗੂਆਂ 'ਤੇ ਕੀਤੀ ਜਾ ਰਹੀ ਕਾਰਵਾਈ ਫਾਸ਼ੀਵਾਦੀ ਮੋਦੀ ਹਕੂਮਤ ਕੁਲ ਭਾਰਤ ਪੱਧਰ ਦੇ ਏਜੰਡੇ ਦੇ ਅੰਗ ਵਜੋਂ ਕੀਤਾ ਗਿਆ ਜਬਰ ਹੈ। ਕੇਂਦਰੀ ਏਜੰਡੇ ਨੂੰ ਲਾਗੂ ਕਰਦਿਆਂ ਪੰਜਾਬ ਦੀ 'ਆਪ' ਦੀ ਭਗਵੰਤ ਮਾਨ ਸਰਕਾਰ ਲੜ ਰਹੇ ਪੰਜਾਬੀਆਂ ਨੂੰ ਦਹਿਸ਼ਤਜ਼ਦਾ ਕਰਨਾ ਚਾਹੁੰਦੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦੇ ਹੋਏ, ਲੋਕ ਸੰਗਰਾਮ ਮੋਰਚਾ ਦੇ ਪ੍ਰਧਾਨ ਤਾਰਾ ਸਿੰਘ ਮੋਗਾ ਤੇ ਜਨਰਲ ਸਕੱਤਰ ਸੁਖਮੰਦਰ ਸਿੰਘ ਪੁਲਸ ਕਾਰਵਾਈ ਦੀ ਤਿੱਖੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਅਤੇ ਮੰਗ ਕੀਤੀ ਕਿ ਪੁਲੀਸ ਛਾਪੇਮਾਰੀ ਤੁਰੰਤ ਬੰਦ ਕੀਤੀ ਜਾਵੇ। ਗ੍ਰਿਫ਼ਤਾਰ ਕੀਤੇ ਆਗੂਆਂ ਅਤੇ ਵਰਕਰਾਂ ਨੂੰ ਰਿਹਾਅ ਕੀਤਾ ਜਾਵੇ।

# ਪੈਟਰੌਲ ਪੰਪਾਂ 'ਤੇ ਪਾਰਦਰਸ਼ੀ ਪਾਈਪਾਂ ਨਾਲ ਤੇਲ ਪਾਇਆ ਜਾਵੇ : ਢੋਸੀਵਾਲ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ, ਪੂਜਾ)**-ਦੇਸ਼ ਅੰਦਰ ਆਵਾਜਾਈ ਤੇ ਢੋਆ ਢੁਆਈ ਲਈ ਕਰੋੜਾਂ ਦੀ ਗਿਣਤੀ ਵਿੱਚ ਵਾਹਨਾਂ ਦੀ ਵਰਤੋਂ ਕੀਤੀ ਜਾਂਦੀ ਹੈ। ਹਰ ਰੋਜ਼ ਇਸ ਮੰਤਵ ਲਈ ਕਈ ਅਰਬ ਲੀਟਰ ਤੇਲ ਤੇ ਡੀਜ਼ਲ ਇਨ੍ਹਾਂ ਵਾਹਨਾਂ ਵਿੱਚ ਵਰਤਿਆ ਜਾਂਦਾ ਹੈ। ਪੈਟਰੌਲ ਤੇ ਡੀਜ਼ਲ ਦੀਆਂ ਕੀਮਤਾਂ ਅਸਮਾਨ ਨੂੰ ਛੂਹ ਰਹੀਆਂ ਹਨ। ਆਮ ਆਦਮੀ ਤਰਾਹ ਤਰਾਹ ਕਰ ਰਿਹਾ ਹੈ, ਕਿਉਂਕਿ ਪੈਟਰੋਲ ਤੇ ਡੀਜ਼ਲ ਦੀ ਕੀਮਤ ਵਧਣ ਨਾਲ ਮਹਿੰਗਾਈ ਉਪਰ ਸਿੱਧਾ ਅਸਰ ਪੈਂਦਾ ਹੈ। ਹਰ ਤਰ੍ਹਾਂ ਦੇ ਵਾਹਨ ਚਾਲਕ ਦਾ ਤਕਰੀਬਨ ਹਰ ਰੋਜ਼ ਪੈਟਰੋਲ ਪੰਪ 'ਤੇ ਤੇਲ ਪੁਆਉਣ ਲਈ ਜਾਣਾ ਸੁਭਾਵਕ ਹੈ। ਪੈਟਰੋਲ ਪੰਪ 'ਤੇ ਤੇਲ ਪਾਉਣ ਵਾਲੀਆਂ ਪਾਈਪਾਂ ਕੇਵਲ ਕਾਲੇ ਰੰਗ ਦੀਆਂ ਹੀ ਹੁੰਦੀਆਂ ਹਨ, ਜਿਸ ਨਾਲ ਆਮ ਗ੍ਰਾਹਕ ਨੂੰ ਆਪਣੇ ਨਾਲ ਹੋਣ ਵਾਲੀ ਠੱਗੀ ਦਾ ਖਦਸ਼ਾ ਜਾਪਦਾ ਰਹਿੰਦਾ ਹੈ। ਕਈ ਪੈਟਰੋਲ ਪੰਪ ਮਾਲਕਾਂ ਵੱਲੋਂ ਘੱਟ ਤੇਲ ਪਾਏ ਜਾਣ ਦੀਆਂ ਸ਼ਿਕਾਇਤਾਂ ਅਕਸਰ ਆਉਂਦੀਆਂ ਰਹਿੰਦੀਆਂ ਹਨ। ਐਨਾ ਹੀ ਨਹੀਂ ਪੈਟਰੋਲ/ਡੀਜ਼ਲ ਪਾਉਣ ਵਾਲੇ ਪੰਪ ਦੇ ਕਰਿੰਦੇ ਵੀ ਚੱਲਦੀ ਪਾਈਪ ਨੂੰ ਅਕਸਰ ਬਿਨਾਂ ਵਜ੍ਹਾ ਬੰਦ ਕਰਕੇ ਇਸ ਖਦਸ਼ੇ ਨੂੰ ਹੋਰ ਵੀ ਪੱਕਾ ਕਰ ਦਿੰਦੇ ਹਨ। ਐਲ.ਬੀ.ਸੀ.ਟੀ. (ਲਾਰਡ ਬੁੱਧਾ ਚੈਰੀਟੇਬਲ ਟਰੱਸਟ) ਦੇ ਚੇਅਰਮੈਨ ਤੇ ਆਲ ਇੰਡੀਆ ਐਸ.ਸੀ./ਬੀ.ਸੀ/ਐਸ.ਟੀ. ਏਕਤਾ ਭਲਾਈ ਮੰਚ ਦੇ ਰਾਸ਼ਟਰੀ ਪ੍ਰਧਾਨ ਦਲਿਤ ਰਤਨ ਜਗਦੀਸ਼ ਰਾਏ ਢੋਸੀਵਾਲ ਨੇ ਪੈਟਰੋਲ ਪੰਪਾਂ 'ਤੇ ਤੇਲ ਪਾਉਣ ਲਈ ਵਰਤੀ ਜਾਣ ਵਾਲੀ ਕਾਲੀ ਪਾਈਪ ਨੂੰ ਸ਼ਰੇਆਮ ਗਾਹਕਾਂ ਦੀ ਲੁੱਟ ਦਾ ਸਾਧਨ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਤੇਲ ਪਾਉਣ ਦੇ ਮੰਤਵ ਲਈ ਕੇਵਲ ਪਾਰਦਰਸ਼ੀ ਪਾਈਪਾਂ ਦੀ ਹੀ ਵਰਤੋਂ ਯਕੀਨੀ ਬਣਾਈ ਜਾਵੇ। ਉਨ੍ਹਾਂ ਨੇ ਭਾਰਤ ਸਰਕਾਰ ਪੈਟਰੋਲੀਅਮ ਮੰਤਰਾਲੇ ਤੇ ਸਬੰਧਤ ਡਿਪਟੀ ਕਮਿਸ਼ਨਰ ਨੂੰ ਇਸ ਮੰਤਵ ਲਈ ਤੁਰੰਤ ਅਸਰਦਾਰ ਤੇ ਢੁੱਕਵੇਂ ਕਦਮ ਉਠਾਉਣ ਦੀ ਮੰਗ ਕੀਤੀ ਹੈ ਤਾਂ ਜੁ ਆਮ ਲੋਕਾਂ ਨੂੰ ਆਪਣੇ ਨਾਲ ਹੋਣ ਵਾਲੀ ਲੁੱਟ ਤੋਂ ਬਚਾਇਆ ਜਾ ਸਕੇ।

# ਮੋਬਾਇਲ ਟਾਵਰਾਂ ਤੋਂ ਬੈਟਰੀਆਂ ਚੋਰੀ ਕਰਨ ਵਾਲੇ ਗਰੋਹ ਦੇ ਤਿੰਨ ਮੈਂਬਰ ਪੁਲਸ ਅੜਿੱਕੇ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਸਿਟੀ ਪੁਲਸ ਧੂਰੀ ਵੱਲੋਂ ਪਿਛਲੇ ਦਿਨਾਂ ਵਿੱਚ ਮੋਬਾਇਲ ਟਾਵਰਾਂ ਤੋਂ ਬੈਟਰੀਆਂ ਚੋਰੀ ਕਰਨ ਵਾਲੇ ਗਰੋਹ ਦੇ ਤਿੰਨ ਮੈਂਬਰਾਂ ਨੂੰ ਕਾਬੂ ਕਰਨ ਵਿੱਚ ਸਫ਼ਲਤਾ ਪ੍ਰਾਪਤ ਕਰਨ ਦਾ ਦਾਅਵਾ ਕੀਤਾ ਗਿਆ। ਥਾਣਾ ਸਿਟੀ ਧੂਰੀ ਵਿਖੇ ਡੀ.ਐੱਸ.ਪੀ. ਯੋਗੇਸ਼ ਸ਼ਰਮਾ ਨੇ ਐੱਸ.ਐੱਚ.ਓ. ਰਮਨਦੀਪ ਸਿੰਘ ਬਾਵਾ ਦੀ ਹਾਜ਼ਰੀ ਵਿੱਚ ਗੱਲਬਾਤ ਕਰਦਿਆਂ ਦੱਸਿਆ ਕਿ ਸ਼ਹਿਰ ਅੰਦਰ ਭਲਵਾਨ ਵਾਲਾ ਅੱਡਾ ਨੇੜੇ ਸਥਿਤ ਇੱਕ ਮੋਬਾਇਲ ਕੰਪਨੀ ਦੇ ਟਾਵਰ 'ਤੇ ਸਕਿਊਰਟੀ ਗਾਰਡ ਵਜੋਂ ਕੰਮ ਕਰਦੇ ਜਗਮੇਲ ਸਿੰਘ ਪੁੱਤਰ ਦਲੀਪ ਸਿੰਘ ਵਾਸੀ ਰਤਨਗੜ੍ਹ ਨੇ ਪੁਲਸ ਨੂੰ ਸੂਚਨਾ ਦਿੱਤੀ ਸੀ ਕਿ ਉਕਤ ਮੋਬਾਇਲ ਟਾਵਰ ਤੋਂ ਚੋਰ ਮੋਬਾਇਲ ਟਾਵਰ ਦੇ ਬਕਸੇ ਵਿੱਚ ਲੱਗੀਆਂ 48 ਬੈਟਰੀਆਂ ਚੋਰੀ ਕਰਕੇ ਲੈ ਗਏ। ਇਸ ਸਬੰਧੀ ਪੁਲਸ ਨੇ ਦਰਜ ਕੀਤੇ ਗਏ ਮੁਕੱਦਮੇ ਵਿੱਚ ਕਾਰਵਾਈ ਕਰਦਿਆਂ ਸਤਨਾਮ ਸਿੰਘ, ਅਭਿਸ਼ੇਕ ਉਰਫ ਗੋਬਿੰਦਾ ਵਾਸੀਆਨ ਬਸੰਤ ਕਾਲੋਨੀ ਧੂਰੀ ਤੇ ਸਿਕੰਦਰ ਵਾਸੀ ਜੋਗੀ ਬਸਤੀ ਧੂਰੀ ਨੂੰ ਗ੍ਰਿਫ਼ਤਾਰ ਕਰ ਲਿਆ, ਜਦੋਂਕਿ ਉਨ੍ਹਾਂ ਦਾ ਇੱਕ ਸਾਥੀ ਗੋਬਿੰਦਾ ਵਾਸੀ ਜੋਗੀ ਬਸਤੀ ਧੂਰੀ ਅਜੇ ਗ੍ਰਿਫ਼ਤ ਤੋਂ ਬਾਹਰ ਹੈ।

ਉਨ੍ਹਾਂ ਦੱਸਿਆ ਕਿ ਬੀਤੇ ਦਿਨੀਂ ਸਥਾਨਕ ਨਵੀਂ ਅਨਾਜ ਮੰਡੀ ਵਿਖੇ ਆੜ੍ਹਤੀਆਂ ਦੀਆਂ ਦੁਕਾਨਾਂ 'ਤੇ ਲੱਗੇ ਏਅਰ ਕੰਡੀਸ਼ਨਰਾਂ ਦੇ ਕੰਪਰੈਸ਼ਰ ਚੋਰੀ ਕਰਨ ਦੇ ਮਾਮਲੇ ਗ੍ਰਿਫ਼ਤਾਰ ਕੀਤੇ ਗਏ ਸਿਕੰਦਰ ਨਾਥ ਵਾਸੀ ਜੋਗੀ ਬਸਤੀ ਧੂਰੀ, ਸਤਨਾਮ ਸਿੰਘ, ਗੋਬਿੰਦਾ ਵਾਸੀਆਨ ਬਸੰਤ ਕਾਲੋਨੀ ਧੂਰੀ, ਗੁਰਦਰਸ਼ਨ ਸਿੰਘ ਵਾਸੀ ਜਨਤਾ ਨਗਰ ਧੂਰੀ ਸਮੇਤ ਚੋਰੀ ਦਾ ਸਾਮਾਨ ਖਰੀਦਣ ਵਾਲੇ ਸੁਰੇਸ਼ ਕੁਮਾਰ ਨਾਮੀਂ ਵਿਅਕਤੀਆਂ ਤੋਂ ਚੋਰੀ ਕੀਤੇ ਕੰਪਰੈਸ਼ਰ ਬਰਾਮਦ ਕਰਵਾਏ ਗਏ। ਉਨ੍ਹਾ ਕਿਹਾ ਕਿ ਫੜੇ ਗਏ ਵਿਅਕਤੀਆਂ ਤੋਂ ਬਾਰੀਕੀ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ ਤੇ ਪੁੱਛਗਿੱਛ ਦੌਰਾਨ ਚੋਰੀ ਦੀਆਂ ਕਈ ਘਟਨਾਵਾਂ ਬਾਰੇ ਖੁਲਾਸਾ ਹੋਣ ਦੀ ਸੰਭਾਵਨਾ ਹੈ।

# ਬਾਬਾ ਗੁਰਦੀਪ ਸਿੰਘ ਵੱਲੋਂ ਜੋੜ ਮੇਲੇ 'ਤੇ ਸੰਗਤਾਂ ਦਾ ਧੰਨਵਾਦ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਿੱਖੀ ਦੇ ਪ੍ਰਚਾਰ ਤੇ ਸਮਾਜ ਭਲਾਈ ਦੇ ਕਾਰਜਾਂ ਲਈ ਦੇਸ਼-ਵਿਦੇਸ਼ ਵਿੱਚ ਪ੍ਰਸਿੱਧੀ ਹਾਸਲ ਮਾਲਵੇ ਦਾ ਪਵਿੱਤਰ ਇਤਿਹਾਸਕ ਅਸਥਾਨ ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ (ਤਪ ਅਸਥਾਨ ਸੱਚ ਖੰਡ ਵਾਸੀ ਸੰਤ ਬਾਬਾ ਨਛੱਤਰ ਸਿੰਘ) ਚੰਦ ਪੁਰਾਣਾ (ਮੋਗਾ) ਵਿਖੇ ਬੀਤੇ ਦਿਨੀਂ ਸਾਲਾਨਾ ਸ਼ਹੀਦੀ ਜੋੜ ਮੇਲਾ ਸਮੂਹ ਸ਼ਰਧਾਲੂ ਸੰਗਤਾਂ ਦੇ ਸਹਿਯੋਗ ਨਾਲ ਮੁੱਖ ਸੇਵਾਦਾਰ ਬਾਬਾ ਗੁਰਦੀਪ ਸਿੰਘ ਦੀ ਅਗਵਾਈ ਹੇਠ ਬਹੁਤ ਹੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ, ਜਿਸ ਵਿੱਚ ਲੱਖਾਂ ਦੀ ਤਦਾਦ ਵਿੱਚ ਸੰਗਤਾਂ ਨੇ ਨਤਮਸਤਕ ਹੋ ਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ ਤੇ ਗੁਰੂ ਘਰ ਦੀਆਂ ਖੁਸ਼ੀਆਂ ਦਾ ਲਾਹਾ ਲਿਆ। ਇਸ ਦੌਰਾਨ ਵੱਖ-ਵੱਖ ਪਿੰਡਾਂ ਦੀਆਂ ਸੰਗਤਾਂ ਵੱਲੋਂ ਥਾਂ-ਥਾਂ ਲਾਏ ਚਾਹ-ਪਕੌੜਿਆਂ, ਜਲੇਬੀਆਂ, ਪ੍ਰਸ਼ਾਦੇ, ਖੀਰ, ਲੱਸੀ ਤੇ ਹੋਰਨਾਂ ਵੱਖ-ਵੱਖ ਪ੍ਰਕਾਰ ਦੇ ਲੰਗਰ-ਭੰਡਾਰੇ ਤੇ ਠੰਢੇ-ਮਿੱਠੇ ਜਲ ਦੀਆਂ ਛਬੀਲਾਂ ਲਾਉਣ ਲਈ ਅਸਥਾਨ ਦੇ ਮੁੱਖ ਸੇਵਾਦਾਰ ਬਾਬਾ ਗੁਰਦੀਪ ਸਿੰਘ ਵੱਲੋਂ ਧੰਨਵਾਦ ਕੀਤਾ ਗਿਆ ਤੇ ਵੱਖ-ਵੱਖ ਪਿੰਡਾਂ ਤੋਂ ਆਪਣੇ ਟਰੈਕਟਰ-ਟਰਾਲੀਆਂ, ਬੱਸਾਂ-ਟਰੱਕ, ਕਾਰਾਂ-ਜੀਪਾਂ, ਮੋਟਰਸਾਈਕਲਾਂ ਤੇ ਹੋਰਨਾਂ ਸਾਧਨਾਂ ਰਾਹੀਂ ਪਹੁੰਚੀਆਂ ਸਮੁੱਚੀਆਂ ਸੰਗਤਾਂ ਦਾ ਵੀ ਧੰਨਵਾਦ ਕਰਦਿਆਂ ਬਾਬਾ ਗੁਰਦੀਪ ਸਿੰਘ ਨੇ ਕਿਹਾ ਕਿ ਤੁਸੀਂ ਵੱਡੇ ਕਰਮਾਂ ਵਾਲੇ ਹੋ, ਜੋ ਸ਼ਹੀਦਾਂ ਦੀ ਧਰਤੀ 'ਤੇ ਸਾਲਾਨਾ ਸਮਾਗਮ ਵਿੱਚ ਲੱਖਾਂ ਦੀ ਗਿਣਤੀ ਵਿੱਚ ਖੁਸ਼ੀਆਂ ਪ੍ਰਾਪਤ ਕਰਨ ਲਈ ਨਤਮਸਤਕ ਹੋਏ। ਇਸ ਮੌਕੇ ਬਾਬਾ ਗੁਰਦੀਪ ਸਿੰਘ ਨੇ ਆਏ ਹੋਏ ਢਾਡੀ, ਕਥਾਵਾਚਕ ਤੇ ਸੰਤਾਂ-ਮਹਾਂਪੁਰਖਾਂ ਦਾ ਵੀ ਸ਼ੁਕਰਾਨਾ ਕੀਤਾ, ਜਿਨ੍ਹਾਂ ਨੇ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ ਤੇ ਨਾਲ ਹੀ ਬਾਬਾ ਗੁਰਦੀਪ ਸਿੰਘ ਨੇ ਵੱਡੀ ਗਿਣਤੀ ਵਿੱਚ ਨੌਜਵਾਨਾਂ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਨੇ ਕਈ ਦਿਨਾਂ ਤੋਂ ਰੋਜ਼ਾਨਾ ਵੱਖ-ਵੱਖ ਜ਼ੁੰਮੇਵਾਰੀ ਨਾਲ ਸੇਵਾਵਾਂ ਨਿਭਾਈਆਂ।

# ਲੇਖਕ ਮੰਚ ਸਮਰਾਲਾ ਵੱਲੋਂ ਬੱਬਰ ਅਕਾਲੀ ਸ਼ਹੀਦ ਬਾਬੂ ਸੰਤਾ ਸਿੰਘ ਦਾ ਸ਼ਹੀਦੀ ਦਿਨ ਮਨਾਇਆ



**ਸਮਰਾਲਾ (ਸੁਰਜੀਤ ਸਿੰਘ)**

ਬੱਬਰ ਅਕਾਲੀ ਸੂਰਮਿਆਂ ਦੀ ਸ਼ਹਾਦਤ ਨੂੰ ਸਜਦਾ ਕਰਨ ਹਿੱਤ ਲੇਖਕ ਮੰਚ ਸਮਰਾਲਾ ਵੱਲੋਂ ਬੱਬਰ ਅਕਾਲੀ ਬਾਬੂ ਸੰਤਾ ਸਿੰਘ ਸ਼ਹੀਦ ਹਰਿਉਂ ਖੁਰਦ ਦੇ ਨਾਮ 'ਤੇ ਉਸਰੀ ਆਈ.ਟੀ.ਆਈ. ਸਮਰਾਲਾ ਵਿਖੇ ਇੱਕ ਸਮਾਗਮ ਕਰਕੇ ਸਮਰਾਲਾ ਇਲਾਕੇ ਦੇ ਇਕਲੌਤੇ ਦੇਸ਼ ਭਗਤ ਸ਼ਹੀਦ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਆਈ.ਟੀ.ਆਈ. ਸਮਰਾਲਾ ਦੇ ਨੌਜਵਾਨ ਸਿਖਿਆਰਥੀਆਂ ਨੇ ਇਸ ਸਮਾਗਮ ਵਿੱਚ ਭਰਪੂਰ ਸ਼ਮੂਲੀਅਤ ਕੀਤੀ। ਨੌਜਵਾਨਾਂ ਨੂੰ ਆਪਣੇ ਵਿਰਸੇ ਤੇ ਇਤਿਹਾਸ ਨਾਲ ਜੁੜਨ ਦੇ ਮਹੱਤਵ ਨੂੰ ਉਜਾਗਰ ਕਰਦਿਆਂ ਸੰਸਥਾ ਦੇ ਪ੍ਰਿੰਸੀਪਲ ਹਰਮਿੰਦਰ ਸਿੰਘ ਹੁਰਾਂ ਨੇ ਜੀ ਆਇਆਂ ਨੂੰ ਆਖਿਆ। ਪ੍ਰਧਾਨਗੀ ਮੰਡਲ ਵਿੱਚ ਐਡਵੋਕੇਟ ਦਲਜੀਤ ਸਿੰਘ ਸ਼ਾਹੀ, ਸ਼ਾਇਰ ਹਰਬੰਸ ਮਾਲਵਾ ਲੇਖਕ ਮੰਚ ਦੇ ਸਕੱਤਰ ਸੁਰਜੀਤ ਵਿਸ਼ਾਦ ਤੇ ਲੇਖਕ ਮੰਚ ਦੇ ਪ੍ਰਧਾਨ ਮਾ. ਤਰਲੋਚਨ ਸਿੰਘ ਸੁਸ਼ੋਭਤ ਸਨ।

ਸ਼ਹੀਦਾਂ ਦੇ ਸ਼ਾਨਾਮੱਤੇ ਇਤਿਹਾਸ 'ਤੇ ਬੱਬਰ ਅਕਾਲੀ ਲਹਿਰ ਦੇ ਮਹਾਨ ਯੋਧੇ ਬਾਬੂ ਸੰਤਾ ਸਿੰਘ ਹਰਿਉਂ ਖੁਰਦ ਬਾਰੇ ਬੋਲਦਿਆਂ ਤਰਲੋਚਨ ਸਿੰਘ ਨੇ ਹਾਜ਼ਰੀਨ ਨੂੰ ਉਸ ਰੱਤ ਰੰਗੇ ਇਤਿਹਾਸ ਦੇ ਰੂਬਰੂ ਕੀਤਾ। ਕੁਰਬਾਨੀ ਨੂੰ ਨਮਨ ਕਰਦਿਆਂ ਉਨ੍ਹਾ ਨੇ ਸ਼ਹੀਦਾਂ ਨੂੰ ਅਣਗੌਲਿਆਂ ਕਰਨ 'ਤੇ ਰੰਜ ਪ੍ਰਗਟ ਕਰਦਿਆਂ ਸਰਕਾਰਾਂ 'ਤੇ ਤਨਜ਼ ਵੀ ਕੱਸੀ। ਸਮਾਗਮ ਦੀ ਪ੍ਰਧਾਨਗੀ ਕਰ ਰਹੇ ਐਡਵੋਕੇਟ ਦਲਜੀਤ ਸਿੰਘ ਸ਼ਾਹੀ ਹੁਰਾਂ ਬਾਬੂ ਸੰਤਾ ਸਿੰਘ ਸ਼ਹੀਦ ਨੂੰ ਆਪਣੇ ਨਾਨਕ ਪਰਿਵਾਰ ਨਾਲ ਸਬੰਧਤ ਹੋਣ ਕਰਕੇ, ਉਨ੍ਹਾਂ ਨਾਲ ਜੁੜੀਆਂ ਕਿੰਨੀਆਂ ਹੀ ਦੰਦ ਕਥਾਵਾਂ ਤੇ ਯਾਦਗਾਰ ਦਾ ਜ਼ਿਕਰ ਬੜੇ ਭਾਵੁਕ ਅੰਦਾਜ਼ ਵਿੱਚ ਕੀਤਾ। ਮੰਚ ਸੰਚਾਲਕ ਵਜੋਂ ਜ਼ਿੰਮੇਵਾਰੀ ਨਿਭਾਅ ਰਹੇ ਆਈ. ਟੀ. ਆਈ. ਦੇ ਇੰਸਟ੍ਰਕਟਰ ਸਾਹਿਬ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਸਿੱਖਿਆਰਥੀਆਂ ਨੂੰ ਆਪਣੀ ਸੰਸਥਾ ਦੇ ਮਾਣ ਮੱਤੇ ਇਤਿਹਾਸ 'ਤੇ ਗੌਰਵ ਕਰਨ ਦੀ ਸਿੱਖਿਆ ਵੀ ਦਿੱਤੀ।

# ਅਗਨੀਵੀਰ ਦੀ ਭਰਤੀ ਲਈ 31 ਤੱਕ ਆਨਲਾਈਨ ਰਜਿਸਟ੍ਰੇਸ਼ਨ

**ਮਾਨਸਾ (ਆਤਮਾ ਸਿੰਘ ਪਮਾਰ)**-ਭਾਰਤੀ ਵਾਯੂ ਸੈਨਾ ਵਿੱਚ ਅਗਨੀਵੀਰ ਦੀ ਭਰਤੀ (ਅਣਵਿਆਹੇ ਮਰਦ ਤੇ ਔਰਤਾਂ ਦੋਵੇਂ) ਲਈ 31 ਮਾਰਚ ਤੱਕ ਆਨਲਾਈਨ ਰਜਿਸਟ੍ਰੇਸ਼ਨ ਪ੍ਰਕਿਰਿਆ ਵੈਬ ਪੋਰਟਲ 'ਤੇ ਸ਼ੁਰੂ ਹੋ ਚੁੱਕੀ ਹੈ, ਜਿਸ ਦੀ ਆਨਲਾਈਨ ਪ੍ਰੀਖਿਆ 20 ਮਈ ਤੋਂ ਸ਼ੁਰੂ ਕੀਤੀ ਜਾਵੇਗੀ ਅਤੇ 250/- ਰੁਪਏ ਰਜਿਸਟ੍ਰੇਸ਼ਨ ਅਤੇ ਪ੍ਰੀਖਿਆ ਫ਼ੀਸ ਹੋਵੇਗੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀਮਤੀ ਬਲਦੀਪ ਕੌਰ ਨੇ ਦੱਸਿਆ ਕਿ ਅਗਨੀਵੀਰ ਦੀ ਭਰਤੀ ਲਈ ਵਿੱਦਿਅਕ ਯੋਗਤਾ ਸਾਇੰਸ ਵਿਸ਼ੇ ਨਾਲ ਸਿੱਖਿਆ ਬੋਰਡ ਤੋਂ ਗਣਿਤ, ਭੌਤਿਕ ਵਿਗਿਆਨ ਤੇ ਅੰਗਰੇਜ਼ੀ ਵਿਸ਼ੇ ਦੇ ਨਾਲ ਇੰਟਰਮੀਡੀਏਟ 10+2 ਦੇ ਬਰਾਬਰ ਦੀ ਪ੍ਰੀਖਿਆ ਘੱਟੋ-ਘੱਟ 50 ਫ਼ੀਸਦੀ ਐਗਰੀਗੇਟ ਅੰਕਾਂ ਨਾਲ ਤੇ 50 ਫ਼ੀਸਦੀ ਅੰਗਰੇਜ਼ੀ ਵਿਸ਼ੇ ਨਾਲ ਪਾਸ ਕੀਤੀ ਹੋਵੇ ਜਾਂ ਸਰਕਾਰੀ ਮਾਨਤਾ ਪ੍ਰਾਪਤ ਪੋਲੀਟੈਕਨਿਕ ਸੰਸਥਾ ਤੋਂ ਇੰਜਨੀਅਰਿੰਗ (ਮਕੈਨੀਕਲ/ਇਲੈਕਟ੍ਰੀਕਲ/ਇਲੈਕਟ੍ਰੋਨਿਕਸ/ਆਟੋਮੋਬਾਈਲ/ਕੰਪਿਊਟਰ ਸਾਇੰਸ/ ਇੰਸਟ੍ਰੂਮੈਂਟੇਸ਼ਨ/ਜਾਣਕਾਰੀ ਟੈਕਨੋਲਜੀ ਵਿੱਚ ਤਿੰਨ ਸਾਲਾਂ ਦਾ ਡਿਪਲੋਮਾ ਕੋਰਸ 50 ਫ਼ੀਸਦੀ ਐਗਰੀਗੇਟ ਅੰਕਾਂ ਨਾਲ ਅਤੇ 50 ਫ਼ੀਸਦੀ ਅੰਗਰੇਜ਼ੀ ਵਿਸ਼ੇ ਵਿੱਚ ਪਾਸ ਹੋਵੇ ਜਾਂ ਰਾਜ ਸਿੱਖਿਆ ਬੋਰਡ/ਕੌਂਸਲਾਂ ਤੋਂ ਦੋ ਸਾਲਾਂ ਦਾ ਵੋਕੇਸ਼ਨਲ ਕੋਰਸ ਗੈਰ-ਵੋਕੇਸ਼ਨਲ ਵਿਸ਼ੇ ਜਿਵੇਂ ਕਿ ਭੌਤਿਕ ਵਿਗਿਆਨ ਅਤੇ ਗਣਿਤ ਵਿਸ਼ੇ ਨਾਲ 50 ਫ਼ੀਸਦੀ ਐਗਰੀਗੇਟ ਅੰਕਾਂ ਨਾਲ ਅਤੇ 50 ਫ਼ੀਸਦੀ ਅੰਗਰੇਜ਼ੀ ਵਿਸ਼ੇ ਨਾਲ ਕੋਰਸ ਪਾਸ ਕੀਤਾ ਹੋਵੇ ਜਾਂ (ਇੰਟਰਮੀਡੀਏਟ/ਮੈਟ੍ਰਿਕ ਨਾਲ) ਜਿੱਥੇ ਅੰਗਰੇਜ਼ੀ ਵਿਸ਼ਾ ਨਾ ਹੋਵੇ ਨਾਲ ਪਾਸ ਕੀਤਾ ਹੋਵੇ।

ਉਨ੍ਹਾਂ ਦੱਸਿਆ ਕਿ ਸਾਇੰਸ ਵਿਸ਼ੇ ਤੋਂ ਇਲਾਵਾ ਕੇਂਦਰੀ/ਰਾਜ ਸਿੱਖਿਆ ਬੋਰਡ ਤੋਂ ਪ੍ਰਵਾਨਤ ਕਿਸੇ ਵੀ ਸਟ੍ਰੀਮ ਵਿਸ਼ਿਆਂ ਵਿੱਚ ਇੰਟਰਮੀਡੀਏਟ/10+2 ਦੇ ਬਰਾਬਰ ਪ੍ਰੀਖਿਆ 50 ਫ਼ੀਸਦੀ ਐਗਰੀਗੇਟ ਅੰਕਾਂ ਨਾਲ ਤੇ 50 ਫ਼ੀਸਦੀ ਅੰਗਰੇਜ਼ੀ ਵਿਸ਼ੇ ਨਾਲ ਪਾਸ ਕੀਤਾ ਹੋਵੇ ਜਾਂ ਸਿੱਖਿਆ ਬੋਰਡ ਤੋਂ ਦੋ ਸਾਲਾਂ ਦਾ ਵੋਕੇਸ਼ਨਲ ਕੋਰਸ 50 ਫ਼ੀਸਦੀ ਐਗਰੀਗੇਟ ਅੰਕਾਂ ਨਾਲ ਤੇ 50 ਫ਼ੀਸਦੀ ਅੰਗਰੇਜ਼ੀ ਵਿਸ਼ੇ ਨਾਲ ਪਾਸ ਕੀਤਾ ਹੋਵੇ ਜਾਂ (ਇੰਟਰਮੀਡੀਏਟ/ਮੈਟ੍ਰਿਕ ਨਾਲ) ਜਿੱਥੇ ਅੰਗਰੇਜ਼ੀ ਵਿਸ਼ਾ ਨਾ ਹੋਵੇ। ਉਨ੍ਹਾਂ ਅੱਗੇ ਕਿਹਾ ਕਿ ਵਧੇਰੇ ਜਾਣਕਾਰੀ ਲਈ ਉਕਤ ਵੈਬ ਪੋਰਟਲ ਵੀ ਦੇਖਿਆ ਜਾ ਸਕਦਾ ਹੈ।

# ਬਾਬਾ ਫ਼ਰੀਦ ਕਾਲਜ ਆਫ਼ ਨਰਸਿੰਗ 'ਚ ਨਵੇਂ ਵਿਦਿਆਰਥੀਆਂ ਲਈ ਵੈਲਕਮ ਪਾਰਟੀ



**ਕੋਟਕਪੂਰਾ (ਰਛਪਾਲ ਭੁੱਲਰ)**-ਬਾਬਾ ਫ਼ਰੀਦ ਕਾਲਜ ਆਫ਼ ਨਰਸਿੰਗ ਵਿਖੇ ਸੈਸ਼ਨ 2022-2023 'ਚ ਆਏ ਸਾਰੇ ਪਹਿਲੇ ਸਾਲ ਦੇ ਵਿਦਿਆਰਥੀਆਂ ਦੇ ਸਵਾਗਤ ਲਈ 'ਦੀ ਨਿਊ ਬੀਜ ਨੈਕਟਰ' ਥੀਮ ਅਨੁਸਾਰ ਪਾਰਟੀ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਪ੍ਰੰਪਰਾਗਤ ਰੂਪ 'ਚ ਗੁਰਬਾਣੀ ਦੇ ਸ਼ਬਦ ਨਾਲ ਕੀਤੀ ਗਈ। ਸੀਨੀਅਰ ਵਿਦਿਆਰਥੀਆਂ ਨੇ ਨਵੇਂ ਆਏ ਵਿਦਿਆਰਥੀਆਂ ਲਈ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ, ਜਿਸ 'ਚ ਸੋਲੋ ਡਾਂਸ, ਗਰੁੱਪ ਡਾਂਸ, ਭੰਗੜਾ, ਸ਼ਾਇਰੀ, ਸੋਲੋ ਸੌਂਗ ਆਦਿ ਸਨ। ਨਵੇਂ ਆਏ ਵਿਦਿਆਰਥੀਆਂ ਨੇ ਇੰਟਰੋਡਕਸ਼ਨ, ਮਾਡਲਿੰਗ, ਟੇਲੈਂਟ ਰਾਊਂਡ, ਪ੍ਰਸ਼ਨ-ਉੱਤਰ ਰਾਊਂਡ 'ਚ ਹਿੱਸਾ ਲਿਆ। ਨਵੇਂ ਵਿਦਿਆਰਥੀਆਂ 'ਚੋਂ ਟਾਈਟਲ ਕ੍ਰਮਵਾਰ ਮਿਸ ਫਰੈਸ਼ਰ ਵੰਸ਼ਕਾ, ਮਿਸਟਰ ਫਰੈਸ਼ਰ ਸ਼ਾਕਿਰ, ਮਿਸ ਪ੍ਰਸਨੈਲਿਟੀ ਫੋਜੀਆ, ਮਿਸਟਰ ਪ੍ਰਸਨੈਲਿਟੀ ਹਰਮਨ ਸਿੰਘ, ਮਿਸ ਚਾਰਮਿੰਗ ਉਜਮਾ ਰਿਆਜ, ਮਿਸਟਰ ਹੈਂਡਸਮ ਯਾਸਿਰ ਨੂੰ ਮਿਲਿਆ। ਕਾਲਜ ਦੇ ਮੈਨੇਜਿੰਗ ਡਾਇਰੈਕਟਰ ਡਾ. ਮਨਜੀਤ ਸਿੰਘ ਢਿੱਲੋਂ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਰਸਿੰਗ ਇੱਕ ਪ੍ਰੈਕਟੀਕਲ ਪੇਸ਼ਾ ਹੈ ਤੇ ਆਉਣ ਵਾਲੇ ਸਮੇਂ 'ਚ ਕਾਲਜ ਦੇ ਨਾਲ ਹੀ ਇੱਕ 50 ਬੈੱਡ ਵਾਲਾ ਹਸਪਤਾਲ ਖੋਲ੍ਹਿਆ ਜਾਵੇਗਾ, ਜਿੱਥੇ ਤਜਰਬੇਕਾਰ ਡਾਕਟਰਾਂ ਦੀ ਟੀਮ ਦੀ ਅਗਵਾਈ ਵਿੱਚ ਵਿਦਿਆਰਥੀਆਂ ਨੂੰ ਸਿੱਖਿਅਤ ਕੀਤਾ ਜਾਵੇਗਾ ਤੇ ਸਾਰੇ ਕਲਾਸ ਰੂਮ ਵੀ ਏ.ਸੀ. ਕੀਤੇ ਜਾਣਗੇ।

ਡਿਪਟੀ ਡਾਇਰੈਕਟਰ ਡਾ. ਪ੍ਰੀਤਮ ਸਿੰਘ ਛੌਕਰ ਨੇ ਦੱਸਿਆ ਕਿ ਯੂਨੀਵਰਸਿਟੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਦਾਖਲੇ ਲਈ ਹੋਣ ਵਾਲੀ ਪ੍ਰੀਖਿਆ ਪੀ.ਪੀ.ਐਮ.ਈ.ਟੀ. ਦੀ ਤਿਆਰੀ ਇਸ ਕਾਲਜ 'ਚ ਕਰਾਈ ਜਾਵੇਗੀ। ਉਨ੍ਹਾਂ ਕਿਹਾ ਕਿ ਨਰਸਿੰਗ ਇੱਕ ਨੋਬਲ ਕਿੱਤਾ ਹੈ ਤੇ ਵਿਦਿਆਰਥੀਆਂ ਨੂੰ ਇਸ ਕਿੱਤੇ ਦੇ ਨਿਰਧਾਰਤ ਨਿਯਮਾਂ ਦਾ ਪਾਲਣ ਕਰਨਾ ਚਾਹੀਦਾ ਹੈ। ਪ੍ਰਿੰਸੀਪਲ ਡਾ. ਗੁਰਜੀਤ ਕੌਰ ਬਰਾੜ ਨੇ ਵਿਦਿਆਰਥੀਆਂ ਨੂੰ ਅਸ਼ੀਰਵਾਦ ਦਿੰਦਿਆਂ ਆਖਿਆ ਕਿ ਉਹ ਆਪਣੇ ਨਰਸਿੰਗ ਪੇਸ਼ੇ ਨਾਲ ਪੂਰੇ ਇਮਾਨਦਾਰ ਰਹਿਣ ਤੇ ਮਿਹਨਤ ਨਾਲ ਵਧੀਆ ਪੁਜੀਸ਼ਨ ਲੈ ਕੇ ਕਾਲਜ ਦਾ ਨਾਂਅ ਰੌਸ਼ਨ ਕਰਨ।

ਪ੍ਰਬੰਧਕ ਅਫਸਰ ਹਰਪ੍ਰੀਤ ਸਿੰਘ ਢਿੱਲੋਂ ਸਮੇਤ ਯੂਨੀਵਰਸਿਟੀ ਕਾਲਜ ਜੈਤੋ ਤੋਂ ਆਏ ਹੋਏ ਮਹਿਮਾਨ ਡਾ. ਗੁਰਬਿੰਦਰ ਕੌਰ ਤੇ ਡਾ. ਮਨਦੀਪ ਕੌਰ ਨੇ ਵੀ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਕਾਲਜ ਦੇ ਸਮੂਹ ਸਟਾਫ਼ ਨੇ ਵੀ ਵਿਦਿਆਰਥੀਆਂ ਨੂੰ ਅਸ਼ੀਰਵਾਦ ਦਿੰਦਿਆਂ ਉਨ੍ਹਾਂ ਨੂੰ ਸ਼ੁਭਇਛਾਵਾਂ ਦਿੱਤੀਆਂ।

# ਚੇਅਰਮੈਨ ਦੀਦਾਰੇਵਾਲਾ, ਦੀਪਕ ਅਰੋੜਾ ਤੇ ਸ਼ਹਿਰੀ ਪ੍ਰਧਾਨ ਮਨਚੰਦਾ ਦਾ ਬਾਬਾ ਗੁਰਦੀਪ ਸਿੰਘ ਵੱਲੋਂ ਵਿਸ਼ੇਸ਼ ਸਨਮਾਨ

ਬਾਬਾ ਗੁਰਦੀਪ ਸਿੰਘ ਵੱਲੋਂ ਕੀਤੇ ਜਾਂਦੇ ਸਮਾਜ ਭਲਾਈ ਦੇ ਕਾਰਜ ਸ਼ਲਾਘਾਯੋਗ : 'ਆਪ' ਆਗੂ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ (ਤਪ ਅਸਥਾਨ ਸੱਚਖੰਡ ਵਾਸੀ ਸੰਤ ਬਾਬਾ ਨਛੱਤਰ ਸਿੰਘ) ਚੰਦ ਪੁਰਾਣਾ ਵਿਖੇ ਸ਼ਹੀਦ ਬਾਬਾ ਤੇਗਾ ਸਿੰਘ ਜੀ ਦੀ ਸ਼ਹੀਦੀ ਤੇ ਸੰਤ ਬਾਬਾ ਨਛੱਤਰ ਸਿੰਘ ਜੀ ਦੀ ਬਰਸੀ ਨੂੰ ਸਮਰਪਤ ਸੰਤ ਬਾਬਾ ਗੁਰਦੀਪ ਸਿੰਘ ਮੁੱਖ ਸੇਵਾਦਾਰ ਦੀ ਅਗਵਾਈ ਹੇਠ ਸਲਾਨਾ ਜੋੜ ਮੇਲਾ ਵੱਡੇ ਪੱਧਰ 'ਤੇ ਮਨਾਇਆ ਗਿਆ। ਇਸ ਸਮਾਗਮ ਦੌਰਾਨ ਜਿੱਥੇ ਸੰਤਾਂ, ਮਹਾਂਪੁਰਖਾਂ ਨੇ ਵੱਡੇ ਪੱਧਰ 'ਤੇ ਹਾਜ਼ਰੀਆਂ ਭਰੀਆਂ, ਉੱਥੇ ਰਾਜਸੀ ਸ਼ਖਸੀਅਤਾਂ ਨੇ ਵੀ ਵੱਡੇ ਪੱਧਰ 'ਤੇ ਹਾਜ਼ਰੀਆਂ ਲਗਵਾਈਆਂ। ਜੋੜ ਮੇਲੇ ਦੌਰਾਨ ਜ਼ਿਲ੍ਹਾ ਪ੍ਰਧਾਨ ਹਰਮਨਜੀਤ ਸਿੰਘ ਬਰਾੜ ਦੀਦਾਰੇਵਾਲ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਮੋਗਾ, ਦੀਪਕ ਅਰੋੜਾ ਚੇਅਰਮੈਨ ਇੰਪਰੂਵਮੈਂਟ ਟਰੱਸਟ ਮੋਗਾ ਤੇ ਗੁਰਪ੍ਰੀਤ ਮਨਚੰਦਾ ਸ਼ਹਿਰੀ ਪ੍ਰਧਾਨ ਬਾਘਾ ਪੁਰਾਣਾ ਨੇ ਵੀ ਵਿਸ਼ੇਸ਼ ਰੂਪ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਮੁੱਖ ਸੇਵਾਦਾਰ ਬਾਬਾ ਗੁਰਦੀਪ ਸਿੰਘ ਸਮਾਜ ਸੇਵੀ ਵੱਲੋਂ ਉਕਤ ਸ਼ਖਸੀਅਤਾਂ ਨੂੰ ਸਿਰੋਪਾਓ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ।

ਇਸ ਮੌਕੇ ਚੇਅਰਮੈਨ ਦੀਦਾਰੇਵਾਲਾ, ਚੇਅਰਮੈਨ ਅਰੋੜਾ ਤੇ ਸ਼ਹਿਰੀ ਪ੍ਰਧਾਨ ਮਨਚੰਦਾ ਨੇ ਕਿਹਾ ਕਿ ਬਾਬਾ ਗੁਰਦੀਪ ਸਿੰਘ, ਜੋ ਕਿ ਇਸ ਅਸਥਾਨ ਦੇ ਬਾਨੀ ਸੱਚਖੰਡ ਵਾਸੀ ਸੰਤ ਬਾਬਾ ਨਛੱਤਰ ਸਿੰਘ ਵੱਲੋਂ ਅਰੰਭੀਆਂ ਸੇਵਾਵਾਂ ਨੂੰ ਤਨੋਂ, ਮਨੋਂ, ਧਨੋਂ ਵਧ-ਚੜ੍ਹ ਕੇ ਅੱਗੇ ਤੋਰ ਰਹੇ ਹਨ। ਉਨ੍ਹਾਂ ਕਿਹਾ ਕਿ ਬਾਬਾ ਜੀ ਵੱਲੋਂ ਸਮਾਜ ਭਲਾਈ ਦੇ ਕੀਤੇ ਜਾ ਰਹੇ ਕਾਰਜ ਬਹੁਤ ਹੀ ਸ਼ਲਾਘਾਯੋਗ ਹਨ, ਜਿਸ ਕਰਕੇ ਇਹ ਅਸਥਾਨ ਦੁਨੀਆ ਦੇ ਕੋਨੇ-ਕੋਨੇ ਵਿੱਚ ਆਪਣੀ ਵੱਖਰੀ ਪਹਿਚਾਣ ਬਣਾ ਚੁੱਕਾ ਹੈ। ਇਸ ਮੌਕੇ ਸੰਦੀਪ ਸਿੰਘ ਜੈ ਸਿੰਘ ਵਾਲਾ, ਮਨਜਿੰਦਰ ਸਿੰਘ ਚੰਦ ਨਵਾਂ, ਰੇਸ਼ਮ ਸਿੰਘ ਜੈ ਸਿੰਘ ਵਾਲਾ ਤੇ ਹੋਰ ਸ਼ਖ਼ਸੀਅਤਾਂ ਵੀ ਹਾਜ਼ਰ ਸਨ।

# ਅਮਨ-ਸ਼ਾਂਤੀ ਬਰਕਰਾਰ ਰੱਖਣ ਦੇ ਮੰਤਵ ਨਾਲ ਪੁਲਸ ਵੱਲੋਂ ਫਲੈਗ ਮਾਰਚ



**ਜਗਰਾਓਂ (ਅਮਿਤ ਖੰਨਾ)**

ਹਲਕਾ ਜਗਰਾਓਂ ਵਿੱਚ ਅਮਨ ਸ਼ਾਂਤੀ ਬਰਕਰਾਰ ਰੱਖਣ ਦੇ ਮੰਤਵ ਨੂੰ ਮੁੱਖ ਰੱਖਦਿਆਂ ਲੁਧਿਆਣਾ ਦਿਹਾਤੀ ਪੁਲਸ ਦੇ ਐੱਸ ਐੱਸ ਪੀ ਨਵਨੀਤ ਸਿੰਘ ਬੈਂਸ ਦੇ ਦਿਸ਼ਾ-ਨਿਰਦੇਸ਼ਾਂ ਹੇਠ ਲੁਧਿਆਣਾ ਦਿਹਾਤੀ ਪੁਲਸ ਵੱਲੋਂ ਡੀ ਐੱਸ ਪੀ ਸਤਵਿੰਦਰ ਸਿੰਘ ਵਿਰਕ ਦੀ ਅਗਵਾਈ ਹੇਠ ਭਾਰੀ ਗਿਣਤੀ ਵਿੱਚ ਪੁਲਸ ਅਧਿਕਾਰੀਆਂ ਕਰਮਚਾਰੀਆਂ ਵੱਲੋਂ ਫਲੈਗ ਮਾਰਚ ਕੱਢਿਆ ਗਿਆ। ਇਸ ਮੌਕੇ ਪੱਤਰਕਾਰਾਂ ਨੂੰ ਜਾਣਕਾਰੀ ਸਾਂਝੀ ਕਰਦਿਆਂ ਡੀ ਐੱਸ ਪੀ ਸਤਵਿੰਦਰ ਸਿੰਘ ਵਿਰਕ ਨੇ ਆਖਿਆ ਕਿ ਲੁਧਿਆਣਾ ਦਿਹਾਤੀ ਪੁਲਸ ਵੱਲੋਂ ਪਿਛਲੇ ਕੁਛ ਦਿਨਾਂ ਤੋਂ ਲਗਾਤਾਰ ਕੱਢੇ ਜਾ ਰਹੇ ਫਲੈਗ ਮਾਰਚ ਦਾ ਮੁੱਖ ਮੰਤਵ ਹਲਕੇ ਦੇ ਦੁਕਾਨਦਾਰਾਂ ਤੇ ਆਮ ਸ਼ਹਿਰ ਵਾਸੀਆਂ ਨੂੰ ਵਿਸ਼ਵਾਸ ਦਿਵਾਉਣਾ ਹੈ ਕਿ ਪੁਲਸ ਸ਼ਹਿਰ ਦੇ ਦੁਕਾਨਦਾਰਾਂ ਤੇ ਆਮ ਸ਼ਹਿਰ ਵਾਸੀਆਂ ਦੀ ਸੇਵਾ ਵਿੱਚ ਹਰ ਵੇਲੇ ਹਾਜ਼ਰ ਹੈ। ਉਨ੍ਹਾਂ ਆਖਿਆ ਕਿ ਸੂਬੇ ਵਿੱਚ ਪੰਜਾਬ ਪੁਲਸ ਵੱਲੋਂ ਪਿਛਲੇ ਦਿਨੀਂ ਵਿਸ਼ੇਸ਼ ਅਪ੍ਰੇਸ਼ਨ ਚਲਾ ਕੇ ਵਾਰਿਸ ਪੰਜਾਬ ਦੇ ਜਥੇਬੰਦੀ ਦੇ ਮੁਖੀ ਅੰਮ੍ਰਿਤਪਾਲ ਸਿੰਘ ਨੂੰ ਗ੍ਰਿਫਤਾਰ ਕਰਨ ਲਈ ਛਾਪੇਮਾਰੀ ਕੀਤੀ ਜਾ ਰਹੀ ਸੀ, ਜੋ ਕਿ ਲਗਾਤਾਰ ਹਾਲੇ ਤੱਕ ਜਾਰੀ ਹੈ, ਜਿਸ ਦੇ ਚਲਦਿਆਂ ਪੰਜਾਬ ਵਿੱਚ ਇੰਟਰਨੈੱਟ ਤੇ ਐੱਸ ਐੱਮ ਐੱਸ ਸੇਵਾ ਬੰਦ ਕਰ ਦਿੱਤੀ ਗਈ ਸੀ, ਪਰ ਸਰਕਾਰ ਵੱਲੋਂ ਮੰਗਲਵਾਰ 12 ਵਜੇ ਕੁੱਝ ਸੰਵੇਦਨਸ਼ੀਲ ਜ਼ਿਲ੍ਹਿਆਂ ਨੂੰ ਛੱਡ ਕੇ ਪੰਜਾਬ ਦੇ ਬਾਕੀ ਜ਼ਿਲ੍ਹਿਆਂ ਵਿੱਚ ਇੰਟਰਨੈੱਟ ਸੇਵਾ ਤੇ ਐੱਸ ਐੱਮ ਐੱਸ ਸੇਵਾ ਬਹਾਲ ਕਰ ਦਿੱਤੀ ਗਈ ਹੈ। ਉਨ੍ਹਾਂ ਪੰਜਾਬ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਇੰਟਰਨੈੱਟ ਸੇਵਾ ਬਹਾਲ ਹੋਣ ਤੋਂ ਪੰਜਾਬ ਦਾ ਮਾਹੌਲ ਖਰਾਬ ਕਰਨ ਦੇ ਮਨਸੂਬੇ ਘੜਨ ਵਾਲੇ ਕੁਝ ਕੁ ਸ਼ਰਾਰਤੀ ਅਨਸਰਾਂ ਵੱਲੋਂ ਗਲਤ ਅਫਵਾਹਾਂ ਫੈਲਾਉਣ ਦੀ ਕੋਸ਼ਿਸ਼ ਕੀਤੀ ਜਾ ਸਕਦੀ ਹੈ। ਉਨ੍ਹਾਂ ਨੇ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਪੰਜਾਬ ਵਾਸੀ ਕਿਸੇ ਵੀ ਮਨਘੜਤ ਖਬਰ ਤੇ ਅਫਵਾਹਾਂ 'ਤੇ ਯਕੀਨ ਨਾ ਕਰਨ ਤੇ ਨਾ ਹੀ ਅਜਿਹੀਆਂ ਖ਼ਬਰਾਂ ਨੂੰ ਅੱਗੇ ਸ਼ੇਅਰ ਕਰਨ। ਡੀ ਐੱਸ ਪੀ ਵਿਰਕ ਨੇ ਆਖਿਆ ਕਿ ਹਲਕਾ ਜਗਰਾਓਂ ਦੇ ਨਾਲ-ਨਾਲ ਪੂਰੇ ਪੰਜਾਬ ਦੇ ਲੋਕਾਂ ਨੇ ਆਪਸੀ ਭਾਈਚਾਰਕ ਸਾਂਝ ਨੂੰ ਬਰਕਰਾਰ ਰੱਖਦਿਆਂ ਪੰਜਾਬ ਦਾ ਮਾਹੌਲ ਸ਼ਾਂਤੀਪੂਰਵਕ ਬਣਾ ਕੇ ਰੱਖਿਆ ਹੋਇਆ ਹੈ, ਜਿਸ ਲਈ ਪੰਜਾਬ ਵਾਸੀ ਵਧਾਈ ਦੇ ਪਾਤਰ ਹਨ।

# ਪੰਜਾਬ ਸਰਕਾਰ ਫਿਲਮ ਇੰਡਸਟਰੀਜ਼ ਨੂੰ ਵਿਸ਼ੇਸ਼ ਸਬਸਿਡੀ ਦੇਵੇ : ਕੌਸ਼ਲ



**ਨਾਭਾ (ਵਰਿੰਦਰ ਵਰਮਾ)**

ਪੰਜਾਬ ਦੇ ਮੌਜੂਦਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜ਼ਮੀਨੀ ਹੀਕਕਤ ਨਾਲ ਜੁੜੇ ਹੋਏ ਲੇਖਕ, ਕਲਾਕਾਰ ਤੇ ਅਦਾਕਾਰ ਹਨ, ਮੌਜੂਦਾ ਸਮੇਂ ਉਹ ਦੇਸ਼ ਦੇ ਵੱਡੇ ਰਾਜਨੇਤਾ ਬਣ ਕੇ ਉੱਭਰੇ ਤੇ ਦੋ ਵਾਰ ਸੰਗਰੂਰ ਹਲਕੇ ਤੋਂ ਮੈਂਬਰ ਪਾਰਲੀਮੈਂਟ ਰਹੇ। ਆਮ ਆਦਮੀ ਪਾਰਟੀ ਵੱਲੋਂ ਧੂਰੀ ਤੋਂ ਵਿਧਾਇਕ ਬਣ ਕੇ 16 ਮਾਰਚ 2022 ਨੂੰ ਪੰਜਾਬ ਦੇ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ ਤੇ 16 ਮਾਰਚ 2023 ਨੂੰ ਮੁੱਖ ਮੰਤਰੀ ਵਜੋਂ ਇਕ ਸਾਲ ਦਾ ਕਾਰਜਕਾਲ ਪੂਰਾ ਕਰ ਲਿਆ। ਇਹ ਵਿਚਾਰ ਉੱਘੇ ਲੇਖਕ ਸੀਨੀਅਰ ਕਲਾਕਾਰ ਉਪਿੰਦਰ ਕੌਸ਼ਲ ਨੇ ਪਾਂਡੂਸਰ ਮੌੜ ਨਾਭਾ ਵਿਖੇ ਪੱਤਰਕਾਰਾਂ ਨਾਲ ਸਾਂਝੇ ਕੀਤੇ।

ਕੌਸ਼ਲ ਨੇ ਕਿਹਾ ਕਿ ਇੱਕ ਸਾਲ ਦਾ ਸਮਾਂ ਬੀਤ ਜਾਣ 'ਤੇ ਫਿਲਮ ਇੰਡੀਸਟਰੀਜ਼ ਨੂੰ ਮੁੱਖ ਮੰਤਰੀ ਤੋਂ ਉਮੀਦਾਂ ਸਨ ਉਨ੍ਹਾਂ 'ਤੇ ਉਹ ਖਰੇ ਨਹੀਂ ਉੱਤਰੇ। ਇੰਝ ਲਗਦਾ ਹੈ ਕਿ ਰਾਜਨੀਤੀ ਵਿੱਚ ਆ ਕੇ ਉਹ ਕਲਾ ਦੇ ਖੇਤਰ ਨੂੰ ਭੁੱਲ ਗਏ ਹਨ, ਬਹੁ-ਗਿਣਤੀ ਕਲਾਕਾਰਾਂ, ਲੇਖਕਾਂ, ਗਾਇਕਾਂ, ਅਦਾਕਾਰਾਂ ਨੇ ਕਲਾ ਦੇ ਖੇਤਰ ਵਿੱਚ ਅਜਿਹੇ ਮੀਲ ਪੱਥਰ ਰੱਖੇ, ਜਿਨ੍ਹਾਂ ਦਾ ਅੱਜ ਦੇ ਕਲਾਕਾਰ ਮੁਕਾਬਲਾ ਨਹੀਂ ਕਰ ਸਕੇ। ਕੁੱਝ ਅਜਿਹੇ ਕਲਾਕਾਰ ਹਨ, ਜੋ ਕਲਾ ਦੇ ਖੇਤਰ ਵਿੱਚ ਕੁੱਝ ਕਰਨਾ ਚਾਹੁੰਦੇ ਹਨ, ਉਹ ਆਰਥਿਕ ਤੰਗੀ ਦੇ ਕਾਰਨ ਨਹੀਂ ਕਰ ਸਕਦੇ। ਜਦੋਂ ਤੱਕ ਸਰਕਾਰਾਂ ਕਲਾ ਦੇ ਖੇਤਰ ਵਿੱਚ ਆਪਣਾ ਵੱਡਮੁੱਲਾ ਯੋਗਦਾਨ ਨਹੀਂ ਪਾਉਣਗੀਆਂ, ਉਦੋਂ ਤੱਕ ਕਲਾ ਨੂੰ ਉਭਾਰਨਾ ਬਹੁਤ ਮੁਸ਼ਕਲ ਹੈ। ਕੌਸ਼ਲ ਨੇ ਕਿਹਾ ਕਿ ਮੈਂ ਗੀਤ ਵੀ ਲਿਖੇ ਹਨ, ਜਿਨ੍ਹਾਂ ਵਿੱਚੋਂ ਮੇਰੇ ਲਿਖੇ ਗੀਤ ਵੱਖ ਵੱਖ ਗਾਇਕਾਂ ਦੀ ਆਵਾਜ਼ ਵਿੱਚ ਰਿਕਾਰਡ ਹੋਏ। ਮੈਂ ਫਿਲਮਾਂ ਵਿੱਚ ਵੱਡੇ ਪੱਧਰ ਦੇ ਕਲਾਕਾਰਾਂ ਨਾਲ ਕੰਮ ਕੀਤਾ, ਜਿਨ੍ਹਾਂ ਵਿੱਚ ਰਾਜ ਬੱਬਰ, ਗੁਰਦਾਸ ਮਾਨ, ਯੋਗਰਾਜ ਸਿੰਘ, ਸੁਰਿੰਦਰ ਵਾਲੀਆ, ਸੁਖਚੈਨ ਸਿੰਘ ਚੀਮਾ, ਬੀ. ਐੱਨ. ਸ਼ਰਮਾ ਆਦਿ ਸ਼ਾਮਲ ਹਨ।

ਕੌਸ਼ਲ ਨੇ ਕਿਹਾ ਕਿ ਕਲਾ ਹੁਣ ਬਹੁਤ ਮਹਿੰਗੀ ਹੋ ਗਈ ਹੈ। ਮੈਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਅਪੀਲ ਕਰਦਾ ਹਾਂ ਕਿ ਤੁਸੀਂ ਲੰਬਾ ਸਮਾਂ ਕਲਾ ਖੇਤਰ ਨਾਲ ਜੁੜੇ ਰਹੇ ਹੋ, ਪੰਜਾਬ ਗੁਰੂਆਂ, ਪੀਰਾ, ਪੈਗੰਬਰਾਂ, ਸੂਰਮਿਆਂ, ਯੋਧਿਅੰ, ਦੇਸ਼ ਭਗਤਾਂ ਦੀ ਧਰਤੀ ਹੈ, ਇਨ੍ਹਾਂ ਦੀਆਂ ਜੀਵਨੀਆਂ ਉੱਪਰ ਵੱਡੇ ਪੱਧਰ ਦੀਆਂ ਫਿਲਮਾਂ ਬਣਾਈਆਂ ਜਾ ਸਕਦੀਆਂ ਹਨ, ਜਿਨ੍ਹਾਂ ਬਾਰੇ ਆਉਣ ਵਾਲੀ ਪੀੜ੍ਹੀ ਨੂੰ ਬੜੇ ਸੁਚੱਜੇ ਢੰਗ ਨਾਲ ਸਿੱਖਿਆ ਦਿੱਤੀ ਜਾ ਸਕਦੀ ਹੈ। ਇਸ ਮੌਕੇ ਉਨ੍ਹਾਂ ਨਾਲ ਰਾਜ ਕੁਮਾਰ ਜਿੰਦਲ, ਰਮੇਸ਼ ਕੁਮਾਰ ਕਟਾਰੀਆ, ਰਣਧੀਰ ਸਿੰਘ ਖੰਗੂੜਾ, ਕਰਮਜੀਤ ਸਿੰਘ ਸਿੱਧੂ, ਜਵਾਹਰ ਲਾਲ ਕਟਾਰੀਆ, ਬਹਾਦਰ ਸਿੰਘ ਖੱਟੜਾ, ਅਵਤਾਰ ਸਿੰਘ ਸ਼ੇਰਗਿੱਲ, ਵਿਨੋਦ ਕਾਲੜਾ, ਬਾਬੂ ਪ੍ਰੇਮ ਕੁਮਾਰ, ਭਗਵੰਤ ਸਿੰਘ ਆਦਿ ਹਾਜ਼ਰ ਸਨ।

# ਗੁਰੂ ਕਾਸ਼ੀ ਕੈਂਪਸ ਦੇ ਵਿਦਿਆਰਥੀਆਂ ਨੇ ਪੀ ਐੱਸ ਯੂ (ਰੰਧਾਵਾ) ਦੀ ਕਮੇਟੀ ਚੁਣੀ

**ਤਲਵੰਡੀ ਸਾਬੋ (ਜਗਦੀਪ ਗਿੱਲ)**



ਪੰਜਾਬੀ ਯੂਨੀਵਰਸਿਟੀ ਗੁਰੂ ਕਾਂਸ਼ੀ ਕੈਂਪਸ ਵਿਖੇ ਪੰਜਾਬ ਸਟੂਡੈਂਟਸ ਯੂਨੀਅਨ (ਸ਼ਹੀਦ ਰੰਧਾਵਾ) ਦੀ ਕਾਲਜ ਕਮੇਟੀ ਦੀ ਚੋਣ ਵਿਦਿਆਰਥੀਆਂ ਦੀ ਭਰਵੀਂ ਹਾਜ਼ਰੀ 'ਚ ਕੀਤੀ ਗਈ।

ਪੀ ਐਸ ਯੂ ਦੇ ਸੂਬਾਈ ਆਗੂ ਅਮਿਤੋਜ ਮੌੜ ਨੇ ਜਥੇਬੰਦੀ ਦੇ ਵਿਧਾਨ ਤੇ ਨਿਯਮਾਂ ਬਾਰੇ ਚਾਨਣਾ ਪਾਉਂਦਿਆਂ ਕਿਹਾ ਕਿ ਇਹ ਧਰਮ ਨਿਰਪੱਖ ਜਥੇਬੰਦੀ ਹੈ , ਕਿਸੇ ਵੀ ਧਰਮ, ਜਾਤ, ਸਿੱਖਿਆ ਦੀ ਕੈਟਾਗਰੀ ਦਾ ਵਿਦਿਆਰਥੀ ਇਸ 'ਚ ;ਸ਼ਾਮਲ ਹੋ ਸਕਦਾ ਹੈ। ਯੂਨੀਅਨ ਕਿਸੇ ਵੀ ਸਿਆਸੀ ਪਾਰਟੀ ਦੀ ਹਮਾਇਤ ਨਹੀਂ ਕਰੇਗੀ ਅਤੇ ਮੰਗਾਂ ਮਸਲੇ ਸੂਝ ਸਮਝ ਨਾਲ ਜੁੜੇ ਵਿਦਿਆਰਥੀ ਏਕੇ ਦੇ ਜੋਰ ਹੱਲ ਕਰਵਾਏਗੀ। ਯੂਨੀਅਨ ਮਜ਼ਦੂਰਾਂ ਕਿਸਾਨਾਂ ਤੇ ਅਧਿਆਪਕਾਂ ਦੇ ਸੰਘਰਸ਼ਾਂ ਦਾ ਪੱਖ ਲਵੇਗੀ, ਸਾਮਰਾਜ ਅਤੇ ਫ਼ਿਰਕਾਪ੍ਰਸਤੀ ਵਿਰੋਧੀ ਲਹਿਰਾਂ ਦੇ ਸ਼ਹੀਦਾਂ ਦੀ ਵਿਰਾਸਤ ਬੁਲੰਦ ਕਰੇਗੀ।

ਸੱਤਰਵਿਆਂ ਦੀ ਇਨਕਲਾਬੀ ਵਿਦਿਆਰਥੀ ਲਹਿਰ ਦੇ ਸਿਰਮੌਰ ਆਗੂ ਸ਼ਹੀਦ ਪ੍ਰਿਥੀਪਾਲ ਰੰਧਾਵਾ ਹੁਰਾਂ ਦੇ ਰਾਹ 'ਤੇ ਚੱਲ ਨੌਜਵਾਨਾਂ ਵਿਦਿਆਰਥੀਆਂ ਨੂੰ ਆਪਣੀ ਜਥੇਬੰਦੀ ਨੂੰ ਮਜਬੂਤ ਕਰਨ ਦੀ ਲੋੜ ਹੈ ਤਾਂ ਜੁ ਸਮਾਜ ਦਾ ਕੁਝ ਭਲਾ ਹੋ ਸਕੇ।

ਯੂਨੀਅਨ ਦੇ ਸੂਬਾਈ ਆਗੂ ਹੁਸ਼ਿਆਰ ਸਿੰਘ ਨੇ ਸੰਬੋਧਨ ਕਰਦਿਆਂ ਗੁਰੂ ਕਾਸ਼ੀ ਕਾਲਜ ਦੇ ਵਿਦਿਆਰਥੀਆਂ ਨੂੰ ਇਹ ਕਦਮ ਚੁੱਕਣ ਦੀ ਵਧਾਈ ਦਿੱਤੀ ਤੇ ਦੱਸਿਆ ਕੇ ਪੰਜਾਬੀ ਯੂਨੀਵਰਸਿਟੀ ਲਈ ਪੰਜਾਬ ਸਰਕਾਰ ਨੇ ਪਹਿਲਾਂ ਹੀ ਨਿਗੂਣੀ ਮਿਲਦੀ ਗ੍ਰਾਂਟ 200 ਕਰੋੜ ਤੋਂ ਘਟਾ ਕੇ 164 ਕਰੋੜ ਕਰ ਦਿੱਤੀ। ਸਰਕਾਰੀ ਸਿੱਖਿਆ ਡੁੱਬ ਰਹੀ ਹੈ, ਨਵੀਂ ਸਰਕਾਰ ਨੇ ਇਸਨੂੰ ਬਚਾਉਣਾ ਤਾਂ ਕੀ ਸੀ, ਸਗੋਂ ਹੋਰ ਵੀ ਜ਼ੋਰ ਸ਼ੋਰ ਨਾਲ ਸਾਮਰਾਜੀ ਆਕਾਵਾਂ ਦੇ ਇਸ਼ਾਰਿਆਂ 'ਤੇ ਨਿੱਜੀਕਰਨ ਦੀਆਂ ਨੀਤੀਆਂ ਲਾਗੂ ਕੀਤੀਆਂ ਜਾ ਰਹੀਆਂ ਨੇ। ਅੰਮ੍ਰਿਤਸਰ 'ਚ ਜੀ 20 ਸੰਮੇਲਨ 'ਚ ਸੌ ਕਰੋੜ ਰੁਪਿਆ ਸਾਮਰਾਜੀਆਂ ਦੀ ਸੇਵਾ 'ਚ ਲਾਇਆ ਜਾ ਰਿਹਾ ਹੈ, ਜਿਨ੍ਹਾਂ ਨੇ ਆਖਰੀ ਸਾਹ 'ਤੇ ਚੱਲ ਰਹੇ ਸਰਕਾਰੀ ਅਦਾਰਿਆਂ, ਸਰਕਾਰੀ ਸਿੱਖਿਆ, ਰੁਜ਼ਗਾਰ, ਖੇਤੀ, ਛੋਟੀ ਸਨਅਤ ਨੂੰ ਵਿਦੇਸ਼ੀ ਦੇਸੀ ਧਨਾਢਾਂ ਦੇ ਹਵਾਲੇ ਕਰ ਦੇਣਾ ਹੈ। ਆਉਣ ਵਾਲੇ ਦਿਨਾਂ 'ਚ ਪੰਜਾਬੀ ਯੂਨੀਵਰਸਿਟੀ ਨੂੰ ਬਚਾਉਣ ਲਈ ਸੰਘਰਸ਼ ਦੇ ਰਾਹ ਪੈਣ ਦੀ ਤਿਆਰੀ ਕਰੀਏ। ਵਿਦਿਆਰਥੀ ਆਗੂ ਅਮਿਤੋਜ ਮੌੜ ਨੇ ਪੈਨਲ ਪੇਸ਼ ਕਰਕੇ ਨਾਂਅ ਰੱਖੇ, ਜਿਸ 'ਚ ਖੁਸ਼ਸ਼ੀਪ ਸਿੰਘ ਨੂੰ ਪ੍ਰਧਾਨ, ਜਸਮੀਨ ਰਾਣੀ ਨੂੰ ਜਨਰਲ ਸਕੱਤਰ, ਵਿੱਕੀ ਤਲਵੰਡੀ ਨੂੰ ਪ੍ਰੈਸ ਸਕੱਤਰ, ਜਸਪ੍ਰੀਤ ਸਿੰਘ ਨੂੰ ਖ਼ਜ਼ਾਨਚੀ ਅਤੇ ਨੌਂ ਵਿਦਿਆਰਥੀ ਕਮੇਟੀ ਮੈਂਬਰ ਬਣੇ। ਵਿਦਿਆਰਥੀਆਂ ਦੇ ਭਰਵੇਂ ਇਕੱਠ ਨੇ ਹੱਥ ਖੜੇ ਕਰਕੇ ਕਮੇਟੀ ਨੂੰ ਪ੍ਰਵਾਨਗੀ ਦਿੱਤੀ। ਇਕੱਠ 'ਚ ਯੂਨੀਵਰਸਿਟੀ ਕਾਲਜ ਘੁੱਦਾ ਤੋਂ ਪੀ ਐਸ ਯੂ ਰੰਧਾਵਾ ਦੇ ਆਗੂ ਗੁਰਵਿੰਦਰ ਬਠਿੰਡਾ ਵੀ ਸ਼ਾਮਲ ਹੋਏ।

## ਪਤਨੀ ਤੋਂ ਤੰਗ ਆ ਕੇ ਕੀਤੀ ਖ਼ੁਦਕੁਸ਼ੀ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਸ਼ਹਿਰ ਸਥਿਤ ਬੇਦੀ ਕਾਲੋਨੀ ਫਿਰੋਜ਼ਪੁਰ ਵਿਖੇ ਪਤਨੀ ਤੋਂ ਤੰਗ ਆ ਕੇ ਪਤੀ ਵੱਲੋਂ ਖੁਦਕੁਸ਼ੀ ਕਰਨ ਦੀ ਖਬਰ ਮਿਲੀ ਹੈ। ਇਸ ਸਬੰਧੀ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਉਕਤ ਔਰਤ ਖਿਲਾਫ 306 ਆਈਪੀਸੀ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਗੁਰਪ੍ਰੀਤ ਸਿੰਘ ਉਰਫ ਗੋਰਾ ਪੁੱਤਰ ਨਿਰੰਜਨ ਸਿੰਘ ਵਾਸੀ ਪਿੰਡ ਵਰਿਆਮ ਸਿੰਘ ਵਾਲਾ ਨੇ ਦੱਸਿਆ ਕਿ ਉਸ ਦਾ ਭਰਾ ਤਰਸੇਮ ਸਿੰਘ (35 ਸਾਲ) ਜੋ ਕਰੀਬ ਡੇਢ ਦੋ ਸਾਲਾਂ ਤੋਂ ਆਪਣੀ ਪਤਨੀ ਨਵਜੋਤ ਕੌਰ ਨਾਲ ਆਪਣੇ ਮਕਾਨ ਬੇਦੀ ਕਾਲੋਨੀ ਫੇਸ-3 ਨੇੜੇ ਦਾਣਾ ਮੰਡੀ ਸਿਟੀ ਫਿਰੋਜ਼ਪੁਰ ਵਿਖੇ ਰਹਿ ਰਿਹਾ ਸੀ ਤੇ ਜੁਝਾਰ ਬੱਸ 'ਤੇ ਕੰਡਕਟਰੀ ਕਰਦਾ ਸੀ। ਨਵਜੋਤ ਕੌਰ ਜੋ ਜ਼ਿਆਦਾ ਤੁਰਨ ਫਿਰਨ ਵਾਲੀ ਔਰਤ ਸੀ, ਜਿਸ ਕਰਕੇ ਤਰਸੇਮ ਸਿੰਘ ਦੀ ਇਸ ਨਾਲ ਘੱਟ ਬਣਦੀ ਸੀ ਤੇ ਇਨ੍ਹਾਂ ਦਾ ਆਪਸ ਵਿੱਚ ਲੜਾਈ ਝਗੜਾ ਰਹਿੰਦਾ ਸੀ, ਇਨ੍ਹਾਂ ਦਾ ਕਈ ਵਾਰੀ ਪੰਚਾਇਤੀ ਤੌਰ 'ਤੇ ਰਾਜ਼ੀਨਾਮਾ ਵੀ ਹੋ ਜਾਂਦਾ ਸੀ। ਕਰੀਬ 15-20 ਦਿਨ ਪਹਿਲਾਂ ਨਵਜੋਤ ਕੌਰ ਜੋ ਬਿਨਾਂ ਪੁੱਛੇ ਦੱਸੇ ਆਪਣੇ ਪੇਕੇ ਘਰ ਚਲੀ ਗਈ ਤੇ ਘਰ ਦੀ ਰਜਿਸਟਰੀ ਵੀ ਨਾਲ ਲੈ ਗਈ ਅਤੇ ਆਪਣੇ ਪਤੀ 'ਤੇ ਦਬਾਅ ਬਣਾਉਂਦੀ ਸੀ ਕਿ ਆਪਣਾ ਮਕਾਨ ਵੇਚ ਦੇ ਮੈਂ ਇੰਗਲੈਂਡ ਜਾਣਾ ਹੈ, ਮੈਨੂੰ ਪੈਸੇ ਦੀ ਜ਼ਰੂਰਤ ਹੈ, ਪਰ ਤਰਸੇਮ ਸਿੰਘ ਮਕਾਨ ਵੇਚਣ ਲਈ ਤਿਆਰ ਨਹੀਂ ਸੀ। ਨਵਜੋਤ ਕੌਰ ਨੇ ਤਰਸੇਮ ਸਿੰਘ ਦੇ ਨਾਲ ਜੁਆਇੰਟ ਖਾਤੇ ਵਿੱਚੋਂ ਪੈਸੇ ਕਢਵਾ ਲਏ ਤੇ ਸਾਰੇ ਕਾਗਜ਼ਾਤ ਵੀ ਘਰੋਂ ਲੈ ਗਈ, ਜਿਸ 'ਤੇ ਤਰਸੇਮ ਸਿੰਘ ਪ੍ਰੇਸ਼ਾਨ ਰਹਿਣ ਲੱਗਾ, ਜਿਸ ਨੇ ਆਪਣੇ ਘਰ ਵਿੱਚ ਫਾਹਾ ਲੈ ਕੇ ਆਤਮ ਹੱਤਿਆ ਕਰ ਲਈ। ਇਸ ਮਾਮਲੇ ਦੀ ਜਾਂਚ ਕਰ ਰਹੇ ਏ ਐੱਸ ਆਈ ਅਯੂਬ ਮਸੀਹ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਨਵਜੋਤ ਕੌਰ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

# ਬਾਬਾ ਫ਼ਰੀਦ ਕਾਲਜ ਆਫ਼ ਨਰਸਿੰਗ 'ਚ ਨਵੇਂ ਵਿਦਿਆਰਥੀਆਂ ਲਈ ਵੈਲਕਮ ਪਾਰਟੀ

**ਕੋਟਕਪੂਰਾ (ਸ਼ਾਮ ਲਾਲ ਚਾਵਲਾ)**



ਬਾਬਾ ਫ਼ਰੀਦ ਕਾਲਜ ਆਫ਼ ਨਰਸਿੰਗ ਵਿਖੇ ਸੈਸ਼ਨ 2022-2023 'ਚ ਆਏ ਸਾਰੇ ਪਹਿਲੇ ਸਾਲ ਦੇ ਵਿਦਿਆਰਥੀਆਂ ਦੇ ਸਵਾਗਤ ਲਈ 'ਦੀ ਨਿਊ ਬੀਜ ਨੈਕਟਰ' ਥੀਮ ਅਨੁਸਾਰ ਪਾਰਟੀ ਦਾ ਆਯੋਜਨ ਕੀਤਾ ਗਿਆ।

ਪ੍ਰੋਗਰਾਮ ਦੀ ਸ਼ੁਰੂਆਤ ਪ੍ਰੰਪਰਾਗਤ ਰੂਪ 'ਚ ਗੁਰਬਾਣੀ ਦੇ ਸ਼ਬਦ ਨਾਲ ਕੀਤੀ ਗਈ। ਸੀਨੀਅਰ ਵਿਦਿਆਰਥੀਆਂ ਨੇ ਨਵੇਂ ਆਏ ਵਿਦਿਆਰਥੀਆਂ ਲਈ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ, ਜਿਸ 'ਚ ਸੋਲੋ ਡਾਂਸ, ਗਰੁੱਪ ਡਾਂਸ, ਭੰਗੜਾ, ਸ਼ਾਇਰੀ, ਸੋਲੋ ਸੌਂਗ ਆਦਿ ਸਨ। ਨਵੇਂ ਆਏ ਵਿਦਿਆਰਥੀਆਂ ਨੇ ਇਨਟ੍ਰੋਡਕਸ਼ਨ, ਮਾਡਲਿੰਗ, ਟੈਲੇਂਟ ਰਾਊਂਡ, ਪ੍ਰਸ਼ਨ-ਉੱਤਰ ਰਾਊਂਡ 'ਚ ਹਿੱਸਾ ਲਿਆ। ਨਵੇਂ ਵਿਦਿਆਰਥੀਆਂ 'ਚੋਂ ਟਾਈਟਲ ਕ੍ਰਮਵਾਰ ਮਿਸ ਫਰੈਸ਼ਰ ਵੰਸ਼ਕਾ, ਮਿਸਟਰ ਫਰੈਸ਼ਰ ਸ਼ਾਕਿਰ, ਮਿਸ ਪ੍ਰਸਨੈਲਿਟੀ ਫੌਜੀਆ, ਮਿਸਟਰ ਪ੍ਰਸਨੈਲਿਟੀ ਹਰਮਨ ਸਿੰਘ, ਮਿਸ ਚਾਰਮਿੰਗ ਉਜਮਾ ਰਿਆਜ, ਮਿਸਟਰ ਹੈਂਡਸਮ ਯਾਸਿਰ ਨੂੰ ਮਿਲਿਆ। ਕਾਲਜ ਦੇ ਮੈਨੇਜਿੰਗ ਡਾਇਰੈਕਟਰ ਡਾ. ਮਨਜੀਤ ਸਿੰਘ ਢਿੱਲੋਂ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਰਸਿੰਗ ਇੱਕ ਪ੍ਰੈਕਟੀਕਲ ਪੇਸ਼ਾ ਹੈ ਤੇ ਆਉਣ ਵਾਲੇ ਸਮੇਂ 'ਚ ਕਾਲਜ ਦੇ ਨਾਲ ਹੀ ਇੱਕ 50 ਬੈੱਡ ਵਾਲਾ ਹਸਪਤਾਲ ਖੋਲ੍ਹਿਆ ਜਾਵੇਗਾ, ਜਿੱਥੇ ਤਜਰਬੇਕਾਰ ਡਾਕਟਰਾਂ ਦੀ ਟੀਮ ਦੀ ਅਗਵਾਈ ਵਿੱਚ ਵਿਦਿਆਰਥੀਆਂ ਨੂੰ ਸਿੱਖਿਅਤ ਕੀਤਾ ਜਾਵੇਗਾ ਤੇ ਸਾਰੇ ਕਲਾਸ ਰੂਮ ਵੀ ਏ.ਸੀ. ਕੀਤੇ ਜਾਣਗੇ। ਡਿਪਟੀ ਡਾਇਰੈਕਟਰ ਡਾ. ਪ੍ਰੀਤਮ ਸਿੰਘ ਛੌਕਰ ਨੇ ਦੱਸਿਆ ਕਿ ਯੂਨੀਵਰਸਿਟੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਦਾਖਲੇ ਲਈ ਹੋਣ ਵਾਲੀ ਪ੍ਰੀਖਿਆ ਪੀ.ਪੀ.ਐਮ.ਈ.ਟੀ. ਦੀ ਤਿਆਰੀ ਇਸ ਕਾਲਜ 'ਚ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਨਰਸਿੰਗ ਇੱਕ ਨੋਬਲ ਕਿੱਤਾ ਹੈ ਤੇ ਵਿਦਿਆਰਥੀਆਂ ਨੂੰ ਇਸ ਕਿੱਤੇ ਦੇ ਨਿਰਧਾਰਿਤ ਨਿਯਮਾਂ ਦਾ ਪਾਲਣ ਕਰਨਾ ਚਾਹੀਦਾ ਹੈ। ਪ੍ਰਿੰਸੀਪਲ ਡਾ. ਗੁਰਜੀਤ ਕੌਰ ਬਰਾੜ ਨੇ ਵਿਦਿਆਰਥੀਆਂ ਨੂੰ ਅਸ਼ੀਰਵਾਦ ਦਿੰਦਿਆਂ ਆਖਿਆ ਕਿ ਉਹ ਆਪਣੇ ਨਰਸਿੰਗ ਪੇਸ਼ੇ ਨਾਲ ਪੂਰੇ ਇਮਾਨਦਾਰ ਰਹਿਣ ਤੇ ਮਿਹਨਤ ਨਾਲ ਵਧੀਆ ਪੁਜੀਸ਼ਨ ਲੈ ਕੇ ਕਾਲਜ ਦਾ ਨਾਂਅ ਰੌਸ਼ਨ ਕਰਨ। ਪ੍ਰਬੰਧਕ ਅਫਸਰ ਹਰਪ੍ਰੀਤ ਸਿੰਘ ਢਿੱਲੋਂ ਸਮੇਤ ਯੂਨੀਵਰਸਿਟੀ ਕਾਲਜ ਜੈਤੋ ਤੋਂ ਆਏ ਹੋਏ ਮਹਿਮਾਨ ਡਾ. ਗੁਰਬਿੰਦਰ ਕੌਰ ਤੇ ਡਾ. ਮਨਦੀਪ ਕੌਰ ਨੇ ਵੀ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਕਾਲਜ ਦੇ ਸਮੂਹ ਸਟਾਫ਼ ਨੇ ਵੀ ਵਿਦਿਆਰਥੀਆਂ ਨੂੰ ਅਸ਼ੀਰਵਾਦ ਦਿੰਦਿਆਂ ਉਨ੍ਹਾਂ ਨੂੰ ਸ਼ੁਭਇਛਾਵਾਂ ਦਿੱਤੀਆਂ।

## ਕਾਤਰਾਂ

### ਭਾਈ ਮਰਦਾਨਾ ਸੁਸਾਇਟੀ ਨੇ ਵਿਆਹੇ ਜੋੜਿਆਂ ਨੂੰ ਦਿੱਤਾ ਘਰੇਲੂ ਸਾਮਾਨ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਿਸ਼ਵ ਭਾਈ ਮਰਦਾਨਾ ਕੀਰਤਨ ਦਰਬਾਰ ਸੁਸਾਇਟੀ ਵੱਲੋਂ ਬੀਤੀ 25, 26 ਫਰਵਰੀ ਨੂੰ ਭਾਈ ਮਰਦਾਨਾ ਦੀ ਯਾਦ ਵਿੱਚ ਕਰਵਾਏ ਕੀਰਤਨ ਦਰਬਾਰ ਮੌਕੇ ਲੋੜਵੰਦ ਪਰਵਾਰਾਂ ਦੀਆਂ ਜਿਨ੍ਹਾਂ ਲੜਕੀਆਂ ਦੇ ਵਿਆਹ ਕੀਤੇ ਗਏ ਸਨ, ਨੂੰ ਘਰੇਲੂ ਲੋੜੀਂਦਾ ਸਾਮਾਨ ਦਿੱਤਾ ਗਿਆ। ਸੁਸਾਇਟੀ ਦੇ ਪ੍ਰਧਾਨ ਹਰਪਾਲ ਸਿੰਘ ਭੁੱਲਰ ਨੇ ਦੱਸਿਆ ਕਿ ਧਾਰਾ 144 ਲੱਗੀ ਹੋਣ ਕਰਕੇ ਮਖੂ, ਜ਼ੀਰਾ ਤੇ ਗੁਰੂ ਹਰਸਹਾਏ ਤੋਂ ਸਿਰਫ਼ 8 ਪਰਿਵਾਰ ਹੀ ਸਾਮਾਨ ਲੈਣ ਪਹੁੰਚ ਸਕੇ। ਉਨ੍ਹਾਂ ਦੱਸਿਆ ਕਿ ਸੁਸਾਇਟੀ ਹੁਣ ਤੱਕ 835 ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ ਕਰ ਚੁੱਕੀ ਹੈ। ਭੁੱਲਰ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਜੂਨ ਮਹੀਨੇ ਤੋਂ ਹਰ ਮਹੀਨੇ ਭਾਈ ਮਰਦਾਨਾ ਯਾਦਗਾਰੀ ਹਾਲ ਵਿਖੇ ਇਕ ਧਾਰਮਿਕ ਸਮਾਗਮ ਕਰਵਾਇਆ ਜਾਵੇਗਾ। ਇਸ ਤੋਂ ਇਲਾਵਾ ਪਿਛਲੇ ਡੇਢ ਸਾਲ ਤੋਂ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸੁਸਾਇਟੀ ਦੇ 7 ਅਹੁਦੇਦਾਰਾਂ ਦੇ ਚਿੱਤਰ ਯਾਦਗਾਰੀ ਹਾਲ ਵਿਖੇ ਲਗਾਏ ਜਾਣਗੇ। ਇਸ ਮੌਕੇ ਸੁਸਾਇਟੀ ਦੇ ਸਰਪ੍ਰਸਤ ਹਰੀਪਾਲ ਸਿੰਘ ਸਰਾਂ, ਸੋਹਨ ਸਿੰਘ, ਹਰਜੀਤ ਸਿੰਘ, ਜਤਿੰਦਰ ਸਿੰਘ, ਮੋਹਨ ਸਿੰਘ, ਸਵਰਨ ਸਿੰਘ, ਬਰਜਿੰਦਰ ਸਿੰਘ ਬੱਬੂ, ਬਲਦੇਵ ਹਾਂਡਾ, ਪ੍ਰਿੰਸ, ਜਗਜੀਤ ਸਿੰਘ ਭੁੱਲਰ ਵੀ ਮੌਜੂਦ ਸਨ।

### ਵਿਧਾਇਕ ਦੇਵ ਮਾਨ ਨੇ ਫਸਲਾਂ ਦੇ ਨੁਕਸਾਨ ਦਾ ਲਿਆ ਜਾਇਜ਼ਾ



**ਨਾਭਾ (ਵਰਿੰਦਰ ਵਰਮਾ)**-ਪਿਛਲੇ ਤਿੰਨ ਦਿਨਾਂ ਤੋਂ ਹੋਈ ਬਾਰਸ਼ ਕਾਰਨ ਕਣਕ ਦੀ ਫਸਲ ਦਾ ਬਹੁਤ ਨੁਕਸਾਨ ਹੋਇਆ ਹੈ, ਜਿਸ ਨੂੰ ਲੈ ਅੱਜ ਹਲਕਾ ਨਾਭਾ ਤੋਂ ਆਮ ਆਦਮੀ ਪਾਰਟੀ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਹਲਕੇ ਦੇ ਪਿੰਡ ਘਣੀਵਾਲ, ਭੋੜੇ, ਉਪਲਾਂ, ਵਜੀਦਪੁਰ, ਭੋੜੇ ਤੇ ਸਾਲੂਵਾਲ ਵਿਖੇ ਪਹੁੰਚ ਕੇ ਕਿਸਾਨਾਂ ਦੀਆਂ ਫਸਲਾਂ ਦੇ ਹੋਏ ਨੁਕਸਾਨ ਦਾ ਜਾਇਜ਼ਾ ਲਿਆ। ਇਸ ਮੌਕੇ ਸੰਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ। ਉਨ੍ਹਾ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਕੁਦਰਤ ਅੱਗੇ ਕਿਸੇ ਦਾ ਜ਼ੋਰ ਨਹੀਂ ਚਲਦਾ। ਉਨ੍ਹਾ ਕਿਹਾ ਕਿ ਕਣਕ ਦੀ ਫਸਲ ਦੇ ਨੁਕਸਾਨ ਦੇ ਨਾਲ ਆਲੂਆਂ ਦੀ ਫਸਲ ਦਾ ਵੀ ਨੁਕਸਾਨ ਹੋਇਆ ਹੈ। ਸਰਕਾਰ ਕਿਸਾਨਾਂ ਦੇ ਨਾਲ ਹੈ ਜੋ ਵੀ ਸੰਭਵ ਮਦਦ ਸਰਕਾਰ ਵੱਲੋਂ ਕਰਵਾਉਣ ਦੇ ਯਤਨ ਕੀਤੇ ਜਾਣਗੇ। ਇਸ ਦੇ ਨਾਲ ਹੀ ਬੀੜ ਦੋਸਾਂਝ ਵਿੱਚ ਹਨੇਰੀ ਦੇ ਨਾਲ ਡਿੱਗੇ ਦਰੱਖਤਾਂ ਨੂੰ ਸੜਕ ਤੋਂ ਹਟਾ ਕੇ ਰਸਤਾ ਚਲਦਾ ਕੀਤਾ। ਇਸ ਮੌਕੇ ਉਨ੍ਹਾਂ ਦੇ ਨਾਲ ਮਨਪ੍ਰੀਤ ਸਿੰਘ ਧਾਰੋਂਕੀ, ਤੇਜਿੰਦਰ ਸਿੰਘ ਖਹਿਰਾ, ਹਰਮੀਕ ਸਿੰਘ ਬਾਜਵਾ, ਟਰੱਕ ਯੂਨੀਅਨ ਪ੍ਰਧਾਨ ਨਾਭਾ ਦਵਿੰਦਰ ਸਿੰਘ ਕੁਲਾਰਾਂ, ਮਨਜੋਤ ਸਿੰਘ ਲੱਧਾਹੇੜੀ, ਅਮਨਦੀਪ ਸਿੰਘ ਰਹਿਲ, ਕਰਮਾ ਟੋਪਰ ਸ਼ਿਵਗੜ੍ਹ, ਭੁਪਿੰਦਰ ਸਿੰਘ ਕੱਲਰਮਾਜਰੀ, ਜਸਵੀਰ ਸਿੰਘ ਵਜੀਦਪੁਰ ਤੇ ਹੋਰ ਅਹੁਦੇਦਾਰ ਮੌਜੂਦ ਸਨ।

### ਕੁੱਟਮਾਰ ਦੇ ਦੋਸ਼ 'ਚ 4 ਖਿਲਾਫ ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਸ਼ਹਿਰ ਸਥਿਤ ਗੋਲਬਾਗ ਸੋਕੜ ਨਹਿਰ ਵਿਖੇ ਦੋ ਵਿਅਕਤੀਆਂ ਦੀ ਕੁੱਟਮਾਰ ਕਰਕੇ ਜ਼ਖਮੀਂ ਕਰਨ ਦੇ ਦੋਸ਼ ਵਿੱਚ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ 4 ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਦਰਸ਼ਨ ਸਿੰਘ ਪੁੱਤਰ ਗੁਲਜ਼ਾਰ ਸਿੰਘ ਵਾਸੀ ਗੋਲਬਾਗ ਸੋਕੜ ਨਹਿਰ ਸਿਟੀ ਫਿਰੋਜ਼ਪੁਰ ਨੇ ਦੱਸਿਆ ਕਿ 9 ਜਨਵਰੀ 2023 ਨੂੰ ਕਰੀਬ 8 ਵਜੇ ਉਹ ਆਪਣੇ ਘਰ ਵਿੱਚ ਅਰਾਮ ਕਰ ਰਿਹਾ ਸੀ ਤਾਂ ਗੋਰਾ ਪੁੱਤਰ ਬਾਗ ਵਾਸੀ ਗੋਲਬਾਗ ਫਿਰੋਜ਼ਪੁਰ ਦੀ ਦੋਸ਼ੀਆਨ ਮੰਗੂ, ਮੋਕੇਸ਼ ਕੁਮਾਰ ਪੁੱਤਰ ਗੰਗੂ ਰਾਮ, ਵਿਜੇ ਕੁਮਾਰ ਪੁੱਤਰ ਮੰਗੂ, ਵਿੱਕੀ ਵਾਸੀਆਨ ਸੋਕੜ ਨਹਿਰ ਗੋਲਬਾਗ ਕੁੱਟਮਾਰ ਕਰ ਰਹੇ ਸਨ ਤਾਂ ਗੋਰਾ, ਜੋ ਉਸ ਦੇ ਘਰ ਵੜ ਆਇਆ ਤਾਂ ਦੋਸ਼ੀਆਨ ਵੀ ਉਸ ਦੇ ਪਿੱਛੇ ਆ ਗਏ। ਜਦ ਉਸ ਨੇ ਗੋਰਾ ਨੂੰ ਦੋਸ਼ੀਆਨ ਕੋਲੋਂ ਛੁਡਾਉਣ ਦੀ ਕੋਸ਼ਿਸ਼ ਕੀਤੀ ਤਾਂ ਦੋਸ਼ੀਆਨ ਨੇ ਉਸ ਦੀ ਵੀ ਕੁੱਟਮਾਰ ਕੀਤੀ ਤੇ ਸੱਟਾਂ ਮਾਰੀਆਂ। ਦਰਸ਼ਨ ਨੇ ਦੱਸਿਆ ਕਿ ਉਨ੍ਹਾਂ ਦਾ ਇਲਾਜ ਸਿਵਲ ਹਪਸਤਾਲ ਫਿਰੋਜ਼ਪੁਰ ਵਿਖੇ ਚੱਲ ਰਿਹਾ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਏਐੱਸਆਈ ਗਹਿਣਾ ਰਾਮ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# ਸਿੱਖ ਵਿਦਿਆਰਥੀ ਦੀ ਕੁੱਟਮਾਰ ਦਾ ਮਾਮਲਾ ਕੈਨੇਡਾ ਦੀ ਪਾਰਲੀਮੈਂਟ 'ਚ ਗੂੰਜਿਆ




ਕੈਨੇਡਾ ਦੀ ਪਾਰਲੀਮੈਂਟ 'ਚ ਵਿਦਿਆਰਥੀ ਦੀ ਕੁੱਟਮਾਰ ਦਾ ਮੁੱਦਾ ਉਠਾਉਂਦੇ ਹੋਏ ਸੰਸਦ ਮੈਂਬਰ ਤੇ ਪੀੜਤ ਵਿਦਿਆਰਥੀ ਜ਼ੇਰੇ ਇਲਾਜ।

**ਮਲੋਟ (ਗੁਰਮੀਤ ਸਿੰਘ ਮੱਕੜ)**

ਕੈਨੇਡਾ ਦੇ ਸੂਬੇ ਬ੍ਰਿਟਿਸ਼ ਕੋਲੰਬੀਆ ਦੇ ਕਲੋਨਾ ਵਿੱਚ 21 ਸਾਲਾ ਸਿੱਖ ਵਿਦਿਆਰਥੀ ਗਗਨਦੀਪ ਸਿੰਘ ਦੀ ਕੁੱਟਮਾਰ ਤੇ ਪੱਗ ਲਾਹੁਣ ਦਾ ਮਾਮਲਾ ਕੈਨੇਡਾ ਦੀ ਪਾਰਲੀਮੈਂਟ ਵਿੱਚ ਬ੍ਰਿਟਿਸ਼ ਕੋਲੰਬੀਆ ਦੇ ਸੰਸਦ ਮੈਂਬਰ ਡੈਨ ਐਲਬਸ ਨੇ ਜ਼ੋਰਦਾਰ ਢੰਗ ਨਾਲ ਉਠਾਇਆ ਤੇ ਸਿੱਖ ਵਿਦਿਆਰਥੀ ਦੀ ਕੇਸਾਂ ਦੀ ਬੇਅਦਬੀ ਅਤੇ ਪੱਗ ਨੂੰ ਲਿਜਾਣਾ ਮੰਦਭਾਗਾ ਦੱਸਦੇ ਹੋਏ ਸਬੰਧਤ ਕੈਨੇਡਾ ਦੇ ਨਾਗਰਿਕਾਂ 'ਤੇ ਕਾਰਵਾਈ ਦੀ ਮੰਗ ਕੀਤੀ।

ਉਨ੍ਹਾਂ ਕਿਹਾ ਕਿ ਇਸ ਘਟਨਾ ਨਾਲ ਜਿੱਥੇ ਇੰਟਰਨੈਸ਼ਨਲ ਵਿਦਿਆਰਥੀਆਂ ਵਿਚ ਅਸੁਰੱਖਿਆ ਦੀ ਭਾਵਨਾ ਪਾਈ ਜਾ ਰਹੀ ਹੈ, ਉੱਥੇ ਹੀ ਕੈਨੇਡਾ ਵਰਗੇ ਦੇਸ਼ ਵਿਚ ਇਹ ਘਟਨਾ ਵਾਪਰਨੀ ਮੰਦਭਾਗੀ ਹੈ। ਜ਼ਿਕਰਯੋਗ ਹੈ ਕਿ ਗਗਨਦੀਪ ਸਿੰਘ ਜਦੋਂ ਬੱਸ ਵਿੱਚ ਸਫ਼ਰ ਕਰ ਰਿਹਾ ਸੀ ਤਾਂ ਉਸ ਵਿੱਚ ਸਵਾਰ ਨੌਜਵਾਨਾਂ ਦੇ ਇੱਕ ਗਰੁੱਪ ਨੇ ਉਸ ਨਾਲ ਛੇੜਛਾੜ ਕੀਤੀ, ਜਦੋਂ ਉਸ ਵਲੋਂ ਉਸ ਗਰੁੱਪ ਨੂੰ ਛੇੜਛਾੜ ਰੋਕਣ ਨੂੰ ਕਿਹਾ ਗਿਆ ਅਤੇ ਪੁਲਿਸ ਨੂੰ ਸ਼ਿਕਾਇਤ ਕਰਨ ਦੀ ਗੱਲ ਕਹੀਂ ਤਾਂ ਬੱਸ ਵਿਚ ਸਵਾਰ ਨੌਜਵਾਨਾਂ ਨੇ ਰਾਤ ਸਮੇਂ ਬੱਸ ਵਿਚ ਉੱਤਰਦਿਆਂ ਹੀ ਗਗਨਦੀਪ ਸਿੰਘ ਦੀ ਕੁੱਟਮਾਰ ਸ਼ੁਰੂ ਕਰ ਦਿੱਤੀ, ਜਿਸ ਨਾਲ ਉਸਦੀਆਂ ਪੱਸਲੀਆਂ, ਮੂੰਹ, ਬਾਹਾਂ ਤੇ ਲੱਤਾਂ 'ਤੇ ਕਾਫ਼ੀ ਸੱਟਾਂ ਲੱਗੀਆਂ, ਜਿਸ ਨਾਲ ਉਹ ਬੇਹੋਸ਼ ਹੋ ਗਿਆ ਅਤੇ ਹੋਸ਼ ਆਉਣ 'ਤੇ ਉਸ ਨੇ ਇਹ ਸਾਰੀ ਘਟਨਾ ਆਪਣੇ ਦੋਸਤ ਨੂੰ ਫ਼ੋਨ 'ਤੇ ਦੱਸੀ ਤੇ ਸਾਰਾ ਮਾਮਲਾ ਉੱਥੇ ਦੇ ਕੌਂਸਲਰ ਮੋਹਿਨੀ ਸਿੰਘ ਦੇ ਧਿਆਨ ਵਿੱਚ ਲਿਆਂਦਾ। ਦੂਜੇ ਦੇਸ਼ਾਂ ਦੇ ਵਿਦਿਆਰਥੀ ਤੇ ਪੰਜਾਬੀ ਵਿਦਿਆਰਥੀਆਂ ਨੇ ਉਸਦੇ ਇਲਾਜ ਲਈ ਫੰਡ ਇਕੱਠਾ ਕਰਕੇ ਉਸ ਨੂੰ ਹਸਪਤਾਲ ਦਾਖ਼ਲ ਕਰਾਇਆ ਹੈ ਤੇ ਸਰਕਾਰ ਤੋਂ ਦੋਸ਼ੀ ਨੌਜਵਾਨਾਂ ਵਿਰੁੱਧ ਸਖਤ ਕਾਰਵਾਈ ਦੀ ਮੰਗ ਕੀਤੀ ਹੈ ਤਾਂ ਜੁ ਵਿਦਿਆਰਥੀ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਕਰ ਸਕਣ। ਭਾਰਤ ਰਹਿੰਦੇ ਵਿਦਿਆਰਥੀਆਂ ਦੇ ਮਾਪਿਆਂ ਵੱਲੋਂ ਵੀ ਇਸ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ।

# ਮਾਡਰਨ ਕਾਲਜ ਬੀਰ ਕਲਾਂ ਵਿਖੇ ਵਿਸ਼ਵ ਜੰਗਲਾਤ ਦਿਵਸ ਸੰਬੰਧੀ ਸਮਾਗਮ

**ਚੀਮਾ ਮੰਡੀ (ਰਵਿੰਦਰ ਚੀਮਾ)**



ਮਾਡਰਨ ਕਾਲਜ ਆਫ ਐਜੂਕੇਸ਼ਨ ਬੀਰ ਕਲਾਂ ਵਿਖੇ ਪ੍ਰਿੰਸੀਪਲ ਡਾ. ਵੀ. ਕੇ. ਰਾਏ ਤੇ ਚੇਅਰਮੈਨ ਡਾ. ਰਵਿੰਦਰ ਬਾਂਸਲ ਦੀ ਅਗਵਾਈ ਹੇਠ ਵਿਸ਼ਵ ਜੰਗਲਾਤ ਦਿਵਸ ਮੌਕੇ ਇੱਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੂੰ ਇਸ ਦਿਵਸ ਬਾਰੇ ਵਧੇਰੇ ਜਾਣਕਾਰੀ ਦੇਣ ਲਈ ਪੰਜਾਬ ਪਾਵਰ ਕਾਰਪੋਰੇਸ਼ਨ ਵਿਭਾਗ ਦੇ ਐੱਸ.ਡੀ.ਓ. ਇੰਜ. ਨਰੇਸ਼ ਕੁਮਾਰ ਮੁੱਖ ਮਹਿਮਾਨ ਵਜੋਂ ਪਹੁੰਚੇ। ਸਭ ਤੋਂ ਪਹਿਲਾਂ ਮੁੱਖ ਮਹਿਮਾਨ ਨੇ ਕਾਲਜ ਸਟਾਫ ਤੇ ਵਿਦਿਆਰਥੀਆਂ ਨਾਲ ਮਿਲ ਕੇ ਕਾਲਜ ਵਿੱਚ ਬੂਟੇ ਲਗਾਏ। ਇਸ ਮੌਕੇ ਉਨ੍ਹਾਂ ਜਾਣਕਾਰੀ ਦਿੰਦਿਆਂ ਕਿਹਾ ਕਿ ਦਿਨੋਂ ਦਿਨ ਬਦਲ ਰਹੇ ਸਮੇਂ, ਫੈਕਟਰੀਆਂ, ਮਿੱਲਾਂ ਤੇ ਹੋਰ ਮਸ਼ੀਨਰੀ ਸਦਕਾ ਸਾਡਾ ਵਾਤਾਵਰਣ ਖਰਾਬ ਹੋਣ ਦਾ ਡਰ ਬਣਿਆ ਹੋਇਆ ਹੈ। ਉਨ੍ਹਾ ਕਿਹਾ ਕਿ ਵਾਤਾਵਰਣ ਤੇ ਜੰਗਲਾਂ ਦੀ ਅਹਿਮੀਅਤ ਨੂੰ ਸਮਝਣ ਲਈ ਸਾਨੂੰ ਟ੍ਰੀ ਪਲਾਂਟੇਸ਼ਨ ਤੇ ਗ੍ਰੀਨ ਲੈਂਡ ਵਰਗੇ ਮੁੱਦਿਆਂ 'ਤੇ ਸੋਚਣਾ ਪਵੇਗਾ। ਇਸ ਮੌਕੇ ਪ੍ਰਿੰਸੀਪਲ ਡਾ. ਵੀ ਕੇ ਰਾਏ ਨੇ ਕਿਹਾ ਕਿ ਭਾਰਤ ਵਿੱਚ ਸੰਸਕ੍ਰਿਤੀ ਤੇ ਧਰਤੀ ਨੂੰ ਮਾਂ ਦਾ ਦਰਜਾ ਦਿੱਤਾ ਜਾਂਦਾ ਹੈ ਤਾਂ ਫਿਰ ਸਾਨੂੰ ਜੰਗਲਾਂ ਤੇ ਵਾਤਾਵਰਣ ਨੂੰ ਵੀ ਸਨਮਾਨ ਦੇਣਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸਾਨੂੰ ਪਲਾਸਟਿਕ ਚੀਜ਼ਾਂ ਦੀ ਵਰਤੋਂ ਘੱਟ ਕਰਕੇ ਵਾਤਾਵਰਣ ਨੂੰ ਸਾਫ ਰੱਖਣ ਲਈ ਵੱਧ ਤੋਂ ਵੱਧ ਕੋਸ਼ਿਸ਼ ਕਰਨੀ ਚਾਹੀਦੀ ਹੈ। ਇਸ ਮੌਕੇ ਕਾਲਜ ਦੇ ਚੇਅਰਮੈਨ ਡਾ. ਰਵਿੰਦਰ ਬਾਂਸਲ ਨੇ ਕਿਹਾ ਕਿ ਕਾਲਜ ਵਿੱਚ ਸਮੇਂ ਸਮੇਂ ਸਿਰ ਵਿਦਿਆਰਥੀਆਂ ਨੂੰ ਜਾਗਰੂਕ ਕਰਨ ਲਈ ਇਹੋ ਜਿਹੇ ਪ੍ਰੋਗਰਾਮ ਕਰਵਾਏ ਜਾਂਦੇ ਹਨ। ਉਨ੍ਹਾ ਕਿਹਾ ਕਿ ਮੌਜੂਦਾ ਦੌਰ ਵਿੱਚ ਇੰਟਰਨੈੱਟ ਦੇ ਵਧ ਰਹੇ ਇਸਤੇਮਾਲ ਕਾਰਨ ਜੰਗਲਾਂ ਦਾ ਮਹੱਤਵ ਤੇ ਇਸ ਬਾਰੇ ਜਾਗਰੂਕਤਾ ਵੱਧ ਤੋਂ ਵੱਧ ਲੋਕਾਂ ਤੱਕ ਫੈਲਾਈ ਜਾ ਸਕਦੀ ਹੈ।

ਉਨ੍ਹਾ ਕਿਹਾ ਕਿ ਹਰ ਵਿਦਿਆਰਥੀ ਨੂੰ ਅਪਣੇ ਘਰ ਦੇ ਆਲੇ ਦੁਆਲੇ ਜਾਂ ਜਿੱਥੇ ਵੀ ਜਗ੍ਹਾ ਮਿਲ ਸਕੇ, ਇੱਕ ਇੱਕ ਬੂਟਾ ਜ਼ਰੂਰ ਲਗਾਉਣਾ ਚਾਹੀਦਾ ਹੈ। ਇਸ ਮੌਕੇ ਕਾਲਜ ਦੇ ਸਟਾਫ ਤੇ ਵਿਦਿਆਰਥੀ ਸ਼ਾਮਲ ਸਨ।

# ਸ਼ਹੀਦ ਭਗਤ ਸਿੰਘ ਤੇ ਸਾਥੀਆਂ ਦੀ ਯਾਦ 'ਚ ਸ਼ਹੀਦੀ ਕਾਨਫਰੰਸ ਤੇ ਨਾਟਕ ਮੇਲਾ 26 ਨੂੰ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸ਼ਹੀਦ ਭਗਤ ਸਿੰਘ ਯੂਥ ਕਲੱਬ ਕੁਰੜ (ਬਰਨਾਲਾ) ਵੱਲੋਂ ਸਮੂਹ ਨਗਰ ਵਾਸੀਆਂ ਅਤੇ ਕਿਸਾਨ ਜਥੇਬੰਦੀਆਂ ਦੇ ਸਹਿਯੋਗ ਨਾਲ 23 ਮਾਰਚ ਦੇ ਸ਼ਹੀਦਾਂ ਦੀ ਯਾਦ ਵਿੱਚ ਸ਼ਹੀਦੀ ਕਾਨਫਰੰਸ, ਨਾਟਕ ਮੇਲਾ 26 ਮਾਰਚ ਨੂੰ ਕਰਾਇਆ ਜਾ ਰਿਹਾ ਹੈ। ਕਲੱਬ ਦੇ ਆਗੂਆਂ ਮਾ: ਮਜੀਦ ਖਾਂ ਕੁਰੜ, ਮਨਜੀਤ ਸਿੰਘ, ਮਨਦੀਪ ਮਨੀ ਨੇ ਦੱਸਿਆ ਕਿ ਇਸ ਮੌਕੇ ਸਿਰਜਣਾ ਆਰਟ ਗਰੁੱਪ ਰਾਏਕੋਟ ਵੱਲੋਂ ਡਾ. ਸੋਮਪਾਲ ਹੀਰਾ ਦੀ ਨਿਰਦੇਸ਼ਨਾ ਹੇਠ ਨਾਟਕ 'ਭਗਤ ਸਿੰਘ ਤੂੰ ਜ਼ਿੰਦਾ ਹੈਂ' ਤੇ 'ਹਾਂ ਮੈਂ ਅੰਦੋਲਨਜੀਵੀ ਹਾਂ' ਪੇਸ਼ ਕੀਤੇ ਜਾਣਗੇ। ਇਸ ਸਮੇਂ ਕੋਰੀਓਗ੍ਰਾਫ਼ੀਆਂ 'ਰੰਗ ਦੇ ਬਸੰਤੀ ਚੋਲਾ', 'ਜੋ ਵਿਦੇਸ਼ਾਂ 'ਚ ਰੁਲ਼ਦੇ ਨੇ ਰੋਟੀ ਲਈ' ਦੀ ਪੇਸ਼ਕਾਰੀ ਤੋਂ ਇਲਾਵਾ ਇਨਕਲਾਬੀ ਕਵੀਸ਼ਰੀ ਜਥਾ ਰਸੂਲਪੁਰ ਆਪਣੀ ਲੋਕ ਪੱਖੀ ਕਵੀਸ਼ਰੀ ਪੇਸ਼ ਕਰੇਗਾ ਤੇ ਲੋਕ ਪੱਖੀ ਧਿਰਾਂ ਦੇ ਆਗੂ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰਕੇ ਮਹਾਨ ਸ਼ਹੀਦਾਂ ਨੂੰ ਸ਼ਰਧਾਂਜਲੀ ਅਰਪਿਤ ਕਰਨਗੇ। ਕਲੱਬ ਆਗੂਆਂ ਮਾ. ਮਜੀਦ ਖਾਂ, ਮਨਦੀਪ ਮਨੀ, ਜਸਪਾਲ ਸਿੰਘ, ਅੰਮ੍ਰਿਤ ਸਿੰਘ, ਕਰਮਵੀਰ, ਜਸਕਰਨ ਸਿੰਘ ਤੇ ਕਰਮਜੀਤ ਸਿੰਘ, ਮਨਜੀਤ ਸਿੰਘ ਨੇ ਸਮਾਗਮ ਦੀ ਸਫ਼ਲਤਾ ਲਈ ਸਮੂਹ ਇਲਾਕਾ ਵਾਸੀਆਂ ਨੂੰ ਹਰ ਪੱਖੋਂ ਸਹਿਯੋਗ ਦੇਣ ਦੀ ਅਪੀਲ ਕੀਤੀ ਹੈ।

# ਕਾਨੂੰਗੋ ਭੂਸ਼ਨ ਗੋਇਲ ਨਾਲ ਜਥੇਦਾਰ ਮਾਹਲਾ ਵੱਲੋਂ ਦੁੱਖ ਸਾਂਝਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਥਾਨਕ ਸ਼ਹਿਰ ਦੀ ਨਾਮਵਾਰ ਤੇ ਸਮਾਜ ਸੇਵੀ ਸ਼ਖਸੀਅਤ ਰਿਟਾਇਰ ਕਾਨੂੰਗੋ ਭੂਸ਼ਨ ਗੋਇਲ ਪ੍ਰਧਾਨ ਭਾਰਤ ਵਿਕਾਸ ਪ੍ਰੀਸ਼ਦ ਬਾਘਾ ਪੁਰਾਣਾ, ਦਰਸ਼ਨ ਕੁਮਾਰ ਗੋਇਲ ਰਿਟਾ: ਏ.ਐੱਫ.ਐੱਸ.ਓ. ਸੁਰਿੰਦਰਪਾਲ ਗੋਇਲ ਦੇ ਪਿਤਾ ਪਟਵਾਰੀ ਪਿਆਰੇ ਲਾਲ ਗੋਇਲ ਬੀਤੇ ਦਿਨੀਂ ਅਚਾਨਕ ਅਕਾਲ ਚਲਾਣਾ ਕਰ ਗਏ ਸਨ। ਉਨ੍ਹਾਂ ਦੇ ਅਕਾਲ ਚਲਾਣੇ ਨੂੰ ਲੈ ਕੇ ਭੂਸ਼ਨ ਕੁਮਾਰ ਗੋਇਲ ਰਿਟਾ: ਕਾਨੂੰਗੋ ਨਾਲ ਜਥੇਦਾਰ ਤੀਰਥ ਸਿੰਘ ਸੂਬਾ ਜਨਰਲ ਸਕੱਤਰ ਸ਼੍ਰੋਮਣੀ ਅਕਾਲੀ ਦਲ ਤੇ ਹੋਰਨਾਂ ਮੋਹਤਵਰ ਸ਼ਖ਼ਸੀਅਤਾਂ ਵੱਲੋਂ ਅਫਸੋਸ ਪ੍ਰਗਟਾਇਆ ਗਿਆ।

ਇਸ ਤੋਂ ਇਲਾਵਾ ਵੱਖ-ਵੱਖ ਰਾਜਸੀ, ਗੈਰ-ਰਾਜਸੀ, ਧਾਰਮਿਕ, ਸਮਾਜ ਸੇਵੀ ਸੰਸਥਾਵਾਂ ਦੀਆਂ ਹੋਰਨਾਂ ਪ੍ਰਮੁੱਖ ਸ਼ਖ਼ਸੀਅਤਾਂ ਵੱਲੋਂ ਦੁੱਖ ਸਾਂਝਾ ਕਰਕੇ ਹਮਦਰਦੀ ਦਾ ਪ੍ਰਗਟਾਵਾ ਕੀਤਾ ਗਿਆ, ਜਿਨ੍ਹਾਂ ਵਿੱਚ ਪਵਨ ਕੁਮਾਰ ਗੁਲਾਟੀ ਤਹਿਸੀਲਦਾਰ ਬਾਘਾ ਪੁਰਾਣਾ, ਰਮੇਸ਼ ਕੁਮਾਰ ਰਿਟਾ: ਤਹਿਸੀਲਦਾਰ, ਪ੍ਰਸ਼ੋਤਮ ਲਾਲ ਰਿਟਾ: ਨਾਇਬ ਤਹਿਸੀਲਦਾਰ, ਡਾ: ਕੇ ਐੱਲ ਗਰਗ ਡੀ ਐੱਮ ਵਾਲੇ, ਬਾਊ ਅਮਰ ਨਾਥ ਬਾਂਸਲ ਸੀਨੀਅਰ ਕਾਂਗਰਸੀ ਨੇਤਾ, ਬਲਤੇਜ ਸਿੰਘ ਲੰਗੇਆਣਾ ਸਰਕਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਸੁਖਮੰਦਰ ਸਿੰਘ ਬਲਾਕ ਸੰਮਤੀ ਮੈਂਬਰ, ਯਾਦਵਿੰਦਰ ਬਾਂਸਲ ਬਾਘਾ ਪੁਰਾਣਾ ਸਰਕਾਰੀ ਠੇਕੇਦਾਰ, ਕਾਨੂੰਗੋ ਰਵੀ ਕੁਮਾਰ ਸ਼ਰਮਾ, ਬਲਵਿੰਦਰ ਸਿੰਘ ਕਾਨੂੰਗੋ, ਜਗਤਾਰ ਸਿੰਘ ਰਾਜੇਆਣਾ ਚੇਅਰਮੈਨ, ਸਾਧੂ ਸਿੰਘ ਰਾਜੇਆਣਾ, ਕਾਨੂੰਗੋ ਜਸਪਾਲ ਸਿੰਘ ਜ਼ਿਲ੍ਹਾ ਪ੍ਰਧਾਨ ਕਾਨੂੰਗੋ ਐਸੋਸੀਏਸ਼ਨ ਮੋਗਾ, ਰਣਜੀਤ ਸਿੰਘ ਕਾਨੂੰਗੋ, ਜਗਸੀਰ ਸਿੰਘ ਕਾਨੂੰਗੋ, ਮਨਪ੍ਰੀਤ ਸਿੰਘ ਕਾਨੂੰਗੋ, ਸੰਦੀਪ ਸਿੰਘ ਪਟਵਾਰੀ ਪ੍ਰਧਾਨ ਐਸੋਸੀਏਸ਼ਨ ਬਾਘਾ ਪੁਰਾਣਾ, ਬੂਟਾ ਨਿਹਾਲ ਸਿੰਘ ਵਾਲਾ, ਹਰਮਿੰਦਰਪਾਲ ਸਿੰਘ ਕਾਕਾ ਬਰਾੜ, ਯਸ਼ ਚਟਾਨੀ, ਸ਼ੀਤਲ ਕੁਮਾਰ ਕਾਨੂੰਗੋ, ਗੁਰਚਰਨ ਸਿੰਘ ਛਾਬੜਾ ਪਟਵਾਰੀ, ਵਰਿੰਦਰ ਬਾਂਸਲ ਡੀ ਐੱਮ ਵਾਲੇ, ਵਿਕਰਮ ਬਾਂਸਲ ਡੀ ਐੱਮ ਵਾਲੇ, ਸੁਰਿੰਦਰ ਬਾਂਸਲ ਡੀ ਐੱਮ ਵਾਲੇ, ਰਣਜੀਤ ਸਿੰਘ ਝੀਤੇ, ਕੌਂਸਲਰ ਸ਼ਸ਼ੀ ਗਰਗ ਚੇਅਰਮੈਨ ਭਾਰਤ ਵਿਕਾਸ ਪ੍ਰੀਸ਼ਦ ਬਾਘਾ ਪੁਰਾਣਾ, ਦਵਿੰਦਰ ਬਾਂਸਲ ਲਧਾਈਕੇ ਵਾਲੇ ਆਦਿ ਦੇ ਨਾਂਅ ਸ਼ਾਮਲ ਹਨ।

## ਭਲਕੇ ਦਾ ਇਨਕਲਾਬੀ ਨਾਟਕ ਮੇਲਾ ਮੁਲਤਵੀ

**ਨਾਭਾ (ਵਰਿੰਦਰ ਵਰਮਾ)**

ਪਿਛਲੇ ਕਈ ਦਿਨਾਂ ਤੋਂ ਚੱਲ ਰਹੇ ਖਰਾਬ ਮੌਸਮ ਨੂੰ ਦੇਖਦਿਆਂ ਆਜ਼ਾਦ ਵੈੱਲਫੇਅਰ ਐਂਡ ਸਪੋਰਟਸ ਕਲੱਬ ਤੇ ਯੂਥ ਕਲਚਰ ਐਂਡ ਵੈੱਲਫੇਅਰ ਕਲੱਬ ਨਾਭਾ ਵੱਲੋਂ ਦੇਸ਼ ਦੇ ਮਹਾਨ ਸਪੂਤ ਸ਼ਹੀਦ-ਏ-ਆਜ਼ਮ ਸ੍ਰ. ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਵਸ ਮੌਕੇ 23 ਮਾਰਚ ਨੂੰ ਸ਼ਾਮ 6 ਵਜੇ ਤੋਂ ਰਾਤ 10 ਵਜੇ ਤੱਕ ਗੁਰੂ ਤੇਗ ਬਹਾਦਰ ਨਗਰ, ਚੌਧਰੀ ਮਾਜਰਾ ਰੋਡ ਨਾਭਾ ਵਿਖੇ ਕਰਵਾਇਆ ਜਾਣ ਵਾਲਾ 12ਵਾਂ ਇਨਕਲਾਬੀ ਨਾਟਕ ਮੇਲਾ ਮੁਲਤਵੀ ਕਰ ਦਿੱਤਾ ਗਿਆ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਕਲੱਬ ਪ੍ਰਧਾਨ ਤੇ ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਦੱਸਿਆ ਕਿ ਮੌਸਮ ਠੀਕ ਹੋਣ ਉਪਰੰਤ ਅਗਲੀ ਨਵੀਂ ਤਰੀਕ ਦਾ ਐਲਾਨ ਜਲਦ ਕੀਤਾ ਜਾਵੇਗਾ।

# ਸਾਹਿਤ ਸਭਾ ਸਮਰਾਲਾ ਦੀ ਮਾਸਿਕ ਇਕੱਤਰਤਾ

### ਭਾਰਤੀ ਸਾਹਿਤ ਅਕਾਦਮੀ ਪੁਰਸਕਾਰ ਪ੍ਰਾਪਤ ਕਰਨ 'ਤੇ ਕਹਾਣੀਕਾਰ ਸੁਖਜੀਤ ਦਾ ਕੀਤਾ ਨਿੱਘਾ ਸਵਾਗਤ

**ਸਮਰਾਲਾ (ਸੁਰਜੀਤ ਸਿੰਘ)**



ਸਾਹਿਤ ਸਭਾ ਸਮਰਾਲਾ ਦੀ ਮਾਸਿਕ ਇਕੱਤਰਤਾ ਸਭਾ ਦੇ ਚੇਅਰਮੈਨ ਕਹਾਣੀਕਾਰ ਸੁਖਜੀਤ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਸ਼ੁਰੂ ਕਰਨ ਤੋਂ ਪਹਿਲਾਂ ਸਮੁੱਚੀ ਸਭਾ ਵੱਲੋਂ ਕਹਾਣੀਕਾਰ ਸੁਖਜੀਤ ਨੂੰ ਭਾਰਤੀ ਸਾਹਿਤ ਅਕਾਦਮੀ ਪੁਰਸਕਾਰ ਮਿਲਣ ਉਪਰੰਤ ਸਮਰਾਲਾ ਪੁੱਜਣ 'ਤੇ ਹਾਰ ਪਾ ਕੇ ਨਿੱਘਾ ਸਵਾਗਤ ਕੀਤਾ ਗਿਆ। ਇਸ ਉਪਰੰਤ ਸਭਾ ਦੇ ਖਜ਼ਾਨਚੀ ਪੁਖਰਾਜ ਸਿੰਘ ਘੁਲਾਲ ਦੇ ਦੋਹਤਾ ਹੋਣ ਤੇ ਕਹਾਣੀਕਾਰ ਰੁਵਿੰਦਰ ਰੁਪਾਲ ਕੌਲਗੜ੍ਹ ਦੇ ਪੋਤਰੀ ਹੋਣ ਦੀਆਂ ਵਧਾਈਆਂ ਦਿੱਤੀਆਂ ਗਈਆਂ। ਸਭਾ ਵਿੱਚ ਰਚਨਾਵਾਂ ਦੀ ਸ਼ੁਰੂਆਤ ਕਰਦਿਆਂ ਸਭਾ ਦੇ ਜਨਰਲ ਸਕੱਤਰ ਅਮਨ ਸਮਰਾਲਾ ਨੇ ਜੋਰਾਵਰ ਸਿੰਘ ਪੰਛੀ ਨੂੰ ਆਪਣੀ ਰਚਨਾ ਪੇਸ਼ ਕਰਨ ਦਾ ਸੱਦਾ ਦਿੱਤਾ, ਜਿਨ੍ਹਾਂ ਨੇ ਆਪਣੇ ਨਵੇਂ ਆਏ ਗ਼ਜ਼ਲ ਸੰਗ੍ਰਹਿ 'ਕੱਚ ਦਾ ਵਪਾਰੀ' ਵਿੱਚੋਂ ਗਜ਼ਲਾਂ ਸੁਣਾਈਆਂ, ਜਿਨ੍ਹਾਂ ਦੀ ਸਾਰਿਆਂ ਨੇ ਸ਼ਲਾਘਾ ਕੀਤੀ। ਗੀਤਕਾਰ ਪਰਮ ਸਿਆਣ ਨੇ 'ਅੱਜ ਮੇਰੇ ਵਿਆਹ ਦੀ ਚਿੱਠੀ' ਗੀਤ ਸੁਣਾਇਆ। ਬਲਵੰਤ ਮਾਂਗਟ ਨੇ ਲੇਖ 'ਕੋਗਿਟੋ ਅਰਗੋ ਸਮ' ਸੁਣਾਇਆ, ਜਿਸ 'ਤੇ ਖ਼ੂਬ ਚਰਚਾ ਹੋਈ। ਕਹਾਣੀਕਾਰਾ ਯਤਿੰਦਰ ਕੌਰ ਮਾਹਲ ਨੇ ਵੱਖਰੇ ਵਿਸ਼ੇ ਨੂੰ ਛੂੰਹਦੀ ਕਹਾਣੀ 'ਜਿਸਮ' ਸੁਣਾਈ। ਕਹਾਣੀ ਉੱਪਰ ਬਰੀਕੀ ਨਾਲ ਚਰਚਾ ਕੀਤੀ ਗਈ ਤੇ ਕਹਾਣੀ ਵਿੱਚ ਕੁਝ ਸੋਧਾਂ ਕਰਨ ਦੇ ਸੁਝਾਅ ਦਿੱਤੇ ਗਏ। ਗੀਤਾ ਕੰਮੇ ਵਾਲਾ ਨੇ ਧਾਰਮਿਕ ਗੀਤ 'ਤਾਰਾ ਰਾਣੀ' ਸੁਣਾਇਆ। ਇਸ ਤੋਂ ਇਲਾਵਾ ਸਿਮਰਜੀਤ ਸਿੰਘ ਕੰਗ ਨੇ ਇਤਿਹਾਸਕ ਲੇਖ 'ਭਾਈ ਬਹਿਲੋ ਜੀ', ਸੁਰਜੀਤ ਜੀਤ ਨੇ ਗ਼ਜ਼ਲ 'ਕਰਕੇ ਸਵਾਲ ਆਪੇ', ਉੱਭਰ ਰਹੀ ਕਵਿੱਤਰੀ ਰਮਨਦੀਪ ਕੌਰ ਨੇ ਕਵਿਤਾ 'ਔਰਤ' ਤੇ ਅਨਿਲ ਫਤਿਹਗੜ੍ਹ ਜੱਟਾਂ ਨੇ ਕਵਿਤਾ 'ਉਹ ਅਜੇ ਸੁੱਤਾ ਨਹੀਂ' ਸੁਣਾਈ। ਰਚਨਾਵਾਂ ਉੱਪਰ ਚਰਚਾ ਕਰਨ ਵਾਲਿਆਂ ਵਿੱਚ ਕਹਾਣੀਕਾਰ ਸੁਖਜੀਤ, ਗੁਰਭਗਤ ਸਿੰਘ, ਕਹਾਣੀਕਾਰ ਬਲਵਿੰਦਰ ਸਿੰਘ ਗਰੇਵਾਲ, ਇੰਦਰਜੀਤ ਸਿੰਘ ਕੰਗ, ਐਡਵੋਕੇਟ ਗਗਨਦੀਪ ਸ਼ਰਮਾ, ਤਰਨ ਬੱਲ, ਕਹਾਣੀਕਾਰ ਮਨਦੀਪ ਸਿੰਘ ਡਡਿਆਣਾ, ਅਵਤਾਰ ਸਿੰਘ ਉਟਾਲਾਂ ਤੇ ਗੁਰਦੀਪ ਮਹੌਣ ਸ਼ਾਮਲ ਸਨ। ਇਸ ਮੀਟਿੰਗ ਦੌਰਾਨ ਪ੍ਰਸਿੱਧ ਸਾਹਿਤਕਾਰ ਨਿਰਮਲ ਜੌੜਾ ਦੇ ਮਾਤਾ ਗੁਰਦੇਵ ਕੌਰ ਦੇ ਅਕਾਲ ਚਲਾਣਾ 'ਤੇ ਅਫਸੋਸ ਪ੍ਰਗਟ ਕੀਤਾ ਤੇ ਵਿੱਛੜੀ ਆਤਮਾ ਦੀ ਸ਼ਾਂਤੀ ਲਈ ਅਰਦਾਸ ਕੀਤੀ ਗਈ। ਅਖੀਰ ਸਭਾ ਦੇ ਚੇਅਰਮੈਨ ਸੁਖਜੀਤ ਨੇ ਆਏ ਸਾਰੇ ਸਾਹਿਤਕਾਰਾਂ ਦਾ ਧੰਨਵਾਦ ਕੀਤਾ।

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੇ ਡਾਕਟਰਾਂ ਨੇ ਕੀਤੀ ਅਹਿਮ ਮੀਟਿੰਗ




**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**

ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਫ਼ਰੀਦਕੋਟ ਦੀ ਮਹੀਨਾਵਾਰ ਮੀਟਿੰਗ ਡਾ. ਅੰਮ੍ਰਿਤਪਾਲ ਸਿੰਘ ਟਹਿਣਾ ਦੀ ਪ੍ਰਧਾਨਗੀ ਹੇਠ ਰੈਸਟ ਹਾਊਸ (ਸਰਕਟ ਹਾਊਸ) ਵਿਖੇ ਹੋਈ, ਜਿਸ ਵਿੱਚ ਵੱਡੀ ਗਿਣਤੀ 'ਚ ਡਾਕਟਰ ਸਾਥੀਆਂ ਨੇ ਹਾਜ਼ਰੀ ਭਰੀ। ਇਸ ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਡਾ. ਰਸ਼ਪਾਲ ਸਿੰਘ ਸੰਧੂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।

ਇਸ ਮੌਕੇ ਜ਼ਿਲ੍ਹਾ ਪ੍ਰਧਾਨ ਡਾ. ਰਸ਼ਪਾਲ ਸਿੰਘ ਸੰਧੂ ਨੇ ਆਪਣੇ ਭਾਸ਼ਣ ਵਿੱਚ ਕਿਹਾ ਕਿ ਬੀਤੇ ਦਿਨੀਂ ਜੋ ਲੁਧਿਆਣਾ ਵਿਖੇ ਇੱਕ ਐਡਵੋਕੇਟ ਵੱਲੋਂ ਆਰ ਟੀ ਆਈ ਰਾਹੀ ਪਿੰਡਾਂ ਵਿੱਚ ਸੇਵਾਵਾਂ ਦੇ ਰਹੇ ਡਾਕਟਰ ਸਾਥੀਆਂ ਉਪਰ ਉਂਗਲ ਚੁੱਕਣ ਦੀ ਕੋਸ਼ਿਸ਼ ਕੀਤੀ ਗਈ ਸੀ, ਜੋ ਡਾਕਟਰ ਸਾਥੀਆਂ ਦੇ ਏਕੇ ਕਰਕੇ ਕਾਮਯਾਬ ਨਹੀਂ ਹੋਈ। ਇਸ ਲਈ ਸਾਰੇ ਡਾਕਟਰ ਸਾਥੀਆਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪਣਾ ਇਸੇ ਤਰ੍ਹਾਂ ਏਕੇ ਨੂੰ ਬਣਾਏ ਰੱਖਣ ਤੇ ਏਕੇ ਵਿੱਚ ਹੀ ਬਰਕਤ ਹੈ। ਇਸ ਉਪਰੰਤ ਉਕਤ ਐਡਵੋਕੇਟ ਵੱਲੋਂ ਬਾਅਦ 'ਚ ਇਹ ਕਹਿ ਕੇ ਖਹਿੜਾ ਛੁਡਾਇਆ ਗਿਆ ਕਿ ਮੈਨੂੰ ਕੋਈ ਜਾਣਕਾਰੀ ਨਹੀਂ ਚਾਹੀਦੀ। ਇਸ ਲਈ ਉਨ੍ਹਾਂ ਸਟੇਟ ਕਮੇਟੀ ਦਾ ਵੀ ਵਿਸ਼ੇਸ਼ ਧੰਨਵਾਦ ਕੀਤਾ। ਉਨ੍ਹਾਂ ਇਹ ਕਿਹਾ ਕਿ ਵਿਧਾਨ ਸਭਾ ਵਿੱਚ ਆਮ ਆਦਮੀ ਪਾਰਟੀ ਦੇ ਐਮ ਐਲ ਏ ਮਨਜੀਤ ਸਿੰਘ ਬਿਲਾਸਪੁਰ ਵੱਲੋਂ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਸਾਹਮਣੇ ਸਾਡਾ ਇਹ ਮੁੱਦਾ ਉਠਾਇਆ ਗਿਆ। ਅਸੀਂ ਉਸ ਦੀ ਸ਼ਲਾਘਾ ਕਰਦੇ ਹਾਂ। ਇਸ ਮੌਕੇ ਬਲਾਕ ਪ੍ਰਧਾਨ ਡਾ. ਅੰਮ੍ਰਿਤਪਾਲ ਸਿੰਘ ਟਹਿਣਾ ਨੇ ਬਲਾਕ ਵਿੱਚ ਏਕਤਾ ਬਣਾਏ ਰੱਖਣ ਦੀ ਅਪੀਲ ਵੀ ਕੀਤੀ ਤੇ ਉਨ੍ਹਾਂ ਸਾਰੇ ਡਾਕਟਰ ਸਾਥੀਆਂ ਨੂੰ ਸਖ਼ਤ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਜਿਹੜੇ ਵੀ ਸਾਥੀਆਂ ਦੀਆਂ 3 ਗੈਰ ਹਾਜ਼ਰੀਆਂ ਹੋਣਗੀਆਂ, ਉਨ੍ਹਾਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਬਲਾਕ ਪ੍ਰਧਾਨ ਨੇ ਸਾਰੇ ਡਾਕਟਰ ਸਾਥੀਆਂ ਨੂੰ ਆਪਣੇ ਕਲੀਨਿਕ ਦੀ ਸਾਫ਼ ਸਫ਼ਾਈ ਰੱਖਣ ਦੀ ਵੀ ਹਦਾਇਤ ਕੀਤੀ। ਇਸ ਮੌਕੇ ਵੱਡੀ ਗਿਣਤੀ ਵਿੱਚ ਡਾਕਟਰ ਸਾਥੀ ਹਾਜ਼ਰ ਸਨ। ਇਸ ਦੀ ਜਾਣਕਾਰੀ ਪ੍ਰੈਸ ਸਕੱਤਰ ਡਾ. ਯਸ਼ਪਾਲ ਗੁਲਾਟੀ ਨੇ ਦਿੱਤੀ।

# ਵਿਧਾਇਕ ਨੇ ਬੱਸ ਸਟੈਂਡ 'ਚ ਚੱਲ ਰਹੇ ਕਾਰਜਾਂ ਦਾ ਲਿਆ ਜਾਇਜ਼ਾ

### ਨਾਭਾ ਸ਼ਹਿਰ ਨੂੰ ਸੁੰਦਰ ਬਣਾਉਣ 'ਚ ਕੋਈ ਕਸਰ ਨਹੀਂ ਛੱਡੀ ਜਾਵੇਗੀ : ਦੇਵ ਮਾਨ



**ਨਾਭਾ (ਵਰਿੰਦਰ ਵਰਮਾ)**-ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵੱਲੋਂ ਰਿਆਸਤੀ ਸ਼ਹਿਰ ਨਾਭਾ ਦੇ ਨਵੇਂ ਬੱਸ ਸਟੈਂਡ 'ਚ ਪਹੁੰਚ ਕੇ ਉਥੇ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ ਗਿਆ।

ਇਸ ਮੌਕੇ ਉਨ੍ਹਾ ਨਾਲ ਨਗਰ ਕੌਂਸਲ ਨਾਭਾ ਦੀ ਪ੍ਰਧਾਨ ਸੁਜਾਤਾ ਚਾਵਲਾ ਦੇ ਪਤੀ ਉਘੇ ਸਮਾਜ ਸੇਵਕ ਪੰਕਜ ਪੱਪੂ ਤੇ ਸੀਨੀਅਰ ਆਪ ਆਗੂ ਕਪਿਲ ਮਾਨ ਮੌਜੂਦ ਸਨ। ਬੱਸ ਸਟੈਂਡ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਣ ਉਪਰੰਤ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਕਿਹਾ ਕਿ ਇਸ ਤੋਂ ਪਹਿਲਾਂ ਵੀ ਨਗਰ ਕੌਂਸਲ ਵੱਲੋਂ ਦੋ ਬੱਸ ਸਟਾਪ ਤਿਆਰ ਕਰਕੇ ਲੋਕਾਂ ਨੂੰ ਸੌਂਪੇ ਗਏ ਹਨ ਤੇ ਨਾਭਾ ਦਾ ਬੱਸ ਸਟੈਂਡ ਵੀ ਆਧੁਨਿਕ ਤਰੀਕੇ ਨਾਲ ਤਿਆਰ ਕਰਕੇ ਲੋਕਾਂ ਦੇ ਸਪੁਰਦ ਕੀਤਾ ਜਾਵੇਗਾ। ਉਨ੍ਹਾ ਕਿਹਾ ਕਿ ਧਰਮੀ ਰਾਜਿਆਂ ਦੀ ਨਗਰੀ ਵਜੋਂ ਜਾਣੇ ਜਾਂਦੇ ਰਿਆਸਤੀ ਸ਼ਹਿਰ ਨਾਭਾ ਨੂੰ ਸੁੰਦਰ ਬਣਾਉਣ ਵਿੱਚ ਕੋਈ ਵੀ ਕਸਰ ਬਾਕੀ ਨਹੀਂ ਛੱਡੀ ਜਾਵੇਗੀ, ਕਿਉਂ ਜੋ ਉਨ੍ਹਾਂ ਦਾ ਸੁਪਨਾ ਹੈ ਕਿ ਉਹ ਇਸ ਨਗਰੀ ਨੂੰ ਜ਼ਿਲ੍ਹੇ ਦਾ ਸਭ ਤੋਂ ਸੋਹਣਾ ਸ਼ਹਿਰ ਬਣਾ ਕੇ ਹੀ ਦਮ ਲੈਣਗੇ।

ਵਿਧਾਇਕ ਦੇਵ ਮਾਨ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਸਿਰਫ ਤੇ ਸਿਰਫ ਵੱਡੇ ਵੱਡੇ ਦਾਅਵੇ ਹੀ ਕੀਤੇ ਸਨ, ਕੰਮ ਦਾ ਡੱਕਾ ਨਹੀਂ ਤੋੜਿਆ, ਜਿਸ ਕਰਕੇ ਲੋਕਾਂ ਨੇ ਉਨ੍ਹਾਂ ਨੂੰ ਘਰ ਬੈਠਣ ਲਈ ਮਜਬੂਰ ਕਰ ਦਿੱਤਾ। ਨਗਰ ਕੌਂਸਲ ਪ੍ਰਧਾਨ ਦੇ ਪਤੀ ਪੰਕਜ ਪੱਪੂ ਨੇ ਕਿਹਾ ਕਿ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦੀ ਅਗਵਾਈ ਵਿੱਚ ਉਨ੍ਹਾਂ ਦੀ ਸਮੁੱਚੀ ਟੀਮ ਦਿਨ-ਰਾਤ ਮਿਹਨਤ ਕਰ ਰਹੀ ਹੈ ਤਾਂ ਜੋ ਜਿਨ੍ਹਾਂ ਉਮੀਦਾਂ ਨੂੰ ਲੈ ਕੇ ਸ਼ਹਿਰ ਵਾਸੀਆਂ ਨੇ ਆਮ ਆਦਮੀ ਪਾਰਟੀ ਨੂੰ ਸੱਤਾ ਸੌਂਪੀ ਸੀ, ਉਹ ਵਾਅਦੇ ਜਲਦੀ ਪੂਰੇ ਕੀਤੇ ਜਾਣ। ਪੰਕਜ ਪੱਪੂ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕਰਦੀਆਂ ਕਿਹਾ ਕਿ ਉਹ ਸ਼ਹਿਰ ਨੂੰ ਸੁੰਦਰ ਬਣਾਉਣ ਤੇ ਸ਼ਹਿਰ ਨੂੰ ਸਾਫ ਰੱਖਣ ਵਿੱਚ ਨਗਰ ਕੌਂਸਲ ਦਾ ਪੂਰਾ ਸਾਥ ਦੇਣ। ਉਨ੍ਹਾ ਕਿਹਾ ਕਿ ਸ਼ਹਿਰ 'ਚੋਂ ਜ਼ਿਆਦਾਤਰ ਕੂੜੇ ਦੇ ਡੰਪ ਖਤਮ ਕਰ ਦਿੱਤੇ ਗਏ ਹਨ ਅਤੇ ਰਹਿੰਦੇ ਕੂੜੇ ਦੇ ਡੰਪਾਂ ਨੂੰ ਵੀ ਜਲਦੀ ਖਤਮ ਕੀਤਾ ਜਾਵੇਗਾ।

ਇਸ ਮੌਕੇ ਸੀਨੀਅਰ ਆਪ ਆਗੂ ਕਪਿਲ ਮਾਨ, ਪੰਕਜ ਪੱਪੂ ਸਟੀਲ, ਤੇਜਿੰਦਰ ਸਿੰਘ ਖਹਿਰਾ, ਦੀਪਾ ਰਾਮਗੜ੍ਹ, ਅਮਨਦੀਪ ਸਿੰਘ ਰਹਿਲ, ਭੁਪਿੰਦਰ ਸਿੰਘ ਕੱਲਰਮਾਜਰੀ, ਸੁੱਖ ਖਹਿਰਾ ਆਦਿ ਆਪ ਟੀਮ ਮੌਜੂਦ ਸੀ।

# ਸਰਹੱਦੀ ਖੇਤਰ ਦੇ ਵਿਕਾਸ ਕਾਰਜਾਂ ਵਾਸਤੇ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ : ਦਹੀਆ, ਸਰਾਰੀ

### ਚੇਅਰਮੈਨ ਹਰਬੰਸ ਸਿੰਘ ਦੀ ਅਗਵਾਈ ਹੇਠ ਬਲਾਕ ਸੰਮਤੀ ਮੈਂਬਰਾਂ ਦੀ ਮੀਟਿੰਗ



ਮੀਟਿੰਗ ਦੌਰਾਨ ਗੱਲਬਾਤ ਕਰਦੇ ਹੋਏ ਵਿਧਾਇਕ ਰਜਨੀਸ਼ ਦਹੀਆ ਤੇ ਵਿਧਾਇਕ ਫੌਜਾ ਸਿੰਘ ਸਰਾਰੀ।

**ਮਮਦੋਟ (ਜਸਬੀਰ ਸਿੰਘ ਕੰਬੋਜ)**

ਮਮਦੋਟ ਬਲਾਕ ਦੇ ਪਿੰਡਾਂ ਲਈ ਪੰਦਰਵੇਂ ਵਿੱਤ ਕਮਿਸ਼ਨ ਦੀ ਜਾਰੀ ਹੋਈ 1 ਕਰੋੜ 13 ਲੱਖ ਰੁਪੈ ਦੀ ਗਰਾਂਟ ਸਬੰਧੀ ਮਮਦੋਟ ਬਲਾਕ ਦੇ ਦਫਤਰ ਵਿਖੇ ਹਰਬੰਸ ਸਿੰਘ ਲੱਖਾ ਸਿੰਘ ਵਾਲਾ ਚੇਅਰਮੈਨ ਬਲਾਕ ਸੰਮਤੀ ਮਮਦੋਟ ਦੀ ਅਗਵਾਈ ਹੇਠ ਸੰਮਤੀ ਮੈਂਬਰਾਂ ਦੀ ਵਿਸ਼ੇਸ਼ ਮੀਟਿੰਗ ਹੋਈ। ਇਸ ਮੀਟਿੰਗ ਵਿੱਚ ਐਡਵੋਕੇਟ ਰਜਨੀਸ਼ ਦਹੀਆ ਐੱਮ ਐੱਲ ਏ ਹਲਕਾ ਫਿਰੋਜ਼ਪੁਰ ਦਿਹਾਤੀ ਤੇ ਗੁਰੂ ਹਰਸਹਾਏ ਤੋਂ ਵਿਧਾਇਕ ਫੌਜਾ ਸਿੰਘ ਸਰਾਰੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਰਜਨੀਸ਼ ਦਹੀਆ ਤੇ ਵਿਧਾਇਕ ਫੌਜਾ ਸਿੰਘ ਸਰਾਰੀ ਨੇ ਕਿਹਾ ਕਿ ਸਰਹੱਦੀ ਖੇਤਰ ਦੇ ਪਿੰਡਾਂ ਦੇ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਵਾਸਤੇ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ ਤੇ ਪਿੰਡਾਂ ਦੇ ਵਿਕਾਸ ਕਾਰਜਾਂ ਵਾਸਤੇ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾ ਕਿਹਾ ਕਿ ਚੋਣਾਂ ਸਮੇਂ ਪੰਜਾਬ ਵਾਸੀਆਂ ਨਾਲ ਕੀਤੇ ਇੱਕ ਇੱਕ ਵਾਅਦੇ ਨੂੰ ਇਨ੍ਹਾਂ ਪੰਜਾਂ ਸਾਲਾਂ 'ਚ ਪੂਰਾ ਕੀਤਾ ਜਾਵੇਗਾ। ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਹਰਬੰਸ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਬਲਾਕ ਮਮਦੋਟ ਦੇ ਪਿੰਡਾਂ ਲਈ ਪੰਦਰਵੇਂ ਵਿੱਤ ਕਮਿਸ਼ਨ ਦੀ ਜੋ ਗਰਾਂਟ ਭੇਜੀ ਗਈ ਹੈ, ਉਸ ਨੂੰ ਸਹੀ ਤਰੀਕੇ ਨਾਲ ਪਿੰਡਾਂ ਵਿੱਚ ਲਗਾਉਣ ਲਈ ਬਲਾਕ ਸੰਮਤੀ ਮੈਂਬਰਾਂ ਨਾਲ ਵਿਚਾਰ ਚਰਚਾ ਕੀਤੀ ਗਈ ਹੈ। ਉਨ੍ਹਾ ਦੱਸਿਆ ਕਿ ਬਲਾਕ ਦੇ ਸਾਰੇ ਕਰਮਚਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਇਸ ਗਰਾਂਟ ਨੂੰ ਪੂਰੀ ਇਮਾਨਦਾਰੀ ਤੇ ਪਾਰਦਰਸ਼ਤਾ ਨਾਲ ਪਿੰਡਾਂ ਦੇ ਵਿਕਾਸ ਕਾਰਜਾਂ ਲਈ ਖਰਚ ਕੀਤਾ ਜਾਵੇ। ਉਨ੍ਹਾ ਦੱਸਿਆ 1 ਕਰੋੜ 13 ਲੱਖ ਰੁਪੈ ਦੀ ਗ੍ਰਾਂਟ 'ਚੋਂ ਵਿਧਾਨ ਸਭਾ ਫਿਰੋਜ਼ਪੁਰ ਦਿਹਾਤੀ ਦੇ ਪਿੰਡਾਂ ਲਈ 54 ਲੱਖ 83 ਹਜ਼ਾਰ ਤੇ ਵਿਧਾਨ ਸਭਾ ਗੁਰੂ ਹਰਸਹਾਏ ਦੇ ਪਿੰਡਾਂ ਲਈ 58 ਲੱਖ 16 ਹਜ਼ਾਰ ਰੁਪੈ, 10 ਪ੍ਰਤੀਸ਼ਤ ਈ ਪੰਚਾਇਤ ਮੁਲਾਜ਼ਮਾਂ ਦੀਆਂ ਤਨਖਾਹਾਂ ਲਈ, 30 ਪ੍ਰਤੀਸ਼ਤ ਗੰਦੇ ਪਾਣੀ ਦੀ ਨਿਕਾਸੀ, 30 ਪ੍ਰਤੀਸ਼ਤ ਪੀਣ ਵਾਲੇ ਸਾਫ ਪਾਣੀ ਲਈ, 40 ਪ੍ਰਤੀਸ਼ਤ ਪਿੰਡਾਂ ਦੇ ਵਿਕਾਸ ਕਾਰਜਾਂ ਦੇ ਕੰਮਾਂ ਲਈ ਜਾਰੀ ਕੀਤੇ ਗਏ ਹਨ।

ਇਸ ਮੀਟਿੰਗ ਵਿੱਚ ਪਲਵਿੰਦਰ ਕੌਰ ਉੱਪ ਚੇਅਰਪ੍ਰਸਨ, ਸਰਬਜੀਤ ਸਿੰਘ ਬੀ ਡੀ ਪੀ ਓ ਮਮਦੋਟ, ਸੰਮਤੀ ਮੈਂਬਰ ਪਿਆਰਾ ਸਿੰਘ, ਸੰਮਤੀ ਹਰਜੀਤ ਕੌਰ, ਸੰਮਤੀ ਮੈਂਬਰ ਮਹੰਤ ਕੌਰ ਮੁਰਕ ਵਾਲਾ, ਸੰਮਤੀ ਮੈਂਬਰ ਸੁਮਿੱਤਰਾ ਰਾਣੀ, ਸੰਮਤੀ ਮੈਂਬਰ ਪ੍ਰੀਤਮ ਕੌਰ, ਸੰਮਤੀ ਮੈਂਬਰ ਸ਼ੀਲੂ, ਸੰਮਤੀ ਮੈਂਬਰ ਕਿਰਨਾ ਰਾਣੀ, ਸੰਮਤੀ ਮੈਂਬਰ ਮੇਜਰ ਸਿੰਘ, ਸੰਮਤੀ ਮੈਂਬਰ ਗੁਰਜੰਟ ਸਿੰਘ ਆਦਿ ਮੀਟਿੰਗ ਵਿੱਚ ਹਾਜ਼ਰ ਹੋਏ। ਇਸ ਤੋਂ ਇਲਾਵਾ ਅਵਤਾਰ ਸਿੰਘ ਅਲਫੂ ਕੇ, ਬੇਅੰਤ ਸਿੰਘ ਪੋਜੋ ਕੇ, ਬਚਿੱਤਰ ਸਿੰਘ ਲਾਡੀ ਨਿੱਜੀ ਸਕੱਤਰ ਵਿਧਾਇਕ ਫੌਜਾ ਸਿੰਘ ਸਰਾਰੀ, ਬਲਵੰਤ ਸਿੰਘ ਲਾਡੀ ਦਫਤਰ ਇੰਚਾਰਜ ਗੁਰੂ ਹਰਸਹਾਏ, ਰੌਬੀ ਸੰਧੂ ਨਿੱਜੀ ਸਕੱਤਰ, ਸੀਨੀਅਰ ਆਗੂ ਬਲਰਾਜ ਸਿੰਘ ਸੰਧੂ, ਯੂਥ ਆਗੂ ਬਲਵਿੰਦਰ ਸਿੰਘ ਲੱਡੂ ਹਜਾਰਾ, ਬਲਵਿੰਦਰ ਸਿੰਘ ਰਾਉਕੇ, ਗੁਰਨਾਮ ਸਿੰਘ ਹਜਾਰਾ, ਬਗੀਚਾ ਸਿੰਘ ਕਾਲੂ ਅਰਾਈ ਹਿਠਾੜ, ਨੰਬਰਦਾਰ ਕਿਰਪਾਲ ਲਖਮੀਰ ਕੇ ਹਿਠਾੜ, ਰਜਵੰਤ ਸਿੰਘ ਸੋਢੀ ਰਹੀਮੇ, ਸੰਜੀਵ ਕੁਮਾਰ (ਚਿੰਟੂ) ਧਵਨ, ਦਰਸ਼ਨ ਸਿੰਘ ਜੋਧਪੁਰ, ਸਾਬਕਾ ਐੱਮ ਸੀ ਸ਼ਿੰਗਾਰਾ ਸਿੰਘ, ਸਵਰਨ ਸਿੰਘ ਜੱਲੋ ਕੇ ਆਦਿ ਹਾਜ਼ਰ ਸਨ।

# ਵਧੀਕ ਡਿਪਟੀ ਕਮਿਸ਼ਨਰ ਵੱਲੋਂ ਬੈਂਕਰਾਂ ਨੂੰ ਸਰਗਰਮ ਤੇ ਹਮਦਰਦੀ ਪੂਰਨ ਪਹੁੰਚ ਅਪਨਾਉਣ ਦੀ ਸਲਾਹ

**ਐਸ.ਏ.ਐਸ ਨਗਰ, (ਗੁਰਜੀਤ ਬਿੱਲਾ)**-ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਵਨੀਤ ਕੌਰ ਨੇ ਬੈਂਕਾਂ ਵੱਲੋਂ ਵੱਖ-ਵੱਖ ਮਾਪਦੰਡਾਂ ਵਿੱਚ ਕੀਤੇ ਕੰਮਾਂ ਦੀ ਸ਼ਲਾਘਾ ਕੀਤੀ। ਉਸਨੇ ਸਾਲਾਨਾ ਕ੍ਰੈਡਿਟ ਯੋਜਨਾ 2022-23 ਦੇ ਤਹਿਤ ਸਾਰੇ ਬੈਂਕਾਂ ਦੀ ਪ੍ਰਗਤੀ ਦੀ ਸਮੀਖਿਆ ਕੀਤੀ ਅਤੇ ਬੈਂਕਰਾਂ ਨੂੰ ਸਾਰੀਆਂ ਸਰਕਾਰੀ ਸਪਾਂਸਰਡ ਸਕੀਮਾਂ ਦੇ ਅਧੀਨ ਬਕਾਇਆ ਅਰਜੀਆਂ ਪ੍ਰਤੀ ਸਰਗਰਮ ਅਤੇ ਹਮਦਰਦੀ ਵਾਲੀ ਪਹੁੰਚ ਅਪਨਾਉਣ ਦੀ ਸਲਾਹ ਦਿੱਤੀ ਹੈ। ਉਨ੍ਹਾਂ ਨੇ ਵਿਭਾਗਾਂ ਨੂੰ ਸਬਸਿਡੀਆਂ ਦੀ ਪਾਲਣਾ ਕਰਨ ਦੀ ਸਲਾਹ ਵੀ ਦਿੱਤੀ ਤਾਂ ਜੋ ਲਾਭਪਾਤਰੀ ਸਮੇਂ ਸਿਰ ਲਾਭ ਪ੍ਰਾਪਤ ਕਰ ਸਕਣ ਉਨ੍ਹਾਂ ਨੇ ਕਿਹਾ ਕਿ ਜ਼ਿਲ੍ਹਾ ਟੀਚਿਆਂ ਨੂੰ ਪ੍ਰਾਪਤ ਕਰਨ ਅਤੇ ਲੋੜਵੰਦ ਅਤੇ ਗਰੀਬਾਂ ਦੇ ਵਿਕਾਸ ਲਈ ਬੈਂਕਰ ਭਾਈਚਾਰੇ ਵੱਲੋਂ ਇੱਕ ਤਰ੍ਹਾਂ ਦੀ ਮਿਸ਼ਨ ਵਾਲੀ ਪਹੁੰਚ ਦੀ ਲੋੜ ਹੈ। ਬੈਂਕਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਲੀਡ ਬੈਂਕ ਦਫਤਰ, ਪੰਜਾਬ ਨੈਸ਼ਨਲ ਬੈਂਕ, ਐਸ.ਏ.ਐਸ.ਨਗਰ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਸਲਾਹਕਾਰ ਕਮੇਟੀ ਦੀ ਮੀਟਿੰਗ ਬੁਲਾਈ ਗਈ ਸੀ। ਜਿਸ ਵਿੱਚ ਸਾਰੇ ਬੈਂਕਾਂ ਦੇ ਜ਼ਿਲ੍ਹਾ ਕੋਆਰਡੀਨੇਟਰਾਂ ਨੇ ਭਾਗ ਲਿਆ। ਇਸ ਮੌਕੇ ਐਮ.ਕੇ.ਭਾਰਦਵਾਜ ਚੀਫ ਲੀਡ ਜ਼ਿਲ੍ਹਾ ਮੈਨੇਜਰ, ਜ਼ਿਲ੍ਹਾ ਵਿਕਾਸ ਮੈਨੇਜਰ, ਨਾਬਾਰਡ ਮਨੀਸ਼ਗੁਪਤਾ,



ਭਾਰਤੀ ਰਿਜਰਵ ਬੈਂਕ ਦੀ ਪ੍ਰਤੀਨਿਧੀ ਸ੍ਰੀਮਤੀ ਗਰਿਮਾ ਬੱਸੀ, ਕੁਲਵਿੰਦਰ ਸਿੰਘ ਤੂਰਾ, ਚੀਫ ਮੈਨੇਜਰ ਪੰਜਾਬ ਨੈਸ਼ਨਲ ਬੈਂਕ ਹਾਜ਼ਰ ਸਨ। ਐਮ.ਕੇ. ਭਾਰਦਵਾਜ ਮੁੱਖ ਐਲ.ਡੀ.ਐਮ ਨੇ ਦੱਸਿਆ ਕਿ ਜ਼ਿ ਨੇ 40% ਦੇ ਰਾਸ਼ਟਰੀ ਟੀਚੇ ਦੇ ਮੁਕਾਬਲੇ 43.31% ਦੀ ਪ੍ਰਾਪਤੀ ਨਾਲ ਤਰਜੀਹੀ ਖੇਤਰ ਦੇ ਟੀਚਿਆਂ ਨੂੰ ਪਾਰ ਕਰ ਲਿਆ ਹੈ। ਕ੍ਰੈਡਿਟ ਡਿਪਾਜ਼ ਅਨੁਪਾਤ 60% ਦੇ ਰਾਸ਼ਟਰੀ ਟੀਚੇ ਦੇ ਵਿਰੁੱਧ 60.48% ਹੈ। ਪ੍ਰਧਾਨ ਮੰਤਰੀ ਸੁਰੱਖਿਆ ਬੀਮਾ ਯੋਜਨਾ 219045 ਅਤੇ ਪ੍ਰਧਾਨ ਮੰਤਰੀ ਜੀਵਨ ਜਯੋਤੀ ਬੀਮਾ ਯੋਜਨਾ ਦੇ ਤਹਿਤ 75784 ਲਾਭਪਾਤਰੀਆਂ ਨੂੰ 31 ਦਸਬੰਰ 2022 ਤੱਕ ਕਵਰ ਕੀਤਾ ਗਿਆ ਹੈ। ਭਾਰਦਵਾਜ ਨੇ ਨਿੱਜੀ ਖੇਤਰ ਦੇ ਬੈਂਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਸਰਕਾਰ ਦੁਆਰਾ ਸ਼ੁਰੂ ਕੀਤੀਆਂ ਸਮਾਜਿਕ ਸੁਰੱਖਿਆ ਯੋਜਨਾਵਾਂ 'ਤੇ ਵਿਸ਼ੇਸ਼ ਧਿਆਨ ਦੇਣ। ਉਨ੍ਹਾਂ ਅੱਗੇ ਕਿਹਾ ਕਿ ਸਾਡੇ ਜ਼ਿਲ੍ਹੇ ਵਿੱਚ, ਖੇਤੀਬਾੜੀ ਸੈਕਟਰ ਘਾਟੇ ਵਿੱਚ ਜਾ ਰਿਹਾ ਹੈ ਅਤੇ ਇਸ ਦੇ ਹਰੇਕ ਬੈਂਕਰ ਦਾ ਫਰਜ ਬਣਦਾ ਹੈ ਕਿ ਉਹ ਖੇਤੀਬਾੜੀ ਸੈਕਟਰ ਅਧੀਨ ਵਿੱਤ ਨੂੰ ਵਧਾਏ। ਉਨ੍ਹਾਂ ਨੇ ਐਮਐਸਐਮਈ ਸੈਕਟਰ ਵਿੱਚ ਨਿੱਜੀ ਖੇਤਰ ਦੇ ਬੈਂਕਾਂ ਦੀ ਕਾਰਗੁਜਾਰੀ ਦੀ ਵੀ ਸ਼ਲਾਘਾ ਕੀਤੀ। ਮਨੀਸ਼ ਗੁਪਤਾ ਨੇ ਇਨ੍ਹਾਂ ਸਕੀਮਾਂ ਰਾਹੀਂ ਸਵੈ-ਰੁਜਗਾਰ ਵਿੱਚ ਲੱਗੇ ਲੋਕਾਂ ਨੂੰ ਉਤਸ਼ਾਹਿਤ ਕਰਨ ਅਤੇ ਨਾਬਾਰਡ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਸਰਕਾਰੀ ਸਪਾਂਸਰ ਸਕੀਮਾਂ ਵਿੱਚ ਦਿੱਤੀਆਂ ਜਾਂਦੀਆਂ ਵੱਖ-ਵੱਖ ਸਬਸਿਡੀਆਂ ਬਾਰੇ ਜਾਣੂ ਕਰਵਾਇਆ। ਉਨ੍ਹਾਂ ਪੰਜਾਬ ਗ੍ਰਾਮੀਣ ਬੈਂਕ, ਪੰਜਾਬ ਨੈਸ਼ਨਲ ਬੈਂਕ ਅਤੇ ਯੈੱਸ ਬੈਂਕ ਵੱਲੋਂ ਖੇਤੀਬਾੜੀ ਬੁਨਿਆਦੀ ਢਾਂਚਾ ਯੋਜਨਾ ਵਿੱਚ ਪਾਏ ਜਾ ਰਹੇ ਯੋਗਦਾਨ ਦੀ ਵੀ ਸ਼ਲਾਘਾ ਕੀਤੀ। ਸ੍ਰੀਮਤੀ ਗਰਿਮਾ ਬੱਸੀ ਨੇ ਕਿਹਾ ਕਿ ਜ਼ਿਲ੍ਹੇ ਨੂੰ ਖੇਤੀਬਾੜੀ ਸੈਕਟਰ ਅਤੇ ਹੋਰ ਕਮਜ਼ੋਰ ਸੈਕਟਰਾਂ ਨੂੰ ਹੁਲਾਰਾ ਦੇਣ ਵੱਲ ਧਿਆਨ ਦੇਣਾ ਚਾਹੀਦਾ ਹੈ ਅਤੇ ਉਨ੍ਹਾਂ ਦੇ ਵਿਕਾਸ ਲਈ ਪ੍ਰਭਾਵਸ਼ਾਲੀ ਯੋਜਨਾਬੰਦੀ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸਾਰੇ ਬੈਂਕਾਂ ਨੂੰ ਸਾਰੇ ਬਚੇ ਹੋਏ ਖਾਤਿਆਂ ਨੂੰ ਡਿਜੀਟਲਾਈਜੇਸ਼ਨ ਵਿੱਚ ਸਾਮਲ ਕਰਨ ਲਈ ਵਿਸ਼ੇਸ਼ ਉਪਰਾਲੇ ਕਰਨੇ ਚਾਹੀਦੇ ਹਨ ਤਾਂ ਜੋ ਸਾਡਾ ਜ਼ਿਲ੍ਹਾ ਆਉਣ ਵਾਲੀ ਤਿਮਾਹੀ ਵਿੱਚ 100% ਡਿਜੀਟਲਾਈਜੇਸ਼ਨ ਪ੍ਰਾਪਤ ਕਰ ਸਕੇ।

# ਰੋਮ 'ਚ ਸ਼ਹੀਦੀ ਸਮਾਗਮ 26 ਨੂੰ ਮਨਾਇਆ ਜਾਵੇਗਾ-ਅਟਵਾਲ



**ਰੋਮ (ਇਟਲੀ), (ਨਵਾਂ ਜ਼ਮਾਨਾ ਸਰਵਿਸ)**-ਦੇਸ਼ ਦੀ ਅਜ਼ਾਦੀ ਦੀ ਖਾਤਰ ਸ਼ਹਾਦਤ ਦਾ ਜਾਮ ਪੀਣ ਵਾਲੇ ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦਾ ਸ਼ਹੀਦੀ ਸਮਾਗਮ ਇਟਲੀ ਦੀ ਮਹਾਨ ਕ੍ਰਾਂਤੀਕਾਰੀ ਸੰਸਥਾ ਸ਼ਹੀਦ ਭਗਤ ਸਿੰਘ ਸਭਾ ਰੋਮ ਇਟਲੀ ਵਲੋਂ 26 ਮਾਰਚ ਨੂੰ ਸ੍ਰੀ ਗੁਰੂ ਨਾਨਕ ਦਰਬਾਰ ਰੋਮ ਵਿਖੇ ਆਯੋਜਿਤ ਕੀਤਾ ਜਾ ਰਿਹਾ ਹੈ। ਇਹ ਜਾਣਕਾਰੀ ਸਭਾ ਦੇ ਸਰਪ੍ਰਸਤ ਕੁਲਵਿੰਦਰ ਸਿੰਘ ਅਟਵਾਲ ਨੇ ਇਥੇ ਇਕ ਹੰਗਾਮੀ ਮੀਟਿੰਗ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਮਹਾਨ ਢਾਡੀ ਜਥੇ ਅਮਰ ਸ਼ਹੀਦਾਂ ਦੀਆਂ ਵਾਰਾਂ ਗਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਸਭਾ ਦੇ ਚੇਅਰਮੈਨ ਬਲਦੇਵ ਸਿੰਘ ਫਤਿਹਪੁਰ,ਗੁਰਪਾਲ ਸਿੰਘ ਜੌਹਲ ਪ੍ਰਧਾਨ, ਜਸਵੰਤ ਸਿੰਘ ਚੀਮਾ, ਜਸਵਿੰਦਰ ਪੱਪੀ,ਜਗਰੂਪ ਸਿੰਘ ਜੌਹਲ,ਤਰਨਵੀਰ ਸਿੰਘ ਦਿੱਲੀ,ਸੁਖਦੇਵ ਸਿੰਘ ਤੇਹਿੰਗ, ਜਿੰਦਰ ਸੰਧੂ ਆਦਿ ਹਾਜਰ ਸਨ।

# ਲੋਕ ਬਿਜਲੀ, ਪਾਣੀ ਤੇ ਇੰਟਰਨੈੱਟ ਤੋਂ ਰਹੇ ਵਾਂਝੇ

**ਰੋਪੜ ( ਬਿੰਦਰਾ)** ਸਥਾਨਕ ਸ਼ਹਿਰੀਆਂ ਨੂੰ ਬਿਜਲੀ ਪਾਣੀ ਤੋਂ ਬਿਨਾਂ ਗੁਜਾਰਾ ਕਰਨਾ ਪਿਆ। ਮਿਉਂਸਪਲ ਕੌਂਸਲ ਵੱਲੋਂ ਪਾਣੀ ਦੀ ਟੈਂਕੀ ਦਾ ਪੁਰਾਣੇ ਸ਼ਹਿਰ ਦੇ ਕੁਨੈਕਸ਼ਨ ਨਾਲ ਜੋੜਨ ਲਈ ਦੋ ਦਿਨ ਤੋਂ ਸ਼ਹਿਰ ਵਿੱਚ ਪਾਣੀ ਦੀ ਸਪਲਾਈ ਬੰਦ ਕੀਤੀ ਹੋਈ ਹੈ। ਦੂਜੇ ਪਾਸੇ 6 ਘੰਟੇ ਬਿਜਲੀ ਵੀ ਬੰਦ ਰਹੀ। ਲੋਕ ਮਨਪ੍ਰਚਾਵੇ ਲਈ ਟੀ ਵੀ ਦਾ ਸਹਾਰਾ ਲੈਂਦੇ ਹਨ ਪਰ ਬਿਜਲੀ ਨਾ ਹੋਣ ਤੇ ਮੋਬਾਈਲ ਤੋਂ ਕੰਮ ਸਾਰਦੇ ਹਨ ਪਰ ਇੰਟਰਨੈੱਟ ਬੰਦ ਹੋਣ ਕਾਰਨ ਲੋਕਾਂ ਨੂੰ ਬਿਜਲੀ, ਪਾਣੀ ਤੇ ਇੰਟਰਨੈੱਟ ਤੋਂ ਬਗੈਰ ਦਿਨ ਕੱਟਣਾ ਪਿਆ।

# ਦੋਆਬਾ ਸਾਹਿਤ ਤੇ ਸਮਾਜਿਕ ਕੇਂਦਰ ਵੱਲੋਂ ਪੁਸਤਕ 'ਸ਼ਬਦ ਨਗੀਨੇ' ਦੀ ਘੁੰਡ ਚੁਕਾਈ



**ਫਗਵਾੜਾ (ਡਾ. ਰਮਨ )** ਉਸਾਰੂ ਸਾਹਿਤ ਅਤੇ ਸਾਫ ਸੁਥਰੇ ਸਮਾਜ ਲਈ ਕਾਰਜਸ਼ੀਲ ਦੋਆਬਾ ਸਾਹਿਤ ਅਤੇ ਸਮਾਜਿਕ ਕੇਂਦਰ ਫਗਵਾੜਾ ਵਲੋਂ ਰਵਿੰਦਰ ਸਿੰਘ ਰਾਏ ਦੀ ਅਗਵਾਈ ਹੇਠ ਸੁਖਚੈਨ ਨਗਰ ਬੰਗਾ ਰੋਡ ਫਗਵਾੜਾ ਵਿਖੇ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ। ਜਿਸ ਵਿਚ ਪ੍ਰਸਿੱਧ ਕਵਿੱਤਰੀ ਜਵਿੰਦਰ ਕੌਰ ਫਗਵਾੜਾ ਦੀ ਤੀਸਰੀ ਪੁਸਤਕ (ਗਜ਼ਲ ਸੰਗ੍ਰਹਿ) 'ਸ਼ਬਦ ਨਗੀਨੇ' ਦੀ ਘੁੰਡ ਚੁਕਾਈ ਕੀਤੀ ਗਈ। ਇਸ ਮੌਕੇ ਵੱਖ-ਵੱਖ ਬੁਲਾਰਿਆਂ ਨੇ ਕਿਹਾ ਕਿ ਸ਼ਬਦ ਨਗੀਨੇ ਗਜਲ ਸੰਗ੍ਰਹਿ ਵਿਚ ਹਰ ਤਰ੍ਹਾਂ ਦੀ ਵੰਨਗੀ ਹੈ ਅਤੇ ਇਹ ਪੁਸਤਕ ਵੀ ਪਹਿਲੀਆਂ ਪੁਸਤਕਾਂ ਦੀ ਤਰ੍ਹਾਂ ਪਾਠਕਾਂ ਨੂੰ ਪਸੰਦ ਆਵੇਗੀ। ਕੇਂਦਰ ਦੇ ਪ੍ਰਧਾਨ ਰਵਿੰਦਰ ਸਿੰਘ ਰਾਏ ਅਤੇ ਡਾ. ਐਸ.ਪੀ. ਮਾਨ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਜਸਵਿੰਦਰ ਕੌਰ ਫਗਵਾੜਾ ਨੇ ਲੋਕਾਂ ਦੀਆਂ ਸਮੱਸਿਆਵਾਂ, ਸਮਾਜਿਕ ਕੁਰੀਤੀਆਂ, ਔਰਤ ਦੇ ਦੁੱਖਾਂ ਬਾਰੇ ਅਤੇ ਜਿੰਦਗੀ ਦੇ ਸਾਰੇ ਅਹਿਸਾਸਾਂ ਨੂੰ ਆਪਣੀ ਪੁਸਤਕ 'ਸ਼ਬਦ ਨਗੀਨੇ' ਵਿਚ ਬਾਖੂਬੀ ਪੇਸ਼ ਕੀਤਾ ਹੈ। ਇਸ ਮੌਕੇ ਲਸ਼ਕਰ ਢੰਵਾੜਵੀ, ਬਲਦੇਵ ਕੋਮਲ, ਲਵਪ੍ਰੀਤ ਸਿੰਘ ਰਾਏ, ਕਸਤੂਰੀ ਲਾਲ ਤੋਂ ਇਲਾਵਾ ਹੋਰ ਕਵੀਆਂ ਨੇ ਆਪਣੀਆਂ ਕਵਿਤਾਵਾਂ ਤੇ ਗੀਤ ਪੇਸ਼ ਕੀਤੇ। ਸਭਾ ਵਲੋਂ ਜਸਵਿੰਦਰ ਕੌਰ ਫਗਵਾੜਾ ਅਤੇ ਬਲਬੀਰ ਸਿੰਘ ਰਿਟਾ. ਐਸ.ਡੀ.ਓ. ਪਾਵਰਕਾਮ ਨੂੰ ਸਨਮਾਨਤ ਕੀਤਾ ਗਿਆ। ਸਟੇਜ ਦੀ ਸੇਵਾ ਲਸ਼ਕਰ ਢੰਡਵਾੜਵੀ ਵਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਗੁਰਨਾਮ ਸਿੰਘ, ਮਧੂ ਬਾਲਾ, ਰੇਸ਼ਮ ਲਾਲ, ਪਿਆਰਾ ਸਿੰਘ ਸੈਣੀ, ਸੁਖਵਿੰਦਰ ਕੌਰ, ਮੁਖਤਿਆਰ ਸਿੰਘ ਸਮੇਤ ਹੋਰ ਸਾਹਿਤ ਪ੍ਰੇਮੀ ਵੀ ਹਾਜਰ ਸਨ।

# ਪੀ ਸੀ ਐੱਮ ਐੱਸ ਡੀ ਕਾਲਜ 'ਚ 'ਸਟਾਰਟ-ਅੱਪ ਯੋਜਨਾ ਕਿਵੇਂ ਬਣਾਈਏ' 'ਤੇ ਮਾਹਰ ਸੈਸ਼ਨ

**ਜਲੰਧਰ ( ਇਕਬਾਲ ਸਿੰਘ ਉੱਭੀ )** ਪੀ.ਸੀ.ਐਮ.ਐਸ.ਡੀ. ਕਾਲਜ ਫਾਰ ਵੂਮੈਨ ਵਿੱਚ ਨਵੀਨਤਾ ਅਤੇ ਉੱਦਮਤਾ ਪ੍ਰਤੀ ਨੌਜਵਾਨ ਵਿਦਿਆਰਥੀਆਂ ਨੂੰ ਉਤਸਾਹਿਤ ਕਰਨ, ਪ੍ਰੇਰਿਤ ਕਰਨ ਅਤੇ ਉਨ੍ਹਾਂ ਦਾ ਪਾਲਣ ਪੋਸਣ ਕਰਨ ਲਈ, ਸੰਸਥਾ ਦੀ ਇਨੋਵੇਟਿਵ ਕੌਂਸਲ ਨੇ 'ਸਟਾਰਟ-ਅੱਪ ਅਤੇ ਕਾਨੂੰਨੀ ਅਤੇ ਨੈਤਿਕ ਕਦਮਾਂ ਲਈ ਯੋਜਨਾ ਕਿਵੇਂ ਬਣਾਈਏ' ਤੇ ਮਾਹਿਰ ਸੈਸ਼ਨ ਦਾ ਆਯੋਜਨ ਕੀਤਾ। ਜਿਸ ਵਿੱਚ 67 ਦੇ ਕਰੀਬ ਵਿਦਿਆਰਥੀਆਂ ਅਤੇ ਫੈਕਲਟੀ ਦੇ ਮੈਂਬਰਾਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਸੈਸ਼ਨ ਵਿੱਚ, ਮੇਰੀ ਪਹਾੜੀ ਦੁਕਾਨ ਦੇ ਸਹਿ ਸੰਸਥਾਪਕ ਚਾਰ ਦੋਸਤਾਂ - ਮੁਹੰਮਦ ਅਨਸ ਜੁਬੀਰ, ਰੋਹਨ ਸਹਿਗਲ, ਹਿਮਾਂਸ਼ੂ ਦੁਆ ਅਤੇ ਸ਼ੁੱਭਮ ਟੰਡਨ ਨੇ ਆਪਣੇ ਸਫਰ ਬਾਰੇ ਦੱਸਿਆ ਕਿ ਕਿਵੇਂ ਉਨ੍ਹਾਂ ਨੇ ਸਿਰਫ ਛੇ ਹਜਾਰ ਨਾਲ ਸ਼ੁਰੂ ਕੀਤਾ ਅਤੇ ਫਿਰ ਉਨ੍ਹਾਂ ਨੇ ਪਿੱਛੇ ਮੁੜ ਕੇ ਨਹੀਂ ਦੇਖਿਆ। ਹੁਣ ਉਹ ਆਪਣੇ ਦ੍ਰਿੜ ਇਰਾਦੇ ਅਤੇ ਸਬਰ ਨਾਲ ਸਫਲਤਾ ਦੀਆਂ ਬੁਲੰਦੀਆਂ 'ਤੇ ਪਹੁੰਚ ਗਏ ਹਨ। ਇਸ ਤੋਂ ਇਲਾਵਾ, ਉਹਨਾਂ ਨੇ ਸਟਾਰਟਅੱਪਸ ਦੀਆਂ ਮੂਲ ਗੱਲਾਂ ਬਾਰੇ ਦੱਸਿਆ, ਜਿਸ ਵਿੱਚ ਇਸਦੀ ਸ਼ੁਰੂਆਤ,




ਫੰਡ ਇਕੱਠਾ ਕਰਨਾ, ਸਟਾਰਟਅੱਪ ਦੇ ਕਾਨੂੰਨੀ ਅਤੇ ਨੈਤਿਕ ਪਹਿਲੂ ਸ਼ਾਮਲ ਹਨ। ਸੈਸਨ ਦੌਰਾਨ, ਉਹਨਾਂ ਨੇ ਸਾਰੇ ਹਾਜਰੀਨ ਨੂੰ ਇਸ ਬਾਰੇ ਬਹੁਤ ਹੀ ਜਾਣਕਾਰੀ ਭਰਪੂਰ ਜਾਣਕਾਰੀ ਦਿੱਤੀ ਕਿ ਕਿਸੇ ਵੀ ਸ਼ੁਰੂਆਤ ਨੂੰ ਸਥਾਪਤ ਕਰਨ ਲਈ ਇੱਕ ਸਹੀ ਪਹੁੰਚ ਵਿਕਸਿਤ ਕਰਨ ਦੀ ਲੋੜ ਹੈ। ਉਹਨਾਂ ਨੇ ਇੱਕ ਉੱਦਮੀ ਪਹੁੰਚ ਵਿਕਸਤ ਕਰਨ ਦੀ ਲੋੜ 'ਤੇ ਜੋਰ ਦਿੱਤਾ, ਜੋ ਕਿਸੇ ਵੀ ਕਾਰੋਬਾਰ ਦੇ ਵਿਕਾਸ ਅਤੇ ਸਫਲਤਾ ਲਈ ਜਰੂਰੀ ਹੈ ਅਤੇ ਵਿਦਿਆਰਥੀਆਂ ਨੂੰ ਸਵਾਲ ਪੁੱਛਣ ਲਈ ਪਲੇਟਫਾਰਮ ਪ੍ਰਦਾਨ ਕੀਤਾ ਜਿਸ ਨੇ ਸੈਸ਼ਨ ਨੂੰ ਬਹੁਤ ਜ਼ਿਆਦਾ ਇੰਟਰਐਕਟਿਵ ਬਣਾਇਆ। ਉਨ੍ਹਾਂ ਨੇ ਢੁੱਕਵੇਂ ਖੋਜ ਹੁਨਰਾਂ ਨੂੰ ਵਿਕਸਤ ਕਰਨ ਦੀ ਲੋੜ 'ਤੇ ਜੋਰ ਦਿੱਤਾ ਜੋ ਕਿਸੇ ਵੀ ਵਿਅਕਤੀ ਵਿੱਚ ਚੰਗੇ ਉੱਦਮੀ ਬਣਨ ਲਈ ਪੈਦਾ ਕੀਤੇ ਜਾਣੇ ਚਾਹੀਦੇ ਹਨ। ਉਨ੍ਹਾਂ ਸੇਧ ਦਿੱਤੀ ਕਿ ਸਾਨੂੰ ਆਪਣੇ ਅੰਦਰ ਵਿਸ਼ਵਾਸ ਰੱਖਣ ਦੀ ਲੋੜ ਹੈ ਅਤੇ ਸਪੱਸ਼ਟ ਟੀਚੇ ਸਾਡੀ ਸੁਪਨਿਆਂ ਦੀ ਪ੍ਰਾਪਤੀ ਵਿੱਚ ਮਦਦ ਕਰਨਗੇ। ਸੈਸ਼ਨ ਨੇ ਟੀਚਾ ਰੱਖਣ ਵਾਲੇ ਨੌਜਵਾਨ ਨੂੰ ਸਫਲ ਉੱਦਮੀ ਬਣਨ ਲਈ ਪ੍ਰੇਰਣਾ ਅਤੇ ਉਤਸ਼ਾਹ ਵਜੋਂ ਕੰਮ ਕੀਤਾ।

ਇਹ ਸੈਸ਼ਨ ਉਨ੍ਹਾਂ ਸਾਰੇ ਨੌਜਵਾਨ ਇਨੋਵੇਟਰਾਂ ਲਈ ਬਹੁਤ ਲਾਭਦਾਇਕ ਸੀ ਜੋ ਆਪਣੇ ਸਟਾਰਟਅੱਪ ਅਤੇ ਕਾਰੋਬਾਰ ਲਈ ਯੋਜਨਾ ਬਣਾ ਰਹੇ ਹਨ। ਸੈਸ਼ਨ ਨੇ ਉਨ੍ਹਾਂ ਦੀ ਅਗਲੇਰੀ ਪ੍ਰੇਰਣਾ ਦੇ ਪੱਧਰ ਨੂੰ ਵਧਾ ਦਿੱਤਾ। ਪ੍ਰਧਾਨ ਨਰੇਸ਼ ਬੁਧੀਆ, ਸੀਨੀਅਰ ਮੀਤ ਪ੍ਰਧਾਨ ਵਿਨੋਦ ਦਾਦਾ, ਪ੍ਰਬੰਧਕੀ ਕਮੇਟੀ ਦੇ ਮੈਂਬਰਾਂ ਅਤੇ ਪ੍ਰਿੰਸੀਪਲ ਡਾ. ਪੂਜਾ ਪਰਾਸ਼ਰ ਨੇ ਇਸ ਸਮਾਗਮ ਨੂੰ ਸਫਲਤਾਪੂਰਵਕ ਕਰਵਾਉਣ ਲਈ ਸੰਸਥਾਵਾਂ ਦੀ ਇਨੋਵੇਟਿਵ ਕੌਂਸਲ ਦੇ ਯਤਨਾਂ ਦੀ ਸ਼ਲਾਘਾ ਕੀਤੀ। ਇਹ ਸੈਸ਼ਨ ਵਿਦਿਆਰਥੀਆਂ ਲਈ ਲਾਹੇਵੰਦ ਸਾਬਤ ਹੋਇਆ।

# ਤਲਵਾੜਾ 'ਚ ਮੈਗਾ ਰੋਜ਼ਗਾਰ ਮੇਲੇ ਦੌਰਾਨ 150 ਤੋਂ ਵੱਧ ਨੌਜਵਾਨਾਂ ਨੂੰ ਦਿੱਤਾ ਗਿਆ ਰੋਜ਼ਗਾਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ**--ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਅਤੇ ਮਾਡਲ ਕਰੀਅਰ ਸੈਂਟਰ ਹੁਸ਼ਿਆਰਪੁਰ ਵੱਲੋਂ ਜ਼ਿਲ੍ਹਾ ਪ੍ਰਸਾਸ਼ਨ ਦੀ ਅਗਵਾਈ ਹੇਠ ਸਰਕਾਰੀ ਆਈ.ਟੀ.ਆਈ. ਤਲਵਾੜਾ ਵਿਖੇ ਮੈਗਾ ਰੋਜ਼ਗਾਰ ਮੇਲੇ ਦਾ ਸਫਲਤਾ ਪੂਰਵਕ ਆਯੋਜਨ ਕੀਤਾ ਗਿਆ, ਜਿਸ ਦੌਰਾਨ 150 ਤੋਂ ਵੱਧ ਪ੍ਰਾਰਥੀਆਂ ਨੂੰ ਰੋਜ਼ਗਾਰ ਮੁਹੱਈਆ ਕਰਵਾਇਆ ਗਿਆ। ਇਸ ਰੋਜ਼ਗਾਰ ਮੇਲੇ ਵਿੱਚ ਵਿਧਾਇਕ ਦਸੂਹਾ ਕਰਮਬੀਰ ਸਿੰਘ ਘੁੰਮਣ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਉਨ੍ਹਾਂ ਰੋਜ਼ਗਾਰ ਮੇਲੇ ਵਿੱਚ ਸਿਲੈਕਟ ਹੋਏ ਨੌਜਵਾਨਾਂ ਨੂੰ ਮੌਕੇ 'ਤੇ ਹੀ ਨਿਯੁਕਤੀ ਪੱਤਰ ਵੀ ਵੰਡੇ। ਇਸ ਮੌਕੇ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਦ੍ਰਿੜ ਸੰਕਲਪ ਹੈ ਅਤੇ ਇਸੇ ਤਹਿਤ ਸੂਬੇ ਦੇ ਹਰੇਕ ਜ਼ਿਲ੍ਹੇ ਵਿੱਚ ਰੋਜ਼ਗਾਰ ਮੇਲੇ ਕਰਵਾਏ ਜਾ ਰਹੇ ਹਨ ਤਾਂ ਜੋ ਨੌਜਵਾਨਾਂ ਨੂੰ ਉਨ੍ਹਾਂ ਦੇ




ਜ਼ਿਲ੍ਹੇ ਵਿੱਚ ਹੀ ਪ੍ਰਮੁੱਖ ਸੰਸਥਾਵਾਂ ਵਿੱਚ ਬਿਹਤਰ ਰੋਜ਼ਗਾਰ ਦਿਵਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਹੀ ਇਸ ਤਰ੍ਹਾਂ ਦੇ ਰੋਜ਼ਗਾਰ ਮੇਲੇ ਜਾਰੀ ਰਹਿਣਗੇ। ਜ਼ਿਲ੍ਹਾ ਰੋਜ਼ਗਾਰ ਅਫਸਰ ਗੁਰਮੇਲ ਸਿੰਘ ਨੇ ਦੱਸਿਆ ਕਿ ਇਸ ਰੋਜ਼ਗਾਰ ਮੇਲੇ ਵਿੱਚ 20 ਨਾਮੀ ਕੰਪਨੀਆਂ ਜਿਵੇਂ ਕਿ ਸੋਨਾਲੀਕਾ, ਉੱਨਤੀ ਕੋਆਪਰੇਟਿਵ ਲਿਮਟਿਡ ਤਲਵਾੜਾ, ਲੁਧਿਆਣਾ ਬੈਵਰੇਜ਼ (ਕੋਕਾ ਕੋਲਾ), ਰਿਲਾਇੰਸ ਇੰਡਸਟ੍ਰੀਜ਼ ਲਿਮਟਿਡ, ਹੁਸ਼ਿਆਰਪੁਰ ਆਟੋਮੋਬਾਇਲ, ਪੁਖਰਾਜ ਹੈਲਥ ਕੇਅਰ, ਅਜਾਇਲ ਹਰਬਲ, ਰੈਕਸਾ ਸਕਿਊਰਿਟੀ ਅਤੇ ਹੋਰ ਕਈ ਨਾਮੀ ਕੰਪਨੀਆਂ ਵੱਲੋਂ ਭਰਤੀ ਕਰਨ ਸਬੰਧੀ ਭਾਗ ਲਿਆ ਗਿਆ। ਉਨ੍ਹਾਂ ਦੱਸਿਆ ਕਿ ਇਸ ਰੋਜ਼ਗਾਰ ਮੇਲੇ ਵਿੱਚ ਲਗਭਗ 350 ਪ੍ਰਾਰਥੀਆਂ ਨੇ ਬਹੁਤ ਉਤਸ਼ਾਹ ਪੂਰਵਕ ਭਾਗ ਲਿਆ ਅਤੇ 150 ਤੋਂ ਵੱਧ ਨੌਜਵਾਨਾਂ ਦੀ ਵੱਖ-ਵੱਖ ਕੰਪਨੀਆਂ ਵਲੋਂ ਚੋਣ ਕੀਤੀ ਗਈ। ਇਸ ਮੌਕੇ ਲਲਿਤ ਮੋਹਣ ਪ੍ਰਿੰਸੀਪਲ ਸਰਕਾਰੀ ਆਈ.ਟੀ.ਆਈ. ਤਲਵਾੜਾ, ਪਰਮਿੰਦਰ ਪਾਲ ਸਿੰਘ ਪ੍ਰਿੰਸੀਪਲ ਸਰਕਾਰੀ ਆਈ.ਟੀ.ਆਈ. ਹਰਿਆਣਾ, ਰਾਕੇਸ਼ ਕੁਮਾਰ ਪਲੇਸਮੈਂਟ ਅਫਸਰ, ਅਦਿੱਤਯਾ ਰਾਣਾ ਕਰੀਅਰ ਕਾਊਂਸਲਰ, ਵਿਕਰਮ ਸਿੰਘ ਯੰਗ ਪ੍ਰੋਫੈਸ਼ਨਲ, ਪਲੇਸਮੈਂਟ ਅਫਸਰ ਆਈ.ਟੀ.ਆਈ. ਮਨੋਜ ਕੁਮਾਰ, ਜ਼ਿਲ੍ਹਾ ਰੋਜ਼ਗਾਰ ਬਿਊਰੋ ਹੁਸ਼ਿਆਰਪੁਰ ਅਤੇ ਆਈ.ਟੀ.ਆਈ. ਤਲਵਾੜਾ ਦਾ ਸਮੂਹ ਸਟਾਫ ਮੌਜੂਦ ਸੀ।

# ਯੂਨੀਵਰਸਿਟੀ ਨਤੀਜਿਆਂ 'ਚ ਸੇਂਟ ਸੋਲਜਰ ਵਿਦਿਆਰਥੀ ਨੇ ਚਮਕਾਇਆ ਨਾਂਅ

**ਜਲੰਧਰ ( ਇਕਬਾਲ ਸਿੰਘ ਉੱਭੀ )**-ਸੇਂਟ ਸੋਲਜਰ ਮੈਨੇਜਮੈਂਟ ਐਂਡ ਟੈਕਨੀਕਲ ਇੰਸਟੀਚਿਊਟ, ਕਪੂਰਥਲਾ ਰੋਡ ਦੇ ਵਿਦਿਆਰਥੀਆਂ ਨੇ ਆਈ.ਕੇ.ਜੀ. ਪੰਜਾਬ ਟੈਕਨੀਕਲ ਯੂਨੀਵਰਸਿਟੀ ਵੱਲੋਂ ਐਲਾਨੇ ਗਏ ਵੱਖ-ਵੱਖ ਕੋਰਸਾਂ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸੰਸਥਾ ਅਤੇ ਆਪਣੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ਹੈ। ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਡਾ. ਰੋਹਨ ਸ਼ਰਮਾ ਨੇ ਦੱਸਿਆ ਕਿ ਬੀ.ਸੀ.ਏ ਕਲਾਸ ਦੇ ਪਹਿਲੇ ਸਮੈਸਟਰ ਵਿਚ ਕਰਮਜੀਤ ਕੌਰ ਨੇ 92 ਫ਼ੀਸਦੀ, ਗੁਰਲੀਨ ਕੌਰ ਨੇ ਤੀਜੇ ਸਮੈਸਟਰ ਵਿਚ 92 ਫ਼ੀਸਦੀ, ਗੁਰਲੀਨ ਨੇ ਪੰਜਵੇਂ ਸਮੈਸਟਰ ਵਿਚ 90 ਫ਼ੀਸਦੀ, ਮੈਡੀਕਲ ਲੈਬ ਸਾਇੰਸਜ਼ ਦੇ ਪਹਿਲੇ ਸਮੈਸਟਰ 'ਚ ਮਨਦੀਪ ਕੌਰ ਨੇ 91 ਫ਼ੀਸਦੀ ਪੰਜਵੇਂ ਸਮੈਸਟਰ 'ਚ ਸੁਮਨਦੀਪ ਕੌਰ ਨੇ 92 ਪ੍ਰਤੀਸ਼ਤ, ਫੈਸ਼ਨ ਡਿਜ਼ਾਈਨਿੰਗ 'ਚ ਪਹਿਲੇ ਸਮੈਸਟਰ 'ਚ ਪਲਕ ਨੇ 91 ਪ੍ਰਤੀਸ਼ਤ, ਪੰਜਵੇਂ ਸਮੈਸਟਰ 'ਚ ਡੇਜ਼ੀ ਨੇ 92 ਪ੍ਰਤੀਸ਼ਤ, ਡਿੰਕੀ ਨੇ 91 ਪ੍ਰਤੀਸ਼ਤ, ਸਤਵਿੰਦਰ, ਸਰਸਵਤੀ, ਯਾਸ਼ਿਕਾ ਨੇ 90




ਪ੍ਰਤੀਸ਼ਤ ਅੰਕ ਪ੍ਰਾਪਤ ਕੀਤੇ ਹਨ। ਉਨ੍ਹਾਂ ਦੱਸਿਆ ਕਿ ਇਸ ਦੇ ਨਾਲ ਹੀ 35 ਫੀਸਦੀ ਵਿਦਿਆਰਥੀਆਂ ਨੇ 80 ਤੋਂ 90 ਫੀਸਦੀ ਤੱਕ ਅੰਕ ਪ੍ਰਾਪਤ ਕੀਤੇ ਹਨ ਅਤੇ ਸਾਰਿਆਂ ਦਾ ਨਤੀਜੇ ਸ਼ਾਨਦਾਰ ਰਹੇ ਹਨ। ਚੇਅਰਮੈਨ ਅਨਿਲ ਚੋਪੜਾ, ਵਾਈਸ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਨੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਸ਼ੁੱਭਕਾਮਨਾਵਾਂ ਦਿੱਤੀਆਂ ਅਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਕੰਮ ਕਰਨ ਲਈ ਪ੍ਰੇਰਿਤ ਕੀਤਾ।

# ਪੰਜਾਬ 'ਚ ਬੱਚਿਆਂ, ਲੜਕੀਆਂ ਅਤੇ ਔਰਤਾਂ ਨੂੰ ਕੁਪੋਸ਼ਣ ਮੁਕਤ ਕਰਨ ਲਈ 5ਵਾਂ ਪੋਸ਼ਣ ਪਖਵਾੜਾ ਸ਼ੁਰੂ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਬੱਚਿਆਂ, ਲੜਕੀਆਂ ਤੇ ਔਰਤਾਂ ਦੀ ਸਿਹਤ ਵੱਲ ਵਿਸ਼ੇਸ਼ ਧਿਆਨ ਦਿੰਦੇ ਹੋਏ ਅਤੇ ਕੁਪੋਸ਼ਣ ਖ਼ਿਲਾਫ਼ ਲੜਦੇ ਹੋਏ ਸੂਬੇ ਵਿੱਚ ਅੱਜ ਤੋਂ 5ਵਾਂ ਪੋਸ਼ਣ ਪਖਵਾੜਾ ਮਨਾਇਆ ਜਾ ਰਿਹਾ ਹੈ, ਜਿਸ ਤਹਿਤ ਪੰਜਾਬ ਦੇ ਸਾਰੇ ਜ਼ਿਲ੍ਹਿਆਂ 'ਚ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾਣਗੀਆਂ। ਸਮਾਜਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਪਖਵਾੜੇ ਦੌਰਾਨ ਬੱਚਿਆਂ, ਲੜਕੀਆਂ ਅਤੇ ਔਰਤਾਂ ਨੂੰ ਕੁਪੋਸ਼ਣ ਮੁਕਤ ਸਵਸਥ ਅਤੇ ਮਜ਼ਬੂਤ ਕਰਨਾ, ਹਰ ਘਰ ਤੱਕ ਸਹੀ ਪੋਸ਼ਣ ਦਾ ਸੰਦੇਸ਼ ਪਹੁੰਚਾਉਣਾ ਹੈ। ਉਨ੍ਹਾ ਦੱਸਿਆ ਕਿ ਇਸ ਪਖਵਾੜੇ ਦੌਰਾਨ ਨੁੱਕੜ ਨਾਟਕ, ਪੋਸ਼ਣ ਮੇਲੇ, ਸਾਈਕਲ ਰੈਲੀ, ਪ੍ਰਭਾਤ ਫੇਰੀਆਂ, ਖ਼ੂਨ ਦੀ ਕਮੀ ਸੰਬੰਧੀ ਮੁਫ਼ਤ ਜਾਂਚ ਕੈਂਪ ਅਤੇ ਹੋਰ ਕਈ ਪ੍ਰਕਾਰ ਦੇ ਸਮਾਗਮ ਕਰਵਾਏ ਜਾਣਗੇ।

ਉਨ੍ਹਾ ਦੱਸਿਆ ਕਿ ਗਰਭਵਤੀ ਮਾਵਾਂ ਦੀ ਗੋਦ ਭਰਾਈ ਦੀ ਰਸਮ ਅਤੇ ਨਵਜੰਮੇ ਬੱਚਿਆਂ ਦੀਆਂ ਮਾਵਾਂ ਲਈ ਪੰਜੀਰੀ ਦੇਣ ਦੀਆਂ ਰਸਮਾਂ ਵੀ ਕੀਤੀਆਂ ਜਾਣਗੀਆਂ। ਡਾ. ਬਲਜੀਤ ਕੌਰ ਨੇ ਸੂਬੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਮਾਗਮਾਂ 'ਚ ਵੱਧ ਤੋਂ ਵੱਧ ਸ਼ਮੂਲੀਅਤ ਯਕੀਨੀ ਬਣਾਉਣ ਤਾਂ ਜੋ ਪੋਸ਼ਣ ਭਰਪੂਰ ਖਾਣੇ ਦਾ ਸੁਨੇਹਾ ਘਰ-ਘਰ ਤੱਕ ਪਹੁੰਚਾਇਆ ਜਾ ਸਕੇ। ਕੈਬਨਿਟ ਮੰਤਰੀ ਨੇ ਕਿਹਾ ਕਿ ਸਹੀ ਪੋਸ਼ਣ ਦਾ ਅਰਥ ਪੋਸ਼ਟਿਕ ਆਹਾਰ ਅਤੇ ਸਾਫ਼ ਪਾਣੀ ਹੁੰਦਾ ਹੈ। ਉਨ੍ਹਾ ਕਿਹਾ ਕਿ ਪੋਸ਼ਣ ਪਖਵਾੜੇ ਦੌਰਾਨ ਪੰਜਾਬ 'ਚ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾਣਗੀਆਂ, ਜਿਨ੍ਹਾਂ ਦਾ ਮੁੱਖ ਮਕਸਦ ਪੋਸ਼ਟਿਕ ਆਹਾਰ ਦੇ ਨਾਲ-ਨਾਲ ਬੱਚਿਆਂ, ਲੜਕੀਆਂ ਅਤੇ ਔਰਤਾਂ ਨੂੰ ਚੰਗੀ ਸਿਹਤ ਦੇਣਾ ਹੋਵੇਗਾ। ਕੈਬਨਿਟ ਮੰਤਰੀ ਨੇ ਵਿਭਾਗ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਤੋਂ ਆਸ ਪ੍ਰਗਟਾਈ ਕਿ ਉਹ ਪੋਸ਼ਣ ਪਖਵਾੜੇ 'ਚ ਮਿਹਨਤ ਅਤੇ ਲਗਨ ਨਾਲ ਕੰਮ ਕਰਕੇ ਪੰਜਾਬ ਰਾਜ ਨੂੰ ਪੂਰੇ ਭਾਰਤ 'ਚ ਉੱਤਮ ਸਥਾਨ ਹਾਸਲ ਕਰਨ ਲਈ ਯਤਨ ਕਰਨਗੇ।

# ਬੀਤ ਭਲਾਈ ਕਮੇਟੀ ਦੇ ਵਫ਼ਦ ਵੱਲੋਂ ਡੀ ਸੀ ਨੂੰ ਮਿਲ ਕੇ ਸਮੱਸਿਆਵਾਂ ਨੂੰ ਹੱਲ ਕਰਨ ਦੀ ਕੀਤੀ ਮੰਗ

**ਹੁਸ਼ਿਆਰਪੁਰ, (ਬਲਵੀਰ ਸੈਣੀ)** ਤਹਿਸੀਲ ਗੜ੍ਹਸ਼ੰਕਰ ਅਧੀਨ ਪੈਂਦੇ ਇਲਾਕਾ ਬੀਤ ਦੇ ਲੋਕਾਂ ਦੀ ਜਥੇਬੰਦੀ "ਬੀਤ ਭਲਾਈ ਕਮੇਟੀ" ਦਾ ਇੱਕ ਵਫ਼ਦ ਕਮੇਟੀ ਦੇ ਪ੍ਰਧਾਨ ਬਲਵੀਰ ਸਿੰਘ ਬੈਂਸ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਨੂੰ ਉਹਨਾਂ ਦੇ ਦਫ਼ਤਰ ਵਿੱਚ ਮਿਲਿਆ। ਕਮੇਟੀ ਦੇ ਪ੍ਰੈਸ ਸਕੱਤਰ ਰਾਮਜੀ ਦਾਸ ਚੌਹਾਨ ਨੇ ਦੱਸਿਆ ਕਿ ਵਫ਼ਦ ਵਲੋਂ ਬੀਤ ਇਲਾਕ ਦੇ ਲੋਕਾਂ ਦੀਆਂ ਬਹੁਤ ਹੀ ਅਹਿਮ ਮੰਗਾਂ/ ਸਮੱਸਿਆਵਾਂ ਸਬੰਧੀ ਡਿਪਟੀ ਕਮਿਸ਼ਨਰ ਨੂੰ ਵਿਸਥਾਰ ਸਹਿਤ ਜਾਣਕਾਰੀ ਦੇਣ ਉਪਰੰਤ ਉਹਨਾਂ ਤੋਂ ਮੰਗ ਕੀਤੀ ਗਈ ਕਿ ਇਹਨਾਂ ਸਮੱਸਿਆਵਾਂ ਦਾ ਫੌਰੀ ਤੌਰ 'ਤੇ ਹੱਲ ਕੀਤਾ ਜਾਵੇ। ਉਹਨਾਂ ਦੱਸਿਆ ਕਿ ਬੀਤ ਇਲਾਕੇ ਦੀਆਂ ਮੁੱਖ ਸੜਕਾਂ ਅਤੇ ਪਿੰਡਾਂ ਦੀਆਂ ਲਿੰਕ ਸੜਕਾਂ ਦੀ ਮੁਰੰਮਤ ਕਰਵਾਉਣ, ਸਿਹਤ ਕੇਂਦਰ ਬੀਨੇਵਾਲ਼ ਵਿੱਚ ਡਾਕਟਰਾਂ ਅਤੇ ਪੈਰਾ ਮੈਡੀਕਲ ਸਟਾਫ ਦੀ ਘਾਟ ਨੂੰ ਪੂਰਾ ਕਰਨ, ਇਲਾਕਦੇ ਸਾਰੇ ਸਕੂਲਾਂ ਵਿੱਚ ਅਧਿਆਪਕਾਂ ਦੀਆਂ ਖ਼ਾਲੀ ਪਈਆਂ ਪੋਸਟਾਂ ਨੂੰ ਭਰਨ, ਜੰਗਲੀ ਜਾਨਵਰਾਂ ਦੁਆਰਾ ਕੀਤੇ ਜਾਂਦੇ ਫ਼ਸਲਾਂ ਦੇ ਉਜਾੜੇ ਨੂੰ ਰੋਕਣ ਲਈ ਸਬਸਿਡੀ ਤੇ ਜਾਲ ਮੁਹੱਈਆ ਕਰਵਾਉਣ, ਹਿਮਾਚਲ ਪ੍ਰਦੇਸ਼ ਦੀ ਸਰਹੱਦ 'ਤੇ ਲੱਗੀ ਸਾਬਣ ਫੈਕਟਰੀ ਗੋਂਦਪੁਰ ਵੱਲੋਂ ਫੈਲਾਏ ਜਾ ਰਹੇ ਪ੍ਰਦੂਸ਼ਣ ਤੋਂ ਇਲਾਕਾ ਬੀਤ ਦੇ ਲੋਕਾਂ ਨੂੰ ਨਿਜ਼ਾਤ ਦਿਵਾਉਣ, ਨਸ਼ਿਆ ਦੇ ਖਿਲਾਫ ਸਖ਼ਤ ਕਾਰਵਾਈ ਕਰਨ, ਪੰਜਾਬ ਰੋਡਵੇਜ਼ ਦੀਆਂ ਬੱਸਾਂ ਦੇ ਬੰਦ ਪਏ ਰੂਟ ਚਾਲੂ ਕਰਨ ਅਤੇ ਇਲਾਕਤੋਂ ਆਉਣ ਅਤੇ ਜਾਣ ਵਾਲੀਆਂ



ਸਾਰੀਆਂ ਬੱਸਾਂ ਦਾ ਮੁੱਖ ਬੱਸ ਅੱਡਾ ਗੜ੍ਹਸ਼ੰਕਰ ਵਿਖੇ ਪੁਹੰਚਾਅਣਾ ਯਕੀਨੀ ਬਣਾਉਣ ਵਾਸਤੇ, ਪੀਣ ਵਾਲੇ ਪਾਣੀ ਅਤੇ ਬਿਜਲੀ ਦੀ ਸਪਲਾਈ ਸੰਬਧੀ ਸਮੱਸਿਆਵਾਂ ਨੂੰ ਹੱਲ ਕਰਵਾਉਣ, ਬੀਤ ਇਲਾਕੇ ਵਿੱਚ ਸਰਕਾਰੀ ਕਾਲਜ ਅਤੇ ਆਈ ਟੀ ਆਈ ਖੋਲ੍ਹਣ, ਇਤਿਹਾਸਿਕ ਛਿੰਝ ਮੇਲੇ "ਛਰਾਹਾਂ ਦੀ ਛਿੰਝ" ਨੂੰ ਬਰਾਸਤੀ ਮੇਲਾ ਘੋਸ਼ਿਤ ਕਰਨ, ਭੌਂ-ਖੋਰ ਨੂੰ ਰੋਕਣ ਲਈ ਚੋਆਂ ਤੇ ਬੰਨ ਲਗਾਉਣ ਅਤੇ ਗੜ੍ਹੀ ਮਨਸੋਵਾਲ ਅਤੇ ਖ਼ੁਰਾਲ ਗੜ੍ਹ ਦਰਮਿਆਨ ਪੈਂਦੇ ਚੋਅ ਤੇ ਬੁਹ ਮੰਤਵੀ ਚੈਕ ਡੈਮ ਬਣਵਾਉਣ ਸਬੰਧੀ ਆਦਿ ਮੰਗਾਂ ਨੂੰ ਡਿਪਟੀ ਕਮਿਸ਼ਨਰ ਵੱਲੋਂ ਧਿਆਨ ਨਾਲ ਸੁਣਨ ਉਪਰੰਤ ਉਹਨਾਂ ਤੇ ਕਾਰਵਾਈ ਕਰਨ ਅਤੇ ਬੀਤ ਇਲਾਕੇ ਵਿੱਚ ਸਾਰੇ ਵਿਭਾਗਾਂ ਦੇ ਅਧਿਕਾਰੀਆਂ ਦਾ ਵਿਸ਼ੇਸ਼ ਕੈਂਪ ਲਗਵਾਉਣ ਦਾ ਭਰੋਸਾ ਵੀ ਵਫ਼ਦ ਦੇ ਆਗੂਆਂ ਨੂੰ ਦਿੱਤਾ। ਕਮੇਟੀ ਦੇ ਵਫ਼ਦ ਵਿੱਚ ਨਰਿੰਦਰ ਸੋਨੀ ਜਨਰਲ ਸਕੱਤਰ, ਰਾਮਜੀਦਾਸ ਚੌਹਾਨ ਪ੍ਰੈੱਸ ਸਕੱਤਰ, ਤੀਰਥ ਸਿੰਘ ਮਾਨ, ਭੁੰਮਣ ਸਿੰਘ ਅਤੇ ਜੋਗ ਰਾਜ ਸੋਢੀ ਸ਼ਾਮਲ ਸਨ।

# ਗੁਰੂ ਨਗਰੀ ਦੀ ਮਨਸੁਖ ਕੌਰ ਢਿੱਲੋਂ ਅਮਰੀਕਾ 'ਚ ਬਣੀ ਡਾਕਟਰ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਦੀ ਵਸਨੀਕ ਅਤੇ ਐਚ ਪੀ ਗੈਸ ਏਜੰਸੀ ਸ੍ਰੀ ਅਨੰਦਪੁਰ ਸਾਹਿਬ ਦੇ ਮਾਲਕ ਜਸਵਿੰਦਰ ਸਿੰਘ ਢਿੱਲੋਂ ਦੀ ਸਪੁੱਤਰੀ ਅਮਰੀਕਾ ਵਿਚ ਡਾਕਟਰ ਬਣੀ ਹੈ। ਜਿਸ ਦੀ ਖੁਸ਼ੀ ਵਿਚ ਸ਼ਹਿਰ ਵਾਸੀਆਂ ਵਲੋਂ ਢਿੱਲੋਂ ਪਰਵਾਰ ਨੂੰ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ। ਦੱਸਣਯੋਗ ਹੈ ਕਿ ਉਜਲਾ ਹੋਮਾ ਯੂਨੀਵਰਸਿਟੀ ਅਮਰੀਕਾ ਦੀ ਬੀਤੇ ਸ਼ੈਸ਼ਨ ਦੀ ਸਭ ਤੋਂ ਘੱਟ ਉਮਰ ਦੀ ਲੜਕੀ ਡਾਕਟਰ ਬਣ ਕੇ ਆਪਣੇ ਮਾਤਾ-ਪਿਤਾ ਅਤੇ ਇਸ ਗੁਰੂ ਨਗਰੀ ਦਾ ਨਾਂਅ ਰੌਸ਼ਨ ਕੀਤਾ ਹੈ।

ਮਨਸੁਖ ਕੌਰ ਸਾਲ 2019 ਵਿਚ ਵੀ ਬਾਬਾ ਫਰੀਦ ਯੂਨੀਵਰਸਿਟੀ ਤੋਂ ਸੋਨ ਤਮਗਾ ਹਾਸਿਲ ਕਰ ਚੁੱਕੀ ਹੈ। ਢਿੱਲੋਂ ਨੇ ਕਿਹਾ ਕਿ ਗੁਰੂ ਸਾਹਿਬਾਨ ਦੀ ਨਗਰੀ ਦੀ ਤਿਲ ਫੁੱਲ ਸੇਵਾ ਕਰਕੇ ਇਹ ਮਾਣ ਮਿਲਿਆ ਹੈ। ਉਨ੍ਹਾਂ ਦੱਸਿਆ ਕਿ ਸਪੁੱਤਰ ਜਸਨੂਰ ਸਿੰਘ ਢਿੱਲੋਂ ਵੀ ਡਾਕਟਰੀ ਦੀ ਪੜ੍ਹਾਈ ਪੂਰੀ ਕਰਕੇ ਲੋਕਾਂ ਦੀ ਸੇਵਾ ਵਿਚ ਹਾਜ਼ਰ ਹੋਵੇਗਾ।

# ਨੌਕਰੀਆਂ ਪਿੱਛੇ ਭੱਜਣ ਦੀ ਬਜਾਏ ਹੁਨਰ ਵਿਕਾਸ ਕੋਰਸ ਕਰਕੇ ਨੌਕਰੀਆਂ ਦੇਣ ਵਾਲੇ ਬਣਨ ਨੌਜਵਾਨ : ਔਲਖ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**=ਪੰਜਾਬ ਨੈਸ਼ਨਲ ਬੈਂਕ ਪੇਂਡੂ ਸਵੈ-ਰੋਜ਼ਗਾਰ ਸਿਖਲਾਈ ਸੰਸਥਾ (ਆਰ.ਸੇਟੀ) ਵਲੋਂ ਪਿੰਡ ਛਾਉਣੀ ਕਲਾਂ ਵਿਖੇ ਕਰਵਾਏ ਗਏ ਕੋਰਸ ਪਾਪੜ ਆਚਾਰ ਅਤੇ ਮਸਾਲਾ ਪਾਊਡਰ ਮੇਕਿੰਗ ਦੇ ਮੁਕੰਮਲ ਹੋਣ 'ਤੇ ਸਿਖਿਆਰਥੀਆਂ ਨੂੰ ਪਿੰਡ ਛਾਉਣੀ ਕਲਾਂ ਵਿਖੇ ਚੇਅਰਮੈਨ ਨਗਰ ਸੁਧਾਰ ਟਰੱਸਟ ਹਰਮੀਤ ਸਿੰਘ ਔਲਖ ਵਲੋਂ ਸਰਟੀਫਿਕੇਟ ਵੰਡੇ ਗਏ। ਇਸ ਮੌਕੇ ਉਨ੍ਹਾਂ ਨੇ ਟ੍ਰੇਨਿੰਗ ਪ੍ਰੋਗਰਾਮ ਬਾਰੇ ਸਿਖਿਆਰਥੀਆਂ ਦੀ ਫੀਡ ਬੈਕ ਲੈਂਦੇ ਹੋਏ ਪੀ.ਐਨ.ਬੀ. ਆਰ ਸੇਟੀ ਵਲੋਂ ਕਰਵਾਈ ਗਈ ਟ੍ਰੇਨਿੰਗ ਦੀ ਸ਼ਲਾਘਾ ਕੀਤੀ ਅਤੇ ਸਿਖਿਆਰਥੀਆਂ ਨੂੰ ਆਪਣਾ ਕੰਮ ਸ਼ੁਰੂ ਕਰਨ ਲਈ ਵੀ ਪ੍ਰੇਰਿਤ ਕੀਤਾ। ਉਨ੍ਹਾਂ ਨੌਜਵਾਨਾਂ ਨੂੰ ਸੱਦਾ ਦਿੱਤਾ ਕਿ ਉਹ ਨੌਕਰੀਆਂ ਪਿੱਛੇ ਦੌੜਨ ਦੀ ਬਜਾਏ ਸਕਿੱਲ ਡਿਵੈਲਪਮੈਂਟ ਕੋਰਸ ਕਰਨ ਅਤੇ ਆਪਣੇ ਕਾਰੋਬਾਰ ਸ਼ੁਰੂ ਕਰਕੇ ਹੋਰਨਾਂ ਨੂੰ ਵੀ ਰੋਜ਼ਗਾਰ ਪ੍ਰਦਾਨ ਕਰਨ। ਸੰਸਥਾ ਦੇ ਡਾਇਰੈਕਟਰ ਆਰ. ਕੇ. ਭਾਟੀਆ ਨੇ ਸੰਸਥਾ ਦੀਆਂ ਗਤੀਵਿਧੀਆ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸੰਸਥਾ ਦਾ ਮੁੱਖ ਉਦੇਸ਼ ਵੱਧ ਤੋਂ ਵੱਧ ਲੋਕਾਂ ਨੂੰ ਮੁਫ਼ਤ ਟ੍ਰੇਨਿੰਗ ਦੇ ਕੇ ਸਵੈ-ਰੋਜ਼ਗਾਰ ਦੇ ਮੌਕੇ ਉਪਲਬਧ ਕਰਵਾਉਣਾ ਹੈ, ਤਾਂ ਜੋ ਦੇਸ਼ ਵਿਚੋਂ ਵੱਧਦੀ ਬੇਰੁਜ਼ਗਾਰੀ ਨੂੰ ਖਤਮ ਕੀਤਾ ਜਾ ਸਕੇ। ਉਨ੍ਹਾਂ ਨੇ ਸਿਖਿਆਰਥੀਆਂ ਨੂੰ ਆਪਣੇ ਕੰਮ ਲਈ ਬੈਂਕ ਵਲੋਂ ਕਰਜ਼ਾ ਦਿਵਾਉਣ ਦਾ ਵੀ ਵਚਨ ਦਿੱਤਾ। ਸੰਸਥਾ ਦੇ ਫੈਕਲਟੀ ਸਾਕਸ਼ੀ ਜੋਸ਼ੀ ਨੇ ਇਹ ਵੀ ਦੱਸਿਆ ਕਿ ਸੰਸਥਾ ਵਲੋਂ ਵੱਖ-ਵੱਖ ਟ੍ਰੇਨਿੰਗ ਕੋਰਸ ਜਿਵੇਂ ਕਿ ਮੋਬਾਇਲ ਰਿਪੇਅਰ, ਫਰਿਜ ਅਤੇ ਏ.ਸੀ. ਰਿਪੇਅਰ, ਪਲੰਬਰ ਅਤੇ ਸੈਨੀਟਰੀ, ਵੂਮੈਨ ਟੇਲਰ, ਬਿਊਟੀ ਪਾਰਲਰ ਮੈਨੇਜਮੈਂਟ, ਘਰੇਲੂ ਬਿਜਲੀ ਉਪਕਰਨ ਰਿਪੇਅਰ, ਪਾਪੜ ਆਚਾਰ ਮਸਾਲਾ ਪਾਊਡਰ ਬਣਾਉਣਾ, ਡੇਅਰੀ ਫਾਰਮਿੰਗ ਅਤੇ ਵਰਮੀ ਕੰਪੋਸਟ ਮੇਕਿੰਗ, ਫਾਸਟ ਫੂਡ ਸਟਾਲ ਉਦਮੀ, ਜੂਟ ਪ੍ਰੋਡਕਟ ਉਦਮੀ, ਮਸ਼ਰੂਮ ਉਤਪਾਦਨ ਦੀ ਟ੍ਰੇਨਿੰਗ ਬਿਲਕੁਲ ਮੁਫ਼ਤ ਕਰਵਾਈ ਜਾਂਦੀ ਹੈ। ਉਨ੍ਹਾਂ ਨੇ ਦੱਸਿਆ ਕਿ ਸੰਸਥਾ ਵਿਚ 22 ਮਾਰਚ ਤੋਂ ਬਿਊਟੀ ਪਾਰਲਰ ਮੈਨੇਜਮੈਂਟ ਦੀ ਟ੍ਰੇਨਿੰਗ ਸ਼ੁਰੂ ਹੋਣ ਜਾ ਰਹੀ ਹੈ, ਜਿਸ ਦੇ ਲਈ ਚਾਹਵਾਨ ਉਮੀਦਵਾਰ ਸੰਸਥਾ ਵਿਚ ਆਪਣਾ ਨਾਂਅ ਦਰਜ ਕਰਵਾ ਸਕਦੇ ਹਨ।

ਇਸ ਦੌਰਾਨ ਪਿੰਡ ਦੇ ਸਰਪੰਚ ਦਵਿੰਦਰ ਕੌਰ ਤੋਂ ਇਲਾਵਾ ਜਸਵਿੰਦਰ ਸਿੰਘ, ਰਾਣੋ, ਬਲਵਿੰਦਰ ਕੌਰ ਪੰਚ, ਮਨਮਿੰਦਰ ਸਿੰਘ, ਇੰਦਰ ਸਿੰਘ, ਪਵਨ ਕੁਮਾਰ ਸ਼ਰਮਾ, ਗੁਰਮੇਜ਼ ਸਿੰਘ ਅਤੇ ਅਮਰਜੀਤ ਸਿੰਘ ਵੀ ਹਾਜ਼ਰ ਸਨ।

# ਕੋਟਲਾ ਨਿਹੰਗ 'ਚ ਅੱਖਾਂ ਦਾ ਜਾਂਚ ਕੈਂਪ ਲਗਾਇਆ

**ਰੋਪੜ (ਬਿੰਦਰਾ)** ਸੀਨੀਅਰ ਸਿਟੀਜਨ ਵੈਲਫੇਅਰ ਐਸੋਸੀਏਸ਼ਨ ਕੋਟਲਾ ਨਿਹੰਗ ਵਲੋਂ ਸੁਨੀਤਾ ਚੈਰੀਟੇਬਲ ਹਸਪਤਾਲ ਬਲਾਚੌਰ ਦੇ ਸਹਿਯੋਗ ਨਾਲ ਪ੍ਰਾਇਮਰੀ ਸਕੂਲ ਕੋਟਲਾ ਨਿਹੰਗ ਵਿਖੇ ਅੱਖਾਂ ਦਾ ਜਾਂਚ ਕੈਂਪ ਲਗਾਇਆ ਗਿਆ, ਜਿਸ ਦਾ ਉਦਘਾਟਨ ਡਾ. ਸੁਖਵਿੰਦਰ ਸਿੰਘ ਸੁੱਖੀ ਐਮ ਐਲ ਏ ਬੰਗਾ ਨੇ ਕੀਤਾ। ਲੋਕ ਸਭਾ ਮੈਂਬਰ ਮਨੀਸ਼ ਤਿਵਾੜੀ ਉਚੇਚੇ ਤੌਰ ਤੇ ਕੈਂਪ ਦਾ ਨਿਰੀਖਣ ਕਰਨ ਲਈ ਪੁੱਜੇ। ਉਹਨਾਂ ਨੇ ਆਯੋਜਕਾਂ ਦੀ ਸਰਾਹਨਾ ਕੀਤੀ ਅਤੇ ਕਿਹਾ ਅਜਿਹੇ ਕੈਂਪ ਲੋਕਾਂ ਨੂੰ ਸਿਹਤ ਸੰਭਾਲ ਲਈ ਪ੍ਰੇਰਿਤ ਕਰਦੇ ਹਨ। ਐਸੋਸੀਏਸ਼ਨ ਵੱਲੋਂ ਲੋੜਵੰਦਾਂ ਨੂੰ ਮੁਫਤ ਐਨਕਾਂ ਦਿੱਤੀਆਂ ਗਈਆਂ। ਅੱਖ ਰੋਗਾਂ ਦੇ ਮਾਹਿਰ ਡਾਕਟਰ ਕੁਲਵਿੰਦਰ ਕੌਰ ਅਤੇ ਸਿਟੀ ਆਪਟੀਕਲ ਦੇ ਕੁਲਤਾਰ ਸਿੰਘ ਨੇ 120 ਵਿਅਕਤੀਆਂ ਦੀਆਂ ਅੱਖਾਂ ਦੀ ਜਾਂਚ ਕੀਤੀ। ਐਸੋਸੀਏਸ਼ਨ ਦੇ ਪ੍ਰਧਾਨ ਅਜਮੇਰ ਸਿੰਘ ਨੇ ਕਿਹਾ ਸਮਾਜ ਭਲਾਈ ਕਲੱਬ ਵੱਲੋਂ ਇਸ ਕੈਂਪ ਲਈ ਪੂਰਾ ਸਹਿਯੋਗ ਕੀਤਾ ਗਿਆ। ਇਸ ਮੌਕੇ ਕਲੱਬ ਦੇ ਪ੍ਰਧਾਨ ਅਮਰਜੀਤ ਸਿੰਘ ਲਾਡੀ, ਸਰਪ੍ਰਸਤ ਸੁਖਵਿੰਦਰ ਸਿੰਘ ਵਿਸਕੀ, ਲਖਬੀਰ ਸਿੰਘ ਲੱਖਾ, ਰਮਨਜੀਤ ਸਿੰਘ ਸਰਪੰਚ ਕੋਟਲਾ ਨਿਹੰਗ ਆਦਿ ਹਾਜਰ ਸਨ



# ਇਲਾਕੇ ਅੰਦਰ ਲੁੱਟ-ਖੋਹ ਤੇ ਚੋਰੀ ਦੀਆਂ ਘਟਨਾਵਾਂ 'ਚ ਹੋਇਆ ਵਾਧਾ





**ਗੁਰਾਇਆ (ਬਿੰਦਰ ਸੁੰਮਨ)**— ਇਲਾਕੇ ਅੰਦਰ ਲੁੱਟ-ਖੋਹ ਅਤੇ ਚੋਰੀ ਦੀਆਂ ਘਟਨਾਵਾਂ ਆਏ ਦਿਨ ਵਾਪਰ ਰਹੀਆਂ ਹਨ। ਲੁੱਟ-ਖੋਹ ਦਾ ਤਾਜ਼ਾ ਮਾਮਲਾ ਪਿੰਡ ਰੰਧਾਵਾ ਤੋਂ ਸਾਹਮਣੇ ਆਇਆ ਹੈ, ਜਿਥੇ ਦੋ ਹਥਿਆਰਬੰਦ ਲੁਟੇਰੇ ਇੱਕ ਵਿਅਕਤੀ ਪਾਸੋਂ ਨਗਦੀ ਅਤੇ ਮੋਬਾਇਲ ਫੋਨ ਖੋਹ ਕੇ ਫਰਾਰ ਹੋ ਗਏ। ਪੀੜਤ ਗੁਰਵਿੰਦਰ ਸਿੰਘ ਵਾਸੀ ਪਿੰਡ ਰੰਧਾਵਾ ਨੇ ਦੱਸਿਆ ਕਿ ਉਹ ਬਿਜਲੀ ਫੀਟਿੰਗ ਦਾ ਕੰਮ ਕਰਦਾ ਹੈ, ਜਦ ਉਹ ਰੁੜਕਾ ਕਲਾਂ ਤੋਂ ਆਪਣਾ ਕੰਮ ਖਤਮ ਕਰਕੇ ਆਪਣੇ ਪਿੰਡ ਰੰਧਾਵਾ ਨੂੰ ਆ ਰਿਹਾ ਸੀ ਤਾਂ ਰਸਤੇ ਵਿੱਚ ਹੱਡਾਰੋੜੀ ਕੋਲ ਪਹਿਲਾ ਤੋਂ ਮੌਜੂਦ ਦੋ ਲੁਟੇਰਿਆਂ ਨੇ ਉਸ ਪਾਸੋਂ ਤੇਜ਼ਧਾਰ ਹਥਿਆਰਾਂ ਦੀ ਨੋਕ 'ਤੇ ਉਸ ਦਾ ਪਰਸ ਅਤੇ ਮੋਬਾਇਲ ਫੋਨ ਖੋਹ ਲਿਆ। ਪਰਸ ਵਿੱਚ 5 ਹਜ਼ਾਰ ਰੁਪਏ ਨਗਦ ਅਤੇ ਕੁਝ ਜਰੂਰੀ ਕਾਗਜ਼ਾਤ ਸਨ। ਇਸ ਸਬੰਧੀ ਗੁਰਾਇਆ ਪੁਲਸ ਨੂੰ ਲਿਖਤੀ ਤੌਰ 'ਤੇ ਸੂਚਿਤ ਕਰ ਦਿੱਤਾ ਹੈ। ਇਸੇ ਤਰ੍ਹਾਂ ਬੀਤੀ ਰਾਤ ਚੋਰਾਂ ਨੇ ਗੁਰਾਇਆ ਮੇਨ ਹਾਈਵੇ 'ਤੇ ਸਥਿਤ ਦਕਸ਼ ਬਰਫੀ ਦੀ ਦੁਕਾਨ ਨੂੰ ਨਿਸ਼ਾਨਾ ਬਣਾ ਕੇ ਹਜ਼ਾਰਾਂ ਰੁਪਏ ਦੀ ਨਗਦੀ ਤੇ ਆਪਣਾ ਹੱਥ ਸਾਫ ਕੀਤਾ। ਦੁਕਾਨ ਦੇ ਮਾਲਕ ਵਰਿੰਦਰ ਦਕਸ਼ ਨੇ ਦੱਸਿਆ ਕਿ ਉਸ ਨੂੰ ਤੜਕਸਾਰ ਪੌਣੇ ਚਾਰ ਵਜੇ ਫੋਨ ਆਇਆ ਕਿ ਉਨਾਂ ਦੀ ਦੁਕਾਨ 'ਤੇ ਖੜਕਾ ਹੋ ਰਿਹਾ ਹੈ, ਜਦੋਂ ਉਹ ਦੁਕਾਨ 'ਤੇ ਪਹੁੰਚਿਆ ਤਾਂ ਚੋਰ ਉਸ ਨੂੰ ਦੇਖ ਕੇ ਭੱਜ ਗਏ। ਜਦੋ ਉਨ੍ਹਾਂ ਦਾ ਪਿੱਛਾ ਕੀਤਾ ਤਾਂ ਚੋਰ ਆਪਣੀ ਸਕੂਟਰੀ, ਲੈਪਟਾਪ ਅਤੇ ਮੋਬਾਇਲ ਫੋਨ ਛੱਡ ਕੇ ਮੌਕੇ ਤੋਂ ਫਰਾਰ ਹੋ ਗਏ, ਜੋ ਪੁਲਸ ਦੇ ਹਵਾਲੇ ਕਰ ਦਿੱਤੇ ਹਨ। ਦਕਸ਼ ਨੇ ਦੱਸਿਆ ਕਿ ਚੋਰ ਦੁਕਾਨ ਦਾ ਜਿੰਦਾ ਭੰਨ ਕੇ ਅੰਦਰੋਂ 10 ਹਜ਼ਾਰ ਰੁਪਏ ਤੋਂ ਵੱਧ ਦੀ ਨਗਦੀ ਲੈ ਗਏ। ਉਨਾਂ ਦੱਸਿਆ ਕਿ ਚੋਰ ਸੰਦੀਪ ਟੀ ਸਟਾਲ ਦੀ ਦੁਕਾਨ ਨੂੰ ਨਿਸ਼ਾਨਾ ਬਣਾ ਕੇ 4 ਹਜ਼ਾਰ ਰੁਪਏ ਦਾ ਨੁਕਸਾਨ ਕਰ ਗਏ।

# ਮੁੱਖ ਮੰਤਰੀ ਮਾਨ ਦੀ ਅਗਵਾਈ 'ਚ ਪੰਜਾਬ ਸੁਰੱਖਿਅਤ : ਧਾਲੀਵਾਲ




**ਚੰਡੀਗੜ੍ਹ (ਗੁਰਜੀਤ ਬਿੱਲਾ)**-ਆਮ ਆਦਮੀ ਪਾਰਟੀ (ਆਪ) ਸਰਕਾਰ ਨੇ ਪੰਜਾਬ ਵਿੱਚ ਅਮਨ ਕਾਨੂੰਨ ਦੀ ਸਥਿਤੀ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਕਿਹਾ ਕਿ ਜਿਹੜਾ ਵੀ ਵਿਅਕਤੀ ਪੰਜਾਬ ਦਾ ਮਾਹੌਲ ਖਰਾਬ ਕਰਨ ਜਾਂ ਪੰਜਾਬ ਨੂੰ ਵਿਕਾਸ ਦੀਆਂ ਲੀਹਾਂ ਤੋਂ ਹਟਾਉਣ ਦੀ ਕੋਸ਼ਿਸ਼ ਕਰੇਗਾ ਮਾਨ ਸਰਕਾਰ ਉਸ ਵਿਰੁੱਧ ਸਖਤ ਕਾਰਵਾਈ ਜਰੂਰ ਕਰੇਗੀ। ਪਾਰਟੀ ਦਫਤਰ ਤੋਂ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਉਨ੍ਹਾਂ ਨੂੰ ਪੰਜਾਬ ਅਤੇ ਵਿਦੇਸ਼ ਤੋਂ ਲਗਾਤਾਰ ਲੋਕਾਂ ਦੇ ਫੋਨ ਆ ਰਹੇ ਹਨ ਅਤੇ ਅਸਮਾਜਿਕ ਤੱਤਾਂ ਵਿਰੁੱਧ ਇਸ ਕਾਰਵਾਈ ਲਈ ਉਹ ਮਾਨ ਸਰਕਾਰ ਦੀ ਸ਼ਲਾਘਾ ਕਰ ਰਹੇ ਹਨ। ਉਨ੍ਹਾਂ ਭਗਵੰਤ ਮਾਨ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਵਧਾਈ ਵੀ ਦਿੱਤੀ ਕਿ ਉਨ੍ਹਾਂ ਨੇ ਪੰਜਾਬ ਵਿੱਚ ਅਮਨ-ਕਾਨੂੰਨ ਨੂੰ ਬਣਾਏ ਰੱਖਣ ਲਈ ਇੰਨਾ ਵੱਡਾ ਕਦਮ ਚੁੱਕਿਆ। ਉਨ੍ਹਾਂ ਕਿਹਾ ਕਿ ਇਸ ਤੋਂ ਇਹ ਸਾਬਤ ਹੁੰਦਾ ਹੈ ਕਿ ਮਾਨ ਸਰਕਾਰ ਕਾਨੂੰਨ ਵਿਵਸਥਾ ਨੂੰ ਲੈ ਕੇ ਕਿੰਨੀ ਗੰਭੀਰ ਹੈ ਅਤੇ ਕੋਈ ਵੀ ਸਮਾਜ ਵਿਰੋਧੀ ਤੱਤਾਂ ਨੂੰ ਪੰਜਾਬ ਵਿੱਚ ਵਧਣ ਨਹੀਂ ਦਿੱਤਾ ਜਾਵੇਗਾ। ਕੈਬਨਿਟ ਮੰਤਰੀ ਨੇ ਅੱਗੇ ਕਿਹਾ ਕਿ ਪਿਛਲੇ ਦਿਨਾਂ ਵਿੱਚ ਪੰਜਾਬ ਵਿੱਚ ਬਹੁਤ ਕੁਝ ਵਾਪਰਿਆ ਹੈ ਪਰ ਮੈਂ ਤੁਹਾਨੂੰ ਭਰੋਸਾ ਦਿਵਾਉਂਦਾ ਹਾਂ ਕਿ ਭਗਵੰਤ ਮਾਨ ਦੀ ਅਗਵਾਈ ਵਿੱਚ ਪੰਜਾਬ ਸਭ ਤੋਂ ਵੱਧ ਸੁਰੱਖਿਅਤ ਹੈ ਕਿਉਂਕਿ ਉਹ ਇੱਕ ਕੱਟੜ ਇਮਾਨਦਾਰ ਆਗੂ ਹਨ ਅਤੇ ਪੰਜਾਬ ਵਿੱਚ ਸ਼ਾਂਤੀ ਬਣਾਈ ਰੱਖਣ ਲਈ ਸਖਤ ਤੋਂ ਸਖਤ ਕਦਮ ਚੁੱਕਣ ਦੀ ਸਮਰੱਥਾ ਰੱਖਦੇ ਹਨ। ਉਨ੍ਹਾਂ ਪੰਜਾਬ ਦੇ ਲੋਕਾਂ ਦਾ ਵੀ ਧੰਨਵਾਦ ਕੀਤਾ ਕਿ ਉਨ੍ਹਾਂ ਨੇ ਮਾਨ ਸਰਕਾਰ 'ਤੇ ਆਪਣਾ ਭਰੋਸਾ ਰੱਖਿਆ। ਪੰਜਾਬ ਦੇ ਲੋਕਾਂ ਨੇ ਹਮੇਸ਼ਾ ਹੀ ਭਾਈਚਾਰਕ ਸਾਂਝ ਅਤੇ ਸਦਭਾਵਨਾ ਦਾ ਜਜਬਾ ਦਿਖਾਇਆ ਹੈ। ਉਨ੍ਹਾਂ ਦੁਹਰਾਇਆ ਕਿ ਸਾਡੀ ਸਰਕਾਰ ਪੰਜਾਬ ਵਿਰੁੱਧ ਸੋਚਣ ਵਾਲਿਆਂ ਜਾਂ ਪੰਜਾਬ ਦੀ ਸ਼ਾਂਤੀ ਨੂੰ ਭੰਗ ਕਰਨ ਵਾਲਿਆਂ ਨੂੰ ਨਹੀਂ ਬਖਸ਼ੇਗੀ, ਇਸ ਲਈ ਅਸੀਂ ਪੂਰੀ ਤਰ੍ਹਾਂ ਵਚਨਬੱਧ ਹਾਂ ਅਤੇ ਸਖਤ ਫੈਸਲੇ ਲੈਣ ਲਈ ਤਿਆਰ ਹਾਂ। ਉਨ੍ਹਾਂ ਕਿਹਾ ਕਿ ਸਾਡੀ ਪਾਰਟੀ ਦੇਸ਼ ਭਗਤ ਪਾਰਟੀ ਹੈ। ਅਸੀਂ ਧਰਮ ਨਿਰਪੱਖਤਾ ਦਾ ਝੰਡਾ ਬੁਲੰਦ ਕਰਨ ਵਾਲੇ ਲੋਕ ਹਾਂ। ਉਨ੍ਹਾਂ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਨੂੰ ਗੋਲੀਆਂ ਤੇ ਬੰਦੂਕਾਂ ਦੀ ਲੋੜ ਨਹੀਂ ਹੈ। ਉਨ੍ਹਾਂ ਨੂੰ ਨੌਕਰੀ ਅਤੇ ਲੈਪਟਾਪ ਦੀ ਲੋੜ ਹੈ। ਮੁੱਖ ਮੰਤਰੀ ਭਗਵੰਤ ਮਾਨ ਇਸ ਲਈ ਲਗਾਤਾਰ ਯਤਨ ਕਰ ਰਹੇ ਹਨ। ਇਸ ਵੇਲੇ ਪੰਜਾਬ ਇੱਕ ਇਮਾਨਦਾਰ ਮੁੱਖ ਮੰਤਰੀ ਦੇ ਹੱਥਾਂ ਵਿੱਚ ਹੈ ਅਤੇ ਵਿਕਾਸ ਦੀ ਰਾਹ 'ਤੇ ਹੈ। ਭਗਵੰਤ ਮਾਨ ਪੰਜਾਬ ਨੂੰ ਵਿਕਾਸ ਦੇ ਰਾਹ ਤੋਂ ਕਦੇ ਵੀ ਭਟਕਣ ਨਹੀਂ ਦੇਣਗੇ।

# ਮੋਦੀ ਨੇ ਅਡਾਨੀ-ਅੰਬਾਨੀ ਦੇ ਕਰਜ਼ੇ ਮੁਆਫ ਕੀਤੇ- ਬਰਸਟ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )** -ਸਥਾਨਕ ਰਸੋਰਟ ਚੀਮਾ ਕਲਾਂ ਵਿਖੇ ਆਮ ਆਦਮੀ ਪਾਰਟੀ ਦੀ ਇਕ ਵਿਸ਼ੇਸ਼ ਇਕੱਤਰਤਾ ਹੋਈ ਜਿਸ ਦੇ ਮੁੱਖ ਮਹਿਮਾਨ ਹਰਚੰਦ ਸਿੰਘ ਬਰਸਟ ਚੇਅਰਮੈਨ ਮੰਡੀ ਬੋਰਡ ਪੰਜਾਬ ਸਨ । ਇਸ ਸਮਗਮ ਨੂੰ ਸੰਬੋਧਨ ਕਰਦਿਆਂ ਉਹਨਾਂ ਕਿਹਾ ਪ੍ਰਧਾਨ ਮੰਤਰੀ ਮੋਦੀ ਅਡਾਨੀ-ਅੰਬਾਨੀ ਦੇ ਹੱਥਾਂ ਵਿਚ ਖੇਡ ਰਿਹਾ ਹੈ ਅਤੇ ਦੇਸ਼ ਉਹਨਾਂ ਦੇ ਹਵਾਲੇ ਕਰ ਦਿੱਤਾ ਹੈ ਜੋ ਆਪਣੀਆਂ ਨੀਤੀਆਂ ਲਾਗੂ ਕਰਕੇ ਦੇਸ਼ ਦੇ ਕਿਸਾਨ ਮਜਦੂਰ ਨੂੰ ਲੁੱਟ ਰਹੇ ਹਨ । ਉਹਨਾਂ ਕਿਹਾ ਕਿ ਮੋਦੀ ਸਰਕਾਰ ਨੇ ਉਹਨਾਂ ਦੇ ਅਰਬਾਂ ਰੁਪਏ ਦੇ ਕਰਜੇ ਮੁਆਫ ਕਰ ਦਿੱਤੇ ਹਨ ਅਤੇ ਦੇਸ਼ ਦਾ ਗਰੀਬ ਕਿਸਾਨ ਮਜਦੂਰ ਕਰਜਿਆਂ ਦੇ ਕਾਰਨ ਖੁਦਕੁਸ਼ੀਆਂ ਕਰ ਰਿਹਾ ਹੈ । ਬਰਸਟ ਨੇ ਅੱਗੇ ਕਿਹਾ ਕਿ ਕਿਸੇ ਵੀ ਵਿਅਕਤੀ ਨੂੰ ਪੰਜਾਬ ਦਾ ਮਾਹੌਲ ਖਰਾਬ ਕਰਨ ਦੀ ਆਗਿਆ ਨਹੀਂ ਦਿੱਤੀ ਜਾਵੇਗੀ । ਪੰਜਾਬ ਦੇ ਲੋਕ ਅਮਨ ਪਸੰਦ ਲੋਕ ਹਨ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਲੋਕਾਂ ਨਾਲ ਜੋ ਵਾਅਦੇ ਕੀਤੇ ਸਨ ਉਹਨਾਂ ਨੂੰ ਜਲਦ ਪੂਰਾ ਕੀਤਾ ਜਾਵੇਗਾ ਅਤੇ ਸਰਕਾਰ ਨੇ ਲੋਕਾਂ ਨਾਲ ਪਹਿਲੀ ਗਰੰਟੀ ਦਾ ਕੀਤਾ ਵਾਅਦਾ ਪੂਰਾ ਕਰਦਿਆਂ ਪੰਜਾਬ ਦੇ ਹਰ ਵਰਗ ਦੇ ਲੋਕਾਂ ਦੇ ਬਿਜਲੀ ਦੇ ਬਿੱਲ ਮੁਆਫ ਕੀਤੇ , ਬਜੁਰਗਾਂ ਦੀ ਪੈਨਸ਼ਨ ਵਿਚ ਵਾਧਾ ਕੀਤਾ ਅਤੇ ਬੇਰੁਜਗਾਰ ਨੌਜਵਾਨਾਂ ਨੂੰ ਰੁਜਗਾਰ ਦਿੱਤਾ । ਉਹਨਾਂ ਅਕਾਲੀ ਅਤੇ ਕਾਂਗਰਸੀ ਸਰਕਾਰਾਂ ਤੇ ਵਰ੍ਹਦਿਆਂ ਕਿਹਾ ਕਿ ਇਹਨਾਂ ਸਰਕਾਰਾਂ ਨੇ ਪੰਜਾਬ ਦੇ ਖਜਾਨੇ ਨੂੰ ਲੁੱਟਿਆ ਜਿਸ ਕਾਰਨ ਅੱਜ ਪੰਜਾਬ ਸਿਰ 92000 ਕਰੋੜ ਰੁਪਏ ਦਾ ਕਰਜਾ ਹੋ ਗਿਆ । ਇਹਨਾਂ ਸਰਕਾਰਾਂ ਦੇ ਮੰਤਰੀ ਪਿੰਡਾਂ ਦੀਆਂ ਗਲੀਆਂ ਨਾਲੀਆਂ ਦੀਆਂ ਗਲੀਆਂ ਨਾਲੀਆਂ ਦੀਆਂ ਗ੍ਰਾਂਟਾਂ ਖਾ ਗਏ ਤੇ ਹੁਣ ਜਦੋਂ ਸਾਡੀ ਸਰਕਾਰ ਨੇ ਇਹਨਾਂ ਦੀ ਜਾਂਚ ਸੁਰੂ ਕਰ ਦਿੱਤੀ ਤਾਂ ਉਹ ਮੋਦੀ ਦੇ ਚਰਨ ਘੁੱਟ ਰਹੇ ਹਨ । ਇਸ ਸਮਾਗਮ ਨੂੰ ਆਮ ਆਦਮੀ ਪਾਰਟੀ ਦੇ ਕੌਮੀ ਬੁਲਾਰੇ ਜਗਤਾਰ ਸਿੰਘ ਸੰਘੇੜਾ ਨੇ ਸੰਬੋਧਨ ਕਰਦਿਆਂ ਕੇਂਦਰ ਸਰਕਾਰ ਵਲੋਂ ਦਿੱਲੀ ਦੇ ਸਿੱਖਿਆ ਮੰਤਰੀ ਮੁਨੀਸ਼ ਸਿਸੋਦੀਆ ਦੀ ਵਿਜੀਲੈਂਸ ਵਲੋਂ ਕੀਤੀ ਗਈ ਗ੍ਰਿਫਤਾਰੀ ਦੀ ਨਿਖੇਧੀ ਕੀਤੀ । ਸਮਾਗਮ ਨੂੰ ਸੰਬੋਧਨ ਕਰਦਿਆਂ ਹਲਕਾ ਵਿਧਾਇਕ ਨਕੋਦਰ ਬੀਬੀ ਇੰਦਰਜੀਤ ਕੌਰ ਮਾਨ ਨੇ ਆਖਿਆ ਕੇ ਆਮ ਆਦਮੀ ਦੀ ਪਾਰਟੀ ਦੀ ਸਰਕਾਰ ਭ੍ਰਿਸ਼ਟਾਚਾਰ ਅਤੇ ਨਸ਼ਿਆਂ ਨੂੰ ਖਤਮ ਕਰਨ ਲਈ ਵਚਨਬੱਧ ਹੈ ਅਤੇ ਅੱਜ ਹਰ ਕੰਮ ਬਿਨਾਂ ਰਿਸ਼ਵਤ ਤੋਂ ਅਤੇ ਬਿਨਾਂ ਕਿਸੇ ਦੇਰੀ ਤੋਂ ਹੀ ਰਿਹਾ ਹੈ । ਉਹਨਾਂ ਕਿਹਾ ਕਿ ਹਲਕੇ ਦੇ ਲੋਕਾਂ ਲਈ ਉਹਨਾਂ ਦੇ ਦਰਵਾਜੇ ਹਰ ਸਮੇਂ ਖੁੱਲ੍ਹੇ ਰਹਿਣਗੇ । ਇਸ ਮੌਕੇ 'ਤੇ ਕਾਂਗਰਸੀ ਆਗੂ ਦਰਸ਼ਨ ਸਿੰਘ ਟਾਹਲੀ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋਏ,ਉਹਨਾਂ ਕਿਹਾ ਕਿ ਕਾਂਗਰਸ ਪਾਰਟੀ ਆਪਣੀਆਂ ਨੀਤੀਆਂ ਤੋਂ ਭਟਕ ਰਹੀ ਹੈ ਅਤੇ ਪਾਰਟੀ ਵਿਚ ਵਰਕਰਾਂ ਦੀ ਕੋਈ ਪੁੱਛ ਗਿੱਛ ਨਹੀਂ ਹੈ । ਇਸ ਸਮਗਮ ਨੂੰ ਆਮ ਆਦਮੀ ਪਾਰਟੀ ਦੀ ਆਗੂ ਰਾਜਵਿੰਦਰ ਕੌਰ ਥਿਆੜਾ ਨੇ ਆਏ ਸਰੋਤਿਆਂ ਅਤੇ ਵਰਕਰਾਂ ਦਾ ਧੰਨਵਾਦ ਕੀਤਾ । ਇਸ ਮੌਕੇ 'ਤੇ ਵੱਖ ਵੱਖ ਪਿੰਡਾਂ ਦੀਆਂ ਪੰਚਾਇਤਾਂ ਨੂੰ ਸਨਮਨਿਤ ਕੀਤਾ ਗਿਆ । ਇਸ ਮੌਕੇ ਚੀਰ ਉੱਪਲ,ਕਰਨੈਲ ਰਾਮ ਬਾਲੂ , ਮਨਜੀਤ ਸਿੰਘ ਕੰਦੋਲਾ,ਵੇਦ ਪ੍ਰਕਾਸ਼ ਸਿੱਧਮ,ਅਜੀਤ ਸਿੰਘ ਸਿੱਧਮ, ਉਂਕਾਰ ਸਿੰਘ ਫਰਵਾਲਾ,ਬੂਟਾ ਸਿੰਘ ਪੰਚ , ਅਮਨਦੀਪ ਕੌਰ ਪੰਚ, ਸਰਜੀਤ ਸਿੰਘ ਸੋਨੂ, ਪ੍ਰਦੀਪ ਸਿੰਘ ਪੰਚ, ਅਮਰਜੀਤ ਸਿੰਘ ਸੁੰਨੜ,ਮਿੱਤੂ ਨੂਰਮਹਿਲ ਅਤੇ ਪਿੰਡਾਂ ਦੇ ਪੰਚ ਸਰਪੰਚ ਤੇ ਪਾਰਟੀ ਵਰਕਰ ਹਾਜ਼ਰ ਸਨ ।

# ਪੰਜਾਬ ਦੀਆਂ ਤਾਜ਼ਾ ਘਟਨਾਵਾਂ ਤੋਂ ਆਪ ਤੇ ਭਾਜਪਾ ਦੀ ਸਾਂਝ ਜੱਗ-ਜ਼ਾਹਰ ਹੋਈ : ਕਰੀਮਪੁਰੀ

**ਜਲੰਧਰ (ਨ ਜ਼ ਸ)** ਬਹੁਜਨ ਸਮਾਜ ਪਾਰਟੀ (ਬਸਪਾ) ਦੇ ਪੰਜਾਬ ਤੇ ਚੰਡੀਗੜ੍ਹ ਦੇ ਇੰਚਾਰਜ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਕਿਹਾ ਕਿ ਪੰਜਾਬ ਵਿੱਚ ਭਾਰਤੀ ਜਨਤਾ ਪਾਰਟੀ (ਭਾਜਪਾ) ਆਪਣਾ ਸਿੱਖ ਵਿਰੋਧੀ ਏਜੰਡਾ ਆਮ ਆਦਮੀ ਪਾਰਟੀ (ਆਪ) ਰਾਹੀਂ ਲਾਗੂ ਕਰਵਾਉਣ ਲੱਗੀ ਹੋਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਵਾਪਰੀਆਂ ਤਾਜਾ ਘਟਨਾਵਾਂ ਤੋਂ ਭਾਜਪਾ ਤੇ ਆਪ ਦੀ ਸਾਂਝ ਜੱਗ ਜਾਹਰ ਹੋ ਗਈ ਹੈ। ਪੰਜਾਬ ਵਿੱਚ ਸਿੱਖ ਨੌਜਵਾਨਾਂ, ਜਿਨ੍ਹਾਂ ਦਾ ਕੋਈ ਗੰਭੀਰ ਅਪਰਾਧਕ ਪਿਛੋਕੜ ਨਹੀਂ ਹੈ, ਉਨ੍ਹਾਂ 'ਤੇ ਰਾਸ਼ਟਰੀ ਸੁਰੱਖਿਆ ਐਕਟ (ਐਨਐਸਏ) ਲਗਾਇਆ ਜਾ ਰਿਹਾ ਹੈ ਤੇ ਉਨ੍ਹਾਂ ਨੂੰ ਪੰਜਾਬ ਤੋਂ ਬਾਹਰ ਆਸਾਮ ਦੀ ਜੇਲ੍ਹ ਵਿੱਚ ਭੇਜ ਕੇ ਭਾਜਪਾ ਦੇ ਸਪੁਰਦ ਕੀਤਾ ਜਾ ਰਿਹਾ ਹੈ। ਡਾ. ਕਰੀਮਪੁਰੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਜਿਨ੍ਹਾਂ ਕੋਲ ਜੇਲ੍ਹ ਵਿਭਾਗ ਦਾ ਚਾਰਜ ਵੀ ਹੈ, ਨੂੰ ਪੰਜਾਬ ਦੇ ਲੋਕਾਂ ਨੂੰ ਇਹ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਉਹ ਇਨ੍ਹਾਂ ਨੂੰ ਪੰਜਾਬ ਦੀਆਂ ਜੇਲ੍ਹਾਂ ਵਿੱਚ ਕਿਉਂ ਨਹੀਂ ਰੱਖ ਪਾ ਰਹੇ ਤੇ ਪੰਜਾਬ ਦੇ ਇਨ੍ਹਾਂ ਸਿੱਖ ਨੌਜਵਾਨਾਂ ਨੂੰ ਭਾਜਪਾ ਸਰਕਾਰ ਨੂੰ ਕਿਉਂ ਸੌਂਪਿਆ ਜਾ ਰਿਹਾ ਹੈ। ਉਨ੍ਹਾਂ ਨੂੰ ਇੰਨੀ ਦੂਰ ਭੇਜਿਆ ਜਾ ਰਿਹਾ ਹੈ, ਜਿੱਥੇ ਉਨ੍ਹਾਂ ਦੇ ਪਰਵਾਰਕ ਮੈਂਬਰ ਉਨ੍ਹਾਂ ਤੱਕ ਪਹੁੰਚ ਵੀ ਨਾ ਕਰ ਸਕਣ। ਇਸ ਤੋਂ ਸਪੱਸ਼ਟ ਹੈ ਕਿ ਆਪ ਅਤੇ ਭਾਜਪਾ ਸਰਕਾਰਾਂ ਰਲ ਕੇ ਸਿੱਖਾਂ 'ਤੇ ਦਮਨਕਾਰੀ ਨੀਤੀਆਂ ਲਾਗੂ ਕਰ ਰਹੀਆਂ ਹਨ।

ਭਾਜਪਾ ਧਾਰਮਿਕ ਘੱਟ ਗਿਣਤੀਆਂ ਵਿਰੋਧੀ ਏਜੰਡਾ ਪੰਜਾਬ ਵਿੱਚ ਆਪ ਰਾਹੀਂ ਲਾਗੂ ਕਰ ਰਹੀ ਹੈ। ਡਾ. ਕਰੀਮਪੁਰੀ ਨੇ ਕਿਹਾ ਕਿ ਆਪ ਤੇ ਭਾਜਪਾ ਸਰਕਾਰਾਂ ਨੂੰ ਕਾਨੂੰਨ ਮੁਤਾਬਕ ਮਨੁੱਖੀ ਅਧਿਕਾਰਾਂ ਦੇ ਮੱਦੇਨਜ਼ਰ ਹੀ ਕਾਰਵਾਈ ਕਰਨੀ ਚਾਹੀਦੀ ਹੈ। ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਸੰਵਿਧਾਨ ਦੀ ਭਾਵਨਾ ਮੁਤਾਬਕ ਮਨੁੱਖੀ ਅਧਿਕਾਰਾਂ ਦਾ ਘਾਣ ਨਹੀਂ ਕਰਨਾ ਚਾਹੀਦਾ। ਉਨ੍ਹਾਂ ਨੂੰ ਦਮਨਕਾਰੀ ਕਾਰਵਾਈਆਂ ਤੋਂ ਗੁਰੇਜ ਕਰਨਾ ਚਾਹੀਦਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਆਪ ਸਰਕਾਰ ਨੂੰ ਅੰਮ੍ਰਿਤਪਾਲ ਸਿੰਘ ਬਾਰੇ ਵੀ ਸਥਿਤੀ ਸਪੱਸ਼ਟ ਕਰਨੀ ਚਾਹੀਦੀ ਹੈ। ਉਨ੍ਹਾਂ ਸਵਾਲ ਉਠਾਉਂਦਿਆਂ ਕਿਹਾ ਕਿ ਜੇਕਰ ਭਾਈ ਅੰਮ੍ਰਿਤਪਾਲ ਦੇ ਬਾਕੀ ਸਾਥੀ ਪੁਲਸ ਦੀ ਗ੍ਰਿਫਤ ਵਿੱਚ ਆ ਸਕਦੇ ਹਨ ਤਾਂ ਫਿਰ ਅੰਮ੍ਰਿਤਪਾਲ ਪੁਲਸ ਦੀ ਗ੍ਰਿਫਤ ਤੋਂ ਦੂਰ ਕਿਵੇਂ ਰਹਿ ਸਕਦਾ ਹੈ। ਪੰਜਾਬ ਦੇ ਲੋਕਾਂ ਵੱਲੋਂ ਇਹ ਸ਼ੰਕਾ ਵੀ ਪ੍ਰਗਟ ਕੀਤਾ ਜਾ ਰਿਹਾ ਹੈ ਕਿ ਅੰਮ੍ਰਿਤਪਾਲ ਦਾ ਇਨਕਾਊਂਟਰ ਕੀਤਾ ਜਾ ਸਕਦਾ ਹੈ। ਆਪ ਤੇ ਭਾਜਪਾ ਸਰਕਾਰਾਂ ਨੂੰ ਅਜਿਹਾ ਕਰਨ ਤੋਂ ਗੁਰੇਜ ਕਰਨਾ ਚਾਹੀਦਾ ਹੈ।

ਅਜਿਹੀ ਕਾਰਵਾਈ ਪੰਜਾਬ ਦੇ ਮਾਹੌਲ ਨੂੰ ਖਰਾਬ ਕਰ ਸਕਦੀ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਕਾਂਗਰਸ ਸਰਕਾਰ ਨੇ ਅਜਿਹੀਆਂ ਕਾਰਵਾਈਆਂ ਰਾਹੀਂ ਹੀ ਪੰਜਾਬ ਦੇ ਮਾਹੌਲ ਨੂੰ ਖਰਾਬ ਕਰਕੇ ਰੱਖਿਆ ਸੀ ਤੇ ਹੁਣ ਇਹੀ ਕੰਮ ਆਪ ਤੇ ਭਾਜਪਾ ਸਰਕਾਰਾਂ ਕਰਨ ਵਿੱਚ ਲੱਗੀਆਂ ਹੋਈਆਂ ਹਨ। ਇਸ ਤੋਂ ਇਲਾਵਾ ਉਨ੍ਹਾਂ ਇਹ ਵੀ ਕਿਹਾ ਕਿ ਕਾਨੂੰਨ ਮੁਤਾਬਕ ਸਜ਼ਾ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਨੂੰ ਰਿਹਾਅ ਕੀਤਾ ਜਾਣਾ ਚਾਹੀਦਾ ਹੈ। ਜਦੋਂ ਇੱਕ ਪਾਸੇ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਕੀਤੀ ਜਾ ਰਹੀ ਹੈ ਤਾਂ ਉਨ੍ਹਾਂ ਨੂੰ ਰਿਹਾਅ ਕਰਨ ਦੀ ਬਜਾਏ ਸਰਕਾਰਾਂ ਵੱਲੋਂ ਹੋਰ ਸਿੱਖਾਂ ਨੂੰ ਬੰਦੀ ਬਣਾਇਆ ਜਾ ਰਿਹਾ ਹੈ।

ਅਜਿਹੀਆਂ ਦਮਨਕਾਰੀ ਨੀਤੀਆਂ ਖਿਲਾਫ ਲੋਕਾਂ ਵਿੱਚ ਰੋਸ ਜਾਗਣਾ ਸੁਭਾਵਿਕ ਹੈ।

## ਡਾ. ਵਰਿਆਮ ਸਿੰਘ ਸੰਧੂ ਦੀ ਪੁਸਤਕ ਬਾਰੇ ਵਿਚਾਰ-ਚਰਚਾ 28 ਨੂੰ

ਜਲੰਧਰ; (ਨਵਾਂ ਜ਼ਮਾਨਾ ਸਰਵਿਸ) ਪੰਜਾਬੀ ਦੇ ਸਿਰਮੌਰ ਲੇਖਕ ਡਾ. ਵਰਿਆਮ ਸਿੰਘ ਸੰਧੂ ਦੀ ਵਾਰਤਕ ਪੁਸਤਕ ਗੁਰੂ ਨਾਨਕ ਪਾਤਸ਼ਾਹ ਨੂੰ ਮਿਲਦਿਆਂ ਬਾਰੇ ਵਿਚਾਰ-ਚਰਚਾ ਹਿੱਤ ਇੱਕ ਸਮਾਗਮ 28 ਮਾਰਚ ਨੂੰ ਸਵੇਰੇ 11 ਵਜੇ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕਰਵਾਇਆ ਜਾ ਰਿਹਾ ਹੈ। ਭਾਈ ਸੰਤੋਖ ਸਿੰਘ ਕਿਰਤੀ ਲਾਇਬ੍ਰੇਰੀ, ਬਾਬਾ ਭਗਤ ਸਿੰਘ ਬਿਲਗਾ ਕਿਤਾਬ ਘਰ ਤੇ ਸੈਮੀਨਾਰ ਹਾਲ ਦੇ ਕਨਵੀਨਰ ਪ੍ਰੋ. ਡਾ. ਗੋਪਾਲ ਸਿੰਘ ਬੁੱਟਰ ਨੇ ਦੱਸਿਆ ਕਿ ਪੁਸਤਕ ਬਾਰੇ ਬਤੌਰ ਮੁੱਖ ਵਕਤਾ ਕਾ. ਮੰਗਤ ਰਾਮ ਪਾਸਲਾ, ਜਨਰਲ ਸਕੱਤਰ ਆਰ.ਐਮ.ਪੀ.ਆਈ. ਆਪਣੇ ਵਿਚਾਰ ਰੱਖਣਗੇ। ਉਹਨਾਂ ਉਪਰੰਤ ਹਾਜ਼ਰ ਵਿਦਵਾਨ ਚਰਚਾ ਨੂੰ ਅੱਗੇ ਤੋਰਨਗੇ। ਸਮਾਗਮ ਵਿੱਚ ਕਾ. ਅਜਮੇਰ ਸਿੰਘ ਸਮਰਾ, ਪ੍ਰਧਾਨ ਦੇਸ਼ ਭਗਤ ਯਾਦਗਾਰ ਜਲੰਧਰ, ਜਨਰਲ ਸਕੱਤਰ ਕਾ. ਪ੍ਰਿਥੀਪਾਲ ਸਿੰਘ ਮਾੜੀਮੇਘਾ, ਕਾ. ਜਸਵੀਰ ਸਿੰਘ ਸ਼ੀਰਾ ਜੌਹਲ, ਕਾ. ਕੁਲਬੀਰ ਸਿੰਘ ਸੰਘੇੜਾ (ਇੰਡੀਅਨ ਵਰਕਰਜ਼ ਐਸੋਸੀਏਸ਼ਨ ਬਰਮਿੰਘਮ) ਤੇ ਪੁਸਤਕ ਦੇ ਲੇਖਕ ਡਾ. ਵਰਿਆਮ ਸਿੰਘ ਸੰਧੂ ਵਿਚਾਰ-ਚਰਚਾ ਵਿੱਚ ਸ਼ਿਰਕਤ ਕਰਨਗੇ।

# ਪ੍ਰਵਾਸੀ ਖਟਕੜ ਪਰਵਾਰ ਦਾ ਸਿਹਤ, ਸਿੱਖਿਆ ਤੇ ਸਮਾਜਕ ਖੇਤਰ 'ਚ ਅਹਿਮ ਯੋਗਦਾਨ : ਨਰਿੰਦਰ ਬੰਗਾ



**ਬਹਿਰਾਮ (ਅਵਤਾਰ ਕਲੇਰ)**- ਵਿਧਾਨ ਸਭਾ ਹਲਕਾ ਬੰਗਾ ਦੇ ਪਿੰਡ ਖਾਨਪੁਰ ਵਿਖੇ ਸਮਾਜ ਸੇਵੀ ਪ੍ਰਵਾਸੀ ਭਾਰਤੀ ਜੋੜੇ ਹਰਬੰਸ ਸਿੰਘ ਖਟਕੜ ਤੇ ਮਹਿੰਦਰ ਕੌਰ ਖਟਕੜ ਹੋਰਾਂ ਵੱਲੋਂ ਪੰਚਾਇਤੀ ਰਾਜ ਸਪੋਰਟਸ ਕਲੱਬ ਖਾਨਪੁਰ ਤੇ ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਅੱਖਾਂ ਦਾ ਮੁਫਤ ਆਪਰੇਸ਼ਨ ਕੈਂਪ ਲਗਾਇਆ ਗਿਆ । ਇਸ ਕੈਂਪ ਦਾ ਉਦਘਾਟਨ ਹਰਬੰਸ ਸਿੰਘ ਖਟਕੜ, ਮਹਿੰਦਰ ਕੌਰ ਖਟਕੜ ਨੇ ਬਤੌਰ ਮੁੱਖ ਮਹਿਮਾਨ ਰਿਬਨ ਕੱਟ ਕੇ ਕੀਤਾ। ਸਮਾਰੋਹ ਦੌਰਾਨ ਕਲੱਬ ਦੇ ਵਾਈਸ ਚੇਅਰਮੈਨ ਇੰਜ: ਨਰਿੰਦਰ ਬੰਗਾ ਦੂਰਦਰਸ਼ਨ ਜਲੰਧਰ ਨੇ ਸੰਬੋਧਨ ਕਰਦੇ ਕਿਹਾ ਕਿ ਸੇਵਾ ਦੇਸ਼ ਦੀ ਹੋਵੇ ਜਾਂ ਫਿਰ ਸਮਾਜ ਦੀ, ਦਿਲਚਸਪੀ ਨਾਲ ਕੀਤੀ ਜਾਵੇ ਤਾਂ ਪ੍ਰਫੁੱਲਤ ਹੁੰਦੀ ਹੈ, ਜੋ ਸਮੇਂ ਸਮੇਂ ਸਿਰ ਇਹ ਸਮਾਜ ਸੇਵੀ ਐਨ ਆਰ ਆਈ ਬਾਖੂਬੀ ਨਿਭਾ ਰਹੇ ਹਨ। ਇਸ ਪ੍ਰਵਾਸੀ ਜੋੜੇ ਨੇ ਇੰਜ: ਨਰਿੰਦਰ ਬੰਗਾ ਦੀ ਪ੍ਰੇਰਨਾ ਸਦਕਾ ਸ੍ਰੀ ਗੁਰੂ ਰਾਮ ਰਾਏ ਪਬਲਿਕ ਸਕੂਲ 'ਚ ਪ੍ਰਸ਼ਾਸਨਕ ਬਲਾਕ ਲਈ ਖੁੱਲ੍ਹ ਕੇ ਦਾਨ ਕੀਤਾ। ਇਹ ਪ੍ਰਵਾਸੀ ਭਾਰਤੀ ਜੋੜਾ ਹਰ ਸਾਲ ਪੰਜਾਬ ਆ ਕੇ ਵੱਖ ਵੱਖ ਖੇਤਰਾਂ 'ਚ ਬਹੁਤ ਹੀ ਸ਼ਲਾਘਾਯੋਗ ਸੇਵਾਵਾਂ ਨਿਭਾ ਰਿਹਾ ਹੈ। ਪ੍ਰਵਾਸੀ ਖਟਕੜ ਪਰਵਾਰ ਸਮੇਂ ਸਮੇਂ 'ਤੇ ਸਿਹਤ ਸਹੂਲਤਾਂ ਸੰਬੰਧੀ ਕੈਂਪ, ਧਾਰਮਕ ਸਥਾਨਾਂ, ਸਕੂਲਾਂ ਦੀਆਂ ਇਮਾਰਤਾਂ ਦੀ ਸ਼ਾਨਦਾਰ ਉਸਾਰੀ ਲਈ ਯੋਗਦਾਨ ਅਤੇ ਆਰਥਕ ਸਹਿਯੋਗ ਦੇ ਕੇ ਚੰਗੇ ਸਮਾਜ ਦੀ ਸਿਰਜਣਾ ਵਿਚ ਮਹੱਤਵਪੂਰਨ ਭੂਮਿਕਾ ਅਦਾ ਕਰ ਰਿਹਾ ਹੈ। ਇਸ ਕੈਂਪ ਵਿੱਚ ਡਾ. ਚਰਨਜੀਤ ਸਿੰਘ ਤੇ ਉਸ ਦੀ ਟੀਮ ਨੇ 300 ਮਰੀਜ਼ਾਂ ਦੀ ਜਾਂਚ ਕਰਕੇ ਮੁਫਤ ਦਵਾਈਆਂ ਦਿੱਤੀਆਂ ਤੇ 30 ਮਰੀਜ਼ ਅੱਖਾਂ ਦੇ ਆਪਰੇਸ਼ਨ ਲਈ ਚੁਣੇ ਗਏ ਅਤੇ ਆਪਰੇਸ਼ਨ ਲਈ ਅਰੋੜਾ ਆਈ ਹਸਪਤਾਲ ਜਲੰਧਰ ਵਿਖੇ ਭੇਜ ਦਿੱਤੇ ਗਏ। ਸਮਾਗਮ ਦੌਰਾਨ ਦੇਸ ਰਾਜ ਬੰਗਾ , ਡਾ. ਚਰਨਜੀਤ ਸਿੰਘ ਤੇ ਮਲਕੀਤ ਸਿੰਘ ਖਟਕੜ ਹੋਰਾਂ ਵੀ ਆਪਣੇ ਵਿਚਾਰ ਰੱਖੇ। ਕੈਂਪ ਦੌਰਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਵਾਸੀ ਜੋੜੇ ਨੂੰ ਉਨ੍ਹਾਂ ਦੀਆਂ ਦੇਸ਼ ਤੇ ਸਮਾਜ ਪ੍ਰਤੀ ਨਿਭਾਈਆਂ ਜਾ ਰਹੀਆਂ ਸੇਵਾਵਾਂ ਲਈ ਸਨਮਾਨਤ ਕੀਤਾ ਗਿਆ। ਚਾਹ ਤੇ ਲੰਗਰਾਂ ਦੀ ਸੇਵਾ ਦਿਨ ਭਰ ਅਟੁੱਟ ਵਰਤਾਈ ਗਈ। ਕੈਂਪ 'ਚ ਹੋਰਾਂ ਤੋਂ ਇਲਾਵਾ ਸਰਪੰਚ ਤੀਰਥ ਰੱਤੂ, ਪੰਚ ਪਰਵਿੰਦਰ ਖਟਕੜ, ਕੁਲਦੀਪ ਸਿੰਘ ਠੇਕੇਦਾਰ, ਅਮਰੀਕ ਸਿੰਘ ਠੇਕੇਦਾਰ, ਜੋਗਾ ਸਿੰਘ ਖਟਕੜ, ਪ੍ਰਤਾਪ ਸਿੰਘ ਬੰਗਾ, ਸੁਰਜੀਤ ਰੱਤੂ, ਦਵਿੰਦਰ ਬੰਗਾ, ਪ੍ਰਕਾਸ਼ ਚੰਦ, ਕਮਲਜੀਤ ਬੰਗਾ, ਜਗਨ ਨਾਥ, ਹਰਨਾਮ ਦਾਸ, ਹੰਸ ਰਾਜ ਬੰਗਾ, ਰੁਪਿੰਦਰ ਸਿੰਘ ਕੂਕਾ, ਭਾਈ ਰਜਿੰਦਰ ਸਿੰਘ, ਗੁਰਨਾਮ ਸਿੰਘ ਤਲਵਾੜ, ਕਾਮਰੇਡ ਸੁਰਿੰਦਰ ਸਿੰਘ, ਨਵਕਾਂਤ ਭਰੋਮਜਾਰਾ, ਗੁਰਪ੍ਰੀਤ ਸਾਧਪੁਰ, ਆਦਿ ਹਾਜ਼ਰ ਸਨ।

# ਪੰਜਾਬ ਨੂੰ ਰੰਗਲਾ ਤੇ ਸਿਹਤਮੰਦ ਬਣਾਉਣ ਦੇ ਲਏ ਸੁਪਨੇ ਨੂੰ ਟ੍ਰੇਨਰ ਸਾਕਾਰ ਕਰਨਗੇ-ਡਾ. ਬਲਵੀਰ ਸਿੰਘ



**ਹੁਸ਼ਿਆਰਪੁਰ, : (ਓ ਪੀ ਰਾਣਾ )**-ਸਿਹਤ ਤੇ ਪਰਵਾਰ ਭਲਾਈ, ਮੈਡੀਕਲ ਸਿੱਖਿਆ ਤੇ ਖੋਜ ਅਤੇ ਚੋਣਾਂ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਨੇ ਗੁਰੂ ਰਵਿਦਾਸ ਆਯੁਰਵੇਦ ਯੂਨੀਵਰਸਿਟੀ, ਹੁਸ਼ਿਆਰਪੁਰ ਵਿਖੇ ਸੀ. ਐਮ ਦੀ ਯੋਗਸ਼ਾਲਾ ਲਈ ਟ੍ਰੇਨਰਾਂ ਦੇ ਪਹਿਲੇ ਬੈਚ ਦੀ ਸੂਬਾ ਪੱਧਰੀ ਟ੍ਰੇਨਿੰਗ ਦੀ ਸ਼ੁਰੂਆਤ ਕੀਤੀ। ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ, ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੋੜੀ, ਵਿਧਾਇਕ ਅਤੇ ਹੋਰਨਾਂ ਸ਼ਖਸੀਅਤਾਂ ਦੀ ਮੌਜੂਦਗੀ ਵਿਚ 'ਰਿਫਰੈਸ਼ਰ ਕੋਰਸ ਆਫ ਮੈਡੀਟੇਸ਼ਨ ਐਂਡ ਯੋਗਾ' ਨਾਂਅ ਦੀ 15 ਰੋਜ਼ਾ ਇਸ ਟ੍ਰੇਨਿੰਗ ਦਾ ਆਗਾਜ਼ ਕਰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪੰਜਾਬ ਨੂੰ ਰੰਗਲਾ ਅਤੇ ਸਿਹਤਮੰਦ ਬਣਾਉਣ ਦੇ ਲਏ ਸੁਪਨੇ ਨੂੰ ਇਹ ਟ੍ਰੇਨਰ ਸਾਕਾਰ ਕਰਨਗੇ। ਉਨ੍ਹਾਂ ਦੱਸਿਆ ਕਿ ਇਸ ਪਹਿਲੇ ਬੈਚ ਵਿਚ 80 ਟ੍ਰੇਨਰ, 10 ਸੁਪਰਵਾਈਜ਼ਰ ਅਤੇ 2 ਰਿਸੋਰਸ ਪਰਸਨ ਸ਼ਾਮਲ ਹਨ, ਜਿਹੜੇ ਕਿ ਸੂਬੇ ਦੇ ਪੰਜ ਸ਼ਹਿਰਾਂ ਜਲੰਧਰ, ਅੰਮ੍ਰਿਤਸਰ, ਪਟਿਆਲਾ, ਲੁਧਿਆਣਾ ਅਤੇ ਫਗਵਾੜਾ ਵਿਖੇ ਲੋਕਾਂ ਨੂੰ ਸਿਹਤਮੰਦ ਰੱਖਣ ਲਈ ਯੋਗਾ ਦੀ ਟ੍ਰੇਨਿੰਗ ਬਿਲਕੁਲ ਮੁਫ਼ਤ ਦੇਣਗੇ। ਉਨ੍ਹਾਂ ਦੱਸਿਆ ਕਿ ਇਹ ਸਾਰੇ ਟ੍ਰੇਨਰ ਡਿਪਲੋਮਾ ਹੋਲਡਰ ਅਤੇ ਆਪਣੇ ਕੰਮ ਵਿਚ ਮਾਹਿਰ ਹਨ, ਪਰੰਤੂ ਫਿਰ ਵੀ ਇਨ੍ਹਾਂ ਨੂੰ ਪ੍ਰੋਗਰਾਮ ਸਬੰਧੀ 20 ਮਾਰਚ ਤੋਂ 5 ਅਪ੍ਰੈਲ ਤੱਕ ਵਿਸ਼ੇਸ਼ ਟ੍ਰੇਨਿੰਗ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਹੁਸ਼ਿਆਰਪੁਰ ਤੋਂ ਸ਼ੁਰੂ ਕੀਤੀ ਗਈ ਇਸ ਲਹਿਰ ਨੂੰ ਜਨ ਅੰਦੋਲਨ ਬਣਾਇਆ ਜਾਵੇਗਾ ਅਤੇ ਸੂਬੇ ਭਰ ਵਿਚ ਅਜਿਹੇ 8 ਹਜ਼ਾਰ ਦੇ ਕਰੀਬ ਟ੍ਰੇਨਰ ਸੂਬਾ ਵਾਸੀਆਂ ਨੂੰ ਸਰੀਰਕ ਅਤੇ ਮਾਨਸਿਕ ਤੌਰ 'ਤੇ ਸਿਹਤਮੰਦ ਰੱਖਣ ਲਈ ਯੋਗਾ ਕਰਵਾਉਣਗੇ। ਉਨ੍ਹਾਂ ਸਮੂਹ ਟ੍ਰੇਨਰਾਂ ਨੂੰ ਸੱਦਾ ਦਿੱਤਾ ਕਿ ਉਹ ਲੋਕਾਂ ਨੂੰ ਯੋਗਾ ਦੇ ਨਾਲ-ਨਾਲ ਆਹਾਰ ਤੇ ਵਿਹਾਰ ਦੀ ਸਿੱਖਿਆ ਦੇਣ, ਕਿਉਂਕਿ ਇਲਾਜ ਨਾਲੋਂ ਪਰਹੇਜ਼ ਚੰਗਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਅਸੀਂ ਆਪਣਾ ਖਾਣ-ਪਾਣ ਅਤੇ ਜੀਵਨ ਸ਼ੈਲੀ ਬਦਲ ਲਈਏ ਤਾਂ ਇਕ ਸਿਹਤਮੰਦ ਅਤੇ ਬਿਮਾਰੀ ਰਹਿਤ ਜ਼ਿੰਦਗੀ ਜੀਊ ਸਕਦੇ ਹਾਂ।

ਉਨ੍ਹਾਂ ਕਿਹਾ ਕਿ ਗੁਰੂ ਰਵਿਦਾਸ ਆਯੁਰਵੇਦ ਯੂਨੀਵਰਸਿਟੀ ਨੂੰ 'ਸੈਂਟਰ ਆਫ ਨੈਚਰੋਪੈਥੀ' ਦੇ ਤੌਰ 'ਤੇ ਵਿਕਸਤ ਕੀਤਾ ਜਾਵੇਗਾ ਅਤੇ ਇਥੇ ਇਕ ਆਯੁਰਵੇਦ ਗਾਰਡਨ ਬਣਾਇਆ ਜਾਵੇਗਾ। ਇਸ ਮੌਕੇ ਵਿਧਾਇਕ ਡਾ. ਰਵਜੋਤ ਸਿੰਘ, ਕਰਮਵੀਰ ਸਿੰਘ ਘੁੰਮਣ ਅਤੇ ਜਸਵੀਰ ਸਿੰਘ ਰਾਜਾ ਗਿੱਲ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਪਰਸਨ ਕਰਮਜੀਤ ਕੌਰ, ਮੇਅਰ ਸੁਰਿੰਦਰ ਕੁਮਾਰ, ਡਿਪਟੀ ਕਮਿਸ਼ਨਰ ਕੋਮਲ ਮਿੱਤਲ, ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਹਰਮੀਤ ਸਿੰਘ ਔਲਖ, ਜ਼ਿਲ੍ਹਾ ਪ੍ਰਧਾਨ ਗੁਰਵਿੰਦਰ ਸਿੰਘ ਪਾਬਲਾ, ਸਤਵੰਤ ਸਿੰਘ ਸਿਆਣ, ਐਸ. ਡੀ. ਐਮ ਪ੍ਰੀਤਇੰਦਰ ਸਿੰਘ ਬੈਂਸ, ਸਿਵਲ ਸਰਜਨ ਡਾ. ਪਵਨ ਕੁਮਾਰ, ਯੂਨੀਵਰਸਿਟੀ ਦੇ ਰਜਿਸਟਰਾਰ ਸੰਜੀਵ ਗੋਇਲ, ਪ੍ਰੋ. ਰਾਕੇਸ਼ ਸ਼ਰਮਾ, ਰਿਸੋਰਸ ਪਰਸਨ ਅਮਰੇਸ਼ ਅਤੇ ਕਮਲੇਸ਼ ਤੋਂ ਇਲਾਵਾ ਯੂਨੀਵਰਸਿਟੀ ਦਾ ਸਟਾਫ ਅਤੇ ਹੋਰ ਸ਼ਖਸੀਅਤਾਂ ਹਾਜ਼ਰ ਸਨ।

# ਸਰੂਪ ਸਿੰਘ ਸਿਆਲਵੀ ਨਾਲ ਰੂਬਰੂ ਤੇ ਚੱਲਿਆ ਕਵਿਤਾਵਾਂ ਦਾ ਦੌਰ



**ਖਰੜ : (ਹਰਨਾਮ ਸਿੰਘ ਡੱਲਾ)**- ਸਥਾਨਕ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਾਹਿਤਕ ਸੱਥ ਖਰੜ ਦੀ ਮਾਸਿਕ ਇਕੱਤਰਤਾ ਬਾਬੂ ਰਾਮ ਦੀਵਾਨਾ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ 'ਚ ਪੰਜਾਬੀ ਦੇ ਪ੍ਰਤੀਬੱਧ ਕਹਾਣੀਕਾਰ ਸਰੂਪ ਸਿੰਘ ਸਿਆਲਬੀ ਨਾਲ ਰੂਬਰੂ ਕਰਵਾਇਆ ਗਿਆ। ਮੰਚ ਸੰਚਾਲਕ ਪਿਆਰਾ ਸਿੰਘ ਰਾਹੀ ਨੇ ਉਨ੍ਹਾ ਦੇ ਜੀਵਨ ਤੇ ਲਿਖਤਾਂ ਬਾਰੇ ਸੰਖੇਪ ਵਿੱਚ ਜਾਣਕਾਰੀ ਦਿੱਤੀ, ਉਪਰੰਤ ਸਿਆਲਬੀ ਨੇ ਆਪਣੇ ਬਚਪਨ, ਪੜ੍ਹਾਈ, ਪਰਵਾਰਕ ਜੀਵਨ ਤੇ ਕਹਾਣੀ ਲਿਖਣ ਸੰਬੰਧੀ ਵਿਸਤਾਰ ਪੂਰਵਕ ਜਾਣਕਾਰੀ ਸਾਂਝੀ ਕੀਤੀ। ਉਨ੍ਹਾ ਦੱਸਿਆ ਕਿ ਉਨ੍ਹਾ ਦੀਆਂ ਕਹਾਣੀਆਂ ਦੇ ਪਾਤਰ ਸਮਾਜ ਵਿੱਚ ਪਏ ਰਾਜਨੀਤਕ, ਆਰਥਕ ਤੇ ਜਾਤ-ਪਾਤ ਦੇ ਅਧਾਰ 'ਤੇ ਪਏ ਪਾੜਿਆਂ ਦੇ ਖਿਲਾਫ ਸੰਘਰਸ਼ ਕਰਦੇ ਹਨ। ਹਾਜ਼ਰ ਲੇਖਕਾਂ ਵੱਲੋਂ ਪੁੱਛੇ ਗਏ ਸਵਾਲਾਂ ਦੇ ਜਵਾਬ ਵੀ ਉਨ੍ਹਾ ਵੱਲੋਂ ਵਿਸਥਾਰ ਨਾਲ ਦਿੱਤੇ ਗਏ। ਦੂਜੇ ਦੌਰ ਵਿੱਚ ਹਾਜ਼ਰ ਸ਼ਾਇਰਾਂ ਨੇ ਆਪਣੀਆਂ ਕਵਿਤਾਵਾਂ, ਗੀਤਾਂ ਤੇ ਗਜ਼ਲਾਂ ਨਾਲ ਜੁੜੀ ਮਹਿਫਲ ਨੂੰ ਚਾਰ-ਚੰਨ ਲਾ ਦਿੱਤੇ, ਜਿਨ੍ਹਾਂ ਵਿੱਚ ਸੁਧਾ ਜੈਨ ਸੁਦੀਪ, ਰਣਜੋਧ ਰਾਣਾ, ਭਗਤ ਰਾਮ ਰੰਗਾੜਾ, ਧਿਆਨ ਸਿੰਘ ਕਾਹਲੋਂ, ਕਰਮਜੀਤ ਸਿੰਘ ਬੱਗਾ, ਡਾ. ਸੁਦਾਗਰ ਸਿੰਘ ਪਾਲ, ਹਿੱਤ ਅਭਿਲਾਸ਼ੀ ਹਿੱਤ, ਪ੍ਰੀਤ ਵਡਾਲਾ, ਸੁਮਿੱਤਰ ਸਿੰਘ, ਨਾਵਲਕਾਰ ਸੰਤਵੀਰ, ਸਤਿਬੀਰ ਕੌਰ, ਅਮਰਜੀਤ ਕੌਰ ਮੋਰਿੰਡਾ, ਹਰਜਿੰਦਰ ਸਿੰਘ ਗੋਪਾਲੋਂ, ਅੰਮਿਤ ਕੌਰ, ਲਵਲੀ ਮਾਹੂਆਣਾ, ਭੁਪਿੰਦਰ ਸਿੰਘ ਭਾਗੋਮਾਜਰਾ, ਪਿਆਰਾ ਸਿੰਘ ਰਾਹੀ, ਜਸਵਿੰਦਰ ਸਿੰਘ ਕਾਈਨੌਰ, ਉਰਦੂ ਦੇ ਸ਼ਾਇਰ ਪਵਨ ਮੁੰਤਿਜਰ ਅਤੇ ਕੁਰਾਲੀ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਬਜ਼ੁਰਗ ਸ਼ਾਇਰ ਸੁੱਚਾ ਸਿੰਘ ਅਧਰੇੜ, ਗੁਰਦੀਪ ਸਿੰਘ ਵੜੈਚ ਅਤੇ ਅਜ਼ਾਦ ਵਿਸਮਾਦ ਆਦਿ ਨੇ ਹਾਜ਼ਰੀ ਲਵਾਈ। ਵਿਸ਼ੇਸ਼ ਤੌਰ 'ਤੇ ਪਹੁੰਚੇ ਸੁਰ- ਸਾਂਝ ਦੇ ਐਡੀਟਰ ਸੁਰਜੀਤ ਸੁਮਨ ਨੇ ਵੀ ਇੱਕ ਗੀਤ ਨਾਲ ਮਹਿਫਲ ਨੂੰ ਰੰਗੀਨ ਕੀਤਾ। ਇਨ੍ਹਾਂ ਤੋਂ ਇਲਾਵਾ ਨਿਰੰਜਨ ਸਿੰਘ ਵਿਰਕ, ਦਲਬਾਰਾ ਸਿੰਘ, ਜਗਦੇਵ ਜੱਸ, ਮਨਪ੍ਰੀਤ ਸਿੰਘ ਇਟਲੀ, ਅੰਮ੍ਰਿਤ ਕੌਰ (ਰਿਟਾ. ਪਿੰ.), ਸਤਵਿੰਦਰ ਸਿੰਘ ਮੜੌਲਵੀ ਅਤੇ ਅਮਨਦੀਪ ਕੌਰ ਆਦਿ ਨੇ ਵੀ ਸ਼ਿਰਕਤ ਕੀਤੀ। ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਬਾਬੂ ਰਾਮ ਦੀਵਾਨਾ ਨੇ ਸਾਰੇ ਪ੍ਰੋਗਰਾਮ ਦੀ ਸਮੀਖਿਆ ਕਰਦਿਆਂ ਪ੍ਰੋਗਰਾਮ ਦੀ ਸ਼ਲਾਘਾ ਕੀਤੀ ਤੇ ਮਾਂ-ਬੋਲੀ ਨੂੰ ਸਮਰਪਤ ਕਵਿਤਾ ਤਰੰਨਮ 'ਚ ਪੜ੍ਹ ਕੇ ਪ੍ਰੋਗਰਾਮ ਨੂੰ ਸਿਖਰ 'ਤੇ ਪਹੁੰਚਾ ਦਿੱਤਾ। ਸਮੁੱਚੇ ਪ੍ਰੋਗਰਾਮ ਦੇ ਸਟੇਜ ਸਕੱਤਰ ਦੇ ਫਰਜ਼ ਸੱਥ ਦੇ ਜਨਰਲ ਸਕੱਤਰ ਪਿਆਰਾ ਸਿੰਘ ਰਾਹੀ ਵੱਲੋਂ ਨਿਭਾਏ ਗਏ। ਅਖੀਰ ਵਿੱਚ ਸੱਥ ਦੇ ਪ੍ਰਧਾਨ ਜਸਵਿੰਦਰ ਸਿੰਘ ਕਾਈਨੌਰ ਵੱਲੋਂ ਸਾਰਿਆਂ ਦਾ ਧੰਨਵਾਦ ਕੀਤਾ ਗਿਆ ।

# ਆਈ ਕੇ ਜੀ ਪੀ ਟੀ ਯੂ ਕੈਂਪਸ ਵਿਖੇ ਇਨਾਮ ਵੰਡ ਸਮਾਰੋਹ




**ਜਲੰਧਰ : (ਸ਼ੈਲੀ ਐਲਬਰਟ)**- ਆਈ.ਕੇ.ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ (ਆਈ.ਕੇ.ਜੀ.ਪੀ.ਟੀ.ਯੂ.) ਦੇ ਅੰਮ੍ਰਿਤਸਰ ਕੈਂਪਸ ਵਿਖੇ ਅਕਾਦਮਿਕ ਸਾਲ 2022-23 ਦੌਰਾਨ ਵੱਖ-ਵੱਖ ਤਕਨੀਕੀ ਅਤੇ ਸੱਭਿਆਚਾਰਕ ਮੁਕਾਬਲਿਆਂ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕਰਨ ਲਈ ਇੱਕ ਇਨਾਮ ਵੰਡ ਸਮਾਗਮ ਦਾ ਆਯੋਜਨ ਕੀਤਾ ਗਿਆ । ਇਸ ਸਮਾਰੋਹ ਵਿਚ ਰਜਿਸਟਰਾਰ ਆਈ.ਕੇ.ਜੀ.ਪੀ.ਟੀ.ਯੂ. ਡਾ. ਐਸ.ਕੇ. ਮਿਸ਼ਰਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ । ਉਹਨਾਂ ਵੱਲੋਂ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਅਤੇ ਲਗਨ ਦੀ ਪ੍ਰਸ਼ੰਸਾ ਕੀਤੀ ਗਈ ਅਤੇ ਉਨ੍ਹਾਂ ਨੂੰ ਆਪਣੇ-ਆਪਣੇ ਖੇਤਰਾਂ ਵਿੱਚ ਉੱਤਮਤਾ ਲਈ ਯਤਨਸ਼ੀਲ ਰਹਿਣ ਲਈ ਪ੍ਰੇਰਿਤ ਵੀ ਕੀਤਾ ਗਿਆ । ਸਮਾਰੋਹ ਵਿਚ ਸੁਆਗਤੀ ਭਾਸ਼ਣ ਡਾਇਰੈਕਟਰ ਆਈ.ਕੇ.ਜੀ.ਪੀ.ਟੀ.ਯੂ ਅੰਮ੍ਰਿਤਸਰ ਕੈਂਪਸ, ਪ੍ਰੋ. (ਡਾ.) ਅਮਿਤ ਸਰੀਨ ਵੱਲੋਂ ਦਿੱਤਾ ਗਿਆ । ਜਿਨ੍ਹਾਂ ਵਿਦਿਆਰਥੀਆਂ ਦੀ ਮਿਹਨਤ ਅਤੇ ਲਗਨ ਦੀ ਸ਼ਲਾਘਾ ਕੀਤੀ। ਧੰਨਵਾਦ ਦਾ ਮਤਾ ਡਿਪਟੀ ਰਜਿਸਟਰਾਰ ਸੌਰਭ ਸ਼ਰਮਾ ਵੱਲੋਂ ਪੜ੍ਹਿਆ ਗਿਆ । ਉਹਨਾਂ ਵੱਲੋਂ ਜੇਤੂਆਂ ਨੂੰ ਵਧਾਈ ਦਿੱਤੀ ਗਈ ਅਤੇ ਸਾਰੇ ਵਿਦਿਆਰਥੀਆਂ ਨੂੰ ਆਪਣੇ ਹੁਨਰ ਨੂੰ ਨਿਖਾਰਨ ਲਈ ਅਜਿਹੇ ਸਮਾਗਮਾਂ ਵਿੱਚ ਹਿੱਸਾ ਲੈਂਦੇ ਰਹਿਣ ਲਈ ਪ੍ਰੇਰਿਤ ਕੀਤਾ ਗਿਆ । ਵੱਖ-ਵੱਖ ਮੁਕਾਬਲਿਆਂ ਦੇ ਜੇਤੂਆਂ ਨੂੰ ਇਨਾਮ ਵੰਡੇ ਗਏ। ਪੋਸਟਰ ਮੇਕਿੰਗ ਮੁਕਾਬਲੇ ਵਿੱਚ ਭਰਤ ਸਿੰਘ ਚੌਹਾਨ, ਬੀ.ਟੈਕ. ਸੀ.ਐਸ.ਈ ਨੇ ਪਹਿਲਾ ਇਨਾਮ ਜਿੱਤਿਆ, ਕਿਰਨ ਕੁਮਾਰ, ਬੀ.ਟੈਕ. ਸੀਐਸਈ, ਨੇ ਦੂਜਾ ਇਨਾਮ ਜਿੱਤਿਆ ਅਤੇ ਅਭਿਸ਼ੇਕ ਕੁਮਾਰ ਬੀ.ਟੈਕ. ਸੀਐਸਈ ਨੇ ਤੀਜਾ ਇਨਾਮ ਜਿੱਤਿਆ । ਰੰਗੋਲੀ ਮੁਕਾਬਲੇ ਵਿੱਚ ਮਨਪ੍ਰੀਤ ਕੌਰ ਬੀ.ਟੈਕ. ਸੀਐਸਈ ਨੇ ਪਹਿਲਾ ਇਨਾਮ ਜਿੱਤਿਆ। ਕੁਇਜ਼ ਮੁਕਾਬਲੇ ਵਿੱਚ ਨਿਖਿਲ ਸ਼ਰਮਾ ਬੀ.ਟੈਕ. ਸੀਐਸਈ ਨੇ ਪਹਿਲਾ ਇਨਾਮ ਜਿੱਤਿਆ । ਕਿਰਨ ਕੁਮਾਰ ਬੀ.ਟੈਕ. ਸੀਐਸਈ ਨੇ ਦੂਜਾ ਇਨਾਮ ਜਿੱਤਿਆ ਅਤੇ ਸੁਖਬੀਰ ਸਿੰਘ ਬੀ.ਟੈਕ. ਸੀਐਸਈ ਨੇ ਤੀਜਾ ਇਨਾਮ ਜਿੱਤਿਆ । ਹੋਲੀ ਦੇ ਤਿਓਹਾਰ ਮੌਕੇ ਕਰਵਾਏ ਗਏ ਰੰਗੋਲੀ ਮੁਕਾਬਲੇ 'ਚ ਅਕਾਂਕਸ਼ਾ ਅਤੇ ਕਸ਼ਿਸ਼ ਨੇ ਬੀ.ਟੈਕ. ਸੀਐਸਈ ਵੱਲੋਂ ਕ੍ਰਮਵਾਰ ਪਹਿਲਾ ਅਤੇ ਦੂਜਾ ਇਨਾਮ ਜਿੱਤਿਆ ਗਿਆ ਅਤੇ ਬੀਸੀਏ ਵਿੱਚੋਂ ਨਿਸ਼ਾ ਤੇ ਬੀ.ਟੈਕ ਵਿੱਚੋਂ ਕਿਰਨ ਕੁਮਾਰ ਨੇ ਵੀ ਵੱਖੋ-ਵੱਖ ਵਰਗਾਂ ਵਿਚ ਇਨਾਮ ਜਿੱਤਿਆ। ਟੈਕਨੀਕਲ ਕੁਇਜ਼-ਟੈਕਨੋ ਕੁਐਸਟ ਈਵੈਂਟ ਵਿੱਚ ਅਮਨ ਕੁਮਾਰ ਪਾਂਡੇ ਨੇ ਪਹਿਲਾ ਇਨਾਮ ਜਿੱਤਿਆ । ਕੋਡਿੰਗ ਈਵੈਂਟ (ਬਾਈਟ ਬੈਟਲ) ਵਿੱਚ ਦਿਵਯਮ ਅਤੇ ਸ਼ੁੱਭਮ ਸਿੰਘ ਨੇ ਕ੍ਰਮਵਾਰ ਪਹਿਲਾ ਅਤੇ ਦੂਜਾ ਇਨਾਮ ਜਿੱਤਿਆ, ਜਦੋਂ ਕਿ ਆਕਾਸ਼ ਗੁਪਤਾ ਨੇ ਤੀਜਾ ਇਨਾਮ ਜਿੱਤਿਆ। । ਕਲਚਰਲ ਕਲੱਬ ਦੇ ਕੋਆਰਡੀਨੇਟਰ ਡਾ. ਪ੍ਰਭਕਿਰਨ ਕੌਰ ਅਤੇ ਟੈਕਨੀਕਲ ਕਲੱਬ ਦੇ ਕੋਆਰਡੀਨੇਟਰ ਡਾ. ਵਿਪੁਲ ਸ਼ਰਮਾ ਨੇ ਇਹਨਾਂ ਸਮਾਗਮਾਂ ਦੇ ਆਯੋਜਨ ਅਤੇ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਨ ਲਈ ਇਹਨਾਂ ਕਲੱਬਾਂ ਦੇ ਮੈਂਬਰਾਂ ਦੀ ਅਣਥੱਕ ਕੋਸ਼ਿਸ਼ਾਂ ਲਈ ਸ਼ਲਾਘਾ ਕੀਤੀ।

ਸਾਰੇ ਜੇਤੂਆਂ ਨੂੰ ਰਜਿਸਟਰਾਰ ਡਾ. ਐਸ.ਕੇ.ਮਿਸ਼ਰਾ ਵੱਲੋਂ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ ।

# ਨਾਕਿਆਂ 'ਤੇ ਚੈਕਿੰਗ ਜਾਰੀ

**ਰੋਪੜ ( ਬਿੰਦਰਾ)** ਅੰਮ੍ਰਿਤਪਾਲ ਸਿੰਘ ਤੇ ਉਸ ਦੇ ਨੇੜਲੇ ਸਾਥੀਆਂ ਨੂੰ ਗ੍ਰਿਫਤਾਰ ਕਰਨ ਲਈ ਪੁਲਸ ਵੱਲੋਂ ਚਲਾਈ ਮੁਹਿੰਮ ਦੇ ਮੱਦੇਨਜਰ ਲਗਾਏ ਗਏ ਨਾਕਿਆਂ 'ਤੇ ਹਾਲਾਂ ਵੀ ਚੈਕਿੰਗ ਕੀਤੀ ਜਾ ਰਹੀ ਹੈ। ਅਰਧ ਸੈਨਿਕ ਬਲਾਂ ਦੀ ਨਾਕਿਆਂ ਦੀ ਗਿਣਤੀ ਵਧਾ ਦਿੱਤੀ ਗਈ ਹੈ। ਅੱਜ ਤੀਜੇ ਦਿਨ ਵੀ ਇੰਟਰਨੈੱਟ ਬੰਦ ਰਹਿਣ ਕਾਰਨ ਕਾਰੋਬਾਰ 'ਤੇ ਅਸਰ ਪਿਆ। ਆਨਲਾਈਨ ਖਰੀਦੋ ਫਰੋਖਤ ਵਿਚ ਕਾਫੀ ਕਮੀ ਆਈ ਹੈ।


G20

## ਉਤਰ ਰੇਲਵੇ

ਆਜ਼ਾਦੀ ਦਾ ਅੰਮ੍ਰਿਤ ਮਹੋਤਸਵ

### ਈ-ਨਿਵਿਦਾ ਸੂਚਨਾ

**ਨਿਵਿਦਾ ਸੂਚਨਾ ਪੱਤਰ ਨੰ.:-770-W/169/WA/FZR/2022-23** Date: 20.03.2023

ਸੀਨੀਅਰ ਮੰਡਲ ਇੰਜੀਨੀਅਰ-ਹੈਡਕੁ. ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ 11.04.2023 ਸਮਾਂ 15.00 ਵਜੇ ਤਕ, www.ireps.gov.in ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ ਇਨਾਂ ਟੈਂਡਰਾਂ ਦੇ ਲਈ ਮੈਨੂੰਅਲ ਪ੍ਰਸਤਾਵ ਮਾਨਯ ਨਹੀਂ ਹੈ ਅਤੇ ਐਸੇ ਕਿਸੇ ਵੀ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ।ਠੇਕੇਦਾਰ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਜਿਵੇਂ ਨੈਟ ਬੈਕਿੰਗ, ਡੇਬਿਟ ਕਾਰਡ, ਤੇ ਕਰੈਡਿਟ ਕਾਰਡ ਆਦਿ ਨਾਲ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਨਿਵਿਦਾ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 16.03.2023 | 28.03.2023 | 11.04.2023/ 15:00 ਵਜੇ |
| 20.03.2023 | 28.03.2023 | 11.04.2023/ 15:00 ਵਜੇ |

| ਲੜੀ ਨੰਬਰ | ਨਿਵਿਦਾ ਨੰਬਰ, ਤਾਰੀਕ | ਨਿਵਿਦਾ ਦਾ ਵੇਰਵਾ | | | |
|---|---|---|---|---|---|
| 1 | 482-2022-23-ADEN-1-FZR | ਫਿਰੋਜਪੁਰ ਮੰਡਲ ਦੇ ਰੇਲਵੇ ਹਸਪਤਾਲ ਵਿਚ ਆਰਥੋਪੇਡਿਕ ਜਨਰਲ ਓਟੀ ਨੂੰ ਮਾਡਯੂਲਰ ਓਟੀ ਵਿਚ ਬਦਲਣਾ/ਉਨਯਨ ਕਰਨ ਲਈ। | | | |
| | | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ |
| | | 77,52,037.89/- | 1,55,100/- | 60 ਦਿਨ | 12 ਮਹੀਨੇ |
| | | ਸਮਾਨ ਨੇਚਰ ਦਾ ਕੰਮ -''ਭਵਨਾਂ/ਕਵਾਟਰਾਂ ਦਾ ਨਿਰਮਾਣ।'' | | | |
| 2 | 483-2022-23-ADEN-1-FZR | ਸਹਾਇਕ ਮੰਡਲ ਇੰਜੀਨੀਅਰ-ਫਸਟ/ਫਿਰੋਜਪੁਰ ਦੇ ਤਹਿਤ ਫਿਰੋਜਪੁਰ ਛਾਊਣੀ ਵਿਚ ਪਲੇਟਫਾਰਮ ਨੰਬਰ 3 ਅਤੇ 4 ਦਾ ਮੁੜ ਸਤਹੀਕਰਨ। | | | |
| | | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ |
| | | 1,55,77,337.16/- | 2,27,900/- | 60 ਦਿਨ | 12 ਮਹੀਨੇ |
| | | ਸਮਾਨ ਨੇਚਰ ਦਾ ਕੰਮ - ਕੋਈ ਵੀ ਸਿਵਿਲ ਕੰਮ ਟ੍ਰੈਕ ਦੇ ਇਲਾਵਾ। | | | |
| 3 | 484-2022-23-ADEN-1-FZR | ਸਹਾਇਕ ਮੰਡਲ ਇੰਜੀਨੀਅਰ-ਫਸਟ/ਫਿਰੋਜਪੁਰ ਦੇ ਤਹਿਤ ਫਿਰੋਜਪੁਰ ਵਿਚ ਆਰਪੀਐਫ ਕਰਮਚਾਰੀਆਂ ਦੇ ਲਈ ਭੋਜਨ ਅਤੇ ਮਨੋਰੰਜਨ ਦੇ ਪ੍ਰਾਵਧਾਨ ਸਮੇਤ ਆਰਪੀਐਫ ਬੈਰਕ ਦੀ ਮੁਰੰਮਤ ਅਤੇ ਆਰਪੀਐਫ ਦੇ ਲਈ ਫਿਰੋਜਪੁਰ ਵਿਚ 20 ਬਿਸਤਰਿਆਂ ਵਾਲੀ ਮਹਿਲਾ ਬੈਰਕ ਅਤੇ ਕੋਟਕਪੁਰਾ ਵਿਚ 10 ਬਿਸਤਰਿਆਂ ਵਾਲੇ ਪੁਰਸ਼ ਬੈਰਕ ਦਾ ਪ੍ਰਾਵਧਾਨ ਨਾਲ ਹੀ ਸਟੋਰ, ਰਸੋਈ ਅਤੇ ਭੋਜਨ ਰੂਮ, ਮਨੋਰੰਜਨ ਰੂਮ, ਮਿਨੀ GYM ਸ਼ੌਚਾਲਯ/ ਬਾਥਰੂਮ ਅਤੇ ਕਰਮਚਾਰੀਆਂ ਦ ਲਈ ਪਾਰਕਿੰਗ ਸ਼ੈਡ। | | | |
| | | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ |
| | | 3,31,07,584.71/- | 3,15,500/- | 60 ਦਿਨ | 12 ਮਹੀਨੇ |
| | | ਸਮਾਨ ਨੇਚਰ ਦਾ ਕੰਮ -''ਭਵਨਾਂ/ਕਵਾਟਰਾਂ ਦਾ ਨਿਰਮਾਣ।'' | | | |
| 4 | 485-2022-23-ADEN-2-PTK | ਸਹਾਇਕ ਮੰਡਲ ਇੰਜੀਨੀਅਰ-ਫਸਟ ਅਤੇ ਸੈਕਿੰਡ / ਪਠਾਨਕੋਟ ਦੇ ਤਹਿਤ ਅੰਮ੍ਰਿਤਸਰ-ਪਠਾਨਕੋਟ ਸੈਕਸ਼ਨ ਵਿਚ ਧਾਰੀਵਾਲ, ਗੁਰਦਾਸਪੁਰ, ਦੀਨਾਨਗਰ, ਸਰਨਾ ਅਤੇ ਜਕੋਲਰੀ ਸਟੇਸ਼ਨਾਂ ਤੇ ਈਆਈ ਕੰਮ ਦੇ ਨਾਲ-ਨਾਲ ਵਿਭਿੰਨ ਟ੍ਰੈਕ ਦੇ ਕੰਮ ਅਤੇ ਗੁਰਦਾਸਪੁਰ ਸਟੇਸ਼ਨ ਤੇ ਯਾਰਡ ਦੀ ਰੀਮਾਡਲਿੰਗ। | | | |
| | | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ |
| | | 3,76,54,410.90/- | 3,38,300/- | 60 ਦਿਨ | 12 ਮਹੀਨੇ |
| | | ਸਮਾਨ ਨੇਚਰ ਦਾ ਕੰਮ:- ਪੂਰਨ ਟ੍ਰੈਕ ਨਵੀਨੀਕਰਨ/ਪੂਰਨ ਰੇਲ ਨਵੀਨੀਕਰਨ/ਪੂਰਨ ਫਿਟਿੰਗ ਨਵੀਨੀਕਰਨ/ ਪੂਰਨ ਟਰਨ ਆਊਟ ਨਵੀਨੀਕਰਨ, ਟ੍ਰੈਕ ਮੇਂਟਨੇਂਸ ਮਸ਼ੀਨ ਦੇ ਪੂਰਵ ਅਤੇ ਬਾਅਦ ਦੇ ਕੰਮ ਅਤੇ ਟੀ-28 ਮਸ਼ੀਨ ਤੋਂ ਟਰਨ ਆਊਟ ਨਵੀਨੀਕਰਨ ਦਾ ਕੰਮ। | | | |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ।
2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ। 852/2023

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# ਪਾਸ਼ ਦੀਆਂ ਭੈਣਾਂ ਨੇ ਸ਼ਹੀਦੀ ਸਥਾਨ ਨੂੰ ਕੀਤਾ ਸਿਜਦਾ

## * ਭਲਕੇ ਸਮਾਗਮ 'ਤੇ ਪੁੱਜਣ ਦੀ ਕੀਤੀ ਅਪੀਲ



**ਜਲੰਧਰ :** ਪੰਜਾਬੀ ਦੇ ਸਿਰਮੌਰ ਇਨਕਲਾਬੀ ਕਵੀ ਅਵਤਾਰ ਪਾਸ਼ ਅਤੇ ਉਸ ਦੇ ਜਿਗਰੀ ਸਾਥੀ ਹੰਸ ਰਾਜ ਦੀ ਯਾਦ 'ਚ ਹਰ ਸਾਲ ਦੀ ਤਰ੍ਹਾਂ 23 ਮਾਰਚ ਨੂੰ ਉਨ੍ਹਾਂ ਦੇ ਜੱਦੀ ਪਿੰਡ ਤਲਵੰਡੀ ਸਲੇਮ ਵਿਖੇ ਹੋਣ ਜਾ ਰਹੇ ਸਾਲਾਨਾ ਯਾਦਗਾਰੀ ਸਮਾਗਮ 'ਚ ਸ਼ਿਰਕਤ ਕਰਨ ਲਈ ਕਵੀ ਪਾਸ਼ ਦੀਆਂ ਭੈਣਾਂ ਪਰਮਿੰਦਰ ਕੌਰ ਪੰਮੀ ਗਿੱਲ ਅਮਰੀਕਾ ਤੋਂ ਅਤੇ ਰਾਜਿੰਦਰ ਕੌਰ ਹਾਲੈਂਡ ਤੋਂ ਉਚੇਚੇ ਤੌਰ 'ਤੇ ਪੁੱਜ ਗਈਆਂ ਹਨ । ਇਸ ਤਰ੍ਹਾਂ ਹੀ ਸ਼ਹੀਦ ਹੰਸ ਰਾਜ ਦੇ ਭਰਾ ਹਰਬੰਸ ਸਿੰਘ ਵੀ ਨਿਊਜ਼ੀਲੈਂਡ ਤੋਂ ਪਹੁੰਚ ਗਏ ਹਨ । ਅੱਜ ਪਾਸ਼ ਦੀਆਂ ਭੈਣਾਂ, ਪਾਸ਼ ਦੇ ਭਰਾ ਸੁੱਚਾ ਸਿੰਘ ਅਤੇ ਪੰਜਾਬ ਲੋਕ ਸੱਭਿਆਚਾਰਕ ਮੰਚ (ਪਲਸ ਮੰਚ) ਦੇ ਪ੍ਰਧਾਨ ਅਮੋਲਕ ਸਿੰਘ ਨੇ ਤਲਵੰਡੀ ਸਲੇਮ ਸ਼ਹੀਦੀ ਸਥਾਨ 'ਤੇ ਸ਼ਹੀਦਾਂ ਦੀ ਲਹੂ ਰੱਤੀ ਮਿੱਟੀ ਨੂੰ ਸਿਜਦਾ ਕੀਤਾ। ਇਸ ਮੌਕੇ ਭੈਣਾਂ ਨੇ ਆਪਣੇ ਜਜ਼ਬਾਤਾਂ ਦੀ ਸਾਂਝ ਪਾਉਂਦਿਆਂ ਕਿਹਾ ਕਿ ਜਿਵੇਂ 23 ਮਾਰਚ 1931 ਨੂੰ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੂੰ ਫਾਂਸੀ ਦੇ ਤਖਤੇ 'ਤੇ ਲਟਕਾ ਕੇ ਅਜ਼ਾਦੀ, ਲੋਕ-ਮੁਕਤੀ ਦੀ ਜੱਦੋ ਜਹਿਦ ਦੇ ਗਲ ਅੰਗੂਠਾ ਦੇਣ ਦਾ ਭਰਮ ਪਾਲਿਆ ਗਿਆ ਸੀ ਕਿ ਇਉਂ ਹੀ ਪਾਸ਼ ਅਤੇ ਉਸ ਦੇ ਸਾਥੀਆਂ ਨੂੰ ਜਾਨੋਂ ਮਾਰ ਕੇ ਕਵਿਤਾ, ਕਲਮ, ਕਲਾ ਲੋਕ ਸੰਗਰਾਮ ਅਤੇ ਲੋਕ ਮੁਕਤੀ ਦੀ ਜਗਦੀ ਮਸ਼ਾਲ ਹੋਰ ਵੀ ਰੋਸ਼ਨ ਹੋਈ ਹੈ। ਭੈਣਾਂ ਨੇ ਆਪਣੀਆਂ ਯਾਦਾਂ ਦੇ ਅਭੁੱਲ ਪਲ ਸਾਂਝੇ ਕਰਦਿਆਂ ਦੱਸਿਆ ਕਿ ਪਾਸ਼ ਨੇ ਚੜ੍ਹਦੀ ਉਮਰੇ ਪਿੰਡ ਵਿੱਚ ਨੌਜਵਾਨ ਸਭਾ ਵੱਲੋਂ ਸ਼ਹੀਦ ਭਗਤ ਸਿੰਘ , ਰਾਜਗੁਰੂ ਅਤੇ ਸੁਖਦੇਵ ਦੀ ਯਾਦ 'ਚ ਕੀਤੇ ਸਮਾਗਮ ਮੌਕੇ ਖੇਡੇ ਨਾਟਕ 'ਪੋਰਸ ਸਿਕੰਦਰ' ਵਿੱਚ ਪੋਰਸ ਦੀ ਭੂਮਿਕਾ ਨਿਭਾਈ ਸੀ। ਇਉਂ ਹੀ ਉੱਗੀ ਵਿਖੇ ਉਸ ਨੇ ਆਪਣੇ ਸਕੂਲ ਵਿੱਚ 23 ਮਾਰਚ ਦੇ ਸ਼ਹੀਦਾਂ ਨੂੰ ਸਮਰਪਤ ਸਮਾਗਮ ਕਰਵਾਇਆ ਸੀ। ਉਨ੍ਹਾਂ ਅਮਰ ਸ਼ਹੀਦਾਂ ਦੇ ਕਾਜ ਨੇਪਰੇ ਚਾੜ੍ਹਨ ਲਈ ਪੰਜਾਬੀ ਕਵਿਤਾ ਨੂੰ ਉਚੇਰੇ ਮੁਕਾਮ 'ਤੇ ਪਹੁੰਚਾਉਣ ਦੇ ਮਾਰਗ ਚਲਦਿਆਂ ਇਹੋ ਦਿਹਾੜਾ ਸੀ ਜਦੋਂ 23 ਮਾਰਚ 1988 ਨੂੰ ਪਾਸ਼ ਅਤੇ ਹੰਸ ਰਾਜ ਨੂੰ ਸ਼ਹੀਦ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪਾਸ਼ ਦਾ ਕਾਵਿ-ਸੰਸਾਰ ਮੂੰਹੋਂ ਬੋਲਦਾ ਹੈ ਕਿ ਪਾਸ਼ ਨੇ ਹਕੂਮਤੀ ਜਬਰ, ਹਰ ਵੰਨਗੀ ਦੀ ਫਿਰਕਾਪ੍ਰਸਤੀ, ਦੇਸੀ ਬਦੇਸੀ ਲੁੱਟ, ਜਾਤ ਪਾਤ ਦੇ ਕੋਹੜ , ਵਿਤਕਰੇ, ਅਨਿਆਂ ਅਤੇ ਜਬਰ ਖਿਲਾਫ ਬੇਕਿਰਕੀ ਨਾਲ ਲਿਖਿਆ ਹੈ। ਪਾਸ਼ ਖਿਲਾਫ ਅੱਜ ਵੀ ਡਾਲਰਾਂ 'ਚ ਖੇਡਣ ਦੀ ਲਾਲਸਾ 'ਚ ਗਲਤਾਨ ਹੋਏ ਕੁਝ ਅਨਸਰ ਮਨਘੜਤ ਕਹਾਣੀਆਂ ਘੜ ਕੇ ਪਾਸ਼ ਨੂੰ ਬਦਨਾਮ ਕਰਨ ਅਤੇ ਉਸ ਦੀ ਕਵਿਤਾ ਦਾ ਰਾਹ ਡੱਕਣ ਦੇ ਭੁਲੇਖੇ ਪਾਲਦਿਆਂ ਨਿਰ ਆਧਾਰ, ਭੰਡੀ ਪ੍ਰਚਾਰ ਕਰਦੇ ਹਨ। ਪਾਸ਼ ਦੀਆਂ ਭੈਣਾਂ ਨੇ ਪੰਜਾਬੀ ਸਾਹਿਤਕਾਰਾਂ, ਕਵੀਆਂ, ਲੇਖਕਾਂ, ਰੰਗਕਰਮੀਆਂ, ਕਲਾਕਾਰਾਂ ਨੂੰ ਸਲਾਮ ਕੀਤਾ, ਜਿਨ੍ਹਾਂ ਨੇ ਪਾਸ਼ ਦੀ ਕਲਮ ਦਾ ਸਫਰ ਜਾਰੀ ਰੱਖਦਿਆਂ ਇਹ ਸਾਬਤ ਕਰ ਦਿੱਤਾ ਕਿ ਜਾਬਰਾਨਾ ਹੱਲਿਆਂ ਨਾਲ ਕੋਈ ਵੀ ਤਾਕਤ ਕਵਿਤਾ ਦੀ ਹੱਤਿਆ ਨਹੀਂ ਕਰ ਸਕਦੀ। ਇਸ ਮੌਕੇ ਪਲਸ ਮੰਚ ਦੇ ਪ੍ਰਧਾਨ ਅਮੋਲਕ ਸਿੰਘ ਨੇ ਕਿਹਾ ਕਿ ਸ਼ਹੀਦਾਂ ਦੇ ਪਰਵਾਰਾਂ ਉਪਰ ਪੰਜਾਬ ਦੀ ਸਾਹਿਤਕ ਸੱਭਿਆਚਾਰਕ ਅਤੇ ਲੋਕ-ਪੱਖੀ ਲਹਿਰ ਨੂੰ ਮਾਣ ਹੈ, ਜਿਨ੍ਹਾਂ ਨੇ ਵਰ੍ਹਦੀ ਅੱਗ ਵਿੱਚ ਦਹਿਕਦੇ ਅੰਗਿਆਰਾਂ 'ਤੇ ਸਫਰ ਜਾਰੀ ਰੱਖਿਆ ਅਤੇ ਅੱਜ ਵੀ ਉਨ੍ਹਾਂ ਦਾ ਗੌਰਵਮਈ ਪਰਚਮ ਬੁਲੰਦ ਰੱਖ ਰਹੇ ਹਨ। ਅਮੋਲਕ ਸਿੰਘ ਨੇ ਕਿਹਾ ਕਿ ਪਾਸ਼ ਦੀ ਕਵਿਤਾ ਦਿਨ ਬਦਿਨ ਹੋਰ ਵੀ ਲੋਕ ਮਨਾਂ ਉੱਪਰ ਅਮਿੱਟ ਪ੍ਰਭਾਵ ਛੱਡਣ ਅਤੇ ਪ੍ਰਸੰਗਕ ਹੋ ਰਹੀ ਹੈ।

ਇਸ ਦੌਰਾਨ ਅਮਰੀਕਾ ਤੋਂ ਫੋਨ 'ਤੇ ਗੱਲਬਾਤ ਦੌਰਾਨ ਪਾਸ਼ ਦੀ ਧੀ ਵਿੰਕਲ ਨੇ ਕਿਹਾ ਕਿ ਉਸ ਕਾਫਲੇ ਨੂੰ ਸਲਾਮ ਹੈ ਜਿਸ ਨੇ ਪਾਸ਼ ਦੀ ਕਵਿਤਾ ਦੇ ਪੈੜਾਂ ਦੇ ਨਿਸ਼ਾਨ ਮੱਧਮ ਨਹੀਂ ਪੈਣ ਦਿੱਤੇ ਅਤੇ ਪਾਸ਼ ਦੇ ਸੁਪਨਿਆਂ ਲੱਦੀ ਸੋਨੇ ਦੀ ਸਵੇਰ ਲਿਆਉਣ ਲਈ ਜਿਹੜੇ ਸਦਾ ਸਫਰ 'ਤੇ ਰਹਿੰਦੇ ਹਨ। ਪ੍ਰੈਸ ਨਾਲ ਇਹ ਜਾਣਕਾਰੀ ਸਾਂਝੀ ਕਰਦਿਆਂ ਪਲਸ ਮੰਚ ਦੇ ਪ੍ਰਧਾਨ ਅਮੋਲਕ ਸਿੰਘ ਨੇ ਦੱਸਿਆ ਕਿ ਪਾਸ਼ ਦੀਆਂ ਭੈਣਾਂ, ਹੰਸ ਰਾਜ ਦੇ ਭਰਾ ਹਰਬੰਸ ਸਿੰਘ ਨੇ ਸਮੂਹ ਲੋਕ-ਪੱਖੀ ਜਥੇਬੰਦੀਆਂ, ਸਾਹਿਤਕ, ਤਰਕਸ਼ੀਲ, ਜਮਹੂਰੀ ਸੰਸਥਾਵਾਂ ਅਤੇ ਵਿਅਕਤੀਆਂ ਨੂੰ 23 ਮਾਰਚ ਦਿਨੇ 11 ਵਜੇ ਤਲਵੰਡੀ ਸਲੇਮ ਹੋ ਰਹੇ ਸਮਾਗਮ ਵਿੱਚ ਸ਼ਿਰਕਤ ਕਰਨ ਲਈ ਜ਼ੋਰਦਾਰ ਅਪੀਲ ਕੀਤੀ ਹੈ। ਸ਼ਹੀਦੀ ਯਾਦਗਾਰ ਕਮੇਟੀ ਇਲਾਕਾ ਨਕੋਦਰ ਵੱਲੋਂ ਕੀਤੇ ਜਾ ਰਹੇ ਸਮਾਗਮ ਵਿੱਚ ਵਿਚਾਰ ਚਰਚਾ ਅਤੇ ਡਾ. ਸਾਹਿਬ ਸਿੰਘ ਵੱਲੋਂ ਨਾਟਕ ਲੱਛੂ ਕਬਾੜੀਆ ਦਾ ਮੰਚਣ ਹੋਵੇਗਾ ।

22-MAR-PAGE-10.qxd 3/21/2023 11:18 PM Page 1



# ਪਾਤੜਾਂ 'ਚ ਮੁੜ ਕਣਕ ਘੁਟਾਲੇ ਦਾ ਖਦਸ਼ਾ !

## 50 ਕਿੱਲੋ ਦੇ ਥੈਲਿਆਂ ਦੀ ਕੀਤੀ ਜਾ ਰਹੀ 30 ਕਿੱਲੋ ਦੇ ਥੈਲਿਆਂ 'ਚ ਮੁੜ ਭਰਤੀ


ਗੁਦਾਮ ਵਿੱਚ 30 ਕਿੱਲੋ ਕਣਕ ਦੇ ਭਰੇ ਹੋਏ ਥੈਲੇ।

**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)** ਦਿੱਲੀ-ਸੰਗਰੂਰ ਕੌਮੀ ਮੁੱਖ ਮਾਰਗ ਉੱਤੇ ਸ਼ਹਿਰ ਤੋਂ ਕੁੱਝ ਕਿਲੋਮੀਟਰ ਦੀ ਦੂਰੀ 'ਤੇ ਪਿੰਡ ਕੁਆਡੋਂਗੀ ਦੇ ਨਜ਼ਦੀਕ ਖਰੀਦ ਏਜੰਸੀ ਪਨਗਰੇਨ ਦੇ ਗੁਦਾਮ ਵਿੱਚ ਕਣਕ ਦੀਆਂ ਪੰਜਾਹ ਕਿੱਲੋ ਵਾਲੀਆਂ ਬੋਰੀਆਂ ਖੋਲ੍ਹ ਕੇ ਪੰਜਾਬ ਸਰਕਾਰ ਵੱਲੋਂ ਆਟਾ ਦਾਲ ਸਕੀਮ ਤਹਿਤ ਦਿੱਤੀ ਜਾਣ ਵਾਲੀ 30 ਕਿੱਲੋ ਦੇ ਥੈਲਿਆਂ ਵਿੱਚ ਭਰੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਪਤਾ ਲੱਗਣ 'ਤੇ ਜਦੋਂ ਪੱਤਰਕਾਰਾਂ ਦੀ ਟੀਮ ਸਬੰਧਤ ਗੁਦਾਮ ਵਿੱਚ ਪਹੁੰਚੀ ਤਾਂ ਉਥੇ ਖਰੀਦ ਏਜੰਸੀ ਦਾ ਕੋਈ ਵੀ ਅਧਿਕਾਰੀ ਮੌਜੂਦ ਨਹੀਂ ਸੀ, ਸਗੋਂ ਦੇਖਦਿਆਂ ਹੀ ਕੰਮ ਵਿੱਚ ਲੱਗੇ ਮਜ਼ਦੂਰ ਰਫੂ ਚੱਕਰ ਹੋ ਗਏ।

ਮਾਮਲੇ ਦਾ ਪਰਦਾਫਾਸ਼ ਕਰਨ ਵਾਲੇ ਐਡਵੋਕੇਟ ਆਤਮਾ ਰਾਮ ਨੇ ਦੱਸਿਆ ਕਿ ਪਿਛਲੇ ਸਾਲ ਪਾਤੜਾਂ ਦੇ ਬਹੁ-ਚਰਚਿਤ ਅਨਾਜ ਘੁਟਾਲੇ ਦੇ ਚਰਚਾ ਵਿੱਚ ਆਉਣ ਮਗਰੋਂ ਫੂਡ ਸਪਲਾਈ ਵਿਭਾਗ ਵੱਲੋਂ ਉਕਤ ਗੋਦਾਮ ਵਿੱਚ ਸਟੋਰ ਕੀਤੀ ਗਈ ਕਣਕ ਦੀ ਦੇਖ-ਰੇਖ ਲਈ ਕਮੇਟੀ ਦਾ ਗਠਨ ਕੀਤਾ ਗਿਆ ਸੀ, ਪਰ ਕਮੇਟੀ ਉਸ ਸਮੇਂ ਵਿਵਾਦਾਂ ਵਿੱਚ ਘਿਰ ਗਈ, ਜਦੋਂ ਖਰੀਦ ਏਜੰਸੀ ਪਨਗਰੇਨ ਵੱਲੋਂ ਜੀ ਐੱਸ ਉਪਨ ਪਲੰਥ ਵਿੱਚ ਖਰੀਦ ਏਜੰਸੀ ਵੱਲੋਂ ਪਿਛਲੇ ਸਾਲ ਸਟੋਰ ਕੀਤੀ ਗਈ ਕਣਕ ਦੇ ਥੈਲੇ ਵਿੱਚੋਂ ਕਣਕ ਕੱਢ ਕੇ 30 ਕਿੱਲੋ ਦੀ ਭਰਤੀ ਵਾਲੇ ਨਵੇਂ ਥੈਲੇ ਭਰੇ ਜਾ ਰਹੇ ਹਨ, ਜਦੋਂਕਿ ਨਿਯਮਾਂ ਮੁਤਾਬਕ ਅਜਿਹਾ ਨਹੀਂ ਕੀਤਾ ਜਾ ਸਕਦਾ। ਉਨ੍ਹਾ ਦੱਸਿਆ ਕਿ ਇਸ ਗੋਦਾਮ ਵਿੱਚ ਸਿਰਫ 50 ਕਿੱਲੋ ਦੀ ਭਰਤੀ ਵਾਲੀ ਕਣਕ ਹੀ ਸਟੋਰ ਕੀਤੀ ਜਾ ਸਕਦੀ ਹੈ। ਉਨ੍ਹਾ ਦਿਖਾਇਆ ਕਿ ਜਿਨ੍ਹਾਂ ਥੈਲਿਆਂ ਵਿੱਚੋਂ ਕਣਕ ਕੱਢੀ ਜਾ ਰਹੀ ਹੈ, ਉਨ੍ਹਾਂ ਵਿੱਚੋਂ ਵੀ ਵੱਡੀ ਪੱਧਰ ਉੱਤੇ ਗਲੀ-ਸੜੀ ਕਣਕ ਮੁੜ ਬੋਰਿਆਂ ਵਿੱਚ ਭਰੀ ਜਾ ਰਹੀ ਹੈ। ਮਾਮਲੇ ਦੀ ਬਰੀਕੀ ਨਾਲ ਪੜਤਾਲ ਦੀ ਮੰਗ ਕਰਦਿਆਂ ਉਨ੍ਹਾਂ ਕਿਹਾ ਕਿ ਅਧਿਕਾਰੀਆਂ ਦੀ ਕਥਿਤ ਮਿਲੀਭੁਗਤ ਨਾਲ ਕੀਤੇ ਜਾ ਰਹੇ ਇਸ ਘੁਟਾਲੇ ਨੂੰ ਨੰਗਾ ਕੀਤਾ ਜਾਵੇ।

ਮਾਮਲੇ ਸਬੰਧੀ ਸਹਾਇਕ ਫੂਡ ਸਪਲਾਈ ਅਫਸਰ ਨਿਖਲ ਵਾਲੀਆ ਨਾਲ ਗੱਲ ਕੀਤੀ ਤਾਂ ਉਨ੍ਹਾ ਕਿਹਾ ਕਿ ਕਣਕ ਨੂੰ ਬਦਲ ਕੇ ਭਰਨ ਦੀ ਸਾਰੀ ਕਾਰਵਾਈ ਨਿਯਮਾਂ ਤਹਿਤ ਕੀਤੀ ਜਾ ਰਹੀ ਹੈ। ਕਿਸੇ ਵੀ ਅਧਿਕਾਰੀ ਦੇ ਮੌਕੇ 'ਤੇ ਹਾਜ਼ਰ ਨਾ ਹੋਣ ਸਬੰਧੀ ਉਨ੍ਹਾ ਕਿਹਾ ਕਿ ਇੰਸਪੈਕਟਰ ਨੂੰ ਐੱਸ ਡੀ ਐੱਮ ਸਮਾਣਾ ਵੱਲੋਂ ਮੀਟਿੰਗ ਲਈ ਬੁਲਾਏ ਜਾਣ ਕਰਕੇ ਉਹ ਚਲਾ ਗਿਆ ਹੈ। ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਰਵਿੰਦਰ ਕੌਰ ਨਾਲ ਗੱਲ ਕਰਨ ਦੀ ਕੋਸ਼ਿਸ਼ ਕੀਤੀ ਤਾਂ ਉਨ੍ਹਾ ਕਿਹਾ ਕਿ ਉਹ ਕੱਲ੍ਹ ਹੀ ਚੈੱਕ ਕਰਵਾਉਣਗੇ। ਇੰਨਾ ਕਹਿ ਕੇ ਉਨ੍ਹਾ ਫੋਨ ਕੱਟ ਦਿੱਤਾ, ਪਰ ਵਾਰ ਵਾਰ ਟਰਾਈ ਕਰਨ ਦੇ ਬਾਵਜੂਦ ਉਨ੍ਹਾ ਫੋਨ ਅਟੈਂਡ ਨਹੀਂ ਕੀਤਾ।

# ਪੁਲਸ ਪ੍ਰਸ਼ਾਸਨ ਨੇ ਐਂਟਰੀ ਪੁਆਇੰਟਾਂ 'ਤੇ ਨਾਕਾਬੰਦੀ 'ਚ ਕੀਤੀ ਸਖ਼ਤੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਅੰਦਰ ਮੌਜੂਦਾ ਹਾਲਾਤ ਨੂੰ ਦੇਖਦੇ ਹੋਏ ਸਰਕਾਰ ਵੱਲੋਂ ਇੰਟਰਨੈੱਟ ਤੇ ਐੱਸ ਐੱਮ ਐੱਸ ਸੇਵਾਵਾਂ 'ਤੇ ਲਾਈ ਪਾਬੰਦੀ ਨੂੰ 48 ਘੰਟੇ ਲਈ ਵਧਾ ਦਿੱਤਾ ਗਿਆ ਹੈ, ਜਿਸ ਦੇ ਤਹਿਤ 23 ਮਾਰਚ ਦੀ ਦੁਪਹਿਰ 12 ਵਜੇ ਤੱਕ ਇੰਟਰਨੈੱਟ ਤੇ ਐੱਸ ਐੱਮ ਐੱਸ ਸੇਵਾਵਾਂ ਬੰਦ ਰਹਿਣਗੀਆਂ। ਇੱਥੇ ਦੱਸਣਾ ਅਹਿਮ ਹੈ ਕਿ ਕੇਂਦਰੀ ਫੋਰਸਾਂ ਤੇ ਪੰਜਾਬ ਪੁਲਸ ਵੱਲੋਂ ਵਾਰਸ ਪੰਜਾਬ ਦੇ ਮੁਖੀ ਅੰਮ੍ਰਿਤਪਾਲ ਸਿੰਘ ਨੂੰ ਗ੍ਰਿਫ਼ਤਾਰ ਕਰਨ ਲਈ ਪਿਛਲੇ ਕਰੀਬ ਤਿੰਨ ਦਿਨਾਂ ਤੋਂ ਸੂਬੇ ਅੰਦਰ ਵੱਖ-ਵੱਖ ਥਾਵਾਂ 'ਤੇ ਲਗਾਤਾਰ ਛਾਪੇਮਾਰੀ ਜਾਰੀ ਹੈ, ਪਰ ਅੰਮ੍ਰਿਤਪਾਲ ਸਿੰਘ ਪੁਲਸ ਦੀ ਗ੍ਰਿਫ਼ਤ ਤੋਂ ਬਾਹਰ ਦੱਸਿਆ ਜਾ ਰਿਹਾ ਹੈ। ਇਸ ਦੇ ਚੱਲਦੇ ਥਾਣਾ ਸਦਰ ਫ਼ਿਰੋਜ਼ਪੁਰ ਅਧੀਨ ਆਉਂਦੇ ਚੌਕ-ਚੌਰਾਹਾ, ਰੇਲਵੇ ਸਟੇਸ਼ਨ 'ਤੇ ਪੁਲਸ ਵੱਲੋਂ ਸ਼ਖ਼ਤੀ ਕਰਦੇ ਹੋਏ ਸ਼ੱਕੀ ਵਿਅਕਤੀਆਂ ਤੇ ਗੱਡੀਆਂ ਦੀ ਚੈਕਿੰਗ ਬਾਰੀਕੀ ਨਾਲ ਕੀਤੀ ਜਾ ਰਹੀ ਹੈ। ਜ਼ਿਲ੍ਹੇ ਵਿੱਚ ਸ਼ਾਂਤੀ ਦਾ ਮਾਹੌਲ ਕਾਇਮ ਰੱਖਣ ਲਈ ਜ਼ਿਲ੍ਹੇ ਦੇ ਡੀ ਸੀ ਰਾਜੇਸ਼ ਧੀਮਾਨ ਵੱਲੋਂ ਧਾਰਾ 144 ਲਾਗੂ ਕਰਨ ਦੇ ਆਦੇਸ਼ ਜਾਰੀ ਕੀਤੇ ਹੋਏ ਹ। ਜ਼ਿਲ੍ਹੇ ਵਿੱਚ ਪੁਲਸ ਪ੍ਰਸ਼ਾਸਨ ਨੇ ਐਂਟਰੀ ਪੁਆਇੰਟਾਂ 'ਤੇ ਨਾਕਾਬੰਦੀ ਵਿੱਚ ਸਖ਼ਤੀ ਵਧਾ ਕੇ ਜਵਾਨਾਂ ਦੀ ਤਾਇਨਾਤੀ ਵਧਾ ਦਿੱਤੀ ਹੈ। ਬੀਤੇ ਦਿਨ ਐੱਸ ਪੀ ਡੀ ਰਣਧੀਰ ਕੁਮਾਰ ਦੇ ਨਿਰਦੇਸ਼ ਹੇਠ ਥਾਣਾ ਸਦਰ ਦੇ ਇੰਸਪੈਕਟਰ ਰਵੀ ਕੁਮਾਰ ਦੀ ਅਗਵਾਈ ਵਿੱਚ ਐਂਟਰੀ ਪੁਆਇੰਟਾਂ, ਚੌਕਾਂ 'ਤੇ ਪੀ ਸੀ ਆਰ ਦੇ ਮੁਲਾਜ਼ਮ ਅਮਨ-ਕਾਨੂੰਨ ਦੀ ਵਿਵਸਥਾ ਬਣਾਈ ਰੱਖਣ ਲਈ ਲਗਾਤਾਰ ਖੇਤਰ ਵਿੱਚ ਮੁਸਤੈਦ ਰਹੇ। ਥਾਣਾ ਸਦਰ ਦੇ ਮੁਖੀ ਇੰਸਪੈਕਟਰ ਰਵੀ ਕੁਮਾਰ ਨੇ ਦੱਸਿਆ ਕਿ ਲੋਕਾਂ ਦੀ ਸੁਰੱਖਿਆ ਦੇ ਮੱਦੇਨਜ਼ਰ ਚੈਕਿੰਗ ਅਭਿਆਨ ਚਲਾਇਆ ਜਾ ਰਿਹਾ ਹੈ ਤਾਂ ਜੋ ਕੋਈ ਸ਼ਰਾਰਤੀ ਅਨਸਰ ਕਿਸੇ ਮਾੜੀ ਘਟਨਾ ਨੂੰ ਅੰਜਾਮ ਨਾ ਦੇ ਸਕੇ। ਦੂਸਰੇ ਪਾਸੇ ਇੰਟਰਨੈੱਟ ਸੇਵਾਵਾਂ ਬੰਦ ਹੋਣ ਨਾਲ ਜਿੱਥੇ ਡਿਜੀਟਲ ਲੈਣ-ਦੇਣ ਪ੍ਰਭਾਵਿਤ ਹੋਇਆ ਹੈ, ਉੱਥੇ ਹੀ ਖਾਣ-ਪੀਣ ਦੇ ਕਾਰੋਬਾਰ ਨਾਲ ਜੁੜੇ ਹੋਟਲ ਮਾਲਕਾਂ ਨੂੰ ਆਨਲਾਈਨ ਆਰਡਰ ਨਹੀਂ ਮਿਲ ਰਹੇ, ਜਿਸ ਕਾਰਨ ਹੋਮ ਡਲਿਵਰੀ ਕਰਨ ਵਾਲੇ ਨੌਜਵਾਨਾਂ ਦੇ ਕੰਮ 'ਤੇ ਬਰੇਕ ਲੱਗ ਗਈ ਹੈ, ਕਿਉਂਕਿ ਇੰਟਰਨੈੱਟ ਸੇਵਾ ਬੰਦ ਹੋਣ ਕਾਰਨ ਲੋਕ ਆਨਲਾਈਨ ਆਰਡਰ ਨਹੀਂ ਕਰ ਸਕੇ, ਜਿਸ ਕਾਰਨ ਕੰਮਕਾਜ ਪ੍ਰਭਾਵਿਤ ਹੋਇਆ ਹੈ।

# ਨੇਤਰਹੀਣ ਵੀਰਪਾਲ ਕੌਰ ਨੇ ਕੌਮੀ ਜੂਡੋ ਕਰਾਟੇ ਚੈਂਪੀਅਨਸ਼ਿਪ 'ਚ ਸੋਨ ਤਮਗ਼ਾ ਜਿੱਤਿਆ

- ਵੀਰਪਾਲ ਕੌਰ ਦਾ ਪਿੰਡ ਪਰਤਣ 'ਤੇ ਨਗਰ ਵਾਸੀਆਂ ਤੇ ਸਕੂਲ ਸਟਾਫ ਵੱਲੋਂ ਨਿੱਘਾ ਸਵਾਗਤ
- ਜੇਕਰ ਅਸੀਂ ਕਿਸੇ ਅੰਗ ਤੋਂ ਹੀਣ ਹਾਂ ਤਾਂ ਸਾਨੂੰ ਖੁਦ ਨੂੰ ਕਮਜ਼ੋਰ ਨਹੀਂ ਸਮਝਣਾ ਚਾਹੀਦਾ : ਵੀਰਪਾਲ ਕੌਰ



**ਮਾਨਸਾ (ਗੀਤਵਾਲ)**-ਨੇਤਰਹੀਣ ਹੋਣ ਕਾਰਨ ਪੰਜਵੀਂ ਜਮਾਤ ਤੱਕ ਦੀ ਪੜ੍ਹਾਈ ਪਿੰਡ ਦੇ ਸਕੂਲ 'ਚ ਕਰਕੇ ਪਟਿਆਲਾ ਦੇ ਸਕੂਲ 'ਚ ਸਿੱਖਿਆ ਹਾਸਲ ਕਰ ਰਹੀ ਜ਼ਿਲ੍ਹੇ ਦੇ ਪਿੰਡ ਜਟਾਣਾ ਕਲਾਂ ਦੀ ਵਿਦਿਆਰਥਣ ਵੀਰਪਾਲ ਕੌਰ ਨੇ ਲਖਨਊ ਵਿਖੇ ਹੋਈ ਜੂਡੋ ਕਰਾਟੇ ਖੇਡ ਦੀ ਕੌਮੀ ਚੈਂਪੀਅਨਸ਼ਿਪ ਵਿੱਚ ਸੋਨੇ ਦਾ ਤਮਗ਼ਾ ਹਾਸਲ ਕੀਤਾ ਹੈ।

ਖਿਡਾਰਨ ਵੀਰਪਾਲ ਕੌਰ ਦਾ ਪਿੰਡ ਪਰਤਣ 'ਤੇ ਪਿੰਡ ਵਾਸੀਆਂ ਤੇ ਸਕੂਲ ਸਟਾਫ ਨੇ ਨਿੱਘਾ ਸਵਾਗਤ ਕੀਤਾ। ਵੀਰਪਾਲ ਕੌਰ ਨੇ ਕਿਹਾ ਕਿ ਜੇਕਰ ਅਸੀਂ ਕਿਸੇ ਅੰਗ ਤੋਂ ਹੀਣ ਹਾਂ ਤਾਂ ਸਾਨੂੰ ਖੁਦ ਨੂੰ ਕਮਜ਼ੋਰ ਨਹੀਂ ਸਮਝਣਾ ਚਾਹੀਦਾ, ਕਿਉਂਕਿ ਅਸੀਂ ਕੁਝ ਵੀ ਕਰ ਸਕਦੇ ਹਾਂ। ਦੱਸਣਯੋਗ ਹੈ ਕਿ ਵੀਰਪਾਲ ਕੌਰ ਦਾ ਭਰਾ ਵੀ ਨੇਤਰਹੀਣ ਹੈ। ਨੇਤਰਹੀਣ ਹੋਣ ਦੇ ਬਾਵਜੂਦ ਜੂਡੋ ਖੇਡ ਵਿੱਚ ਸੋਨ ਤਮਗ਼ਾ ਜਿੱਤਣ ਵਾਲੀ ਖਿਡਾਰਨ ਵੀਰਪਾਲ ਕੌਰ ਨੇ ਕਿਹਾ ਕਿ ਮੈਂ ਲਖਨਊ ਵਿੱਚ ਹੋਈਆਂ ਖੇਡਾਂ ਵਿੱਚ ਗੋਲਡ ਮੈਡਲ ਹਾਸਲ ਕੀਤਾ ਹੈ ਅਤੇ ਮੈਡਲ ਜਿੱਤਣ ਤੋਂ ਬਾਅਦ ਪਿੰਡ ਦੇ ਪੁਰਾਣੇ ਸਕੂਲ ਵਿੱਚ ਆ ਕੇ ਬਹੁਤ ਖ਼ੁਸ਼ੀ ਹੋਈ ਹੈ। ਉਨ੍ਹਾ ਕਿਹਾ ਕਿ ਮੈਨੂੰ ਪਹਿਲਾਂ ਲੱਗਦਾ ਸੀ ਕਿ ਮੈਂ ਨਹੀਂ ਕਰ ਪਾਵਾਂਗਾ, ਪਰ ਬਾਅਦ ਵਿੱਚ ਲੱਗਿਆ ਕਿ ਮੈਂ ਇਹ ਕਰਨਾ ਹੈ। ਉਨ੍ਹਾ ਕਿਹਾ ਕਿ ਮੇਰੇ ਕੋਚ ਤੇ ਅਧਿਆਪਕਾਂ ਨੇ ਵੀ ਬਹੁਤ ਸਹਿਯੋਗ ਕੀਤਾ ਹੈ। ਉਸ ਨੇ ਕਿਹਾ ਕਿ ਜੇ ਅਸੀਂ ਸਰੀਰਕ ਤੌਰ 'ਤੇ ਕਿਸੇ ਅੰਗ ਤੋਂ ਹੀਣ ਹਾਂ ਤਾਂ ਸਾਨੂੰ ਖੁਦ ਨੂੰ ਕਮਜ਼ੋਰ ਨਹੀਂ ਸਮਝਣਾ ਚਾਹੀਦਾ, ਕਿਉਂਕਿ ਅਸੀਂ ਕੁਝ ਵੀ ਕਰ ਸਕਦੇ ਹਾਂ। ਖਿਡਾਰਨ ਵੀਰਪਾਲ ਕੌਰ ਦੇ ਪਿਤਾ ਜਗਤਾਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਦੋ ਬੱਚੇ ਹਨ ਅਤੇ ਦੋਵੇਂ ਹੀ ਨੇਤਰਹੀਣ ਹਨ। ਉਨ੍ਹਾਂ ਦੱਸਿਆ ਕਿ ਪੰਜਵੀਂ ਜਮਾਤ ਤੱਕ ਦੋਵੇਂ ਬੱਚੇ ਪਿੰਡ ਦੇ ਸਕੂਲ ਵਿੱਚ ਹੀ ਪੜ੍ਹੇ ਤੇ ਉਸ ਤੋਂ ਬਾਅਦ ਪੜ੍ਹਾਈ ਲਈ ਪਟਿਆਲਾ ਚਲੇ ਗਏ, ਜਿੱਥੇ ਅਧਿਆਪਕਾਂ ਨੇ ਇਨ੍ਹਾਂ ਨੂੰ ਖੇਡਾਂ ਨਾਲ ਜੋੜ ਦਿੱਤਾ। ਉਨ੍ਹਾ ਕਿਹਾ ਕਿ ਹੁਣ ਵੀਰਪਾਲ ਕੌਰ ਜੂਡੋ ਕਰਾਟੇ ਖੇਡ ਦੀ ਕੌਮੀ ਚੈਂਪੀਅਨਸ਼ਿਪ ਵਿੱਚ ਸੋਨੇ ਦਾ ਤਮਗ਼ਾ ਜਿੱਤ ਕੇ ਆਈ ਹੈ।

ਇਸ ਸਬੰਧੀ ਵੀਰਪਾਲ ਕੌਰ ਦੇ ਪੁਰਾਣੇ ਸਕੂਲ ਦੀ ਅਧਿਆਪਕਾ ਜਗਪ੍ਰੀਤ ਕੌਰ ਨੇ ਕਿਹਾ ਕਿ ਅੱਜ ਬੜੇ ਭਾਗਾਂ ਵਾਲਾ ਦਿਨ ਹੈ ਕਿ ਪਿੰਡ ਦੀ ਧੀ ਵੀਰਪਾਲ ਕੌਰ ਨੇ ਜੂਡੋ ਕਰਾਟੇ ਵਿੱਚ ਨੈਸ਼ਨਲ ਪੱਧਰ 'ਤੇ ਸੋਨ ਤਮਗ਼ਾ ਹਸਲ ਕੀਤਾ ਹੈ। ਉਨ੍ਹਾ ਕਿਹਾ ਕਿ ਬੇਸ਼ੱਕ ਦੋਵੇਂ ਭੈਣ-ਭਰਾ ਨੇਤਰਹੀਣ ਹਨ, ਪਰ ਅੱਜ ਵੀਰਪਾਲ ਕੌਰ ਨੇ ਇੱਕ ਅਜਿਹੀ ਪ੍ਰਾਪਤੀ ਕੀਤੀ ਹੈ, ਜੋ ਕਿ ਇੱਕ ਸੁਜਾਖਾ ਵੀ ਨਹੀਂ ਕਰ ਸਕਦਾ ਅਤੇ ਉਸ ਨੇ ਆਪਣੀ ਇਸ ਪ੍ਰਾਪਤੀ ਨਾਲ ਪੂਰੇ ਪਿੰਡ, ਜ਼ਿਲ੍ਹੇ ਤੇ ਸੂਬੇ ਦਾ ਨਾਮ ਰੌਸ਼ਨ ਕੀਤਾ ਹੈ। ਉਨ੍ਹਾ ਕਿਹਾ ਕਿ ਵੀਰਪਾਲ ਕੌਰ ਦੀ ਇਸ ਪ੍ਰਾਪਤੀ 'ਤੇ ਸਾਨੂੰ ਅੱਜ ਮਾਣ ਮਹਿਸੂਸ ਹੋ ਰਿਹਾ ਹੈ।

## ਕਾਤਰਾਂ

### ਔਰਤ ਦੀ ਕੁੱਟਮਾਰ, 5 ਖਿਲਾਫ ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਘੱਲ ਖੁਰਦ ਅਧੀਨ ਆਉਂਦੇ ਪਿੰਡ ਸੋਢੀ ਨਗਰ ਵਿਖੇ ਇੱਕ ਔਰਤ ਦੀ ਕੁੱਟਮਾਰ ਕਰਕੇ ਜ਼ਖਮੀਂ ਕਰਨ ਦੇ ਦੋਸ਼ ਵਿੱਚ ਪੁਲਸ ਨੇ 5 ਲੋਕਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਗਿਆਨ ਕੌਰ ਪਤਨੀ ਨਿਰਮਲ ਸਿੰਘ ਨੇ ਵਾਸੀ ਸੋਢੀ ਨਗਰ ਨੇ ਦੱਸਿਆ ਕਿ ਉਸ ਦੇ ਲੜਕੇ ਗੁਰਪ੍ਰੀਤ ਸਿੰਘ ਨੇ 8 ਜਨਵਰੀ 2016 ਨੂੰ 2 ਕਨਾਲ 10 ਮਰਲੇ ਜਗ੍ਹਾ ਜੋਗਿੰਦਰ ਕੌਰ ਪਤਨੀ ਚਰਨ ਸਿੰਘ ਤੇ ਸਰਬਜੀਤ ਕੌਰ ਪੁੱਤਰੀ ਚਰਨ ਸਿੰਘ ਪਾਸੋਂ ਰਜਿਸਟਰੀ ਕਰਵਾ ਕੇ 6 ਲੱਖ 71 ਹਜ਼ਾਰ ਰੁਪਏ ਖਰੀਦ ਕੀਤੀ ਸੀ ਤੇ ਇਸ ਜਗ੍ਹਾ 'ਤੇ ਉਸ ਨੇ ਇੱਕ ਕਮਰਾ ਤੇ ਚਾਰਦੀਵਾਰੀ ਕਰ ਲਈ ਸੀ। ਗਿਆਨ ਕੌਰ ਨੇ ਦੱਸਿਆ ਕਿ 18 ਮਾਰਚ ਨੂੰ ਕਰੀਬ 10 ਵਜੇ ਉਹ ਆਪਣੇ ਪਤੀ ਨਿਰਮਲ ਸਿੰਘ ਨਾਲ ਚਾਰ ਦੀਵਾਰੀ ਵਿੱਚ ਬੀਜੀ ਸਰ੍ਹੋਂ ਵੱਢ ਰਹੀ ਸੀ ਤਾਂ ਦੋਸ਼ੀਆਨ ਪਰਮਜੀਤ ਸਿੰਘ ਪੁੱਤਰ ਚਰਨ ਸਿੰਘ, ਰਣਜੀਤ ਸਿੰਘ, ਸੁਖਦੇਵ ਸਿੰਘ ਪੁੱਤਰਾਨ ਚਰਨ ਸਿੰਘ, ਸੁਖਪ੍ਰੀਤ ਕੌਰ ਪਤਨੀ ਰਣਜੀਤ ਸਿੰਘ, ਰਾਜਵਿੰਦਰ ਕੌਰ ਪੁੱਤਰੀ ਸੁਖਦੇਵ ਸਿੰਘ ਵਾਸੀਅਨ ਸੋਢੀ ਨਗਰ ਨੇ ਹਮਮਸ਼ਵਰਾ ਹੋ ਕੇ ਉਸ ਦੇ ਘਰ ਦਾਖਲ ਹੋ ਕੇ ਕੁੱਟਮਾਰ ਕੀਤੀ ਤੇ ਸੱਟਾਂ ਮਾਰੀਆਂ ਤੇ ਕੱਪੜੇ ਪਾੜ ਦਿੱਤੇ। ਗਿਆਨ ਕੌਰ ਨੇ ਦੱਸਿਆ ਕਿ ਉਸ ਦਾ ਇਲਾਜ ਸਿਵਲ ਹਸਪਤਾਲ ਫਿਰੋਜ਼ਪੁਰ ਵਿਖੇ ਚੱਲ ਰਿਹਾ ਹੈ।

### ਹੈਰੋਇਨ ਸਮੇਤ ਇੱਕ ਵਿਅਕਤੀ ਕਾਬੂ

**ਮਲੋਟ (ਗੁਰਮੀਤ ਸਿੰਘ ਮੱਕੜ)**-ਥਾਣਾ ਕਬਰਵਾਲਾ ਪੁਲਸ ਨੇ ਹੈਰੋਇਨ ਸਮੇਤ ਇੱਕ ਵਿਅਕਤੀ ਨੂੰ ਕਾਬੂ ਕੀਤਾ ਹੈ। ਪੁਲਸ ਪਾਰਟੀ ਗਸ਼ਤ ਦੌਰਾਨ ਪਿੰਡ ਰੱਤਾਖੇੜਾ ਸੀ ਤਾਂ ਸੜਕ ਦੇ ਕਿਨਾਰੇ ਇੱਕ ਵਿਅਕਤੀ ਦਰਬਾਰਾ ਸਿੰਘ ਵਾਸੀ ਰੱਤਾਖੇੜਾ ਬੈਠਾ ਸੀ, ਜੋ ਪੁਲਸ ਪਾਰਟੀ ਨੂੰ ਦੇਖ ਕੇ ਉੱਥੋਂ ਖਿਸਕਣ ਲੱਗਾ ਤਾਂ ਪੁਲਸ ਪਾਰਟੀ ਨੇ ਸ਼ੱਕ ਦੇ ਆਧਾਰ 'ਤੇ ਉਸ ਨੂੰ ਕਾਬੂ ਕਰ ਲਿਆ, ਜਿਸ ਦੀ ਤਲਾਸ਼ੀ ਲੈਣ ਉਪਰੰਤ ਉਸ ਕੋਲੋਂ ਇੱਕ ਗ੍ਰਾਮ ਹੈਰੋਇਨ ਬਰਾਮਦ ਕਰ ਲਈ ਗਈ। ਪੁਲਸ ਨੇ ਉਕਤ ਵਿਅਕਤੀ 'ਤੇ ਮੁਕੱਦਮਾ ਨੰ.40 ਧਾਰਾ 21ਏ/61/85 ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

### 60 ਬੋਤਲਾਂ ਨਜਾਇਜ਼ ਸ਼ਰਾਬ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ 60 ਬੋਤਲਾਂ ਨਜਾਇਜ਼ ਸ਼ਰਾਬ ਬਰਾਮਦ ਕਰਕੇ ਇੱਕ ਵਿਅਕਤੀ ਖਿਲਾਫ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਏਐੱਸਆਈ ਰਜਵੰਤ ਕੌਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿੱਚ ਗੱਟੀ ਰਾਜੋ ਕੇ ਪਾਸ ਪੁੱਜੇ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀ ਮਨਜੀਤ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਪਿੰਡ ਗੱਟੀ ਰਾਜੋ ਕੀ ਨਜਾਇਜ਼ ਸ਼ਰਾਬ ਕਸੀਦ ਕਰਕੇ ਵੇਚਣ ਦਾ ਆਦੀ ਹੈ, ਜੇਕਰ ਹੁਣੇ ਇਸ ਦੇ ਘਰ 'ਤੇ ਛਾਪੇਮਾਰੀ ਕੀਤੀ ਜਾਵੇ ਤਾਂ ਕਾਬੂ ਆ ਸਕਦਾ ਹੈ। ਪੁਲਸ ਪਾਰਟੀ ਵੱਲੋਂ ਮੁਲਜ਼ਮ ਦੇ ਘਰ 'ਤੇ ਛਾਪੇਮਾਰੀ ਕੀਤੀ ਗਈ ਤਾਂ ਮੁਲਜ਼ਮ ਮੌਕੇ ਤੋਂ ਫਰਾਰ ਹੋ ਗਿਆ ਤੇ ਮੌਕੇ 'ਤੇ 60 ਬੋਤਲਾਂ ਨਜਾਇਜ਼ ਸ਼ਰਾਬ ਬਰਾਮਦ ਹੋਈਆਂ। ਪੁਲਸ ਨੇ ਉਕਤ ਮੁਲਜ਼ਮ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

### ਜ਼ਿਲ੍ਹੇ ਦੇ ਸੇਵਾ ਕੇਂਦਰ ਭਲਕੇ ਬੰਦ ਰਹਿਣਗੇ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਡਿਪਟੀ ਕਮਿਸ਼ਨਰ ਫਿਰੋਜ਼ਪੁਰ ਰਾਜੇਸ਼ ਧੀਮਾਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ਹੀਦ-ਏ-ਆਜ਼ਮ ਸ੍ਰ. ਭਗਤ ਸਿੰਘ, ਸ਼ਹੀਦ ਸੁਖਦੇਵ ਤੇ ਸ਼ਹੀਦ ਰਾਜਗੁਰੂ ਦੇ ਸ਼ਹੀਦੀ ਦਿਵਸ ਮੌਕੇ 23 ਮਾਰਚ 2023 ਨੂੰ ਸਰਕਾਰੀ ਛੁੱਟੀ ਹੋਣ ਕਾਰਨ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਦੇ ਸਾਰੇ ਸੇਵਾ ਕੇਂਦਰ ਬੰਦ ਰਹਿਣਗੇ।

### ਇੰਟਰਨੈੱਟ ਸੇਵਾਵਾਂ ਬੰਦ ਹੋਣ ਨਾਲ ਅਦਾਲਤੀ ਕੰਮਾਂ 'ਚ ਆਈ ਖੜੋਤ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਾਰਿਸ ਪੰਜਾਬ ਦੇ ਮੁਖੀ ਅੰਮ੍ਰਿਤਪਾਲ ਸਿੰਘ ਵਿਰੁੱਧ ਚਲਾਏ ਆਪ੍ਰੇਸ਼ਨ ਤੇ ਹੋਰ ਸਿੰਘਾਂ ਦੀ ਗ੍ਰਿਫ਼ਤਾਰੀ ਨਾਲ ਪੰਜਾਬ ਦੇ ਮਾਹੌਲ ਨੂੰ ਸੁਰੱਖਿਅਤ ਰੱਖਣ ਲਈ ਪੰਜਾਬ ਸਰਕਾਰ ਵੱਲੋਂ ਬੰਦ ਕੀਤੀਆਂ ਇੰਟਰਨੈੱਟ ਸੇਵਾਵਾਂ ਦੇ ਚੱਲਦੇ ਹੋਏ ਕੋਰਟ ਵਿੱਚ ਚੱਲ ਰਹੇ ਮੁਕੱਦਮਿਆਂ ਸਬੰਧੀ ਜਾਣਕਾਰੀ ਵਿੱਚ ਖੜੋਤ ਆਉਣ ਕਰਕੇ ਆਮ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਦੱਸਣਯੋਗ ਹੈ ਕਿ ਲੋਕਾਂ ਦੀ ਸਹੂਲਤ ਵਾਸਤੇ ਅਦਾਲਤਾਂ ਵੱਲੋਂ ਈ-ਕੋਰਟ ਦੀ ਸੁਵਿਧਾਵਾਂ ਮੋਬਾਈਲ ਐਪ ਰਾਹੀਂ ਉਪਲਬਧ ਕਰਵਾਈ ਗਈ ਹੈ, ਜਿਸ ਨਾਲ ਕੇਸ ਵਾਲੀਆਂ ਸਬੰਧਤ ਧਿਰਾਂ ਤੇ ਵਕੀਲ ਅਦਾਲਤਾਂ ਦੀ ਕਾਰਵਾਈ ਨੂੰ ਨਿਯਮਤ ਕਰਦੇ ਹੋਏ ਅਦਾਲਤੀ ਕੰਮਕਾਜ ਕਰ ਰਹੇ ਸਨ, ਪਰ ਇੰਟਰਨੈੱਟ ਸੇਵਾਵਾਂ ਬੰਦ ਹੋਣ ਨਾਲ ਈ-ਕੋਰਟ ਐਪ ਦੀ ਸੁਵਿਧਾ ਵੀ ਬੰਦ ਹੋਣ ਦੇ ਚੱਲਦੇ ਆਮ ਜਨਤਾ ਤੇ ਵਕੀਲਾਂ ਨੂੰ ਵੀ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

# ਸ਼ਹੀਦ ਸੈਨਿਕ ਸਪੋਰਟਸ ਕਲੱਬ ਬੇਗੋਵਾਲ ਦਾ ਪੁਨਰ ਗਠਨ

- ਅਗਲੇ ਸਾਲ ਪੁਰਾਤਨ ਵਿਰਸੇ ਨਾਲ ਜੁੜੀਆਂ ਖੇਡਾਂ ਤੇ ਹੋਣਗੇ ਸਮਾਜਕ ਕਾਰਜ



**ਦੋਰਾਹਾ (ਹਰਮਿੰਦਰ ਸਿੰਘ ਸੇਠ)**-ਦੇਸ਼ ਦੀਆਂ ਸਰਹੱਦਾਂ 'ਤੇ ਪਿਆਰੇ ਵਤਨ ਲਈ ਮਰ ਮਿਟਣ ਵਾਲੇ 8 ਸ਼ਹੀਦ ਸੈਨਿਕਾਂ ਤੇ ਪੰਜ ਅਜ਼ਾਦੀ ਘੁਲਾਟੀਆਂ ਦੀ ਯਾਦ ਨੂੰ ਤਰੋ ਤਾਜ਼ਾ ਰੱਖਣ ਲਈ ਸੰਨ 2009 ਵਿੱਚ ਸ਼ਹੀਦ ਸੈਨਿਕ ਸਪੋਰਟਸ ਕਲੱਬ ਰਜਿ: ਬੇਗੋਵਾਲ ਲੁਧਿਆਣਾ ਸੁਰਜੀਤ ਕੀਤਾ ਗਿਆ ਸੀ। ਉਕਤ ਕਲੱਬ ਦੇ ਸਾਬਕਾ ਪ੍ਰਧਾਨ ਸੁਖਦੇਵ ਸਿੰਘ ਵੱਲੋਂ ਨੌਜੁਆਨਾਂ ਨੂੰ ਅੱਗੇ ਲਿਆਉਣ ਲਈ ਆਪਣੀਆਂ ਸੇਵਾਵਾਂ ਫਰਾਖਦਿਲੀ ਨਾਲ ਨੌਜੁਆਨਾਂ ਦੇ ਸਪੁਰਦ ਕੀਤੀਆਂ ਗਈਆਂ। ਕਲੱਬ ਦੇ ਜਨਰਲ ਸਕੱਤਰ ਲਾਲ ਸਿੰਘ ਮਾਂਗਟ ਦੀ ਪ੍ਰਧਾਨਗੀ ਹੇਠ ਕਲੱਬ ਦੀ ਸਰਬਸੰਮਤੀ ਨਾਲ ਨਵੀ ਚੋਣ ਕੀਤੀ ਗਈ, ਜਿਸ ਵਿੱਚ ਸ੍ਰਪਰਸਤ ਵਜੋਂ ਗੁਰਿੰਦਰ ਸਿੰਘ ਕੈਨੇਡਾ, ਮੁੱਖ ਸਲਾਹਕਾਰ ਐਡਵੋਕੇਟ ਪ੍ਰੀਤਮ ਸਿੰਘ ਮਾਂਗਟ, ਚੇਅਰਮੈਨ ਸੁਖਦੇਵ ਸਿੰਘ ਗੋਲੀ, ਪ੍ਰਧਾਨ ਗੁਰਪ੍ਰੀਤ ਸਿੰਘ ਪ੍ਰੀਤੀ, ਸੀਨੀਅਰ ਮੀਤ ਪ੍ਰਧਾਨ ਤਰਲੋਚਨ ਸਿੰਘ ਪੱਪੂ, ਜਨਰਲ ਸਕੱਤਰ ਲਾਲ ਸਿੰਘ ਮਾਂਗਟ, ਮੀਤ ਸੈਕਟਰੀ ਮਨਧੀਰ ਸਿੰਘ, ਖਜ਼ਾਨਚੀ ਸੋਨੂੰ, ਮੀਤ ਖਜ਼ਾਨਚੀ ਪਰਵਿੰਦਰ ਸਿੰਘ, ਲੀਗਲ ਐਡਵਾਇਜ਼ਰ ਗੁਰਿੰਦਰਪਾਲ ਸਿੰਘ ਬਨੀ ਤੋਂ ਇਲਾਵਾ ਗੁਰਮੀਤ ਸਿੰਘ ਗੰਜਾ, ਕਰਮ ਸਿੰਘ ਬਾਵਾ, ਦੀਦਾਰ ਸਿੰਘ ਕਾਲਾ, ਗੁਰਬਖ਼ਸ਼ ਸਿੰਘ ਪਿੱਲੂ, ਜਸਪ੍ਰੀਤ ਸਿੰਘ ਲਵਲੀ, ਵਰਿੰਦਰ ਸਿੰਘ ਬਾਵਾ, ਰਾਜਵੀਰ ਸਿੰਘ ਰਾਜੂ, ਇੰਦਰਜੀਤ ਸਿੰਘ, ਜਸਪ੍ਰੀਤ ਸਿੰਘ ਬਿੱਲਾ, ਕੇਸਰ ਸਿੰਘ ਬਿਲੂ, ਗੁਰਮੀਤ ਸਿੰਘ ਕਾਲਾ, ਅਮਨਦੀਪ ਸਿੰਘ ਅਮਨਾ ਆਦਿ ਮੈਂਬਰ ਚੁਣੇ ਗਏ। ਇਸ ਪੁਨਰ ਗਠਨ ਉਪ੍ਰੰਤ ਉਤਸ਼ਾਹ ਦਿਖਾਉਣ ਵਾਲੇ ਹੋਰ ਮਿਹਨਤੀ ਨੌਜੁਆਨਾਂ ਨੂੰ ਕਲੱਬ ਵਿੱਚ ਯੋਗ ਨੁਮਾਇੰਦਗੀ ਦਿੱਤੀ ਜਾਵੇਗੀ। ਨੌਜੁਆਨਾਂ ਵਿੱਚ ਉਦੋਂ ਉਤਸ਼ਾਹ ਦੇਖਣ ਨੂੰ ਮਿਲਿਆ, ਜਦੋਂ ਕਲੱਬ ਦੇ ਸਰਪ੍ਰਸਤ ਗੁਰਿੰਦਰ ਸਿੰਘ ਕੈਨੇਡਾ ਨੇ ਅਗਲੇ ਸਾਲ ਤਿੰਨ ਰੋਜ਼ਾ ਪੁਰਾਤਨ ਵਿਰਸੇ ਨਾਲ ਜੁੜੀਆਂ ਖੇਡਾਂ ਕਰਵਾਉਣ ਲਈ ਇੱਕ ਲੱਖ ਰੁਪਏ ਦੇਣ ਦਾ ਐਲਾਨ ਕੀਤਾ। ਨੌਜੁਆਨਾਂ ਨੇ ਕਿਹਾ ਕਿ ਖੇਡਾਂ ਤੋਂ ਇਲਾਵਾ ਸ਼ਹੀਦ ਸੈਨਿਕਾਂ ਦਾ ਸਾਲਾਨਾ ਸਮਾਗਮ ਉਤਸ਼ਾਹ ਨਾਲ ਮਨਾਇਆ ਜਾਇਆ ਕਰੇਗਾ। ਅੱਖਾਂ ਦੇ ਫਰੀ ਉਪਰੇਸ਼ਨ ਕੈਂਪ ਲਾਏ ਜਾਣਗੇ, ਨੌਜੁਆਨਾਂ ਦੀ ਭਲਾਈ ਲਈ ਸਮਾਜਿਕ ਕਾਰਜ ਉਲੀਕੇ ਜਾਣਗੇ।

ਖਜ਼ਾਨਚੀ ਸੋਨੂ ਨੇ ਦੱਸਿਆ ਕਿ ਨੌਜੁਆਨਾਂ ਵੱਲੋਂ ਵੱਡਾ ਉਪਰਾਲਾ ਕਰਕੇ ਸਮਾਧਾਂ ਵਾਲੇ ਛੱਪੜ ਦੀ ਸਫਾਈ ਕਰਨ ਲਈ ਕਣਕ ਦੀ ਫਸਲ ਕੱਟਣ ਉਪਰੰਤ ਗੰਦਾ ਪਾਣੀ ਕੱਢਣ ਦਾ ਐਲਾਨ ਵੀ ਕੀਤਾ। ਨੌਜੁਆਨਾਂ ਨੇ ਕਿਹਾ ਕਿ ਮੱਛਰ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾਅ ਲਈ ਹਰ ਮਹੀਨੇ ਫੌਗਿੰਗ ਕੀਤੀ ਜਾਵੇਗੀ, ਜਿਸ ਲਈ ਲੋਕਾਂ ਦਾ ਭਰਵਾਂ ਸਹਿਯੋਗ ਮਿਲ ਰਿਹਾ ਹੈ। ਕਲੱਬ ਦੇ ਅਹੁਦੇਦਾਰਾਂ ਤੇ ਮੈਂਬਰਾਂ ਨੇ ਇਕਜੁਟਤਾ ਨਾਲ ਪਿੰਡ ਅੰਦਰ ਆਪਸੀ ਇਤਫਾਕ ਤੇ ਭਾਈਚਾਰਾ ਬਣਾਈ ਰੱਖਣ ਲਈ ਦ੍ਰਿੜ੍ਹਤਾ ਨਾਲ ਸੰਕਲਪ ਕੀਤਾ ਕਿ ਪਾਰਟੀਬਾਜ਼ੀ ਤੋਂ ਉਪਰ ਉੱਠ ਕੇ ਹਰ ਸਮਾਗਮ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।

# 5 ਸਰਕਾਰੀ ਆਯੁਰਵੈਦਿਕ ਡਿਸਪੈਂਸਰੀਆਂ ਹੋਣਗੀਆਂ ਅੱਪਗਰੇਡ

## ਡੀ ਸੀ ਵੱਲੋਂ ਸਰਕਾਰੀ ਆਯੁਰਵੈਦਿਕ ਡਿਸਪੈਂਸਰੀ ਮਾਨਸਾ ਦਾ ਦੌਰਾ



**ਮਾਨਸਾ (ਆਤਮਾ ਸਿੰਘ ਪਮਾਰ)**

ਜ਼ਿਲ੍ਹੇ ਦੀਆਂ 5 ਸਰਕਾਰੀ ਆਯੁਰਵੈਦਿਕ ਡਿਸਪੈਂਸਰੀਆਂ ਨੂੰ ਆਯੂਸ਼ ਹੈਲਥ ਅਤੇ ਵੈੱਲਨੈੱਸ ਸੈਂਟਰ ਦੇ ਤੌਰ 'ਤੇ ਅੱਪਗ੍ਰੇਡ ਕੀਤਾ ਜਾ ਰਿਹਾ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀਮਤੀ ਬਲਦੀਪ ਕੌਰ ਨੇ ਸਰਕਾਰੀ ਆਯੁਰਵੈਦਿਕ ਡਿਸਪੈਂਸਰੀ ਮਾਨਸਾ ਦਾ ਦੌਰਾ ਕਰਨ ਮੌਕੇ ਦਿੱਤੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਆਯੁਰਵੈਦਿਕ ਤੇ ਯੂਨਾਨੀ ਵਿਧੀ ਦਾ ਲੋਕਾਂ ਨੂੰ ਲਾਭ ਦੇਣ ਲਈ ਜ਼ਿਲ੍ਹੇ ਅੰਦਰ ਮਾਨਸਾ, ਚਕੇਰੀਆਂ, ਕਰੰਡੀ, ਰਾਏਪੁਰ ਤੇ ਝੁਨੀਰ ਵਿਖੇ ਚੱਲ ਰਹੀਆਂ ਸਰਕਾਰੀ ਆਯੁਰਵੈਦਿਕ ਡਿਸਪੈਂਸਰੀਆਂ ਨੂੰ ਆਯੂਸ਼ ਹੈਲਥ ਤੇ ਵੈੱਲਨੈੱਸ ਸੈਂਟਰ ਦੇ ਤੌਰ 'ਤੇ ਅੱਪਗ੍ਰੇਡ ਕਰਨ ਦੀ ਚੋਣ ਕੀਤੀ ਗਈ ਹੈ। ਉਨ੍ਹਾ ਕਿਹਾ ਕਿ ਇਨ੍ਹਾਂ ਡਿਸਪੈਂਸਰੀਆਂ ਵਿਖੇ ਲੋਕਾਂ ਨੂੰ ਸਿਹਤ ਜਾਂਚ ਦੇ ਨਾਲ ਨਾਲ ਦਵਾਈਆਂ ਵੀ ਮੁਹੱਈਆ ਕਰਵਾਈਆਂ ਜਾਣਗੀਆਂ। ਇਸ ਦੇ ਨਾਲ ਹੀ ਸਿਹਤ ਤੰਦਰੁਸਤੀ ਲਈ ਯੋਗ ਆਸਣ ਕਰਵਾਉਣ ਦਾ ਪ੍ਰਬੰਧ ਵੀ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਨੇ ਡਿਸਪੈਂਸਰੀ ਇੰਚਾਰਜ ਨੂੰ ਇੱਥੇ ਖਾਲੀ ਪਈ ਜਗ੍ਹਾ 'ਤੇ ਹਰਬਲ ਗਾਰਡਨ ਲਗਾਉਣ ਲਈ ਵੀ ਉਤਸ਼ਾਹਤ ਕੀਤਾ ਅਤੇ ਹਾਜ਼ਰ ਅਧਿਕਾਰੀਆਂ ਨੂੰ ਸਾਰੀਆਂ ਲੋੜੀਂਦੀਆਂ ਤਿਆਰੀਆਂ ਨੂੰ ਅਮਲੀ ਰੂਪ ਦੇਣ ਲਈ ਕਿਹਾ ਤਾਂ ਜੋ ਸਮੇਂ ਸਿਰ ਅੱਪਗ੍ਰੇਡ ਸੇਵਾਵਾਂ ਸ਼ੁਰੂ ਕੀਤੀਆਂ ਜਾ ਸਕਣ।

ਇਸ ਮੌਕੇ ਜ਼ਿਲ੍ਹਾ ਆਯੁਰਵੈਦਿਕ ਯੂਨਾਨੀ ਅਫ਼ਸਰ-ਕਮ-ਡਰੱਗ ਇੰਸਪੈਕਟਰ ਡਾ. ਰਾਜੇਸ਼ ਕੁਮਾਰ, ਡਿਸਪੈਂਸਰੀ ਇੰਚਾਰਜ ਕਰਿਤੀ ਰਾਣੀ, ਡਾ. ਸੀਮਾ ਗੋਇਲ ਤੇ ਮਾਨਸੀ ਸੇਠੀ ਆਦਿ ਮੌਜੂਦ ਸਨ।

# 23 ਮਾਰਚ ਦੇ ਸੂਬਾਈ ਸਮਾਗਮ 'ਚ ਖੇਤ ਮਜ਼ਦੂਰ ਵੱਡੀ ਗਿਣਤੀ 'ਚ ਪੁੱਜਣਗੇ : ਬਲਵੀਰ ਸੁਹਾਵੀ, ਭਜਨ ਸਿੰਘ



**ਖੰਨਾ (ਸੁਖਵਿੰਦਰ ਸਿੰਘ ਭਾਦਲਾ, ਪਰਮਿੰਦਰ ਸਿੰਘ ਮੋਨੂੰ)**-ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਪੰਜਾਬ ਵੱਲੋਂ ਲੋੜਵੰਦ ਪਰਿਵਾਰਾਂ ਦੇ ਕੱਟੇ ਗਏ ਰਾਸ਼ਨ ਕਾਰਡਾਂ ਤੇ ਖੇਤ ਮਜ਼ਦੂਰਾਂ ਦੀਆਂ ਭਖਦੀਆਂ ਮੰਗਾਂ ਅਤੇ ਅੱਤ ਦੀ ਵਧ ਰਹੀ ਮਹਿੰਗਾਈ, ਘਰੇਲੂ ਗੈਸ ਸਿਲੰਡਰਾਂ ਦੀਆਂ ਵਧੀਆਂ ਕੀਮਤਾਂ ਦੇ ਸੰਬੰਧ ਵਿੱਚ ਤਹਿਸੀਲ ਪੱਧਰ 'ਤੇ ਧਰਨੇ ਅਤੇ ਪ੍ਰਸ਼ਾਸਨਕ ਅਧਿਕਾਰੀਆਂ ਨੂੰ ਮੰਗ ਪੱਤਰ ਦੇਣ ਦਾ ਜਲਦ ਹੀ ਪ੍ਰੋਗਰਾਮ ਉਲੀਕਿਆ ਜਾ ਰਿਹਾ ਹੈ।

ਇੱਥੇ ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੀ ਜਨਰਲ ਕੌਂਸਲ ਦੇ ਮੈਂਬਰ ਕਾਮਰੇਡ ਬਲਵੀਰ ਸਿੰਘ ਸੁਹਾਵੀ ਤੇ ਜ਼ਿਲਾ ਲੁਧਿਆਣਾ ਦੇ ਪ੍ਰਧਾਨ ਕਾ. ਭਜਨ ਸਿੰਘ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਯੂਨੀਅਨ ਦੀ ਸੂਬਾਈ ਕਮੇਟੀ ਦੇ ਸੱਦੇ 'ਤੇ ਜਲਦ ਹੀ ਉਕਤ ਮੰਗਾਂ ਸੰਬੰਧੀ ਤਹਿਸੀਲ ਲੈਵਲ 'ਤੇ ਮੰਗ ਪੱਤਰ ਦੇਣ ਦਾ ਪ੍ਰੋਗਰਾਮ ਉਲੀਕਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸੀ ਪੀ ਐੱਮ ਵੱਲੋਂ 23 ਮਾਰਚ ਦੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਦੇਣ ਲਈ ਹੁਸ਼ਿਆਰਪੁਰ ਵਿਖੇ ਹੋਰ ਰਹੇ ਸੂਬਾਈ ਸਮਾਗਮ ਵਿੱਚ ਜ਼ਿਲ੍ਹਾ ਲੁਧਿਆਣਾ ਤੋਂ ਵੱਡੀ ਗਿਣਤੀ ਖੇਤ ਮਜ਼ਦੂਰ ਕਾਫਲਿਆਂ ਦੇ ਰੂਪ ਵਿੱਚ ਪੁੱਜਣਗੇ।

# ਅਰੋੜ ਬੰਸ ਸਭਾ ਵੱਲੋਂ ਪਰਵਾਰ ਮਿਲਣ ਸਮਾਰੋਹ ਭਲਕੇ



**ਕੋਟਕਪੂਰਾ (ਰਛਪਾਲ ਭੁੱਲਰ)**-ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜਾਂ ਵਿੱਚ ਲਗਾਤਾਰ ਯਤਨਸ਼ੀਲ ਸੰਸਥਾ ਅਰੋੜ ਬੰਸ ਸਭਾ ਵੱਲੋਂ 22 ਮਾਰਚ ਨੂੰ ਸਵੇਰੇ 10:00 ਵਜੇ ਸਥਾਨਕ ਜੈਤੋ ਸੜਕ 'ਤੇ ਸਥਿਤ ਅਰੋੜ ਬੰਸ ਧਰਮਸ਼ਾਲਾ ਵਿਖੇ ਪ੍ਰਧਾਨ ਮਨਿੰਦਰ ਸਿੰਘ ਮਿੱਕੂ ਮੱਕੜ ਤੇ ਜਨਰਲ ਸਕੱਤਰ ਸੁਰਜੀਤ ਸਿੰਘ ਘੁਲਿਆਣੀ ਦੀ ਅਗਵਾਈ ਹੇਠ ਜਨਰਲ ਅਜਲਾਸ, ਜਾਗਰੂਕਤਾ ਸੈਮੀਨਾਰ ਤੇ ਪਰਿਵਾਰ ਮਿਲਣ ਸਮਾਰੋਹ ਕਰਵਾਇਆ ਜਾ ਰਿਹਾ ਹੈ। ਅਰੋੜ ਬੰਸ ਸਭਾ ਵੱਲੋਂ ਚਲਾਏ ਜਾ ਰਹੇ ਸ੍ਰ. ਆਸਾ ਸਿੰਘ ਯਾਦਗਾਰੀ ਕੰਨਿਆ ਕੰਪਿਊਟਰ ਸੈਂਟਰ ਦੇ ਡਾਇਰੈਕਟਰ ਮੋਹਨ ਲਾਲ ਗੁਲਾਟੀ ਨੇ ਦੱਸਿਆ ਕਿ ਸਮਾਗਮ ਦੌਰਾਨ ਸੰਸਥਾ ਵੱਲੋਂ ਕੀਤੇ ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜਾਂ ਬਾਰੇ ਵਿਚਾਰ ਚਰਚਾ ਕੀਤੀ ਜਾਵੇਗੀ ਤੇ ਭਵਿੱਖ ਵਿੱਚ ਕੀਤੇ ਜਾਣ ਵਾਲੇ ਸੇਵਾ ਕਾਰਜਾਂ ਦੀ ਰਣਨੀਤੀ ਤਿਆਰ ਕਰਨ ਸਬੰਧੀ ਵਿਚਾਰਾਂ ਹੋਣਗੀਆਂ। ਸਭਾ ਦੇ ਪ੍ਰੈੱਸ ਸਕੱਤਰ ਗੁਰਿੰਦਰ ਸਿੰਘ ਮਹਿੰਦੀਰੱਤਾ ਮੁਤਾਬਿਕ ਜਨਰਲ ਅਜਲਾਸ ਤੇ ਪਰਿਵਾਰ ਮਿਲਣ ਸਮਾਰੋਹ ਤੋਂ ਇਲਾਵਾ "ਸਾਥ ਸਮਾਜਿਕ ਗੂੰਜ" ਦੇ ਸੰਸਥਾਪਕ ਗੁਰਵਿੰਦਰ ਸਿੰਘ ਜਲਾਲੇਆਨਾ ਦੀ ਅਗਵਾਈ ਵਾਲੀ ਟੀਮ ਵੱਲੋਂ ਸਿਹਤ ਤੰਦਰੁਸਤੀ, ਅਚਾਰ-ਵਿਹਾਰ, ਆਰਗੈਨਿਕ ਖੇਤੀ, ਡਿਜੀਟਲ ਇੰਡੀਆ, ਉਸਾਰੂ ਸੋਚ, ਖਾਣ-ਪਾਣ, ਅਨੁਸ਼ਾਸਨ ਦੀ ਪਾਲਣਾ, ਵਾਤਾਵਰਣ ਦੀ ਸੰਭਾਲ ਤੇ ਪਾਣੀ ਦੀ ਬੱਚਤ ਸਬੰਧੀ ਜਾਗਰੂਕਤਾ ਸੈਮੀਨਾਰ ਕੀਤਾ ਜਾਵੇਗਾ। ਸਭਾ ਦੇ ਦਫਤਰ ਵਿੱਚ ਹੋਈ ਮੀਟਿੰਗ ਦੌਰਾਨ ਸਰਪ੍ਰਸਤ ਜਗਦੀਸ਼ ਛਾਬੜਾ ਨੇ ਉਕਤ ਸਮਾਗਮ ਸਬੰਧੀ ਵੱਖੋ ਵੱਖਰੀਆਂ ਡਿਊਟੀਆਂ ਲਾ ਕੇ ਕੁਝ ਦਿਸ਼ਾ ਨਿਰਦੇਸ਼ ਵੀ ਦਿੱਤੇ।

# ਪੰਜਾਬ 'ਚ ਅਮਨ ਸ਼ਾਂਤੀ ਕਾਇਮ ਰੱਖਣਾ ਸਰਕਾਰ ਦੀ ਮੁਢਲੀ ਜ਼ਿੰਮੇਵਾਰੀ : ਦਹੀਆ



**ਮਮਦੋਟ (ਜਸਬੀਰ ਸਿੰਘ ਕੰਬੋਜ)**

ਪੰਜਾਬ 'ਚ ਅਮਨ ਸ਼ਾਂਤੀ ਕਾਇਮ ਰੱਖਣਾ ਜਿੱਥੇ ਸਰਕਾਰ ਦੀ ਮੁੱਢਲੀ ਜ਼ਿੰਮੇਵਾਰੀ ਹੈ, ਓਥੇ ਰਾਜ ਵਿੱਚ ਅਮਨ ਸ਼ਾਂਤੀ ਕਾਇਮ ਰੱਖਣ ਵਿੱਚ ਸਹਿਯੋਗ ਕਰਨਾ ਹਰੇਕ ਨਾਗਰਿਕ ਦਾ ਮੁੱਢਲਾ ਫਰਜ਼ ਵੀ ਹੈ। ਇਸ ਗੱਲ ਦਾ ਪ੍ਰਗਟਾਵਾ ਐਡਵੋਕੇਟ ਰਜਨੀਸ਼ ਦਹੀਆ ਐੱਮ ਐੱਲ ਏ ਹਲਕਾ ਫਿਰੋਜ਼ਪੁਰ ਦਿਹਾਤੀ ਨੇ ਇੱਕ ਪ੍ਰੈੱਸ ਮੀਟਿੰਗ ਦੌਰਾਨ ਪੱਤਰਕਾਰਾਂ ਦੇ ਸਵਾਲਾਂ ਦੇ ਜਵਾਬ ਦਿੰਦਿਆਂ ਕੀਤਾ। ਉਨ੍ਹਾ ਕਿਹਾ ਕਿ ਕੋਈ ਵੀ ਵਿਅਕਤੀ ਚਾਹੇ ਕਿੰਨਾ ਵੀ ਪ੍ਰਭਾਵਸ਼ਾਲੀ ਹੋਵੇ, ਕਿਸੇ ਨੂੰ ਵੀ ਪੰਜਾਬ ਦੀ ਅਮਨ ਸ਼ਾਂਤੀ ਭੰਗ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।

ਉਨ੍ਹਾ ਸਮੂਹ ਪੰਜਾਬ ਵਾਸੀਆਂ ਨੂੰ ਆਪਸੀ ਭਾਈਚਾਰਕ ਸਾਂਝ ਤੇ ਸੂਬੇ ਵਿੱਚ ਅਮਨ ਸ਼ਾਂਤੀ ਬਣਾਈ ਰੱਖਣ ਦੀ ਅਪੀਲ ਕੀਤੀ। ਇਸ ਮੌਕੇ ਉਨ੍ਹਾ ਨਾਲ ਸੀਨੀਅਰ ਆਗੂ ਬਲਰਾਜ ਸਿੰਘ ਸੰਧੂ, ਗੁਰਮੁੱਖ ਸਿੰਘ ਰਾਓ ਕੇ, ਬਲਵਿੰਦਰ ਸਿੰਘ ਲੱਡੂ ਤੇ ਉਨ੍ਹਾ ਦੇ ਨਿੱਜੀ ਸਕੱਤਰ ਰੋਬੀ ਸੰਧੂ ਵੀ ਸਨ।

# ਡਾ. ਅਮਨ ਕੌਸ਼ਲ ਨੇ ਜ਼ਿਲ੍ਹਾ ਆਯੁਰਵੈਦਿਕ ਤੇ ਯੂਨਾਨੀ ਅਫਸਰ ਵਜੋਂ ਅਹੁਦਾ ਸੰਭਾਲਿਆ



**ਬਰਨਾਲਾ (ਰਜਿੰਦਰ ਬਰਾੜ)**-ਜ਼ਿਲ੍ਹਾ ਫਰੀਦਕੋਟ ਵਿਖੇ ਤਾਇਨਾਤ ਡਾਕਟਰ ਅਮਨ ਕੌਸ਼ਲ ਨੇ ਬਰਨਾਲਾ ਵਿਖੇ ਜ਼ਿਲ੍ਹਾ ਆਯੁਰਵੈਦਿਕ ਤੇ ਯੂਨਾਨੀ ਅਫਸਰ ਦਾ ਵਾਧੂ ਕਾਰਜਭਾਰ ਸੰਭਾਲ ਲਿਆ ਹੈ। ਜ਼ਿਲ੍ਹਾ ਆਯੁਰਵੈਦਿਕ ਤੇ ਯੂਨਾਨੀ ਦਫਤਰ ਦੇ ਸਮੂਹ ਸਟਾਫ, ਆਯੁਰਵੈਦਿਕ ਡਾਕਟਰਾਂ ਤੇ ਸ਼ਹਿਰ ਦੇ ਪਤਵੰਤੇ ਸੱਜਣਾਂ ਵੱਲੋਂ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ ਗਿਆ। ਕਾਰਜਭਾਰ ਸੰਭਾਲਦਿਆਂ ਡਾਕਟਰ ਅਮਨ ਕੌਸ਼ਲ ਨੇ ਕਿਹਾ ਕਿ ਬਰਨਾਲਾ ਜ਼ਿਲ੍ਹੇ ਵਿੱਚ ਉਹ 1995 ਤੋਂ ਲੈ ਕੇ 2015 ਤੱਕ ਬਤੌਰ ਆਯੁਰਵੈਦਿਕ ਮੈਡੀਕਲ ਅਫਸਰ ਆਪਣੀਆਂ ਸੇਵਾਵਾਂ ਨਿਭਾਅ ਚੁੱਕੇ ਹਨ। ਡਾ. ਅਮਨ ਕੌਸ਼ਲ ਨੇ ਕਿਹਾ ਕਿ ਆਯੁਰਵੈਦਿਕ ਵਿਭਾਗ ਦਾ ਮੁੱਖ ਉਦੇਸ਼ ਹਰ ਵਰਗ ਦੇ ਵਿਅਕਤੀ ਨੂੰ ਪ੍ਰਾਚੀਨ ਢੰਗ ਤੇ ਆਯੁਰਵੈਦਿਕ ਪੱਧਤੀ ਦੇ ਨਾਲ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਉਹ ਆਪਣਾ ਕੰਮ ਪੂਰੀ ਈਮਾਨਦਾਰੀ ਤੇ ਲਗਨ ਨਾਲ ਕਰਨਗੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਬਰਨਾਲਾ ਵਿੱਚ ਲੋਕਾਂ ਨੂੰ ਸਰਕਾਰੀ ਡਿਸਪੈਂਸਰੀਆਂ ਵਿੱਚ ਆਯੁਰਵੈਦਿਕ ਇਲਾਜ ਨਾਲ ਸੰਬੰਧਤ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ, ਜਿਸ ਦੇ ਲਈ ਉਹ ਪੂਰੀ ਤਰ੍ਹਾਂ ਵਚਨਬੱਧ ਹਨ। ਇਸ ਮੌਕੇ ਡਾਕਟਰ ਮਲਕੀਤ ਸਿੰਘ ਐੱਸ ਐੱਮ ਓ, ਡਾਕਟਰ ਹਰਜੋਤ ਸ਼ਰਮਾ, ਡਾਕਟਰ ਅਮਨਦੀਪ ਸਿੰਘ, ਰਾਕੇਸ਼ ਸ਼ਰਮਾ ਸੁਪਰਡੈਂਟ ਸੰਗਰੂਰ, ਸੁਪਰਡੈਂਟ ਰਾਜਿੰਦਰ ਸਿੰਘ, ਬਲਜੀਤ ਸਿੰਘ, ਪ੍ਰੀਤੀ ਸ਼ਰਮਾ, ਦਿਲਜੀਤ ਕੌਰ ਬਰਨਾਲਾ, ਜਰਨਲਿਸਟ ਐਸੋਸੀਏਸ਼ਨ ਦੇ ਪ੍ਰਧਾਨ ਰਜਿੰਦਰ ਸਿੰਘ ਬਰਾੜ, ਜਨਰਲ ਸਕੱਤਰ ਹਰਿੰਦਰਪਾਲ ਨਿੱਕਾ, ਪੱਤਰਕਾਰ ਮਨੋਜ ਸ਼ਰਮਾ, ਜਗਸੀਰ ਸਿੰਘ ਚਹਿਲ, ਹਰਵਿੰਦਰ ਰੋਮੀ, ਉਪਵੈਦ ਰਾਜਿੰਦਰ ਸਿੰਘ, ਸੁਖਵਿੰਦਰ ਸਿੰਘ, ਨਵਰਾਜ ਸਿੰਘ, ਰਣਜੀਤ ਸਿੰਘ, ਗੁਰਜੀਤ ਕੌਰ, ਦੀਪੂ ਆਦਿ ਹਾਜ਼ਰ ਸਨ।

# ਗੁਰੂਕੁਲ ਕਾਨਵੈਂਟ ਸਕੂਲ ਵੱਲੋਂ ਸਾਲਾਨਾ ਇਨਾਮ ਵੰਡ ਸਮਾਗਮ

- ਮਾਣਯੋਗ ਸੀ ਜੇ ਐੱਮ ਪ੍ਰਿੰਸ ਗਰਗ ਨੇ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ



**ਧੂਰੀ (ਸੁਖਦੇਵ ਧੂਰੀ)**-ਡਾਕਟਰ ਬਖਸ਼ੀ ਤੀਰਥ ਸਿੰਘ ਮੈਮੋਰੀਅਲ ਗੁਰੂਕੁਲ ਕਾਨਵੈਂਟ ਸਕੂਲ ਧੂਰੀ ਨੇ ਸਥਾਨਕ ਢੀਂਡਸਾ ਫੀਲਡਜ਼ ਵਿਖੇ ਆਪਣਾ ਸਾਲਾਨਾ ਇਨਾਮ ਵੰਡ ਸਮਾਗਮ ਸ਼ਾਨੋ ਸ਼ੌਕਤ ਨਾਲ ਮਨਾਇਆ। ਸਭ ਤੋਂ ਪਹਿਲਾਂ ਪ੍ਰੰਬਧਕਾਂ ਵੱਲੋਂ ਸ਼ਾਲਿਨੀ ਬਖਸ਼ੀ ਨੇ ਹਾਜ਼ਰੀਨ ਦਾ ਸਵਾਗਤ ਕੀਤਾ। ਪ੍ਰੋਗਰਾਮ ਦੀ ਰਸਮੀ ਸ਼ੁਰੂਆਤ ਜਪੁਜੀ ਸਾਹਿਬ ਦੀਆਂ ਪੰਜ ਬਾਣੀਆਂ ਦੇ ਪਾਠ ਨਾਲ ਹੋਈ। ਉਪਰੰਤ ਸਕੂਲ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਨਰਿੰਦਰ ਬਖਸ਼ੀ ਨੇ ਮਾਣਯੋਗ ਸੀ ਜੇ ਐੱਮ ਪ੍ਰਿੰਸ ਗਰਗ ਨੂੰ ਗੁਰੂਕੁਲ ਕਾਨਵੈਂਟ ਸਕੂਲ ਦਾ ਇੱਕ ਹੋਣਹਾਰ ਵਿਦਿਆਰਥੀ ਦੱਸਦੇ ਹੋਏ ਉਨ੍ਹਾਂ ਨੂੰ ਆਪਣੇ ਹੀ ਸਕੂਲ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨ 'ਤੇ ਜੀ ਆਇਆਂ ਨੂੰ ਕਿਹਾ। ਇਸ ਮੌਕੇ ਮਾਣਯੋਗ ਪ੍ਰਿੰਸ ਗਰਗ ਨੇ ਜਿੱਥੇ ਸਕੂਲ ਨਾਲ ਜੁੜੀਆਂ ਆਪਣੀਆਂ ਯਾਦਾਂ ਸਾਂਝੀਆਂ ਕੀਤੀਆਂ, ਉੱਥੇ ਹੀ ਉਨ੍ਹਾਂ ਸਕੂਲ ਪ੍ਰਿੰਸੀਪਲ ਕਮਲੇਸ਼ ਬਖਸ਼ੀ ਤੇ ਅਧਿਆਪਕਾਂ ਦੀ ਮਿਹਨਤ ਨੂੰ ਸਲਾਮ ਕਰਦੇ ਹੋਏ ਆਪਣੀ ਸਿੱਖਿਆ ਦੀ ਮਜ਼ਬੂਤ ਨੀਂਹ ਲਈ ਅਧਿਆਪਕਾਂ ਦਾ ਧੰਨਵਾਦ ਕੀਤਾ।

ਸਮਾਗਮ ਨੂੰ ਸੰਬੋਧਨ ਕਰਦੇ ਹੋਏ ਸਕੂਲ ਪ੍ਰਿੰਸੀਪਲ ਕਮਲੇਸ਼ ਬਖਸ਼ੀ ਨੇ ਸਿੱਖਿਆ ਦੇ ਪਸਾਰ ਲਈ ਸਕੂਲ ਵੱਲੋਂ ਪਾਏ ਜਾ ਰਹੇ ਵੱਡਮੁੱਲੇ ਯੋਗਦਾਨ ਦਾ ਉਲੇਖ ਕਰਦੇ ਹੋਏ ਕਿਹਾ ਕਿ ਸਕੂਲ ਦੇ ਸਮੂਹ ਸਟਾਫ ਮੈਂਬਰਜ ਇੱਕ ਪਰਿਵਾਰ ਵਜੋਂ ਵਿਚਰਦੇ ਹਨ ਤੇ ਸਮੂਹ ਸਟਾਫ ਦਾ ਇੱਕੋ ਇੱਕ ਟੀਚਾ ਵਿਦਿਆਰਥੀਆਂ ਨੂੰ ਉੱਚ ਪਾਏ ਦੀ ਸਿੱਖਿਆ ਦੇਣਾ ਹੈ। ਇਸ ਦੇ ਨਾਲ ਹੀ ਵਿਦਿਆਰਥੀਆਂ ਨੂੰ ਸਖਤ ਮਿਹਨਤ ਕਰਨ ਦੀ ਪ੍ਰੇਰਣਾ ਵੀ ਦਿੱਤੀ ਜਾਂਦੀ ਹੈ।

ਸਮਾਗਮ ਦੌਰਾਨ ਸਕੂਲ ਸਟਾਫ ਵੱਲੋਂ ਤਿਆਰ ਕਰਵਾਈਆਂ ਗਈਆਂ ਸ਼ਾਨਦਾਰ ਸੱਭਿਆਚਾਰਕ ਪੇਸ਼ਕਾਰੀਆਂ ਨੇ ਦਰਸ਼ਕਾਂ ਦਾ ਭਰਵਾਂ ਮਨੋਰੰਜਨ ਕੀਤਾ, ਜਿਨ੍ਹਾਂ ਵਿੱਚ ਗਿੱਧਾ, ਭੰਗੜਾ ਤੇ ਕੋਰਿਓਗ੍ਰਫੀਆਂ ਵਿਸ਼ੇਸ਼ ਖਿੱਚ ਦਾ ਕੇਂਦਰ ਰਹੀਆਂ। ਇਸ ਮੌਕੇ ਸਾਲਾਨਾ ਪ੍ਰੀਖਿਆਵਾਂ ਤੇ ਗੁਰਬਾਣੀ ਦੀ ਪ੍ਰੀਖਿਆ 'ਚ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕਰਨ ਦੀ ਰਸਮ ਮੁੱਖ ਮਹਿਮਾਨ ਪ੍ਰਿੰਸ ਗਰਗ ਤੇ ਪ੍ਰਿੰਸੀਪਲ ਕਮਲੇਸ਼ ਬਖਸ਼ੀ ਨੇ ਸਮੂਹ ਸਟਾਫ ਦੇ ਸਹਿਯੋਗ ਨਾਲ ਨਿਭਾਈ।

ਇਸ ਮੌਕੇ ਯਾਦਵਿੰਦਰ ਸ਼ਰਮਾ, ਡਾਕਟਰ ਨਦੀਮ ਤੂਰ, ਡਾਕਟਰ ਮੀਨਾ ਸ਼ਰਮਾ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ। ਸਟੇਜ ਸੰਚਾਲਨ ਦੀ ਭੂਮਿਕਾ ਮੈਡਮ ਅਮਨਦੀਪ ਕੌਰ ਤੇ ਕਰਮਜੀਤ ਕੌਰ ਨੇ ਬਾਖ਼ੂਬੀ ਨਿਭਾਈ। ਸਮਾਗਮ ਦੇ ਅੰਤ ਵਿੱਚ ਮੋਨਿਕਾ ਬਖਸ਼ੀ ਨੇ ਹਾਜ਼ਰੀਨ ਦਾ ਧੰਨਵਾਦ ਕੀਤਾ।

# ਮਾਤਾ ਗੁਜਰੀ ਕਾਲਜ ਦੇ ਖਿਡਾਰੀਆਂ ਨੇ ਅੰਤਰ-ਕਾਲਜ ਫੁੱਟਬਾਲ ਚੈਂਪੀਅਨਸ਼ਿਪ ਜਿੱਤੀ

- ਸ਼ਿਵਜੋਤ ਸਿੰਘ ਬਣਿਆ ਸਰਵੋਤਮ ਖਿਡਾਰੀ

**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਹੋਣਹਾਰ ਖਿਡਾਰੀਆਂ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਅੰਤਰ-ਕਾਲਜ ਫੁੱਟਬਾਲ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸ ਟੂਰਨਾਮੈਂਟ ਦੌਰਾਨ ਕੁਆਰਟਰ ਫਾਈਨਲ ਮੈਚ ਵਿੱਚ ਮਾਤਾ ਗੁਜਰੀ ਕਾਲਜ ਦੀ ਟੀਮ ਨੇ ਸਰਕਾਰੀ ਬ੍ਰਿਜਿੰਦਰਾ ਕਾਲਜ ਫ਼ਰੀਦਕੋਟ ਦੀ ਟੀਮ ਨੂੰ 9-0 ਨਾਲ ਹਰਾਇਆ, ਲੀਗ ਮੈਚ ਵਿੱਚ ਸਰਕਾਰੀ ਕਾਲਜ ਮਲੇਰਕੋਟਲਾ ਦੀ ਟੀਮ ਨੂੰ 7-0 ਨਾਲ ਹਰਾਇਆ, ਦੂਸਰੇ ਮੈਚ ਵਿੱਚ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਅਨੰਦਪੁਰ ਸਾਹਿਬ ਦੀ ਟੀਮ ਨੂੰ 4-0 ਨਾਲ ਹਰਾਇਆ ਤੇ ਆਖਰੀ ਲੀਗ ਮੈਚ ਵਿੱਚ ਮੁਲਤਾਨੀ ਮੱਲ ਮੋਦੀ ਕਾਲਜ ਪਟਿਆਲਾ ਦੀ ਟੀਮ ਨੂੰ 2-1 ਨਾਲ ਹਰਾ ਕੇ 2022-23 ਦੀ ਚੈਂਪੀਅਨਸ਼ਿਪ ਜਿੱਤੀ। ਇਸ ਮੌਕੇ ਕਾਲਜ ਦਾ ਬੀ. ਏ. ਭਾਗ ਦੂਸਰਾ ਦਾ ਵਿਦਿਆਰਥੀ ਸ਼ਿਵਜੋਤ ਸਿੰਘ ਟੂਰਨਾਮੈਂਟ ਦਾ ਸਰਵੋਤਮ ਖਿਡਾਰੀ ਬਣਿਆ ਤੇ ਕਾਲਜ ਦੇ ਐੱਮ. ਏ. ਪੰਜਾਬੀ ਭਾਗ-ਦੂਸਰਾ ਦੇ ਵਿਦਿਆਰਥੀ ਕੈਪਟਨ ਦਿਲਪ੍ਰੀਤ ਸਿੰਘ ਦੀ ਅਗਵਾਈ ਵਿੱਚ ਇਹ ਸ਼ਲਾਘਾਯੋਗ ਪ੍ਰਾਪਤੀ ਕੀਤੀ। ਕਾਲਜ ਗਵਰਨਿੰਗ ਬਾਡੀ ਦੇ ਆਨਰੇਰੀ ਸਕੱਤਰ ਸ੍ਰ. ਜਗਦੀਪ ਸਿੰਘ ਚੀਮਾ ਨੇ ਜੇਤੂ ਟੀਮ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਮਾਤਾ ਗੁਜਰੀ ਕਾਲਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਇਕ ਸਿਰਮੌਰ ਸਿੱਖਿਆ ਸੰਸਥਾ ਹੈ, ਜਿਸ ਵੱਲੋਂ ਧਰਮ ਦੇ ਪ੍ਰਚਾਰ, ਸਿੱਖਿਆ ਤੇ ਖੇਡਾਂ ਦੇ ਖੇਤਰ ਵਿੱਚ ਨਿਰੰਤਰ ਵੱਡਮੁੱਲਾ ਯੋਗਦਾਨ ਪਾਇਆ ਜਾ ਰਿਹਾ ਹੈ, ਜਿਸ ਦੀ ਬਦੌਲਤ ਕਾਲਜ ਵਿੱਚੋਂ ਪੜ੍ਹੇ ਅਨੇਕਾਂ ਖਿਡਾਰੀਆਂ ਨੇ ਕੌਮਾਂਤਰੀ ਤੇ ਅੰਤਰਰਾਸ਼ਟਰੀ ਪੱਧਰ ਦੇ ਖੇਡ ਮੁਕਾਬਲਿਆਂ ਵਿੱਚ ਮੱਲਾਂ ਮਾਰੀਆਂ ਹਨ। ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਕਾਲਜ ਦੇ ਖੇਡ ਵਿਭਾਗ ਨੂੰ ਵਧਾਈ ਦਿੰਦਿਆਂ ਤੇ ਜੇਤੂ ਖਿਡਾਰੀਆਂ ਨੂੰ ਸ਼ੁੱਭ-ਕਾਮਨਾਵਾਂ ਦਿੰਦਿਆਂ ਕਿਹਾ ਕਿ ਮਾਤਾ ਗੁਜਰੀ ਕਾਲਜ ਮੌਜੂਦਾ ਸਮੇਂ ਤੇ ਇਲਾਕੇ ਦੀਆਂ ਵਿੱਦਿਅਕ, ਸਮਾਜਿਕ ਤੇ ਸੱਭਿਆਚਾਰਕ ਲੋੜਾਂ ਦੀ ਪੂਰਤੀ ਕਰਦੇ ਹੋਏ ਵਿਦਿਆਰਥੀਆਂ ਦਾ ਸਰਵਪੱਖੀ ਵਿਕਾਸ ਕਰਨ ਲਈ ਵਚਨਬੱਧ ਹੈ।

ਡੀਨ ਸਪੋਰਟਸ ਡਾ. ਦਵਿੰਦਰ ਸਿੰਘ ਨੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੱਤੀ ਤੇ ਕਾਲਜ ਦੇ ਵਿਦਿਆਰਥੀਆਂ ਦੀਆਂ ਖੇਡ ਗਤੀਵਿਧੀਆਂ 'ਤੇ ਚਾਨਣਾ ਪਾਇਆ। ਵਾਈਸ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਜੇਤੂ ਖਿਡਾਰੀਆਂ ਨੂੰ ਹੋਰ ਅੱਗੇ ਵਧਣ ਲਈ ਉਤਸ਼ਾਹਤ ਕੀਤਾ ਤੇ ਆਸ ਜਤਾਈ ਕਿ ਪੰਜਾਬ ਦੇ ਨੌਜਵਾਨ ਖੇਡਾਂ ਜ਼ਰੀਏ ਸਿਹਤਮੰਦ ਤੇ ਰੰਗਲੇ ਪੰਜਾਬ ਦੀ ਸਿਰਜਣਾ ਕਰਨ।

ਕਾਲਜ ਦੇ ਖੇਡ ਵਿਭਾਗ ਦੇ ਮੁਖੀ ਪ੍ਰੋ. ਹਰਜੀਤ ਕੌਰ ਨੇ ਕਾਲਜ ਵਿੱਚ ਖੇਡਾਂ ਨੂੰ ਹੋਰ ਪ੍ਰਫੁਲਤ ਕਰਨ ਲਈ ਭਵਿੱਖ ਦੀਆਂ ਯੋਜਨਾਵਾਂ 'ਤੇ ਚਾਨਣਾ ਪਾਇਆ। ਪੰਜਾਬੀ ਯੂਨੀਵਰਸਿਟੀ ਦੇ ਚੀਫ਼ ਕੋਚ ਸ੍ਰ. ਦਲਬੀਰ ਸਿੰਘ ਵੱਲੋਂ ਸਾਬਤ ਸੂਰਤ ਸਿੱਖ ਖਿਡਾਰੀਆਂ ਦੀ ਟੀਮ ਦੀ ਸ਼ਾਨਦਾਰ ਪ੍ਰਾਪਤੀ ਦੀ ਭਰਪੂਰ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਮੱਲਾਂ ਮਾਰਨ ਲਈ ਉਤਸ਼ਾਹਤ ਕੀਤਾ। ਇਸ ਮੌਕੇ ਕੋਚ ਸ੍ਰ. ਬਹਾਦਰ ਸਿੰਘ ਨੇ ਵਿਦਿਆਰਥੀਆਂ ਨੂੰ ਸ਼ਾਬਾਸ਼ ਦਿੰਦਿਆਂ ਉਨ੍ਹਾਂ ਨੂੰ ਹੋਰ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

# ਫੁੱਲਾਂ ਦੀ ਖੇਤੀ ਰਾਹੀਂ ਅਮਰੀਕ ਸਿੰਘ ਢਾਈ ਲੱਖ ਰੁਪਏ ਪ੍ਰਤੀ ਏਕੜ ਤੱਕ ਕਰ ਰਿਹੈ ਕਮਾਈ

- ਖੇਤੀਬਾੜੀ ਵਿਭਾਗ ਨੇ ਦਿੱਤਾ ਸਫਲ ਕਿਸਾਨ ਦਾ ਪੁਰਸਕਾਰ



**ਬਰੇਟਾ (ਰੀਤਵਾਲ)**-ਨੇੜਲੇ ਪਿੰਡ ਗਿਦੜਿਆਣੀ ਦਾ ਇੱਕ ਕਿਸਾਨ ਜਿੱਥੇ ਕਣਕ-ਝੋਨੇ ਦੇ ਫਸਲੀ ਚੱਕਰ ਵਿੱਚੋਂ ਪੂਰੀ ਤਰ੍ਹਾਂ ਬਾਹਰ ਨਿੱਕਲ ਚੁੱਕਿਆ ਹੈ, ਉੱਥੇ ਹੀ ਉਸ ਨੇ ਆਪਣੇ ਪਰਵਾਰ ਦੀ ਆਰਥਿਕ ਸਥਿਤੀ ਨੂੰ ਕਾਇਆ ਕਲਪ ਕਰ ਦਿੱਤਾ ਹੈ। ਪਿੰਡ ਗਦੜਿਆਣੀ ਦਾ ਅਮਰੀਕ ਸਿੰਘ ਗਿੱਲ, ਜੋ ਤਕਰੀਬਨ 25 ਸਾਲਾਂ ਤੋਂ ਫੁੱਲਾਂ ਦੀ ਖੇਤੀ ਨਿਰੰਤਰ ਕਰਦਾ ਆ ਰਿਹਾ ਹੈ, ਨੇ ਦੱਸਿਆ ਕਿ ਮੈਂ 1998 ਤੋਂ ਇੱਕ ਏਕੜ ਵਿੱਚ ਫੁੱਲਾਂ ਦੀ ਖੇਤੀ ਸ਼ੁਰੂ ਕੀਤੀ ਸੀ। ਹੁਣ ਮੈਂ ਕਈ ਸਾਲਾਂ ਤੋਂ 10 ਕਿੱਲਿਆਂ ਵਿੱਚ ਫੁੱਲਾਂ ਦੀ ਖੇਤੀ ਕਰਦਾ ਆ ਰਿਹਾ ਹਾਂ। ਇਸ ਖੇਤੀ ਕਾਰਨ ਜਿੱਥੇ ਮੈਂ ਕਣਕ-ਝੋਨੇ ਦੇ ਫਸਲੀ ਚੱਕਰ ਵਿੱਚੋਂ ਪੂਰੀ ਤਰ੍ਹਾਂ ਬਾਹਰ ਨਿੱਕਲ ਆਇਆ ਹਾਂ, ਉਥੇ ਹੀ ਇਸ ਫਸਲ ਤੋਂ ਕਈ ਗੁਣਾਂ ਵੱਧ ਆਮਦਨ ਪ੍ਰਾਪਤ ਕਰਕੇ ਮੈਂ ਆਪਣੇ ਪਰਿਵਾਰ ਦੀ ਆਰਥਿਕ ਸਥਿਤੀ ਵੀ ਸੁਧਾਰੀ ਹੈ। ਅਮਰੀਕ ਸਿੰਘ ਗਿੱਲ ਨੇ ਦੱਸਿਆ ਕਿ 1998 ਵਿੱਚ ਜਦੋਂ ਪ੍ਰਤੀ ਏਕੜ ਵਿੱਚੋਂ ਕਣਕ ਦੀ ਆਮਦਨ 12000 ਸੀ, ਉਸ ਸਮੇਂ ਮੈਨੂੰ 30 ਤੋਂ 35 ਹਜ਼ਾਰ ਰੁਪਏ ਇਸ ਖੇਤੀ ਤੋਂ ਪ੍ਰਤੀ ਏਕੜ ਪ੍ਰਾਪਤ ਹੁੰਦਾ ਸੀ ਅਤੇ ਹੁਣ ਜਿੱਥੇ ਕਣਕ ਇੱਕ ਏਕੜ ਵਿੱਚੋਂ 45-50 ਹਜ਼ਾਰ ਰੁਪਏ ਪ੍ਰਤੀ ਏਕੜ ਨਿਕਲਦੀ ਹੈ, ਉਸ ਦੇ ਅਨੁਸਾਰ ਮੈਨੂ ਫੁੱਲਾਂ ਦੀ ਖੇਤੀ ਵਿੱਚੋਂ ਇੱਕ ਲੱਖ ਤੋਂ ਢਾਈ ਲੱਖ ਰੁਪਏ ਪ੍ਰਤੀ ਏਕੜ ਤੱਕ ਦਾ ਮੁਨਾਫਾ ਹੁੰਦਾ ਹੈ, ਜਦੋਂ ਕਿ ਫੁੱਲਾਂ ਦੀ ਖੇਤੀ 'ਤੇ ਪਾਣੀ ਦੀ ਖਪਤ ਵੀ ਬਹੁਤ ਘੱਟ ਹੈ, ਉਥੇ ਹੀ ਸਪਰੇਅ ਦਾ ਖਰਚਾ ਵੀ ਨਾਮਾਤਰ ਹੈ। ਉਨ੍ਹਾ ਦੱਸਿਆ ਕਿ ਮੈਂ ਇਨ੍ਹਾਂ ਫੁੱਲਾਂ ਤੋਂ ਬੀਜ ਤਿਆਰ ਕਰਦਾ ਹਾਂ ਜੋ ਕਿ ਬਾਹਰਲੀਆਂ ਕੰਪਨੀਆਂ ਨੂੰ ਵਧੀਆ ਭਾਅ 'ਤੇ ਜਾਂਦੇ ਹਨ। ਇੱਥੇ ਹੀ ਬੱਸ ਨਹੀਂ, ਮੈਂ ਇਸ 10 ਏਕੜ ਫੁੱਲਾਂ ਦੀ ਖੇਤੀ ਰਾਹੀਂ ਪਿੰਡ ਦੇ ਹੋਰ ਵੀ ਗਰੀਬ ਲੋਕਾਂ ਨੂੰ ਰੁਜ਼ਗਾਰ ਦੇ ਰਿਹਾ ਹਾਂ। ਉਨ੍ਹਾ ਖੁਲਾਸਾ ਕਰਦਿਆਂ ਕਿਹਾ ਕਿ ਮੇਰੇ ਕੋਲ ਮਹਿਜ ਪੰਜ ਏਕੜ ਜ਼ਮੀਨ ਸੀ, ਜੇਕਰ ਮੈਂ ਕਣਕ-ਝੋਨੇ ਦੀ ਖੇਤੀ ਕਰਦਾ ਰਹਿੰਦਾ, ਤਾਂ ਮੈਂ ਘਰ ਦੀ ਕਬੀਲਦਾਰੀ ਵੀ ਨਹੀਂ ਚਲਾ ਸਕਦਾ ਸੀ, ਪ੍ਰੰਤੂ ਹੁਣ ਮੇਰੇ ਉੱਪਰ ਕਿਸੇ ਤਰ੍ਹਾਂ ਦਾ ਕੋਈ ਕਰਜ਼ਾ ਵੀ ਨਹੀਂ ਹੈ ਤੇ ਬੱਚੇ ਵਧੀਆ ਸਕੂਲ, ਕਾਲਜਾਂ ਵਿੱਚ ਪੜ੍ਹ ਕੇ ਡਿਗਰੀਆਂ ਵੀ ਪ੍ਰਾਪਤ ਕਰ ਚੁੱਕੇ ਹਨ। ਕੁੜੀਆਂ ਵੀ ਵਧੀਆ ਘਰ ਵਿਆਹੀਆਂ ਗਈਆਂ ਹਨ। ਅਮਰੀਕ ਸਿੰਘ ਗਿੱਲ ਜਿੱਥੇ ਇਸ ਨੂੰ ਪ੍ਰਮਾਤਮਾ ਦੀ ਮਿਹਰ ਤੇ ਫੁੱਲਾਂ ਦੀ ਖੇਤੀ ਨੂੰ ਦੱਸਦਾ ਹੈ, ਉਥੇ ਹੀ ਖੇਤੀਬਾੜੀ ਵਿਭਾਗ ਦੀ ਪ੍ਰਸ਼ੰਸਾ ਵੀ ਕਰਦਾ ਨਹੀਂ ਥੱਕਦਾ, ਜਿਨ੍ਹਾਂ ਨੇ ਸਮੇਂ-ਸਮੇਂ 'ਤੇ ਮੈਨੂੰ ਜਾਣਕਾਰੀ ਤੇ ਪੂਰਨ ਸਹਿਯੋਗ ਦਿੱਤਾ, ਉਥੇ ਮੈਨੂੰ ਖੇਤੀਬਾੜੀ ਵਿਭਾਗ ਨੇ ਸਫਲ ਕਿਸਾਨ ਦਾ ਪੁਰਸਕਾਰ ਦੇ ਕੇ ਸਨਮਾਨਤ ਕੀਤਾ, ਜਿਸ ਨਾਲ ਮੇਰੀ ਹਿੰਮਤ ਨੂੰ ਲਗਾਤਾਰ ਬਲ ਮਿਲਦਾ ਹੈ। ਉਨ੍ਹਾ ਦੱਸਿਆ ਕਿ ਵੈਸੇ ਤਾਂ ਫੁੱਲਾਂ ਦੀਆਂ ਸੈਂਕੜੇ ਕਿਸਮਾਂ ਹਨ, ਪ੍ਰੰਤੂ ਮੈਂ 10 ਪ੍ਰਕਾਰ ਦੀਆਂ ਕਿਸਮਾਂ ਹੀ ਆਪਣੇ ਖੇਤਾਂ ਵਿੱਚ ਉਗਾਉਂਦਾ ਹਾਂ। ਉਨ੍ਹਾਂ ਦੱਸਿਆ ਕਿ ਖੇਤੀ ਸਬੰਧੀ ਸਭ ਤੋਂ ਪਹਿਲਾਂ ਮੈਨੂੰ ਮੇਰੇ ਰਿਸ਼ਤੇਦਾਰਾਂ ਨੇ ਪ੍ਰੇਰਤ ਕੀਤਾ, ਪ੍ਰੰਤੂ ਹੁਣ ਮੇਰੀ ਪ੍ਰੇਰਣਾ ਰਾਹੀਂ ਪਿੰਡ ਦੇ ਸੈਂਕੜੇ ਕਿਸਾਨ ਫੁੱਲਾਂ ਦੀ ਖੇਤੀ ਕਰਨ ਲੱਗ ਪਏ ਹਨ। ਹੁਣ ਸਾਡੇ ਪਿੰਡ ਵਿੱਚ ਸੈਂਕੜੇ ਏਕੜ ਜ਼ਮੀਨ ਤੇ ਫੁੱਲਾਂ ਦੀ ਖੇਤੀ ਹੋ ਰਹੀ ਹੈ। ਉਨ੍ਹਾਂ ਹੋਰਨਾਂ ਕਿਸਾਨਾਂ ਨੂੰ ਵੀ ਅਪੀਲ ਕਰਦਿਆਂ ਕਿਹਾ ਕਿ ਕਿਸਾਨਾਂ ਨੂੰ ਫਸਲੀ ਚੱਕਰ ਵਿੱਚੋਂ ਜ਼ਰੂਰ ਨਿਕਲਣਾ ਚਾਹੀਦਾ ਹੈ। ਇਸ ਲਈ ਜੇਕਰ ਜ਼ਿਆਦਾ ਨਹੀਂ ਤਾਂ ਸਮਰੱਥਾ ਅਨੁਸਾਰ ਇੱਕ ਜਾਂ ਦੋ ਏਕੜ ਵਿੱਚ ਫੁੱਲਾਂ ਦੀ ਖੇਤੀ ਤਜਰਬੇ ਦੇ ਤੌਰ 'ਤੇ ਜ਼ਰੂਰ ਸ਼ੁਰੂ ਕਰੋ, ਤਾਂ ਜੋ ਜਿੱਥੇ ਧਰਤੀ ਹੇਠਲਾ ਪਾਣੀ ਬਚ ਸਕੇ, ਉਥੇ ਹੀ ਘਰ ਦੀ ਮਾਲੀ ਹਾਲਤ ਵਿੱਚ ਵੀ ਸੁਧਾਰ ਹੋ ਸਕੇ।

CMYK

# ਦੁਕਾਨਾਂ ਦਾ ਕਿਰਾਇਆ ਜਾਅਲੀ ਰਸੀਦਾਂ ਰਾਹੀਂ ਵਸੂਲ ਕਰਨ ਦੇ ਦੋਸ਼ 'ਚ ਸਾਬਕਾ ਸਰਪੰਚ ਗ੍ਰਿਫ਼ਤਾਰ



**ਹੁਸ਼ਿਆਰਪੁਰ (ਓ ਪੀ ਰਾਣਾ)**- ਪੰਜਾਬ ਸਰਕਾਰ ਵਲੋਂ ਰਿਸ਼ਵਤਖੋਰੀ ਵਿਰੁੱਧ ਸ਼ੁਰੂ ਕੀਤੀ ਮੁਹਿੰਮ ਤਹਿਤ ਗ੍ਰਾਮ ਪੰਚਾਇਤ ਚੱਬੇਵਾਲ ਜ਼ਿਲ੍ਹਾ ਹੁਸ਼ਿਆਰਪੁਰ ਦੀਆਂ ਦੁਕਾਨਾਂ ਅਤੇ ਖੋਖਿਆਂ ਦੇ 8,04,000 ਰੁਪਏ ਦੇ ਕਿਰਾਏ ਦੀ ਵਸੂਲੀ ਜਾਅਲੀ ਰਸੀਦਾਂ ਰਾਹੀਂ ਕਰਕੇ ਪੰਚਾਇਤ ਦੇ ਖਾਤੇ ਵਿੱਚ ਜਮ੍ਹਾਂ ਨਾ ਕਰਵਾਉਣ ਦੇ ਦੋਸ਼ ਸਾਬਤ ਹੋਣ 'ਤੇ ਪਿੰਡ ਦੇ ਸਾਬਕਾ ਸਰਪੰਚ ਸ਼ਿਵਰੰਜਨ ਸਿੰਘ ਨੂੰ ਵਿਜੀਲੈਂਸ ਬਿਓਰੋ ਨੇ ਸੋਮਵਾਰ ਨੂੰ ਗ੍ਰਿਫਤਾਰ ਕਰ ਲਿਆ ਹੈ ਜੋ ਕਿ ਜ਼ਿਲ੍ਹਾ ਪੁਲਸ ਵੱਲੋਂ ਦਰਜ ਮੁਕੱਦਮੇ ਵਿੱਚ ਕਰੀਬ ਤਿੰਨ ਮਹੀਨੇ ਤੋਂ ਵੱਧ ਸਮੇਂ ਤੋਂ ਫਰਾਰ ਚਲਿਆ ਆ ਰਿਹਾ ਸੀ। ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਹਰਮਿੰਦਰ ਸਿੰਘ ਵਾਸੀ ਪਿੰਡ ਚੱਬੇਵਾਲ ਜ਼ਿਲ੍ਹਾ ਹੁਸ਼ਿਆਰਪੁਰ ਵੱਲੋਂ ਮਿਤੀ 31.12.2018 ਨੂੰ ਸਰਪੰਚ ਦਾ ਅਹੁਦਾ ਸੰਭਾਲਣ 'ਤੇ ਪਾਇਆ ਗਿਆ ਕਿ ਗ੍ਰਾਮ ਪੰਚਾਇਤ ਚੱਬੇਵਾਲ ਦੀਆਂ ਦੁਕਾਨਾਂ ਅਤੇ ਖੋਖੇ ਆਦਿ ਦੇ ਬਹੁਤ ਸਾਰੇ ਕਿਰਾਏ ਦੁਕਾਨਦਾਰਾਂ ਵੱਲ ਬਕਾਇਆ ਸਨ। ਸਾਬਕਾ ਸਰਪੰਚ ਸ਼ਿਵਰੰਜਨ ਸਿੰਘ ਵੱਲੋਂ ਇਨ੍ਹਾਂ ਦੁਕਾਨਾਂ/ਖੋਖਿਆਂ ਦੇ ਕਿਰਾਏ ਦੀ ਵਸੂਲੀ ਸਮੇਂ ਪੰਚਾਇਤ ਦੇ ਰਿਕਾਰਡ ਦੀ ਅਸਲੀ ਰਸੀਦ ਨਹੀਂ ਦਿੱਤੀ ਗਈ ਸਗੋਂ ਜਾਅਲੀ ਰਸੀਦਾਂ ਦੇ ਦਿੱਤੀਆਂ ਅਤੇ ਪੰਚਾਇਤ ਦੇ ਰਿਕਾਰਡ ਵਿੱਚ ਵਸੂਲ ਕੀਤੇ ਕਿਰਾਏ ਦਾ ਕੋਈ ਅੰਦਰਾਜ ਨਹੀਂ ਕੀਤਾ ਗਿਆ। ਉਪਰੰਤ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ, ਹੁਸਿਆਰਪੁਰ-2 ਵੱਲੋਂ ਇਸ ਘਪਲੇ ਦੀ ਪੜਤਾਲ ਕਰਨ ਮੌਕੇ ਪਾਇਆ ਗਿਆ ਕਿ ਸਾਬਕਾ ਸਰਪੰਚ ਵੱਲੋਂ ਦੁਕਾਨਦਾਰਾਂ ਅਤੇ ਖੋਖੇ ਵਾਲਿਆਂ ਤੋਂ ਕਿਰਾਏ ਦੇ 8,04,000 ਰੁਪਏ ਦੀ ਵਸੂਲੀ ਕਰਕੇ ਪੰਚਾਇਤ ਦੇ ਖਾਤੇ ਵਿੱਚ ਜਮ੍ਹਾਂ ਨਹੀਂ ਕਰਵਾਏ ਗਏ ਅਤੇ ਕਿਰਾਏ ਦੀਆਂ ਜਾਅਲੀ ਰਸੀਦਾਂ ਤਿਆਰ ਕਰਕੇ ਦੁਕਾਨਾਂਦਾਰਾਂ ਨੂੰ ਦਿੱਤੀਆਂ। ਇਸ ਸਬੰਧੀ ਉਕਤ ਸ਼ਿਵਰੰਜਨ ਸਿੰਘ ਵਿਰੁੱਧ ਮੁਕੱਦਮਾ ਨੰਬਰ 125 ਮਿਤੀ 13.10.2022 ਨੂੰ ਆਈ.ਪੀ.ਸੀ. ਦੀ ਧਾਰਾ 409, 420, 465, 466, 467, 468, 471 ਅਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 13(1), 13(2) ਅਧੀਨ ਥਾਣਾ ਚੱਬੇਵਾਲ ਵਿਖੇ ਦਰਜ ਕੀਤਾ ਗਿਆ ਸੀ। ਇਸ ਮੁਕੱਦਮੇ ਦੀ ਅਗਲੀ ਤਫਤੀਸ ਵਿਜੀਲੈਂਸ ਬਿਊਰੋ, ਰੇਂਜ ਜਲੰਧਰ ਨੂੰ ਸੌਂਪੀ ਗਈ ਸੀ। ਵਿਜੀਲੈਂਸ ਬਿਊਰੋ ਵੱਲੋਂ ਉਪਰੋਕਤ ਮੁਕੱਦਮੇ ਦੇ ਫਰਾਰ ਦੋਸ਼ੀ ਸ਼ਿਵਰੰਜਨ ਸਿੰਘ ਨੂੰ ਗ੍ਰਿਫਤਾਰ ਕਰ ਲਿਆ।

# ਪੰਜਾਬ ਦੇ ਮੌਜੂਦਾ ਹਾਲਾਤ ਦਾ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਨੇ ਲਿਆ ਗੰਭੀਰ ਨੋਟਿਸ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ ਤੇ ਜਰਨਲ ਸਕੱਤਰ ਰਾਣਾ ਰਣਬੀਰ ਸਿੰਘ ਠੱਠਾ ਨੇ ਲਿਖਤੀ ਪ੍ਰੈੱਸ ਬਿਆਨ ਰਾਹੀਂ ਦੱਸਿਆ ਕਿ ਪੰਜਾਬ ਤੇ ਕੇਂਦਰ ਸਰਕਾਰ ਨੇ 2024 ਦੀ ਪਾਰਲੀਮੈਂਟ ਦੀਆਂ ਚੋਣਾਂ ਨੂੰ ਦੇਖਦੇ ਹੋਏ ਪੰਜਾਬ ਵਿੱਚ 18 ਮਾਰਚ ਤੋਂ ਲਗਾਤਾਰ ਦਹਿਸ਼ਤ ਤੇ ਡਰ ਦਾ ਮਾਹੌਲ ਪੈਦਾ ਕੀਤਾ ਜਾ ਰਿਹਾ ਹੈ। ਪੈਰਾ ਮਿਲਟਰੀ ਫੋਰਸਾਂ ਤੇ ਪੰਜਾਬ ਪੁਲਸ ਸੂਬੇ ਭਰ ਵਿੱਚ ਫਲੈਗ ਮਾਰਚ ਕਰ ਰਹੀ ਹੈ ਤੇ ਬੇਦੋਸ਼ੇ ਨੌਜਵਾਨਾਂ ਦੀਆਂ ਗ੍ਰਿਫਤਾਰੀਆਂ ਹੋ ਰਹੀਆਂ ਹਨ। ਪਿਛਲੇ ਚਾਰ ਦਿਨਾਂ ਤੋਂ ਪੰਜਾਬ ਭਰ ਵਿੱਚ ਇੰਟਰਨੈੱਟ ਸੇਵਾਵਾਂ ਬੰਦ ਪਈਆਂ ਹਨ। ਆਪ ਲੋਕਾਂ ਨੂੰ ਘਰਾਂ ਵਿੱਚ ਬੰਦ ਕਰਕੇ ਉਨ੍ਹਾਂ ਦੇ ਜਮਹੂਰੀ ਹੱਕਾਂ ਉੱਤੇ ਡਾਕਾ ਮਾਰਿਆ ਜਾ ਰਿਹਾ ਹੈ ਤੇ ਪੂਰੇ ਪੰਜਾਬ ਵਿੱਚ ਪੁਲਸ ਰਾਜ ਕਾਇਮ ਕਰ ਦਿੱਤਾ ਹੈ। ਕਿਸਾਨ ਆਗੂਆਂ ਨੇ ਪੰਜਾਬ ਤੇ ਕੇਂਦਰ ਸਰਕਾਰ ਦੀ ਸਖ਼ਤ ਨਿਖੇਧੀ ਕਰਦਿਆਂ ਇਸ ਵਰਤਾਰੇ ਦਾ ਵਿਰੋਧ ਕੀਤਾ ਹੈ ਤੇ ਸੂਬੇ ਵਿੱਚ ਸਾਰੀਆਂ ਪਬੰਦੀਆਂ ਤੁਰੰਤ ਹਟਾਉਣ ਦੀ ਮੰਗ ਕੀਤੀ ਹੈ। ਕਿਸਾਨ ਆਗੂਆਂ ਨੇ ਕਿਹਾ ਕੇ ਜਥੇਬੰਦੀ ਵੱਲੋਂ 23 ਮਾਰਚ ਨੂੰ ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦਾ ਸ਼ਹੀਦੀ ਦਿਨ ਪੰਜਾਬ ਵਿੱਚ 60 ਥਾਵਾਂ ਉੱਪਰ ਮਨਾਇਆ ਜਾਵੇਗਾ, 29 ਮਾਰਚ ਨੂੰ ਕਿਸਾਨ ਲਹਿਰ ਦੇ ਸ਼ਹੀਦ ਅੰਗਰੇਜ਼ ਸਿੰਘ ਬਾਕੀਪੁਰ ਸਮੇਤ ਸਾਰੇ ਸ਼ਹੀਦਾਂ ਨੂੰ ਜਿਲ੍ਹਾ ਪੱਧਰੀ ਵਿਸ਼ਾਲ ਇਕੱਠਾਂ ਵਿੱਚ ਸ਼ਰਧਾਂਜਲੀ ਦਿੱਤੀ ਜਾਵੇਗੀ ਤੇ 6 ਅਪ੍ਰੈਲ ਨੂੰ ਕੌਮੀ ਇਨਸਾਫ਼ ਮੋਰਚੇ ਦੀ ਹਮਾਇਤ ਵਿੱਚ ਹਜ਼ਾਰਾਂ ਕਿਸਾਨਾਂ ਤੇ ਮਜ਼ਦੂਰਾਂ ਦਾ ਜਥਾ ਭੇਜਿਆ ਜਾਵੇਗਾ। ਕਿਸਾਨ ਆਗੂਆਂ ਨੇ ਅੱਗੇ ਕਿਹਾ ਕਿ ਅੰਮ੍ਰਿਤਪਾਲ ਸਿੰਘ ਨੂੰ ਹਊਆ ਬਣਾ ਕੇ ਲੋਕਾਂ ਨੂੰ ਡਰਾਉਣਾ ਤੇ ਧਮਕਾਉਣਾ ਬੰਦ ਕੀਤਾ ਜਾਵੇ ਤੇ ਉਸਨੂੰ ਤੁਰੰਤ ਅਦਾਲਤ ਵਿੱਚ ਪੇਸ਼ ਕੀਤਾ ਜਾਵੇ ਤੇ ਸਾਰੇ ਗ੍ਰਿਫਤਾਰ ਕੀਤੇ ਨੌਜਵਾਨਾਂ ਨੂੰ ਰਿਹਾਅ ਕੀਤਾ ਜਾਵੇ। ਜੇਕਰ ਪੰਜਾਬ ਤੇ ਕੇਂਦਰ ਸਰਕਾਰ ਨੇ ਜ਼ੁਲਮ ਬੰਦ ਨਾ ਕੀਤਾ ਤਾਂ ਪੰਜਾਬ ਦੇ ਸਾਰੇ ਇਨਸਾਫ਼ ਪਸੰਦ ਲੋਕ ਸੜਕਾਂ ਤੇ ਉਤਰ ਆਉਣਗੇ। ਕਿਸਾਨ ਆਗੂਆਂ ਨੇ ਮੀਂਹ ਅਤੇ ਗੜੇਮਾਰੀ ਨਾਲ ਤਬਾਹ ਹੋਈਆਂ ਫਸਲਾਂ ਦੀ ਤੁਰੰਤ ਗਿਰਦਾਵਰੀ ਕਰਕੇ ਯੋਗ ਮੁਆਵਜ਼ਾ ਦੇਣ ਦੀ ਮੰਗ ਕੀਤੀ।

# ਐੱਸ ਐੱਸ ਪੀ ਗੁਰਦਾਸਪੁਰ ਨੇ ਸਿਵਲ ਤੇ ਪੁਲਸ ਅਧਿਕਾਰੀਆਂ ਨਾਲ ਕਾਨੂੰਨ ਵਿਵਸਥਾ ਦਾ ਲਿਆ ਜਾਇਜ਼ਾ



**ਧਾਰੀਵਾਲ/ਗੁਰਦਾਸਪੁਰ, (ਮਨਦੀਪ ਸਿੰਘ, ਜਨਕ ਮਹਾਜਨ ਵਿੱਕੀ)**-ਐੱਸਐੱਸਪੀ ਗੁਰਦਾਸਪੁਰ ਦਾਇਮਾ ਹਰੀਸ਼ ਓਮ ਪ੍ਰਕਾਸ਼ ਵੱਲੋਂ ਅੱਜ ਪੁਲਸ ਜ਼ਿਲ੍ਹਾ ਗੁਰਦਾਸਪੁਰ ਵਿੱਚ ਸੁਰੱਖਿਆ ਅਤੇ ਕਾਨੂੰਨ ਵਿਵਸਥਾ ਦਾ ਜਾਇਜ਼ਾ ਲੈਣ ਲਈ ਵੱਖ-ਵੱਖ ਥਾਵਾਂ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਨਿਧੀ ਕੁਮੁਦ ਬਾਮਬਾ ਅਤੇ ਪੁਲਸ ਅਧਿਕਾਰੀ ਵੀ ਮੌਜੂਦ ਸਨ। ਗੁਰਦਾਸਪੁਰ ਵਿਖੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਐੱਸ.ਐੱਸ.ਪੀ. ਗੁਰਦਾਸਪੁਰ ਦਾਇਮਾ ਹਰੀਸ਼ ਓਮ ਪ੍ਰਕਾਸ਼ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਪੂਰੀ ਤਰ੍ਹਾਂ ਕਾਬੂ ਹੇਠ ਹੈ। ਉਨ੍ਹਾਂ ਕਿਹਾ ਕਿ ਪੰਜਾਬ ਪੁਲਸ ਅਤੇ ਅਰਧ ਸੈਨਿਕ ਬਲਾਂ ਵੱਲੋਂ ਫਲੈਗ ਮਾਰਚ ਕਰਨ ਤੋਂ ਇਲਾਵਾ ਨਾਕਿਆਂ 'ਤੇ ਪੂਰੀ ਨਿਗਰਾਨੀ ਰੱਖੀ ਜਾ ਰਹੀ ਹੈ ਤਾਂ ਜੋ ਸ਼ਰਾਰਤੀ ਅਨਸਰ ਸਮਾਜ ਵਿੱਚ ਗੜਬੜ ਨਾ ਫੈਲਾਅ ਸਕਣ। ਉਨ੍ਹਾਂ ਆਪਸੀ ਭਾਈਚਾਰਕ ਸਾਂਝ ਤੇ ਅਮਨ-ਸ਼ਾਂਤੀ ਬਣਾਈ ਰੱਖਣ ਲਈ ਜ਼ਿਲ੍ਹਾ ਵਾਸੀਆਂ ਨੂੰ ਜਿਥੇ ਵਧਾਈ ਦਿੱਤੀ ਉੱਥੇ ਹੀ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦਾ ਸਹਿਯੋਗ ਦੇਣ ਤੇ ਉਨ੍ਹਾਂ ਦੀ ਸ਼ਲਾਘਾ ਵੀ ਕੀਤੀ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਉਹ ਸੋਸ਼ਲ ਮੀਡੀਆ ਤੇ ਫੈਲ ਰਹੀਆਂ ਝੂਠੀਆਂ ਅਫ਼ਵਾਹਾਂ ਤੋਂ ਪੂਰੀ ਤਰ੍ਹਾਂ ਸੁਚੇਤ ਰਹਿਣ ਅਤੇ ਕਿਸੇ ਵੀ ਤਰ੍ਹਾਂ ਦੀ ਗਲਤ ਸੂਚਨਾ ਜਾਂ ਮੈਸੇਜ ਅੱਗੇ ਨਾ ਭੇਜਣ।

ਉਨ੍ਹਾਂ ਕਿਹਾ ਕਿ ਜੇਕਰ ਕੋਈ ਵੀ ਵਿਅਕਤੀ ਸ਼ੋਸ਼ਲ ਮੀਡੀਆ ਰਾਹੀਂ ਗਲਤ ਅਫ਼ਵਾਹਾਂ ਫ਼ੈਲਾਉਂਦਾ ਪਾਇਆ ਜਾਂਦਾ ਹੈ ਤਾਂ ਉਸ ਖਿਲਾਫ਼ ਬਣਦੀ ਸਖਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਸੁਚੇਤ ਕਰਦਿਆਂ ਕਿਹਾ ਕਿ ਜੇਕਰ ਕੋਈ ਵੀ ਸ਼ਰਾਰਤੀ ਅਨਸਰ ਮਾਹੌਲ ਖਰਾਬ ਕਰਨ ਦੀ ਕੋਸ਼ਿਸ਼ ਕਰਦਾ ਹੈ ਤਾਂ ਉਸ ਦੀ ਜਾਣਕਾਰੀ ਤੁਰੰਤ ਨੇੜੇ ਦੇ ਥਾਣੇ 'ਚ ਜਾਂ ਜ਼ਿਲ੍ਹਾ ਪ੍ਰਸ਼ਾਸਨ ਕੋਲ ਦਰਜ ਕਰਵਾਈ ਜਾਵੇ।

# ਸ਼ਹੀਦੀ ਦਿਹਾੜੇ ਦੇ ਮੱਦੇਨਜ਼ਰ ਭਲਕੇ ਸੇਵਾ ਕੇਂਦਰਾਂ 'ਚ ਛੁੱਟੀ

**ਪਠਾਨਕੋਟ, ਗਹਿਰੀ ਮੰਡੀ (ਦਵਿੰਦਰ ਸਿੰਘ, ਮਨਜੀਤ ਸਿੰਘ ਮਿੰਟੂ)**-ਡਿਪਟੀ ਕਮਿਸ਼ਨਰ ਅੰਮ੍ਰਿਤਸਰ ਹਰਪ੍ਰੀਤ ਸਿੰਘ ਸੂਦਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 23 ਮਾਰਚ ਨੂੰ ਸ਼ਹੀਦ-ਏ-ਆਜ਼ਮ ਭਗਤ ਸਿੰਘ, ਸੁਖਦੇਵ ਤੇ ਰਾਜਗੁਰੂ ਦੇ ਸ਼ਹੀਦੀ ਦਿਹਾੜੇ ਨੂੰ ਮੁੱਖ ਰੱਖਦੇ ਹੋਏ ਜ਼ਿਲ੍ਹੇ ਦੇ ਸਾਰੇ ਸੇਵਾ ਕੇਂਦਰਾਂ 'ਚ ਛੁੱਟੀ ਰਹੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬ ਸਰਕਾਰ ਦੇ ਪ੍ਰਸ਼ਾਸਕੀ ਸੁਧਾਰ ਵਿਭਾਗ ਵਲੋਂ ਦੇਸ਼ ਦੇ ਮਹਾਨ ਸ਼ਹੀਦਾਂ ਦੇ ਬਲੀਦਾਨ ਦਿਵਸ ਨੂੰ ਮੁੱਖ ਰੱਖਦੇ ਹੋਏ ਪੰਜਾਬ ਦੇ ਸਮੂਹ ਸੇਵਾ ਕੇਂਦਰਾਂ 'ਚ ਉਕਤ ਦਿਨ ਛੁੱਟੀ ਰੱਖਣ ਦਾ ਐਲਾਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ 23 ਮਾਰਚ ਦੀ ਛੁੱਟੀ ਤੋਂ ਇਲਾਵਾ ਹੋਰਨਾਂ ਦਿਨਾਂ ਵਿਚ ਸੇਵਾ ਕੇਂਦਰ ਦੇ ਮੁਲਾਜ਼ਮ ਆਪਣੀਆਂ ਸੇਵਾਵਾਂ ਆਮ ਵਾਂਗ ਜਾਰੀ ਰੱਖਣਗੇ।

ਇਸੇ ਤਰ੍ਹਾਂ ਹਰਬੀਰ ਸਿੰਘ ਡਿਪਟੀ ਕਮਿਸ਼ਨਰ ਪਠਾਨਕੋਟ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਮੌਕੇ 23 ਮਾਰਚ, ਨੂੰ ਜ਼ਿਲ੍ਹੇ ਦੇ ਸਾਰੇ ਸੇਵਾ ਕੇਂਦਰਾਂ ਵਿੱਚ ਛੁੱਟੀ ਰਹੇਗੀ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਦੇ ਪ੍ਰਸ਼ਾਸਕੀ ਸੁਧਾਰ ਵਿਭਾਗ ਵੱਲੋਂ ਦੇਸ਼ ਦੇ ਮਹਾਨ ਸ਼ਹੀਦਾਂ ਦੇ ਬਲੀਦਾਨ ਦਿਵਸ ਨੂੰ ਮੁੱਖ ਰੱਖਦੇ ਹੋਏ ਰਾਜ ਦੇ ਸੇਵਾ ਕੇਂਦਰਾਂ 'ਚ ਉਕਤ ਦਿਨ ਛੁੱਟੀ ਰੱਖਣ ਦਾ ਐਲਾਨ ਕੀਤਾ ਗਿਆ ਹੈ।

# ਸੇਵਾ ਸਿੰਘ ਸਾਧਪੁਰ ਨੂੰ ਸਦਮਾ, ਸਹੁਰੇ ਦਾ ਦਿਹਾਂਤ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਉੱਘੇ ਸਮਾਜ ਸੇਵੀ ਅਤੇ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮ ਸੇਵਾ ਸਿੰਘ ਸਾਧਪੁਰ ਨੂੰ ਉਸ ਵੇਲੇ ਭਾਰੀ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਸਹੁਰਾ ਸਾਹਿਬ ਸੀਨੀਅਰ ਕਾਂਗਰਸੀ ਆਗੂ ਸੂਬੇਦਾਰ ਅਜੈਬ ਸਿੰਘ ਖਿੱਦੋਵਾਲੀ ਦਾ ਅਚਾਨਕ ਦਿਹਾਂਤ ਹੋ ਗਿਆ। ਬਹੁਤ ਹੀ ਮਿਲਾਪੜੇ ਸੁਭਾਅ ਦੇ ਮਾਲਕ ਅਤੇ ਸਿਆਸਤ ਵਿੱਚ ਆਪਣੀ ਚੰਗੀ ਦਿੱਖ ਰੱਖਣ ਵਾਲੇ ਸੂਬੇਦਾਰ ਅਜੈਬ ਸਿੰਘ ਦੇ ਹੋਏ ਬੇਵਕਤ ਦਿਹਾਂਤ 'ਤੇ ਦੁੱਖ ਪ੍ਰਗਟ ਕਰਦਿਆਂ ਸੰਤ ਬਾਬਾ ਸੱਜਣ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ, ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ, ਸੁਖਵਿੰਦਰ ਸਿੰਘ ਗੋਲਡੀ ਤੰਨੇਲ, ਸਾਬਕਾ ਵਿਧਾਇਕ ਅਤੇ ਭਾਜਪਾ ਆਗੂ ਡਾ. ਦਲਬੀਰ ਸਿੰਘ ਵੇਰਕਾ, ਕਾਂਗਰਸ ਦੇ ਹਲਕਾ ਇਚਾਰਜ ਜਗਵਿੰਦਰਪਾਲ ਸਿੰਘ ਜੱਗਾ, ਆਪ ਆਗੂ ਸੁਖਜਿੰਦਰਰਾਜ ਸਿੰਘ ਲਾਲੀ ਮਜੀਠੀਆ, ਭਗਵੰਤਪਾਲ ਸਿੰਘ ਸੱਚਰ ਸਾਬਕਾ ਜ਼ਿਲ੍ਹਾ ਪ੍ਰਧਾਨ ਕਾਂਗਰਸ ਕਮੇਟੀ, ਸੀਨੀਅਰ ਕਾਂਗਰਸੀ ਆਗੂ ਮੋਹਨ ਸਿੰਘ ਬਾਠ ਨਿੱਬਰਵਿੰਡ, ਝਿਲਮਿਲ ਸਿੰਘ ਬਾਠ ਸਾਧਪੁਰ, ਪੰਚਾਇਤ ਸੈਕਟਰੀ ਮੇਵਾ ਸਿੰਘ ਸਾਧਪੁਰ, ਡਾ. ਗੱਜਣ ਸਿੰਘ, ਸਰਪੰਚ ਜਗੀਰ ਸਿੰਘ ਸਾਧਪੁਰ, ਤਰਸੇਮ ਸਿੰਘ ਬਾਠ, ਸਰਪੰਚ ਸਿਕੰਦਰ ਸਿੰਘ ਖਿੱਦੋਵਾਲੀ, ਸਾਬਕਾ ਸਰਪੰਚ ਪਰੇਮ ਸਿੰਘ ਤਰਫ਼ਾਨ, ਸਰਪੰਚ ਅੰਗਰੇਜ਼ ਸਿੰਘ ਖੈੜੇ, ਸਰਪੰਚ ਸਤਨਾਮ ਸਿੰਘ ਕਾਜ਼ੀਕੋਟ, ਸਰਪੰਚ ਬਲਕਾਰ ਸਿੰਘ ਬੋਪਾਰਾਏ, ਸਰਪੰਚ ਬਲਜੀਤ ਸਿੰਘ ਸਰਾਂ, ਸਾਬਕਾ ਚੇਅਰਮੈਨ ਗੁਰਮੀਤ ਸਿੰਘ ਰਾਜੂ ਭੀਲੋਵਾਲ, ਜਥੇਦਾਰ ਦਾਰਾ ਸਿੰਘ ਭੀਲੋਵਾਲ, ਕਾਂਗਰਸੀ ਆਗੂ ਤਰਸੇਮ ਸਿੰਘ ਸਿਆਲਕਾ ਆਦਿ ਆਗੂਆਂ ਨੇ ਸੇਵਾ ਸਿੰਘ ਸਾਧਪੁਰ ਅਤੇ ਉਨ੍ਹਾਂ ਦੇ ਪਰਿਵਾਰ ਨਾਲ ਹਮਦਰਦੀ ਦਾ ਇਜ਼ਹਾਰ ਕੀਤਾ। ਸੂਬੇਦਾਰ ਅਜੈਬ ਸਿੰਘ ਨਮਿਤ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ 28 ਮਾਰਚ ਨੂੰ ਉਨ੍ਹਾਂ ਦੇ ਗ੍ਰਹਿ ਪਿੰਡ ਖਿੱਦੋਵਾਲੀ ਨਜ਼ਦੀਕ ਮੱਤੇਵਾਲ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਦੁਪਹਿਰ 12 ਵਜੇ ਪੈਣਗੇ।

# ਨਹਿਰੂ ਯੁਵਾ ਕੇਂਦਰ ਵੱਲੋਂ ਸੱਤ ਦਿਨਾ ਆਦਿਵਾਸੀ ਯੁਵਾ ਆਦਾਨ-ਪ੍ਰਦਾਨ ਪ੍ਰੋਗਰਾਮ ਦੀ ਸ਼ੁਰੂਆਤ




**ਅੰਮ੍ਰਿਤਸ (ਨਰਿੰਦਰਜੀਤ ਸਿੰਘ)**—ਨਹਿਰੂ ਯੁਵਾ ਕੇਂਦਰ ਅੰਮ੍ਰਿਤਸਰ, ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਭਾਰਤ ਸਰਕਾਰ ਵੱਲੋਂ ਖਾਲਸਾ ਕਾਲਜ ਆਫ ਇੰਜੀਨੀਅਰਿੰਗ ਐਂਡ ਟੈਕਨਾਲੋਜੀ, ਰਣਜੀਤ ਐਵੀਨਿਊ ਅੰਮ੍ਰਿਤਸਰ ਵਿਖੇ ਮੰਗਲਵਾਰ 21 ਮਾਰਚ ਨੂੰ ਸੱਤ ਦਿਨਾਂ ਦਾ ਆਦਿਵਾਸੀ ਯੁਵਾ ਆਦਾਨ - ਪ੍ਰਦਾਨ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ 11 ਜ਼ਿਲ੍ਹਿਆਂ ਦੇ ਲਗਭਗ 200 ਆਦਿਵਾਸੀ ਨੌਜਵਾਨਾਂ ਨੇ ਭਾਗ ਲਿਆ ਜੋ ਕਿ ਚਾਰ ਰਾਜ ਜਿਵੇਂ ਕਿ ਝਾਰਖੰਡ, ਮਹਾਰਾਸ਼ਟਰ, ਛੱਤੀਸਗੜ੍ਹ ਅਤੇ ਉੜੀਸਾ ਤੋਂ ਸਨ। ਸਮਾਗਮ ਦਾ ਉਦੇਸ਼ ਕਬਾਇਲੀ ਨੌਜਵਾਨਾਂ ਨੂੰ ਦੇਸ਼ ਦੀ ਅਮੀਰ ਸੱਭਿਆਚਾਰਕ ਵਿਰਾਸਤ ਬਾਰੇ ਜਾਗਰੂਕ ਕਰਨਾ ਅਤੇ ਉਨ੍ਹਾਂ ਨੂੰ ਅਨੇਕਤਾ ਵਿੱਚ ਏਕਤਾ ਦੇ ਸੰਕਲਪ ਦੀ ਕਦਰ ਕਰਨ ਦਾ ਯੋਗ ਬਣਾਉਣਾ ਹੈ। ਸਾਰੇ ਪ੍ਰਤੀਯੋਗੀਆਂ ਨੂੰ ਨਹਿਰੂ ਯੁਵਾ ਕੇਂਦਰ ਅੰਮ੍ਰਿਤਸਰ ਵੱਲੋਂ ਸਨਮਾਨਿਤ ਕੀਤਾ ਗਿਆ।

ਸਮਾਗਮ ਦੀ ਸ਼ੁਰੂਆਤ ਨਹਿਰੂ ਯੁਵਾ ਕੇਂਦਰ ਅੰਮ੍ਰਿਤਸਰ ਦੇ ਵਲੰਟੀਅਰਾਂ ਦੁਆਰਾ ਪ੍ਰਤੀਯੋਗੀਆਂ ਦੀ ਰਜਿਸਟਰੇਸ਼ਨ ਨਾਲ ਹੋਈ ਅਤੇ ਇਸ ਤੋਂ ਬਾਅਦ ਆਕਾਂਸ਼ਾ ਮਹਾਵਰੀਆ ਜ਼ਿਲ੍ਹਾ ਯੁਵਾ ਅਫਸਰ ਨੇ ਸਾਰੇ ਪ੍ਰਤੀਭਾਗੀਆਂ ਦਾ ਸਵਾਗਤ ਕੀਤਾ ਅਤੇ ਸੱਤ ਦਿਨਾਂ ਦੇ ਪ੍ਰੋਗਰਾਮ ਬਾਰੇ ਜਾਣਕਾਰੀ ਦਿੱਤੀ। ਇਸ ਤੋਂ ਬਾਅਦ ਸੀਏਪੀਐਫ ਦੇ ਸਾਰੇ ਐਸਕਾਰਟਸ ਅਤੇ ਪ੍ਰਤੀਭਾਗੀਆਂ ਨੇ ਆਪਣੀ ਜਾਣ-ਪਛਾਣ ਕਰਵਾਈ। ਉਸ ਤੋਂ ਬਾਅਦ ਦਿਨ ਦਾ ਪਹਿਲਾ ਸੈਸ਼ਨ ਈ. ਆਰ. ਮਨੀਤ ਕੌਰ, ਖ਼ਾਲਸਾ ਕਾਲਜ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਅੰਮ੍ਰਿਤਸਰ ਵਿਖੇ ਪਲੇਸਮੈਂਟ ਅਤੇ ਡਰਾਈਵ ਸੈਲ ਦੇ ਇੰਚਾਰਜ ਹਨ । ਉਨ੍ਹਾ ਨੇ ਉੱਦਮਤਾ ਵਿਕਾਸ ਹੁਨਰਾਂ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ। ਭਾਗੀਦਾਰਾਂ ਨੂੰ ਉਦਯੋਗਿਕ ਕਾਰੋਬਾਰੀ ਗਤੀਵਿਧੀਆਂ ਦੇ ਵੱਖ-ਵੱਖ ਪਹਿਲੂਆਂ 'ਤੇ ਚਾਨਣਾ ਪਾ ਕੇ ਨੌਜਵਾਨਾਂ ਦੀ ਪ੍ਰਤਿਭਾ ਨੂੰ ਨਿਖਾਰਨ ਲਈ ਨਿਯਮਤ ਤੌਰ 'ਤੇ ਆਯੋਜਿਤ ਕੀਤੇ ਜਾਂਦੇ ਵੱਖ-ਵੱਖ ਪ੍ਰੋਗਰਾਮਾਂ ਬਾਰੇ ਜਾਣੂ ਕਰਵਾਇਆ। ਭਾਗੀਦਾਰਾਂ ਨੂੰ ਇੱਕ ਸਫਲ ਉਦਯੋਗਪਤੀ ਬਣਨ ਦੇ ਹੁਨਰਾਂ ਬਾਰੇ ਵੀ ਮਾਰਗਦਰਸ਼ਨ ਕੀਤਾ।

ਅਗਲੇ ਸੈਸ਼ਨ ਵਿੱਚ ਐੱਸ. ਐੱਚ. ਖੁਸ਼ਪਾਲ ਰਿਟਾਇਰਡ ਮੈਨੇਜਰ ਪੀ. ਐੱਨ. ਬੀ. ਅਤੇ ਰਿਟਾਇਰਡ ਡਾਇਰੈਕਟਰ ਆਰ. ਐਸ. ਈ. ਟੀ. ਆਈ. ਪੀ. ਐਨ. ਬੀ. ਉਨ੍ਹਾਂ ਦਾ ਵਿਸ਼ਾ ਡਾ. ਬੀ. ਆਰ. ਅੰਬੇਡਕਰ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਸੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਡਾ. ਬੀ. ਆਰ. ਅੰਬੇਦਕਰ ਦੀਆਂ ਸਿੱਖਿਆਵਾਂ ਨਾਲ ਸੰਬੋਧਨ ਕੀਤਾ। ਉਨ੍ਹਾ ਨੇ ਭਾਗੀਦਾਰਾਂ ਨੂੰ ਉਨ੍ਹਾ ਦੇ ਜੀਵਨ ਦੇ ਤਿੰਨ ਸਿਧਾਂਤਾਂ ਜਿਵੇਂ ਕਿ ਸੁਤੰਤਰਤਾ, ਸਮਾਨਤਾ ਅਤੇ ਭਾਈਚਾਰੇ ਬਾਰੇ ਵੀ ਜਾਣੂ ਕਰਵਾਇਆ। ਉਨ੍ਹਾਂ ਨੇ ਡਾ. ਬੀ. ਆਰ. ਅੰਬੇਡਕਰ ਦੇ ਸੰਘਰਸ਼ਾਂ ਅਤੇ ਜੀਵਨ ਇਤਿਹਾਸ ਨੂੰ ਵੀ ਦਰਸਾਇਆ। ਉਸ ਤੋਂ ਬਾਅਦ ਡਾ. ਰਿਪਿਨ ਕੋਹਲੀ ਕੋਆਰਡੀਨੇਟਰ ਆਈਕਿਊਏਸੀ ਇੰਟਰਨੈਸ਼ਨਲ ਕੁਆਲਿਟੀ ਅਸ਼ੋਰੈਂਸ ਕੌਂਸਲ, ਖਾਲਸਾ ਕਾਲਜ ਆਫ ਇੰਜਨੀਅਰਿੰਗ ਐਂਡ ਟੈਕਨਾਲੋਜੀ ਅੰਮ੍ਰਿਤਸਰ ਥੀਮੈਟਿਕ ਪ੍ਰੋਗਰਾਮ ਲਈ ਰਿਸੋਰਸ ਪਰਸਨ ਸਨ ਜਿਨਾਂ ਨੇ ਨਿੱਜੀ ਸਫਾਈ ਅਤੇ ਮਾਨਸਿਕ ਤੰਦਰੁਸਤੀ ਤੇ ਵਿਚਾਰ ਪੈਸ਼ਨ ਕਿਤਾ। ਇਸ ਸੈਸ਼ਨ ਵਿੱਚ ਭਾਗ ਲੈਣ ਵਾਲਿਆਂ ਨੂੰ ਨਿੱਜੀ ਸਫਾਈ ਕਿੱਟਾਂ ਵੰਡੀਆਂ ਗਈਆਂ। ਉਨਹਾ ਨੇ ਭਾਗੀਦਾਰਾਂ ਨੂੰ ਨਿੱਜੀ ਸਫਾਈ ਦੇ ਗੁਣਾਂ ਬਾਰੇ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ ਨਿੱਜੀ ਸਫਾਈ ਨਾ ਸਿਰਫ ਤੁਹਾਨੂੰ ਆਕਰਸ਼ਕ ਬਣਾਉਂਦੀ ਹੈ ਬਲਕਿ ਹਰ ਤਰ੍ਹਾਂ ਦੀਆਂ ਬਿਮਾਰੀਆਂ ਨੂੰ ਵੀ ਦੂਰ ਰੱਖਦੀ ਹੈ। ਦਿਨ ਦੀ ਸਮਾਪਤੀ ਇੱਕ ਸੱਭਿਆਚਾਰਕ ਪ੍ਰੋਗਰਾਮ ਨਾਲ ਹੋਈ ਜਿਸ ਵਿੱਚ ਸਾਰੇ ਪ੍ਰਤੀਭਾਗੀਆਂ ਨੇ ਆਪੋ-ਆਪਣੇ ਰਾਜਾਂ ਦੇ ਸੱਭਿਆਚਾਰ ਨੂੰ ਪੇਸ਼ ਕੀਤਾ।

# ਰਾਹੁਲ ਗਾਂਧੀ ਦੀ ਟਿੱਪਣੀ 'ਤੇ ਭਾਜਪਾ ਤਰਲੋ-ਮੱਛੀ



**ਅੰਮ੍ਰਿਤਸਰ ( ਜਸਬੀਰ ਸਿੰਘ ਪੱਟੀ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਸਕੱਤਰ ਅਤੇ ਸਿੱਖ ਚਿੰਤਕ ਦਿਲਜੀਤ ਸਿੰਘ ਬੇਦੀ ਨੇ ਕਈ ਦਿਨਾਂ ਤੋਂ ਸੰਸਦ ਦੀ ਕਾਰਵਾਈ ਠੱਪ ਹੋਣ ਤੇ ਟਿਪਣੀ ਕਰਦਿਆ ਕਿਹਾ ਕਿ ਭਾਜਪਾ ਰਾਹੁਲ ਗਾਂਧੀ ਦੇ ਉਸ ਗੁਫਤਗੂ ਤੋਂ ਤਰਲੋ ਮੱਛੀ ਹੋ ਰਹੀ ਜੋ ਉਸ ਨੇ ਕੈਂਬਰਿਜ ਯੂਨੀਵਰਸਿਟੀ ਦੇ ਅਧਿਆਪਕਾਂ ਤੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਕਿਹਾ ਸੀ ਕਿ ਭਾਰਤ ਵਿਚ ਜਮਹੂਰੀਅਤ ਨੂੰ ਖੋਰਾ ਲੱਗ ਰਿਹਾ ਹੈ ਅਤੇ ਇਸ ਦਾ ਅਸਰ ਹੋਰ ਦੇਸ਼ਾਂ ਵਿਚਲੀ ਜਮਹੂਰੀ ਪ੍ਰਕਿਰਿਆ 'ਤੇ ਵੀ ਪਵੇਗਾ। ਭਾਰਤੀ ਜਨਤਾ ਪਾਰਟੀ ਨੇ ਇਨ੍ਹਾਂ ਟਿੱਪਣੀਆਂ ਦੇ ਆਧਾਰ 'ਤੇ ਇਹ ਬਿਰਤਾਂਤ ਘੜਿਆ ਹੈ ਕਿ ਰਾਹੁਲ ਗਾਂਧੀ ਨੇ ਵਿਦੇਸ਼ੀ ਧਰਤੀ ਤੇ ਭਾਰਤ ਦਾ ਅਪਮਾਨ ਕੀਤਾ ਹੈ ਅਤੇ ਉਸ ਨੂੰ ਇਸ ਲਈ ਮੁਆਫੀ ਮੰਗਣੀ ਚਾਹੀਦੀ ਹੈ। ਇਸ ਮੰਗ ਨੂੰ ਲੈ ਕੇ ਸੱਤਾਧਾਰੀ ਧਿਰ ਸੰਸਦ ਦੀ ਕਾਰਵਾਈ ਚੱਲਣ ਨਹੀਂ ਦੇ ਰਹੀ। ਉਨ੍ਹਾਂ ਕਿਹਾ ਕਿੰਨੇ ਅਫਸੋਸ ਦੀ ਗੱਲ ਹੈ, ਇਹ ਉਹ ਪਾਰਟੀ ਕਰ ਰਹੀ ਹੈ। ਜਿਸ ਦੇ ਲੋਕ ਸਭਾ ਵਿਚ 303 ਮੈਂਬਰ ਹਨ।

ਸ. ਬੇਦੀ ਨੇ ਕਿਹਾ ਸੰਵਿਧਾਨਕ ਮਰਿਆਦਾ ਅਨੁਸਾਰ ਸੱਤਾਧਾਰੀ ਪਾਰਟੀ ਦਾ ਫਰਜ ਹੈ ਕਿ ਲੋਕ ਸਭਾ ਤੇ ਰਾਜ ਸਭਾ ਵਿਚ ਕਾਰਵਾਈ ਸੰਵਿਧਾਨਕ ਤੇ ਸੰਵਾਦਮਈ ਤੌਰ-ਤਰੀਕੇ ਨਾਲ ਚਲਾਵੇ। ਉਨ੍ਹਾਂ ਕਿਹਾ ਕਾਂਗਰਸ ਦੇ ਆਗੂ ਇਹ ਦੋਸ ਲਗਾ ਰਹੇ ਹਨ ਕਿ ਕਾਰਵਾਈ ਇਸ ਲਈ ਨਹੀਂ ਚੱਲਣ ਦਿੱਤੀ ਜਾ ਰਹੀ ਕਿਉਂਕਿ ਸੱਤਾਧਾਰੀ ਧਿਰ ਲੋਕਾਂ ਦਾ ਧਿਆਨ ਅਡਾਨੀ ਦੇ ਮੁੱਦੇ ਤੋਂ ਹਟਾਉਣਾ ਚਾਹੁੰਦੀ ਹੈ।

ਉਨ੍ਹਾਂ ਕਿਹਾ ਕਿਸੇ ਵੀ ਪਾਰਟੀ ਦੁਆਰਾ ਸੰਸਦ ਨੂੰ ਸੰਵਾਦ ਹੀਣ ਬਣਾਉਣਾ ਅਸੰਵਿਧਾਨਕ ਹੈ, ਕਿਉਂਕਿ ਇਹ ਲੋਕਾਂ ਦੁਆਰਾ ਆਪਣੇ ਚੁਣੇ ਹੋਏ ਨੁਮਾਇੰਦਿਆਂ ਵਿਚ ਪ੍ਰਗਟਾਏ ਗਏ ਵਿਸ਼ਵਾਸ ਦੀ ਅਵੱਗਿਆ ਹੈ। ਸੰਵਾਦ ਸੰਸਦ ਵਿਚ ਵੀ ਅਤੇ ਸੰਸਦ ਤੋਂ ਬਾਹਰ ਵੀ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਵਿਚਾਰ-ਵਟਾਂਦਰਾ ਜਮਹੂਰੀਅਤ ਦੇ ਜਾਮਨ ਹੈ। ਵਰਤਮਾਨ ਹਾਲਾਤ ਤੋਂ ਇਹ ਪ੍ਰਤੀਤ ਹੁੰਦਾ ਹੈ ਕਿ ਸੰਸਦ ਵਿਚ ਸੰਵਾਦ ਕਰਵਾਉਣ ਤੋਂ ਹਾਕਮ ਧਿਰ ਭੱਜ ਰਹੀ ਹੈ ਅਤੇ ਬਹਾਨਾ ਬਣਾ ਕੇ ਵਕਤ ਜ਼ਾਇਆ ਕਰ ਰਹੀ ਹੈ।

# ਸੁੰਦਰੀਕਰਨ ਮੁਹਿੰਮ ਤਹਿਤ ਈਟੀਓ ਨੇ ਨੱਥੂਆਣਾ ਵਿਰਾਸਤੀ ਦਰਵਾਜ਼ੇ ਦਾ ਕੀਤਾ ਉਦਘਾਟਨ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**- ਜੰਡਿਆਲਾ ਗੁਰੂ ਨੂੰ ਇਕ ਸੁੰਦਰ ਸ਼ਹਿਰ ਬਣਾਇਆ ਜਾਵੇਗਾ ਅਤੇ ਇਸਦੇ ਵਿਕਾਸ ਕਾਰਜਾਂ ਵਿੱਚ ਕੋਈ ਵੀ ਕਸਰ ਨਹੀਂ ਰਹਿਣ ਦਿੱਤੀ ਜਾਵੇਗੀ ਅਤੇ ਜੰਡਿਆਲਾ ਹਲਕੇ ਨੂੰ ਸ਼ਹਿਰ ਵਰਗੀਆਂ ਸਾਰੀਆਂ ਸਹੂਲਤਾਂ ਮੁਹੱਈਆ ਹੋਣਗੀਆਂ।

ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਰਭਜਨ ਸਿੰਘ ਈ. ਟੀ. ਓ. ਬਿਜਲੀ ਮੰਤਰੀ ਤੇ ਲੋਕ ਨਿਰਮਾਣ ਮੰਤਰੀ ਨੇ ਅੱਜ ਜੰਡਿਆਲਾ ਗੁਰੂ ਵਿਖੇ 35 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਨੱਥੂਆਣਾ ਵਿਰਾਸਤੀ ਦਰਵਾਜ਼ੇ ਦਾ ਉਦਘਾਟਨ ਕਰਨ ਸਮੇਂ ਕੀਤਾ। ਉਨ੍ਹਾਂ ਦੱਸਿਆ ਕਿ ਜੰਡਿਆਲਾ ਗੁਰੂ ਇਕ ਇਤਿਹਾਸਕ ਕਸਬਾ ਹੈ ਜਿਥੇ ਸੱਤ ਵਿਰਾਸਤੀ ਦਰਵਾਜ਼ੇ ਬਣੇ ਹੋਏ ਹਨ। ਪਰੰਤੂ ਕੁਝ ਵਿਰਾਸਤੀ ਦਰਵਾਜ਼ਿਆਂ ਦੀ ਹਾਲਤ ਬਹੁਤ ਖਸਤਾ ਹੈ ਅਤੇ ਕੁਝ ਸਮੇਂ ਨਾਲ ਲੁਪਤ ਹੋ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਮੁੜ ਇਨਾਂ ਵਿਰਾਸਤੀ ਦਰਵਾਜ਼ਿਆਂ ਨੂੰ ਉਸਾਰਿਆ ਜਾਵੇਗਾ ਅਤੇ ਜੰਡਿਆਲਾ ਸ਼ਹਿਰ ਨੂੰ ਇਕ ਨਵੀਂ ਰੂਪ ਰੇਖਾ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਵਿਰਾਸਤੀ ਦਰਵਾਜ਼ੇ ਤੋਂ ਇਲਾਵਾ 100 ਮੀਟਰ ਦੇ ਖੇਤਰ ਵਿੱਚ ਸੁੰਦਰੀਕਰਨ ਦਾ ਕੰਮ ਵੀ ਕੀਤਾ ਜਾਵੇਗਾ ਅਤੇ ਇਹ ਸਾਰਾ ਕੰਮ ਦੋ ਮਹੀਨਿਆਂ ਵਿੱਚ ਮੁਕੰਮਲ ਕਰ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪਿਛਲੀਆਂ ਸਰਕਾਰਾਂ ਨੇ ਜੰਡਿਆਲਾ ਗੁਰੂ ਵਰਗੇ ਵਿਰਾਸਤੀ ਸ਼ਹਿਰ ਨੂੰ ਅਣਡਿੱਠਾ ਹੀ ਕੀਤਾ ਹੋਇਆ ਸੀ ਅਤੇ ਇਸਦੇ ਸੱਤਾਂ ਵਿਰਾਸਤੀ ਦਰਵਾਜ਼ਿਆਂ ਵੱਲ ਕੋਈ ਵੀ ਧਿਆਨ ਨਹੀਂ ਦਿੱਤਾ।

ਲੋਕ ਨਿਰਮਾਣ ਮੰਤਰੀ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਮਹਾਰਾਜਾ ਰਣਜੀਤ ਸਿੰਘ ਦੇ ਸਮੇਂ ਬਣੇ ਠਠਿਆਰਾ ਬਾਜ਼ਾਰ ਨੂੰ ਵਿਰਾਸਤੀ ਦਿੱਖ ਦੇ ਦਿੱਤੀ ਗਈ ਹੈ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਲੱਗਣ ਵਾਲਾ ਪੈਸਾ ਆਮ ਲੋਕਾਂ ਦਾ ਪੈਸਾ ਹੈ ਅਤੇ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਊਣਤਾਈ ਬਰਦਾਸਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਾਰੇ ਵਿਕਾਸ ਕਾਰਜ ਗੁਣਵੱਤਾ ਭਰਪੂਰ ਹੋਣੇ ਚਾਹੀਦੇ ਹਨ ਅਤੇ ਮਿੱਥੇ ਸਮੇਂ ਦੌਰਾਨ ਮੁਕੰਮਲ ਕੀਤੇ ਜਾਣ। ਇਸ ਮੌਕੇ ਮੰਤਰੀ ਦੀ ਮਾਤਾ ਸੁਰਿੰਦਰ ਕੌਰ, ਸਤਿੰਦਰ ਸਿੰਘ, ਸੁਖਵਿੰਦਰ ਸਿੰਘ ਸੋਨੀ, ਸੁਨੈਨਾ ਰੰਧਾਵਾ, ਨਰੇਸ਼ ਪਾਠਕ, ਐਕਸੀਐਨ ਦਿਆਲ ਸ਼ਰਮਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

# ਲੁਟੇਰੇ ਔਰਤ ਦੇ ਸੋਨੇ ਦੇ ਟੋਪਸ ਧੂਹ ਕੇ ਫਰਾਰ



**ਫਿਲੌਰ (ਨਿਰਮਲ)**- ਫਿਲੌਰ-ਨਵਾਂਸ਼ਹਿਰ ਸੜਕ 'ਤੇ ਪੈਂਦੇ ਪਿੰਡ ਬੁਰਜਪੁਖਤਾ ਨੇੜੇ ਦੋ ਮੋਟਰਸਾਈਕਲ ਸਵਾਰ ਲੁਟੇਰੇ, ਆਪਣੇ ਪਿਤਾ ਨਾਲ ਮੋਟਰਸਾਈਕਲ ਪਿੱਛੇ ਬੈਠੀ ਬੇਟੀ ਦੇ ਕੰਨਾਂ ਵਿਚ ਪਾਏ ਸੋਨੇ ਦੇ ਟੋਪਸ ਧੂਹ ਕੇ ਫਰਾਰ ਹੋ ਗਏ । ਲੜਕੀ ਦਾ ਇੱਕ ਕੰਨ ਪਾਟ ਗਿਆ। ਲੜਕੀ ਦੇ ਪਿਤਾ ਚੂਹੜ ਲਾਲ ਪੁੱਤਰ ਦਾਸ ਰਾਮ ਵਾਸੀ ਲਧਾਣਾ ਝਿੱਕਾ (ਨਵਾਂਸ਼ਹਿਰ) ਨੇ ਦੱਸਿਆ ਕਿ ਉਹ ਆਪਣੀ ਪੁੱਤਰੀ ਰਜਨੀਤ ਕੌਰ ਨੂੰ ਉਸਦੇ ਸਹੁਰੇ ਘਰ ਫਿਲੌਰ ਤੋਂ ਨਾਲ ਲੈ ਕੇ ਮੋਟਰਸਾਈਕਲ ਪੀ.ਬੀ.32. ਕ.1153 'ਤੇ ਸਵਾਰ ਹੋ ਕੇ ਆਪਣੇ ਪਿੰਡ ਜਾ ਰਿਹਾ ਸੀ ਤਾਂ ਦੋ ਮੋਟਰਸਾਈਕਲ ਸਵਾਰ ਪਿੱਛੋਂ ਆਏ ਤੇ ਮੇਰੀ ਲੜਕੀ ਦੇ ਕੰਨਾਂ ਵਿੱਚ ਪਾਏ ਸੋਨੇ ਦੇ ਟੋਪਸ ਧੂਹ ਕੇ ਫਰਾਰ ਹੋ ਗਏ, ਜਿਸ ਕਾਰਨ ਉਸ ਦਾ ਇੱਕ ਕੰਨ ਪਾਟ ਗਿਆ। ਟੋਪਸਾਂ ਦੀ ਕੀਮਤ 30-32 ਹਜ਼ਾਰ ਰੁਪਏ ਹੈ, ਇਸ ਸਬੰਧੀ ਪੁਲਸ ਨੂੰ ਸੂਚਿਤ ਕੀਤਾ ਗਿਆ ਹੈ।

# ਅਗਨੀਵੀਰ ਵਾਯੂ ਸਕੀਮ ਤਹਿਤ ਫਾਰਮ ਭਰਨ ਦੀ ਆਖਰੀ ਮਿਤੀ 31 ਮਾਰਚ: ਰੋਜ਼ਗਾਰ ਅਫਸਰ



**ਪਠਾਨਕੋਟ: (ਦਵਿੰਦਰ ਸਿੰਘ)**-ਰੋਜਗਾਰ ਅਫਸਰ ਪਠਾਨਕੋਟ ਰਮਨ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਭਾਰਤੀ ਵਾਯੂ ਸੈਨਾ ਵੱਲੋਂ ਅਗਨੀਵੀਰ ਵਾਯੂ ਸਕੀਮ ਦੇ ਤਹਿਤ ਅਣਵਿਵਾਹਿਤ ਲੜਕੇ ਅਤੇ ਲੜਕੀਆਂ ਲਈ ਭਰਤੀ ਪ੍ਰੀਕਿਰਿਆ ਸ਼ੁਰੂ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਚਾਹਵਾਨ ਪ੍ਰਾਰਥੀ 17 ਮਾਰਚ ਤੋਂ 31 ਮਾਰਚ ਸ਼ਾਮ 5 ਵਜੇ ਤੱਕ ਆਨਲਾਈਨ ਮਾਧਿਅਮ ਰਾਹੀਂ ਭਾਰਤੀ ਵਾਯੂ ਸੈਨਾ ਦੀ ਵੈਬਸਾਈਟ ://.. ਤੇ ਰਜਿਸਟਰੇਸ਼ਨ ਕਰਵਾ ਸਕਦੇ ਹਨ। ਅਧਿਕਾਰੀ ਰਮਨ ਨੇ ਦੱਸਿਆ ਕਿ ਜ਼ਿਲਾ ਪਠਾਨਕੋਟ ਦੇ ਵੱਧ ਤੋਂ ਵੱਧ ਲੜਕੇ ਅਤੇ ਲੜਕੀਆਂ ਜੋ ਕਿ ਅਣਵਿਵਾਹਿਤ ਹੋਣ, ਜਿਨਾਂ ਦੀ ਉਮਰ 27 ਜੂਨ 2002 ਤੋਂ 27 ਦਸੰਬਰ 2005 ਦੇ ਵਿਚਕਾਰ ਹੋਵੇ ਅਤੇ ਜਿਨ੍ਹਾਂ ਨੇ ਬਾਰ੍ਹਵੀਂ ਜਾਂ ਤਿੰਨ ਸਾਲ ਦਾ ਇੰਜੀਨਅਰਿੰਗ ਦਾ ਡਿਪਲੋਮਾ ਜਾਂ ਵੋਕੇਸ਼ਨਲ ਆਦਿ ਕੋਰਸ 50 ਫੀਸਦੀ ਐਗਰੀਗੇਟ ਨੰਬਰ ਅਤੇ ਅੰਗਰੇਜ਼ੀ ਭਾਸ਼ਾ ਵੀ 50 ਫੀਸਦੀ ਨੰਬਰ ਨਾਲ ਪਾਸ ਕੀਤੀ ਹੋਵੇ ਉਹ ਨੌਜਵਾਨ ਆਪਣੇ ਸੁਨਹਿਰੇ ਭਵਿੱਖ ਲਈ ਅਗਨੀਵੀਰ ਵਾਯੂ ਸਕੀਮ ਵਿੱਚ ਰਜਿਸਟਰੇਸ਼ਨ ਕਰਵਾ ਸਕਦੇ ਹਨ। ਇਸ ਇਮਤਿਹਾਨ ਲਈ ਰਜਿਸਟਰੇਸ਼ਨ ਫੀਸ 250/ ਰੁਪਏ ਹੈ। ਇਸ ਸਕੀਮ ਦੀ ਵਧੇਰੇ ਜਾਣਕਾਰੀ ਲਈ ਚਾਹਵਾਨ ਪ੍ਰਾਰਥੀ ਭਾਰਤੀ ਵਾਯੂ ਸੈਨਾ ਦੀ ਵੈੱਬਸਾਈਟ ://.. ਤੇ ਵਿਜ਼ਟ ਕਰਕੇ ਅਪਲਾਈ ਕਰ ਸਕਦੇ ਹਨ। ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਹੋਰ ਜਾਣਕਾਰੀ ਲਈ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਪਠਾਨਕੋਟ ਦੇ ਹੈਲਪਲਾਈਨ ਨੰਬਰ 76578-25214 ਜਾਂ ਦਫਤਰ ਕਮਰਾ ਨੰਬਰ352, ਦੂਜੀ ਮੰਜ਼ਿਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਮਲਕਪੁਰ ਵਿਖੇ ਵਿਜਟ ਕੀਤਾ ਜਾ ਸਕਦਾ ਹੈ।

# ਬਾਬਾ ਬੁੱਢਾ ਪਬਲਿਕ ਸਕੂਲ ਬੀੜ ਸਾਹਿਬ ਵਿਖੇ ਸਾਲਾਨਾ ਇਨਾਮ ਵੰਡ ਸਮਾਗਮ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧਾਂ ਹੇਠ ਚਲ ਰਹੇ ਬੀੜ ਬਾਬਾ ਬੁੱਢਾ ਸਾਹਿਬ ਪਬਲਿਕ ਸਕੂਲ ਦਾ ਸਾਲਾਨਾ ਇਨਾਮ ਵੰਡ ਸਮਾਗਮ ਸਕੂਲ ਦੇ ਵਿਹੜੇ ਵਿਚ ਕਰਵਾਇਆ ਗਿਆ। ਸਮਾਗਮ ਦੇ ਸ਼ੁਰੂ ਵਿੱਚ ਗੁਰਬਾਣੀ ਦਾ ਕੀਰਤਨ ਕੀਤਾ ਗਿਆ। ਉਪਰੰਤ ਅਰਦਾਸ ਕਰਕੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ। ਇਸ ਸਮੇਂ ਪ੍ਰਿੰਸੀਪਲ ਤਰਨਜੀਤ ਸਿੰਘ ਨੇ ਆਏ ਮੁੱਖ ਮਹਿਮਾਨਾਂ ਨੂੰ ਜੀ ਆਇਆਂ ਕਹਿੰਦਿਆਂ ਸਕੂਲ ਦੀ ਸਾਲਾਨਾ ਰਿਪੋਰਟ ਪੜ੍ਹੀ। ਇਸ ਸਮੇਂ ਮੁੱਖ ਮਹਿਮਾਨ ਸ਼੍ਰੋਮਣੀ ਕਮੇਟੀ ਮੈਂਬਰ ਮੁਖਵਿੰਦਰ ਸਿੰਘ ਖਾਪੜਖੇੜੀ ਅਤੇ ਮੈਨੇਜਰ ਗੁਰਬਖਸ਼ ਸਿੰਘ ਬੱਚੀਵਿੰਡ ਨੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਜਿਥੇ ਮਨ ਲਗਾ ਕੇ ਪੜ੍ਹਾਈ ਵਿੱਚ ਮਿਹਨਤ ਕਰਨ ਦੀ ਅਪੀਲ ਕੀਤੀ ਉਥੇ ਬੱਚਿਆ ਨੂੰ ਅਧਿਆਪਕਾਂ ਤੇ ਮਾਤਾ-ਪਿਤਾ ਦੇ ਆਗਿਆਕਾਰ ਬਣਨ ਤੇ ਗੁਰਸਿੱਖੀ ਦੇ ਧਾਰਨੀ ਬਣਨ ਦੀ ਪ੍ਰੇਰਨਾ ਦਿੱਤੀ। ਇਸ ਸਮੇਂ ਪੜ੍ਹਾਈ ਵਿੱਚ ਚੰਗੀਆਂ ਪੁਜ਼ੀਸ਼ਨਾਂ ਲੈਣ ਵਾਲੇ ਬੱਚਿਆਂ ਨੂੰ ਸ਼੍ਰੋਮਣੀ ਕਮੇਟੀ ਮੈਂਬਰ ਮੁਗਵਿੰਦਰ ਸਿੰਘ ਖਾਪੜਖੇੜੀ, ਮੈਨੇਜਰ ਗੁਰਬਖਸ਼ ਸਿੰਘ ਬੱਚੀਵਿੰਡ, ਪ੍ਰਿੰਸੀਪਲ ਤਰਨਜੀਤ ਸਿੰਘ ਨੇ ਸਨਮਾਨਤ ਕੀਤਾ। ਸਮਾਗਮ ਵਿੱਚ ਪਹੁੰਚੀਆਂ ਸ਼ਖਸੀਅਤਾਂ ਵਿੱਚ ਮੁੱਖ ਤੌਰ 'ਤੇ ਸਾਬਕਾ ਚੇਅਰਮੈਨ ਗੁਰਬੀਰ ਸਿੰਘ ਝਬਾਲ, ਦਲਜੀਤ ਸਿੰਘ ਐਮਾ, ਸ਼ਰਨਜੀਤ ਸਿੰਘ ਭੋਜੀਆਂ, ਮਨਜੀਤ ਸਿੰਘ ਝਬਾਲ ਖੁਰਦ ਤੇ ਬੱਚਿਆਂ ਦੇ ਮਾਪੇ ਤੇ ਸਮੂਹ ਸਟਾਫ ਹਾਜ਼ਰ ਸੀ।

# ਕਿਸਾਨ-ਮਜ਼ਦੂਰ ਜਥੇਬੰਦੀ ਕੌਮੀ ਇਨਸਾਫ ਮੋਰਚੇ 'ਚ ਕਰੇਗੀ ਸ਼ਮੂਲੀਅਤ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ ਅਤੇ ਸੂਬਾ ਜਨਰਲ ਸਕੱਤਰ ਰਾਣਾ ਰਣਬੀਰ ਸਿੰਘ ਨੇ ਮੀਡੀਆ ਨਾਲ ਜਾਣਕਾਰੀ ਸਾਂਝੀ ਕਰਦੇ ਦੱਸਿਆ ਕਿ ਜਥੇਬੰਦੀ ਦੇ ਤਹਿ ਕੀਤੇ ਪ੍ਰੋਗਰਾਮ ਤਹਿਤ ਮਾਰਚ 23 ਨੂੰ ਸ਼ਹੀਦ-ਏ-ਆਜ਼ਮ ਭਗਤ ਸਿੰਘ, ਸ਼ਹੀਦ ਰਾਜਗੁਰੂ ਅਤੇ ਸ਼ਹੀਦ ਸੁਖਦੇਵ ਦੇ ਸ਼ਹੀਦੀ ਦਿਹਾੜੇ 'ਤੇ ਜ਼ੋਨ ਪੱਧਰੀ ਕਨਵੈਨਸ਼ਨਾਂ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਜਿਸ ਕਦਰ ਸਿਆਸਤਦਾਨਾਂ ਵੱਲੋਂ ਪੂੰਜੀਪਤੀ ਘਰਾਣਿਆਂ ਹੱਥ ਦੇਸ਼ ਨੂੰ ਵੇਚਿਆ ਜਾ ਰਿਹਾ ਹੈ, ਸ਼ਹੀਦਾਂ ਵੱਲੋਂ ਭਾਰਤੀ ਰਾਜਨੀਤੀਵਾਨਾਂ ਦੇ ਚਰਿੱਤਰ ਬਾਰੇ ਬੋਲਿਆ ਇੱਕ ਇੱਕ ਬੋਲ ਅੱਜ ਸੱਚ ਸਾਬਿਤ ਹੋ ਰਿਹਾ ਹੈ। ਇਸ ਲਈ ਸ਼ਹੀਦਾਂ ਨੂੰ ਸੱਚੀ-ਸੁੱਚੀ ਸ਼ਰਧਾਂਜਲੀ ਦੇਣ ਲਈ ਉਨ੍ਹਾਂ ਦੇ ਸ਼ਹੀਦੀ ਦਿਹਾੜੇ ਤੇ ਉਨ੍ਹਾਂ ਦਾ ਸੁਨੇਹਾ ਜਨਤਾ ਤੱਕ ਲੈ ਕੇ ਜਾਣ ਲਈ ਜਥੇਬੰਦੀ ਨੇ ਪ੍ਰੋਗਰਾਮ ਤਹਿ ਕੀਤੇ ਹਨ ਅਤੇ ਸੈਂਕੜੇ ਥਾਵਾਂ 'ਤੇ ਜ਼ੋਨ ਪੱਧਰੀ ਹਜ਼ਾਰਾਂ ਦੇ ਇੱਕਠ ਕਰਕੇ ਘਰ-ਘਰ ਪਹੁੰਚਾਉਣ ਦਾ ਤਹਈਆ ਕੀਤਾ ਹੈ। ਉਨ੍ਹਾਂ ਕਿਹਾ ਕਿ ਮਾਰਚ 29 ਨੂੰ ਜਥੇਬੰਦੀ ਵੱਲੋਂ ਵੱਖ-ਵੱਖ ਸੰਘਰਸ਼ਾਂ ਦੌਰਾਨ ਹੋਏ ਸ਼ਹੀਦ, ਸ਼ਹੀਦ ਅੰਗਰੇਜ਼ ਸਿੰਘ ਬਾਕੀਪੁਰ ਅਤੇ ਸਭ ਸਤਿਕਾਰਤ ਸ਼ਹੀਦਾਂ ਨੂੰ ਸਮਰਪਿਤ ਜਿਲ੍ਹਾ ਪੱਧਰ 'ਤੇ ਸ਼ਹੀਦੀ ਦਿਹਾੜੇ, ਲੱਖਾਂ ਦੇ ਇੱਕਠ ਕਰਕੇ ਮਨਾਉਣ ਦਾ ਪ੍ਰੋਗਰਾਮ ਹੈ। 6 ਅਪ੍ਰੈਲ ਨੂੰ ਜਥੇਬੰਦੀ ਵੱਲੋਂ ਹਜ਼ਾਰਾਂ ਕਿਸਾਨਾਂ, ਮਜ਼ਦੂਰਾਂ ਤੇ ਬੀਬੀਆਂ ਦਾ ਜਥਾ ਚੰਡੀਗੜ੍ਹ ਹੱਦ 'ਤੇ ਚੱਲ ਰਹੇ ਕੌਮੀ ਇਨਸਾਫ ਮੋਰਚੇ ਦੀ ਹੋਰ ਮਜ਼ਬੂਤੀ ਲਈ, ਵੱਡੀਆਂ ਲਾਮਬੰਦੀਆਂ ਕਰਕੇ ਮੋਰਚੇ ਦੀਆਂ ਸਾਰੀਆਂ ਮੰਗਾਂ ਨੂੰ ਮਨਵਾਉਣ ਸਬੰਧੀ ਸਰਕਾਰਾਂ 'ਤੇ ਦਬਾਅ ਬਣਾਉਣ ਲਈ ਮੋਰਚੇ ਵਿਚ ਸ਼ਾਮਿਲ ਹੋਣ ਦੇ ਪ੍ਰੋਗਰਾਮ ਬਣਾਏ ਗਏ ਹਨ। ਜਥੇਬੰਦੀ ਹਰ ਉਸ ਕੈਦੀ ਨੂੰ ਰਿਹਾਅ ਕਰਨ ਦੀ ਮੰਗ ਕਰਦੀ ਹੈ ਜੋ ਤਹਿ ਸਮੇਂ ਤੋਂ ਵੱਧ ਸਜ਼ਾ ਭੁਗਤ ਰਿਹਾ ਹੈ ਜਾਂ ਸਜ਼ਾ ਦੀ ਮਿਆਦ ਪੂਰੀ ਕਰ ਲਈ ਹੈ ਉਹ ਚਾਹੇ ਕਿਸੇ ਵੀ ਧਰਮ/ਜਾਤ/ਵਰਗ ਨਾਲ ਸਬੰਧਿਤ ਕਿਉਂ ਨਾ ਹੋਵੇ।

# ਬੀਬੀ ਜਗੀਰ ਕੌਰ ਅਤੇ ਰਾਏਪੁਰ ਦੀਪਾ ਦੇ ਗ੍ਰਹਿ ਪੁੱਜੇ ਤੇ ਮਾਤਾ-ਪਿਤਾ ਦਾ ਪੁੱਛਿਆ ਹਾਲ-ਚਾਲ



**ਆਦਮਪੁਰ (ਪਰਮਜੀਤ ਸਿੰਘ)** - ਸ਼੍ਰੋਮਣੀ ਅਕਾਲੀ ਦਲ ਇਟਲੀ ਦੇ ਪ੍ਰਧਾਨ ਕੁਲਦੀਪ ਸਿੰਘ ਦੀਪਾ ਦੇ ਗ੍ਰਹਿ ਸਥਾਨ ਪਿੰਡ ਡਰੋਲੀ ਖੁਰਦ ਵਿਖੇ ਉਹਨਾਂ ਦੇ ਮਾਤਾ-ਪਿਤਾ ਦਾ ਹਾਲ-ਚਾਲ ਪੁੱਛਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਦੀ ਸਾਬਕਾ ਪ੍ਰਧਾਨ ਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਬੀਬੀ ਜਗੀਰ ਕੌਰ ਅਤੇ ਐਸ.ਜੀ.ਪੀ.ਸੀ. ਮੈਂਬਰ ਪਰਮਜੀਤ ਸਿੰਘ ਰਾਏਪੁਰ ਪਹੁੰਚੇ ਅਤੇ ਕਿਹਾ ਕਿ ਉਹ ਪਾਰਟੀ ਦੇ ਸਬੰਧ ਵਿੱਚ ਗੱਲ ਕਰਨ ਲਈ ਨਹੀਂ ਆਏ ਸਗੋਂ ਉਨ੍ਹਾਂ ਨਾਲ ਪਰਵਾਰਕ ਸਬੰਧ ਹੋਣ ਕਾਰਨ ਆਏ ਹਨ । ਉਨ੍ਹਾਂ ਕਿਹਾ ਕਿ ਕੁਲਦੀਪ ਦੀਪਾ ਜਦੋਂ ਭਾਰਤ ਵਿਚ ਸੀ ਅਤੇ ਅਤੇ ਉਹ ਵੀ ਅਕਾਲੀ ਦਲ ਵਿਚ ਸਨ ਤਾਂ ਉਨਾਂ ਨਾਲ ਮਿਲ ਕੇ ਉਸ ਨੇ ਪਾਰਟੀ ਲਈ ਸਖਤ ਮਿਹਨਤ ਕੀਤੀ ਅਤੇ ਅੱਜ ਉਸਦੀ ਵਫਾਦਾਰੀ ਨੂੰ ਦੇਖਦਿਆਂ ਪਾਰਟੀਬਾਜੀ ਤੋਂ ਉੱਪਰ ਉੱਠ ਕੇ ਉਨ੍ਹਾਂ ਵਿਚਕਾਰ ਪਰਵਾਰਕ ਰਿਸ਼ਤਾ ਹੋਣ ਕਾਰਨ ਉਸਦੇ ਮਾਤਾ-ਪਿਤਾ ਨੂੰ ਮਿਲਣ ਆਏ ਹਨ।

ਉਪਰੰਤ ਬਲਬੀਰ ਸਿੰਘ ਅਤੇ ਕੁਲਵਰਨ ਕੌਰ ਨੇ ਬੀਬੀ ਜਗੀਰ ਕੌਰ ਅਤੇ ਪਰਮਜੀਤ ਰਾਏਪੁਰ ਦਾ ਉਨ੍ਹਾਂ ਦੇ ਗ੍ਰਹਿ ਵਿਖੇ ਆਉਣ 'ਤੇ ਧੰਨਵਾਦ ਕੀਤਾ। ਇਟਲੀ ਤੋਂ ਫੋਨ 'ਤੇ ਗੱਲਬਾਤ ਕਰਦਿਆਂ ਕੁਲਦੀਪ ਸਿੰਘ ਦੀਪਾ ਨੇ ਕਿਹਾ ਕਿ ਉਨ੍ਹਾਂ ਨੂੰ ਵਿਦੇਸ਼ ਗਏ ਨੂੰ 15-16 ਸਾਲ ਹੋ ਗਏ ਹਨ ਪਰ ਉਹ ਬੀਬੀ ਜਗੀਰ ਕੌਰ ਅਤੇ ਪਰਮਜੀਤ ਰਾਏਪੁਰ ਦੇ ਧੰਨਵਾਦੀ ਹਨ, ਜੋ ਅੱਜ ਡਰੋਲੀ ਖੁਰਦ ਵਿਖੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਮਿਲਣ ਪੁੱਜੇ ਅਤੇ ਉਨ੍ਹਾਂ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਜਥੇਦਾਰ ਬਲਵਿੰਦਰ ਸਿੰਘ ਕਾਲਰਾ ਸੀਨੀਅਰ ਅਕਾਲੀ ਆਗੂ, ਕੁਲਦੀਪ ਕੌਰ, ਗੁਰਚਰਨ ਕੌਰ, ਪ੍ਰਵੀਨ ਕੌਰ, ਸੋਹਣ ਸਿੰਘ ਡਰੋਲੀਖੁਰਦ, ਅਮਰਜੀਤ ਸਿੰਘ, ਹਰਭਜਨ ਸਿੰਘ, ਗੁਰਦੀਪ ਸਿੰਘ ਦੀਪਾ, ਚਰਨਜੀਤ ਸਿੰਘ, ਰਾਜਾ ਡਰੋਲੀ ਅਤੇ ਹੋਰ ਪਿੰਡ ਵਾਸੀ ਹਾਜਰ ਸਨ।

# ਸਕੂਲ ਦੇ ਨਵੇਂ ਸੈਸ਼ਨ ਦੀ ਗੁਰਬਾਣੀ ਨਾਲ ਆਰੰਭਤਾ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)** ਬੀਬੀ ਕੌਲਾਂ ਜੀ ਪਬਲਿਕ ਸਕੂਲ ਬਰਾਂਚ -1 ਦੀ ਨਵੇਂ ਸੈਸ਼ਨਾਂ ਦੀ ਆਰੰਭਤਾ ਅਤੇ ਚਲ ਰਹੇ ਕਾਰਜਾਂ ਦੀ ਚੜ੍ਹਦੀ ਕਲਾ ਲਈ ਬੀਬੀ ਕੌਲਾਂ ਜੀ ਪਬਲਿਕ ਸਕੂਲ ਬਰਾਂਚ-1 ਵਿਖੇ ਸ੍ਰੀ ਅਖੰਡ ਪਾਠਾਂ ਦੇ ਭੋਗ ਪਾਏ ਗਏ। ਭਾਈ ਗੁਰਇਕਬਾਲ ਸਿੰਘ ਨੇ ਦੱਸਿਆ ਕਿ ਸਾਰੇ ਸਕੂਲਾਂ ਦੇ ਨਵੇ ਸੈਸ਼ਨ ਅਤੇ ਚੱਲ ਰਹੇ ਕਾਰਜਾਂ ਦੀ ਚੜ੍ਹਦੀ ਕਲਾ ਲਈ ਸ੍ਰੀ ਅਖੰਡ ਪਾਠ ਦੇ ਭੋਗ ਜੋ ਪਾਏ ਗਏ। ਇਹ ਸ੍ਰੀ ਸੰਪਟ ਅਖੰਡ ਪਾਠ ਸਾਹਿਬ ਲਗਾਤਾਰ 7 ਦਿਨਾਂ ਤੋਂ ਜਪੁਜੀ ਸਾਹਿਬ ਦੇ ਪਾਠਾਂ ਦੀਆਂ ਲੜੀਆਂ ਸਕੂਲ ਵਿਚ ਚਲ ਰਹੀਆਂ ਸਨ ਅਤੇ ਰੋਜ਼ਾਨਾ ਸ਼ਾਮ ਨੂੰ ਕੀਰਤਨ ਸਮਾਗਮ ਕਰਵਾਏ ਗਏ। ਸ੍ਰੀ ਸੰਪਟ ਅਖੰਡ ਪਾਠ ਦੇ ਭੋਗ ਉਪਰੰਤ ਰਾਗੀ ਜੱਥੇ ਤੋਂ ਇਲਾਵਾ ਭਾਈ ਗੁਰਇਕਬਾਲ ਸਿੰਘ ਨੇ ਕਥਾ ਕੀਰਤਨ ਦੀ ਹਾਜ਼ਰੀ ਲਗਾਈ। ਇਸ ਉਪਰੰਤ ਬੱਚਿਆਂ ਨੇ ਕੀਰਤਨ ਦੀ ਹਾਜ਼ਰੀ ਭਰੀ। ਭਾਈ ਗੁਰਇਕਬਾਲ ਸਿੰਘ ਨੇ ਜਿੱਥੇ ਸਮੁੱਚੇ ਪਾਠੀ ਸਿੰਘਾਂ ਦਾ ਧੰਨਵਾਦ ਕੀਤਾ ਉੱਥੇ ਸਕੂਲ ਦੇ ਸਮੂਚੇ ਟੀਚਰ ਸਟਾਫ਼ ਅਤੇ ਪ੍ਰਿੰਸੀਪਲ ਮੈਡਮ ਜਸਲੀਨ ਕੌਰ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਜਿਨ੍ਹਾਂ ਨੇ ਲਗਾਤਾਰ 7 ਦਿਨਾਂ ਤੋਂ ਪਾਠੀ ਸਿੰਘਾਂ ਅਤੇ ਆਈ ਸੰਗਤ ਦੀ ਸੇਵਾ ਕੀਤੀ। ਇਸ ਮੌਕੇ ਸੱਤਵੀਂ ਕਲਾਸ ਦੇ ਫਸਟ, ਸੈਕਿੰਡ, ਥਰਡ ਆਉਣ ਵਾਲੇ ਬੱਚਿਆਂ ਨੂੰ ਇਨਾਮ ਦਿੱਤੇ ਗਏ। ਕੀਰਤਨ ਕਰਨ ਵਾਲੇ ਬੱਚਿਆਂ ਨੂੰ ਵੀ ਵਿਸ਼ੇਸ਼ ਤੌਰ ਤੇ ਇਨਾਮ ਦਿੱਤੇ ਗਏ।

ਭੋਗਾਂ ਉਪਰੰਤ ਗੁਰੂ ਦੇ ਲੰਗਰਾਂ ਦੀ ਸੇਵਾ ਸਮੁੱਚੇ ਟੀਚਰਾਂ ਅਤੇ ਪ੍ਰਿੰਸੀਪਲ ਮੈਡਮ ਜਸਲੀਨ ਕੌਰ ਨੇ ਕੀਤੀ। ਭਾਈ ਗੁਰਇਕਬਾਲ ਸਿੰਘ ਨੇ ਕਿਹਾ ਕਿ ਟਰੱਸਟ ਵਲੋਂ ਜੋ ਸਕੂਲ ਚਲਾਏ ਜਾ ਰਹੇ ਹਨ। ਇਨ੍ਹਾਂ ਸਕੂਲਾਂ ਵਿਚ ਦੁਨਿਆਵੀ ਪੜ੍ਹਾਈ ਦੇ ਨਾਲ-ਨਾਲ ਅਧਿਆਤਮਕ ਪੜ੍ਹਾਈ ਵੀ ਕਰਵਾਈ ਜਾਂਦੀ ਹੈ। ਜਿਸ ਬੱਚੇ ਦੇ ਅੰਦਰ ਬਾਣੀ ਦਾ ਵਾਸਾ ਹੋ ਜਾਵੇ ਜੋ ਸਿਮਰਨ ਬੰਦਗੀ ਨਾਲ ਜੁੜ ਜਾਵੇ, ਉਹ ਬੱਚੇ ਹਮੇਸ਼ਾ ਉੱਚੀਆਂ ਬੁਲੰਦੀਆਂ ਤੇ ਪਹੁੰਚਦੇ ਹਨ ਅਤੇ ਕਦੇ ਵੀ ਗਲਤ ਰਸਤੇ ਨਹੀਂ ਪੈਂਦੇ । ਇਸ ਨੂੰ ਮੁੱਖ ਰੱਖਦੇ ਹੋਏ ਹਰ ਕਾਰਜ ਗੁਰਬਾਣੀ ਦਾ ਓਟ ਆਸਰਾ ਲੈ ਕੇ ਕੀਤਾ ਜਾਂਦਾ ਹੈ। ਭੋਗਾਂ ਦੇ ਸਮੇਂ ਵਿਸ਼ੇਸ਼ ਤੌਰ ਤੇ ਦਰਸ਼ਨ ਕਰਨ ਆਏ ਟਹਿਲਇੰਦਰ ਸਿੰਘ, ਰਜਿੰਦਰ ਸਿੰਘ, ਬੀਬੀ ਜਤਿੰਦਰ ਕੌਰ, ਬੀਬੀ ਹਰਜੀਤ ਕੌਰ, ਇੰਦਰਪ੍ਰੀਤ ਕੌਰ ਪ੍ਰਿੰਸੀਪਲ ਬ੍ਰਾਂਚ-2 ਨੂੰ ਪ੍ਰਿੰ. ਜਸਲੀਨ ਕੌਰ ਨੇ ਜੀ ਆਇਆਂ ਕਹਿ ਕੇ ਅਸੀਸਾਂ ਲਈਆਂ।

# ਪੁਲਸ ਵੱਲੋਂ ਫਲੈਗ ਮਾਰਚ



**ਫਿਲੌਰ (ਨਿਰਮਲ)**- ਪੰਜਾਬ ਵਿੱਚ ਅੱਜਕਲ੍ਹ ਦੇ ਹਾਲਾਤ ਨੂੰ ਲੈ ਕੇ ਫਿਲੌਰ ਪੁਲਸ ਵੱਲੋਂ ਡੀ.ਐਸ.ਪੀ ਫਿਲੌਰ ਜਗਦੀਸ਼ ਰਾਜ, ਥਾਣਾ ਮੁੱਖੀ ਫਿਲੌਰ ਸੁਰਿੰਦਰ ਕੁਮਾਰ, ਥਾਣਾ ਮੁੱਖੀ ਗੁਰਾਇਆ ਰਾਜਿੰਦਰ ਸਿੰਘ, ਥਾਣਾ ਮੁੱਖੀ ਬਿਲਗਾ ਮਹਿੰਦਰਪਾਲ ਦੀ ਅਗਵਾਈ ਹੇਠ ਥਾਣਾ ਫਿਲੌਰ, ਗੁਰਾਇਆ, ਬਿਲਗਾ ਪੁਲਿਸ ਕਰਮਚਾਰੀਆਂ ਵੱਲੋਂ ਫਿਲੌਰ, ਅੱਪਰਾ ਗੁਰਾਇਆ, ਵਿੱਚ ਫਲੈਗ ਮਾਰਚ ਕੱਢਿਆ ਗਿਆ। ਇਸ ਮੌਕੇ 'ਤੇ ਡੀ.ਐਸ.ਪੀ ਫਿਲੌਰ ਜਗਦੀਸ਼ ਰਾਜ ਨੇ ਦੱਸਿਆ ਕਿ ਫਿਲੌਰ ਸਬ. ਡਵੀਜਨ ਵਿੱਚ ਅਮਨ ਕਾਨੂੰਨ ਦੀ ਹਾਲਤ ਬਿਲਕੁਲ ਠੀਕ ਹੈ। ਪੁਲਸ ਚੌਕਸੀ ਵਰਤ ਰਹੀ ਤੇ ਚੈਕਿੰਗ ਕੀਤੀ ਜਾ ਰਹੀ ਹੈ। ਰਾਤ ਵੇਲੇ ਵੀ ਚੈਕਿੰਗ ਅਤੇ ਗਸ਼ਤ ਕੀਤੀ ਜਾ ਰਹੀ ਹੈ। ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਕਿਹਾ ਕਿ ਉਹ ਅਫਵਾਹਾਂ 'ਤੇ ਯਕੀਨ ਨਾ ਕਰਨ ਜੇ ਕਰ ਕੋਈ ਜਾਣਕਾਰੀ ਲੈਣੀ ਹੋਵੇ ਤਾਂ ਪੁਲਸ ਨਾਲ ਸੰਪਰਕ ਕਰਨ।

# ਬਰਸਾਤ ਕਾਰਨ ਤਬਾਹ ਹੋਈਆਂ ਫਸਲਾਂ 'ਤੇ ਕਿਸਾਨ ਜਥੇਬੰਦੀ ਨੇ ਪ੍ਰਗਟਾਈ ਚਿੰਤਾ



**ਗੁਰਦਾਸਪੁਰ (ਜਨਕ ਮਹਾਜਨ)**-ਪਿੰਡ ਮਸਾਣੀਆਂ ਵਿਖੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੀ ਮੀਟਿੰਗ ਗੁਰਦੁਆਰਾ ਤਪ ਅਸਥਾਨ ਬਾਬਾ ਫੌਜਾ ਸਿੰਘ ਜੀ ਵਿਖੇ ਸੂਬਾ ਆਗੂ ਹਰਵਿੰਦਰ ਸਿੰਘ ਮਸਾਣੀਆਂ ਦੀ ਪ੍ਰਧਾਨਗੀ ਹੇਠ ਹੋਈ। ਆਗੂਆਂ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਪਿਛਲੇ 15 ਮਾਰਚ ਤੋਂ ਸ਼ੁਰੂ ਹੋਈ ਬੇਮੌਸਮੀ ਬਰਸਾਤ ਨਾਲ ਜ਼ਿਲ੍ਹੇ ਵਿੱਚ ਕਣਕ ਦੀ ਫਸਲ ਦੀ ਵੱਡੀ ਤਬਾਹੀ ਹੋਈ ਹੈ। ਨੀਵੇਂ ਖੇਤਰਾਂ ਵਿੱਚ ਪਾਣੀ ਅਜੇ ਤੱਕ ਖੜ੍ਹਾ ਹੈ ਨੇ ਡਿਪਟੀ ਕਮਿਸਨਰ ਗੁਰਦਾਸਪੁਰ ਨੂੰ ਅਪੀਲ ਕੀਤੀ ਕਿ ਉਹ ਤੁਰੰਤ ਜਿਲ੍ਹੇ ਵਿੱਚ ਗਿਰਦਾਵਰੀ ਦੇ ਹੁਕਮ ਜਾਰੀ ਕਰਨ ਹਰਵਿੰਦਰ ਸਿੰਘ ਮਸਾਣੀਆਂ ਨੇ ਕਿਹਾ ਕਿ ਅਜੇ ਤੱਕ ਝੋਨੇ ਦੀ ਫਸਲ ਜਿਸ ਵਿੱਚ ਚਾਈਨਾ ਵਾਇਰਸ ਕਾਰਨ ਵੱਡੀ ਤਬਾਹੀ ਹੋਈ ਸੀ, ਦਾ ਸਰਕਾਰ ਨੇ ਗਿਰਦਾਵਰੀ ਹੋਣ ਦੇ ਬਾਵਜੂਦ ਕੋਈ ਮੁਆਵਜ਼ਾ ਜਾਰੀ ਨਹੀਂ ਕੀਤਾ ਨੂੰ ਤੁਰੰਤ ਆਧਾਰ ਤੇ ਜਾਰੀ ਕਰੇ ਕਿਉਂਕਿ ਪੰਜਾਬ ਅੱਜ ਵੱਡੇ ਖੇਤੀ ਸੰਕਟ ਵਿਚੋਂ ਗੁਜ਼ਰ ਰਿਹਾ ਹੈ। ਸਰਕਾਰਾਂ ਆਪਣੇ ਫਰਜ਼ ਨੂੰ ਪਛਾਣ ਕੇ ਖੇਤ ਮਜ਼ਦੂਰ ਨੂੰ ਰਾਹਤ ਦੇਵੇ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਹਰਦੀਪ ਸਿੰਘ, ਹਰਭਜਨ ਸਿੰਘ ਵੈਰੋਨੰਗਲ, ਗੁਰਜੀਤ ਸਿੰਘ ਬੱਲੜਵਾਲ, ਹਰਦੀਪ ਸਿੰਘ ਮਹਿਤਾ, ਗੁਰਮੁੱਖ ਸਿੰਘ ਖਾਨ ਮਲੱਕ, ਹਰਜੀਤ ਸਿੰਘ ਲੀਲ ਕਲਾਂ, ਗੁਰਪ੍ਰੀਤ ਸਿੰਘ ਖਾਨਪੁਰ, ਪਰਮਿੰਦਰ ਸਿੰਘ ਚੀਮਾਂ ਪ੍ਰੈਸ ਸਕੱਤਰ, ਮਨਜੀਤ ਸਿੰਘ ਨਾਗਰਾ, ਰਛਪਾਲ ਸਿੰਘ ਚੀਮਾ, ਕਿਰਪਾਲ ਸਿੰਘ ਨਾਗਰਾ, ਸਰਬਜੀਤ ਸਿੰਘ ਵਰਿਆਂ, ਕੰਵਲਜੀਤ ਸਿੰਘ ਪੰਜਗਰਾਈਆਂ, ਬਲਵੰਤ ਸਿੰਘ ਬਾਜਵਾ, ਬਲਵਿੰਦਰ ਸਿੰਘ ਬਾਜਵਾ, ਕੈਪਟਨ ਸ਼ਮਿੰਦਰ ਸਿੰਘ, ਬਲਜੀਤ ਸਿੰਘ, ਸੁਖਵਿੰਦਰ ਦੀਵਾਨੀਵਾਲ, ਬਿਕਰਮਜੀਤ ਤਲਵੰਡੀ ਝੁੰਗਲਾਂ ਆਗੂ ਹਾਜ਼ਰ ਸਨ।

# ਡੀ ਸੀ ਵੱਲੋਂ ਸਕਿੱਲ ਡਿਵੈਲਪਮੈਂਟ ਪ੍ਰੋਗਰਾਮ ਦੀ ਰੀਵਿਊ ਮੀਟਿੰਗ

*** ਲੋੜਵੰਦ ਬੱਚਿਆਂ ਲਈ ਮੁਫਤ ਕੋਚਿੰਗ ਕਲਾਸਾਂ ਸ਼ੁਰੂ ਕਰਨ 'ਤੇ ਦਿੱਤਾ ਜ਼ੋਰ**




**ਗੁਰਦਾਸਪੁਰ (ਜਨਕ ਮਹਾਜਨ)**-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਰੋਜ਼ਗਾਰ ਵਿਭਾਗ ਨੂੰ ਹਦਾਇਤ ਕੀਤੀ ਹੈ ਕਿ ਜ਼ਿਲ੍ਹਾ ਸਦਰ ਮੁਕਾਮ ਗੁਰਦਾਸਪੁਰ ਵਿਖੇ ਗਰੀਬ ਤੇ ਲੋੜਵੰਦ ਪਰਿਵਾਰਾਂ ਦੇ ਬੱਚਿਆਂ ਲਈ ਵੱਖ-ਵੱਖ ਨੌਕਰੀਆਂ ਦੇ ਲਿਖਤੀ ਟੈਸਟਾਂ ਅਤੇ ਇੰਟਰਵਿਊ ਦੀ ਤਿਆਰੀ ਲਈ ਵਿਸ਼ੇਸ਼ ਕੋਚਿੰਗ ਕਲਾਸਾਂ ਦੀ ਸ਼ੁਰੂਆਤ ਕੀਤੀ ਜਾਵੇ ਤਾਂ ਜੋ ਇਨ੍ਹਾਂ ਪਰਿਵਾਰਾਂ ਦੇ ਬੱਚੇ ਟੈਸਟ ਪਾਸ ਕਰਕੇ ਨੌਕਰੀਆਂ ਹਾਸਲ ਕਰ ਸਕਣ। ਉਨ੍ਹਾਂ ਕਿਹਾ ਕਿ ਇਹ ਕੋਚਿੰਗ ਬਿਲਕੁਲ ਮੁਫ਼ਤ ਹੋਵੇਗੀ।

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਅੱਜ ਸਥਾਨਕ ਪੰਚਾਇਤ ਭਵਨ ਵਿਖੇ ਮਿਸ਼ਨ 'ਅਬਾਦ' ਤਹਿਤ ਚਲਾਏ ਜਾ ਰਹੇ ਸਕਿੱਲ ਡਿਵੈਲਪਮੈਂਟ ਪ੍ਰੋਗਰਾਮ ਦੀ ਰੀਵਿਊ ਮੀਟਿੰਗ ਕਰਦਿਆਂ ਕਿਹਾ ਕਿ ਫ਼ਰੀ ਕੋਚਿੰਗ ਕਲਾਸਾਂ ਤੋਂ ਇਲਾਵਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਗੁਰਦਾਸਪੁਰ ਦੇ ਸੈਨਿਕ ਭਲਾਈ ਦਫ਼ਤਰ ਵਿਖੇ ਸੁਪਰ-30 ਬੈਚ ਚਲਾਇਆ ਜਾਵੇਗਾ ਜਿਸ ਵਿੱਚ ਭਾਰਤੀ ਫੌਜ, ਬੀ.ਐੱਸ.ਐੱਫ, ਸੀ.ਆਰ.ਪੀ.ਐੱਫ. ਅਤੇ ਪੰਜਾਬ ਪੁਲਿਸ ਵਿੱਚ ਭਰਤੀ ਹੋਣ ਦੇ ਚਾਹਵਾਨ ਨੌਜਵਾਨਾਂ ਨੂੰ ਸਰੀਰਕ ਅਤੇ ਲਿਖਤੀ ਟੈਸਟ ਦੀ ਤਿਆਰੀ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਡੇਰਾ ਬਾਬਾ ਨਾਨਕ ਵਿਖੇ ਚੱਲ ਰਹੇ ਸੀ-ਪਾਈਟ ਸੈਂਟਰ ਵਿਖੇ ਵੀ 100 ਨੌਜਵਾਨਾਂ ਨੂੰ ਫੌਜ ਵਿੱਚ ਭਰਤੀ ਹੋਣ ਦੀ ਮੁਫ਼ਤ ਸਿਖਲਾਈ ਦਿੱਤੀ ਜਾ ਰਹੀ ਹੈ। ਡਿਪਟੀ ਕਮਿਸ਼ਨਰ ਨੇ ਰੁਜ਼ਗਾਰ ਵਿਭਾਗ ਅਤੇ ਹੋਰ ਸਬੰਧਤ ਵਿਭਾਗਾਂ ਨੂੰ ਇਸ ਮਿਸ਼ਨ ਉੱਪਰ ਪੂਰੀ ਸੁਹਿਰਦਤਾ ਨਾਲ ਕੰਮ ਕਰਨ ਦੀਆਂ ਹਦਾਇਤਾਂ ਦਿੱਤੀਆਂ ਹਨ ਤਾਂ ਜੋ ਨੌਜਵਾਨਾਂ ਨੂੰ ਵੱਧ ਤੋਂ ਵੱਧ ਰੁਜ਼ਗਾਰ ਦੇ ਮੌਕੇ ਮਿਲ ਸਕਣ।

ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਸਵੈ ਸਹਾਇਤਾ ਸਮੂਹਾਂ ਵੱਲੋਂ ਬਣਾਏ ਸਮਾਨ ਨੂੰ ਵੇਚਣ ਲਈ ਬਣਾਏ ਗਏ ਅਬਾਦ ਹੁਨਰ ਹੱਟ ਦੀ ਪ੍ਰਗਤੀ ਦਾ ਜਾਇਜ਼ਾ ਵੀ ਲਿਆ। ਉਨ੍ਹਾਂ ਅਬਾਦ ਹੁਨਰ ਹੱਟ ਦੇ ਸੰਚਾਲਕਾਂ ਨੂੰ ਹਦਾਇਤ ਕੀਤੀ ਕਿ ਇਸ ਵਿੱਚ ਉਤਪਾਦਾਂ ਦੀ ਗਿਣਤੀ ਵਧਾਉਣ ਦੇ ਨਾਲ ਸਮਾਨ ਨੂੰ ਆਨ-ਲਾਈਨ ਪ੍ਰੀਕ੍ਰਿਆ ਰਾਹੀਂ ਵੀ ਵੇਚਿਆ ਜਾਵੇ ਤਾਂ ਜੋ ਗਾਹਕਾਂ ਦਾ ਘੇਰਾ ਹੋਰ ਵਿਸ਼ਾਲ ਹੋ ਸਕੇ। ਉਨ੍ਹਾਂ ਕਿਹਾ ਕਿ ਸਵੈ-ਸਹਾਇਤਾ ਸਮੂਹਾਂ ਵੱਲੋਂ ਤਿਆਰ ਉਤਪਾਦਾਂ ਦੀ ਪੈਕਿੰਗ ਅਤੇ ਬਰਾਂਡਿੰਗ ਕਰਨ ਲਈ ਪੇਸ਼ੇਵਰ ਪਹੁੰਚ ਅਪਣਾਈ ਜਾਵੇ। ਉਨ੍ਹਾਂ ਕਿਹਾ ਕਿ ਅਬਾਦ ਹੁਨਰ ਹੱਟ ਨੂੰ ਇੱਕ ਪ੍ਰਮੁੱਖ ਸੇਲ ਸੈਂਟਰ ਵਜੋਂ ਵਿਕਸਤ ਕੀਤਾ ਜਾਵੇ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਘਰੇਲੂ ਵਰਤੋਂ ਦਾ ਸਮਾਨ ਅਬਾਦ ਹੁਨਰ ਹੱਟ ਤੋਂ ਖਰੀਦਣ ਨੂੰ ਪਹਿਲ ਦੇਣ। ਉਨ੍ਹਾਂ ਨੇ ਉਦਯੋਗ ਵਿਭਾਗ ਨੂੰ ਹਦਾਇਤ ਕੀਤੀ ਕਿ ਸਨਅਤਕਾਰਾਂ ਦੀ ਮੰਗ 'ਤੇ ਬਟਾਲਾ ਵਿਖੇ ਮੋਲਡਰ ਦਾ ਕੋਰਸ ਸ਼ੁਰੂ ਕਰਨ ਬਾਰੇ ਤਕਨੀਕੀ ਸਿੱਖਿਆ ਵਿਭਾਗ ਨੂੰ ਲਿਖਿਆ ਜਾਵੇ ਤਾਂ ਜੋ ਬਟਾਲਾ ਦੀ ਸਨਅਤ ਨੂੰ ਉਨ੍ਹਾਂ ਦੀ ਮੰਗ ਅਨੁਸਾਰ ਸਿੱਖਿਅਤ ਕਾਮੇ ਮੁਹੱਈਆ ਕਰਵਾਏ ਜਾ ਸਕਣ। ਇਸਦੇ ਨਾਲ ਹੀ ਉਨ੍ਹਾਂ ਨੇ ਵੱਖ-ਵੱਖ ਪੇਸ਼ਿਆਂ ਨਾਲ ਸਬੰਧਤ ਵਿਅਕਤੀਆਂ ਦੀ ਯੈਲੋ ਪੇਜ ਡਾਇਰੈਕਟਰੀ ਤਿਆਰ ਕਰਨ ਦੀਆਂ ਹਦਾਇਤਾਂ ਵੀ ਦਿੱਤੀਆਂ।

# ਡੀ ਸੀ ਤੇ ਐੱਸ ਐੱਸ ਪੀ ਵੱਲੋਂ ਖਟਕੜ ਕਲਾਂ ਦਾ ਦੌਰਾ



**ਖਟਕੜ ਕਲਾਂ (ਅਵਤਾਰ ਕਲੇਰ)**ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਵਿਖੇ 23 ਮਾਰਚ ਨੂੰ ਸ਼ਹੀਦਾਂ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਮੌਕੇ ਸ਼ਰਧਾ ਸੁਮਨ ਅਰਪਿਤ ਕਰਨ ਵਾਲਿਆਂ ਨੂੰ ਕੋਈ ਮੁਸ਼ਕਿਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਖਟਕੜ ਕਲਾਂ ਦਾ ਦੌਰਾ ਕਰਨ ਬਾਅਦ ਕੀਤਾ। ਇਸ ਮੌਕੇ ਉਨ੍ਹਾਂ ਨਾਲ ਐਸ ਐਸ ਪੀ ਭਾਗੀਰਥ ਸਿੰਘ ਮੀਨਾ ਵੀ ਮੌਜੂਦ ਸਨ। ਡਿਪਟੀ ਕਮਿਸ਼ਨਰ ਨੇ ਇਸ ਮੌਕੇ ਮੌਜੂਦ ਅਧਿਕਾਰੀਆਂ ਨੂੰ ਮਿਊਜ਼ੀਅਮ ਦੇ ਬਾਹਰ ਸਥਿਤ ਸ਼ਹੀਦ-ਏ-ਆਜ਼ਮ ਦੇ ਬੁੱਤ ਅਤੇ ਪਿੰਡ 'ਚ ਸਥਿਤ ਜੱਦੀ ਘਰ ਨੂੰ ਬਹੁਤ ਹੀ ਸ਼ਰਧਾ ਤੇ ਸਤਿਕਾਰ ਨਾਲ ਦੇਖਣ ਆਉਣ ਵਾਲੇ ਲੋਕਾਂ ਨੂੰ ਕਿਸੇ ਕਿਸਮ ਦੀ ਮੁਸ਼ਕਿਲ ਨਾ ਆਉਣ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਸਰਦਾਰ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦਾ ਦੇਸ਼ ਦੀ ਆਜ਼ਾਦੀ ਵਿੱਚ ਵਿਲੱਖਣ ਯੋਗਦਾਨ ਹੋਣ ਕਾਰਨ, ਉਹ ਸਮੁੱਚੇ ਦੇਸ਼ ਵਾਸੀਆਂ ਦੇ ਦਿਲਾਂ 'ਚ ਵਸਦੇ ਹਨ, ਇਸ ਲਈ ਉਨ੍ਹਾਂ ਦੇ ਪ੍ਰਸ਼ੰਸਕਾਂ ਦਾ ਸ਼ਹੀਦੀ ਦਿਵਸ ਮੌਕੇ ਦੂਰੋਂ-ਦੂਰੋਂ ਖਟਕੜ ਕਲਾਂ ਪੁੱਜਣਾ ਸੁਭਾਵਿਕ ਹੈ। ਉਨ੍ਹਾਂ ਕਿਹਾ ਕਿ ਜਿੱਥੇ ਸਮੁੱਚੇ ਪ੍ਰਬੰਧ ਕੀਤੇ ਜਾਣ, ਉੱਥੇ ਇਸ ਗੱਲ ਦਾ ਵੀ ਖਿਆਲ ਰੱਖਿਆ ਜਾਵੇ ਕਿ ਪਾਰਕਿੰਗ ਆਦਿ ਦੀ ਵੀ ਦਿੱਕਤ ਨਾ ਆਵੇ। ਐਸ ਐਸ ਪੀ ਭਾਗੀਰਥ ਸਿੰਘ ਮੀਨਾ ਨੇ ਇਸ ਮੌਕੇ ਦੱਸਿਆ ਕਿ ਜ਼ਿਲ੍ਹਾ ਪੁਲਿਸ ਬਲੀਦਾਨ ਦਿਵਸ ਮੌਕੇ ਪੁੱਜਣ ਵਾਲੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਮੁਸ਼ਕਿਲ ਨਾ ਆਉਣ ਦੇਣ ਲਈ ਉਨ੍ਹਾਂ ਦੀ ਸੁਰੱਖਿਆ ਅਤੇ ਪਾਰਕਿੰਗ ਦੇ ਉਚਿਤ ਪ੍ਰਬੰਧ ਕਰੇਗੀ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਬਲੀਦਾਨ ਦਿਵਸ ਮੌਕੇ ਵੱਖ-ਵੱਖ ਅਹਿਮ ਸ਼ਖਸੀਅਤਾਂ ਦੀ ਸ਼ਰਧਾ ਸੁਮਨ ਭੇਂਟ ਕਰਨ ਆਉਣ ਦੀ ਰਵਾਇਤ ਦੇ ਸਨਮੁੱਖ ਮਿਊਜ਼ੀਅਮ ਅਤੇ ਜੱਦੀ ਘਰ ਦੇ ਆਸ ਪਾਸ ਸੁਰੱਖਿਆ ਪੱਖੋਂ ਆਮ ਲੋਕਾਂ ਨੂੰ ਬਿਨਾਂ ਕਿਸੇ ਮੁਸ਼ਕਿਲ ਆਉਣ ਦਿੱਤਿਆਂ ਪੂਰੀ ਚੌਕਸੀ ਰੱਖੀ ਜਾਵੇਗੀ। ਇਸ ਮੌਕੇ ਏ ਡੀ ਸੀ (ਜ) ਰਾਜੀਵ ਵਰਮਾ, ਏ ਡੀ ਸੀ (ਪੇਂਡੂ ਵਿਕਾਸ) ਦਵਿੰਦਰ ਕੁਮਾਰ, ਐਸ ਡੀ ਐਮ ਬੰਗਾ ਮੇਜਰ ਸ਼ਿਵਰਾਜ ਸਿੰਘ ਬੱਲ, ਐਸ ਪੀ (ਐਚ) ਗੁਰਮੀਤ ਕੌਰ, ਡੀ ਐਸ ਪੀ ਬੰਗਾ ਸਰਵਣ ਸਿੰਘ ਬੱਲ ਤੇ ਹੋਰ ਅਧਿਕਾਰੀ ਮੌਜੂਦ ਸਨ।

# ਦਾਖਲਾ ਮੁਹਿੰਮ: ਬਲਾਕ ਕੁਰਾਲੀ ਤੇ ਮਾਜਰੀ ਦੇ ਸਕੂਲ ਮੁਖੀਆਂ ਦੀ ਮੀਟਿੰਗ



**ਕੁਰਾਲੀ, (ਮੋਹਨ ਅੱਗਰਵਾਲ ਜੋਗਾ)** :- ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦਾ ਦਾਖਲਾ ਵਧਾਉਣ ਦੇ ਮਨੋਰਥ ਨਾਲ ਬਲਾਕ ਕੁਰਾਲੀ ਅਤੇ ਮਾਜਰੀ ਦੇ ਸਮੂਹ ਸਕੂਲ ਮੁਖੀਆਂ ਦੀ ਇੱਕ ਮੀਟਿੰਗ ਸਥਾਨਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਵਿਖੇ ਹੋਈ। ਇਸ ਮੀਟਿੰਗ ਵਿੱਚ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਂ:ਸਿੱ) ਬਲਜਿੰਦਰ ਸਿੰਘ,ਡੀਐੱਸਐੱਮ ਕੁਲਦੀਪ ਸਿੰਘ ਅਤੇ ਬਲਾਕ ਨੋਡਲ ਅਫ਼ਸਰ ਬੰਦਨਾ ਪੁਰੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਵੱਧ ਤੋਂ ਵੱਧ ਬੱਚਿਆਂ ਨੂੰ ਸਰਕਾਰੀ ਸਕੂਲਾਂ ਨਾਲ ਜੋੜਨ ਦੀ ਅਪੀਲ ਕੀਤੀ। ਪ੍ਰਿੰਸੀਪਲ ਚਰਨਜੀਤ ਕੌਰ ਦੀ ਅਗਵਾਈ ਵਿੱਚ ਹੋਈ ਇਸ ਮੀਟਿੰਗ ਵਿੱਚ ਬਲਾਕ ਕੁਰਾਲੀ ਤੇ ਮਾਜਰੀ ਅਧੀਨ ਪੈਂਦੇ ਸਮੂਹ ਸੈਕੰਡਰੀ,ਹਾਈ ਤੇ ਮਿਡਲ ਸਕੂਲਾਂ ਦੇ ਮੁਖੀਆਂ ਨੇ ਸਕੂਲਾਂ ਵਿੱਚ ਵਿਦਿਆਰਥੀਆਂ ਦਾ ਦਾਖਲਾ ਵਧਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਅਤੇ ਇਸ ਸਬੰਧੀ ਬਣਾਈ ਨੀਤੀ ਸਬੰਧੀ ਜਾਣੂ ਕਰਵਾਇਆ। ਇਸ ਦੌਰਾਨ ਪ੍ਰਿੰਸੀਪਲ ਚਰਨਜੀਤ ਕੌਰ,ਬੰਦਨਾ ਪੁਰੀ ਅਤੇ ਕੁਲਦੀਪ ਸਿੰਘ ਨੇ ਵੀ ਸੰਬੋਧਨ ਕੀਤਾ।

ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਂ:ਸਿੱ) ਬਲਜਿੰਦਰ ਸਿੰਘ ਨੇ ਸਕੂਲਾਂ ਵਲੋਂ ਹੁਣ ਤੱਕ ਕੀਤੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਵਿਦਿਆਰਥੀਆਂ ਨੂੰ ਸਰਕਾਰੀ ਸਕੂਲਾਂ ਵਿੱਚ ਮਿਲ ਰਹੀਆਂ ਸਹੂਲਤਾਂ ਸਬੰਧੀ ਜਾਣੂ ਕਰਵਾਉਣ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਇਸ ਮੌਕੇ ਸਕੂਲ ਮੁਖੀਆਂ ਤੋਂ ਇਲਾਵਾ ਸਮੂਹ ਅਧਿਆਪਕਾਂ ਨੂੰ ਵੀ ਸਕੂਲਾਂ ਵਿੱਚ ਵੱਧ ਤੋਂ ਵੱਧ ਵਿਦਿਆਰਥੀਆਂ ਨੂੰ ਦਾਖਲ ਕਰਵਾਉਣ ਦੀ ਅਪੀਲ ਕੀਤੀ। ਇਸ ਮੌਕੇ ਬਲਾਕ ਅਧੀਨ ਪੈਂਦੇ ਸਮੂਹ ਸਕੂਲਾਂ ਦੇ ਪ੍ਰਿੰਸੀਪਲ ਇਕਬਾਲ ਕੌਰ ਖਿਜ਼ਰਾਬਾਦ,ਪ੍ਰਿੰਸੀਪਲ ਪੁਸ਼ਪਿੰਦਰ ਕੌਰ ਸਿੰਘਪੁਰਾ,ਪ੍ਰਿੰਸੀਪਲ ਹਰਭੁਪਿੰਦਰ ਕੌਰ ਤਿਉੜ,ਪ੍ਰਿੰਸੀਪਲ ਸੁਹਿੰਦਰ ਕੌਰ,ਮੁੱਖ ਅਧਿਆਪਕਾ ਆਂਚਲ ਜਿੰਦਲ,ਬੀਐੱਮ ਕਮਲਜੀਤ ਸਿੰਘ ਸਿੱਧੂ ਤੋਂ ਇਲਾਵਾ ਸਮੂਹ ਮਿਡਲ ਸਕੂਲਾਂ ਦੇ ਇੰਚਾਰਜ਼ ਵੀ ਹਾਜ਼ਰ ਸਨ।

# ਡੇਰਾਬੱਸੀ ਵਿੱਖੇ ਵਿਕਾਸ ਕਾਰਜਾਂ 'ਤੇ ਤਕਰੀਬਨ 8 ਕਰੋੜ ਖਰਚੇ ਜਾਣਗੇ : ਡਾ. ਨਿੱਜਰ

**ਚੰਡੀਗੜ੍ਹ, (ਗੁਰਜੀਤ ਬਿੱਲਾ)**—ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ, ਸਾਫ਼-ਸੁਥਰਾ ਅਤੇ ਪ੍ਰਦੂਸ਼ਣ ਰਹਿਤ ਵਾਤਾਵਰਣ ਮੁਹੱਈਆ ਕਰਵਾਉਣ ਲਈ ਲਗਾਤਾਰ ਕੰਮ ਰਹੀ ਹੈ। ਇਸ ਦਿਸ਼ਾ ਵਿੱਚ ਇਕ ਹੋਰ ਕਦਮ ਪੁੱਟਦਿਆਂ ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ.ਇੰਦਰਬੀਰ ਸਿੰਘ ਨਿੱਜਰ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਡੇਰਾਬੱਸੀ ਜ਼ਿਲ੍ਹਾ ਮੁਹਾਲੀ ਵਿੱਖੇ ਵਿਕਾਸ ਕਾਰਜ਼ਾਂ 'ਤੇ ਤਕਰੀਬਨ 8 ਕਰੋੜ ਰੁਪਏ ਖਰਚਣ ਦਾ ਫੈਸਲਾ ਲਿਆ ਹੈ।ਾਂ ਸਥਾਨਕ ਸਰਕਾਰਾਂ ਬਾਰੇ ਮੰਤਰੀ ਨੇ ਕਿਹਾ ਕਿ ਨਗਰ ਕੌਂਸਲ ਡੇਰਾਬੱਸੀ ਦੇ ਡੰਪਿੰਗ ਗਰਾਊਂਡ ਦੇ ਰੱਖ-ਰਖਾਅ ਅਤੇ ਡੇਰਾਬੱਸੀ ਦੇ ਹੋਰ ਕੰਮਾਂ ਲਈ ਵੱਖ-ਵੱਖ ਅਸਾਮੀਆਂ ਜਿਵੇਂ ਲੇਬਰ, ਡਰਾਈਵਰ, ਇਲੈਕਟ੍ਰਿਸ਼ਨ, ਮਾਲੀ ਅਤੇ ਹੋਰ ਅਸਾਮੀਆਂ ਦੀਆਂ ਸੇਵਾਵਾਂ ਹਾਇਰ ਕਰਨ ਲਈ ਤਕਰੀਬਨ 1.86 ਕਰੋੜ ਰੁਪਏ ਖਰਚ ਕੀਤੇ ਜਾਣਗੇ। ਇਸੇ ਤਰ੍ਹਾਂ ਹੀ ਵਾਰਡ ਨੰ. 1,2,3,4,5,6 ਅਤੇ 15 ਵਿਖੇ ਇੰਟਰਲਾਕਿੰਗ ਟਾਈਲਜ਼ ਅਤੇ ਨਾਲੀਆਂ ਦੀ ਮੁਰੰਮਤ ਕਰਵਾਉਣ, ਸਰਸਵਤੀ ਵਿਹਾਰ ਵਿੱਚ ਵੱਖ-ਵੱਖ ਥਾਵਾਂ ਤੇ ਟਾਈਲਾਂ ਅਤੇ ਨਾਲੀਆਂ ਦੀ ਮੁਰੰਮਤ ਦਾ ਕੰਮ, ਕਸਬੇ ਵਿੱਚ ਵੱਖ-ਵੱਖ ਥਾਵਾਂ ਤੇ ਰੋਡ ਅਤੇ ਗਲੀਆਂ ਦੇ ਚੈਂਬਰਾਂ ਦੀ ਮੁਰੰਮਤ ਦਾ ਕੰਮ ਕੀਤਾ ਜਾਵੇਗਾ। ਇਸ ਤੋਂ ਇਲਾਵਾ, ਪਾਰਕਿੰਗ ਲਈ ਜਗ੍ਹਾ ਵਿਕਸਤ ਕਰਨ ਲਈ ਓਵਰ ਬ੍ਰਿਜ ਦੇ ਹੇਠਾਂ ਟਾਈਲਾਂ ਲਗਵਾਉਣ ਦਾ ਕੰਮ, ਵਾਰਡ ਨੰ. 8 ਵਿੱਚ ਸੈਣੀ ਧਰਮਸ਼ਾਲਾ ਦਾ ਨਿਰਮਾਣ ਕਰਨਾ, ਡੰਪਿੰਗ ਪੁਆਇੰਟ ਡੇਰਾਬੱਸੀ ਵਿੱਖੇ ਐਮ.ਆਰ.ਐਫ. ਸੈੱਡ ਦੀ ਉਸਾਰੀ, ਗੁਰਦੁਆਰਾ ਸਾਹਿਬ ਮੁਬਾਰਿਕਪੁਰ ਨੇੜੇ ਡਰੇਨੇਜ ਪਾਈਪ ਪ੍ਰਦਾਨ ਕਰਨ ਅਤੇ ਵਿਛਾਉਣ ਦਾ ਕੰਮ ਕਰਨਾ, ਕਮਿਊਨਿਟੀ ਸੈਂਟਰ ਮੁਬਾਰਿਕਪੁਰ ਨੇੜੇ ਗਲੀ ਦੀ ਉਸਾਰੀ ਅਤੇ ਕਮਿਊਨਿਟੀ ਸੈਂਟਰ ਵਾਰਡ ਨੰ. 11 ਨੇੜੇ ਲੇਡੀਜ਼ ਐਂਡ ਜੈਂਟਸ ਬਾਥਰੂਮ ਦੀ ਉਸਾਰੀ ਕਰਨ ਅਤੇ ਇਲਾਕੇ ਦੇ ਹੋਰ ਬਹੁਤ ਸਾਰੇ ਕੰਮ ਕਰਨ ਲਈ ਤਕਰੀਬਨ 6.14 ਕਰੋੜ ਰੁਪਏ ਖਰਚ ਕੀਤੇ ਜਾਣਗੇ। ਡਾ. ਨਿੱਜਰ ਨੇ ਕਿਹਾ ਕਿ ਸਥਾਨਕ ਸਰਕਾਰਾਂ ਵਿਭਾਗ ਵੱਲੋਂ ਇਨ੍ਹਾਂ ਕੰਮਾਂ ਲਈ ਦਫ਼ਤਰੀ ਪ੍ਰਕਿਰਿਆ ਪਹਿਲਾਂ ਹੀ ਸ਼ੁਰੂ ਕਰ ਦਿੱਤੀ ਗਈ ਹੈ। ਉਨਾਂ ਇਹ ਵੀ ਕਿਹਾ ਕਿ ਇਲਾਕੇ ਦੀ ਵੱਡੀ ਅਬਾਦੀ ਨੂੰ ਇਨ੍ਹਾਂ ਵਿਕਾਸ ਕਾਰਜ਼ਾਂ ਦਾ ਲਾਭ ਹੋਵੇਗਾ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਕੀਤੇ ਜਾਣ ਵਾਲੇ ਵਿਕਾਸ ਕਾਰਜਾਂ ਵਿੱਚ ਪਾਰਦਰਸ਼ਤਾ ਅਤੇ ਗੁਣਵੱਤਾ ਯਕੀਨੀ ਬਣਾਈ ਜਾਵੇ।

# ਐੱਨ ਐੱਸ ਐੱਸ ਕੈਂਪ ਅਮਿੱਟ ਯਾਦਾਂ ਛੱਡਦਾ ਸਮਾਪਤ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**- ਸਰਕਾਰੀ ਕਿਰਤੀ ਕਾਲਜ ਨਿਆਲ ਪਾਤੜਾਂ ਵਿਖੇ ਪ੍ਰਿੰਸੀਪਲ ਪ੍ਰੋਫੈਸਰ ਅਮਰਜੀਤ ਸਿੰਘ ਦੀ ਅਗਵਾਈ ਹੇਠ ਐੱਨ ਐੱਸ ਐੱਸ ਵਿਭਾਗ ਵੱਲੋਂ ਲਗਾਇਆ ਗਿਆ ਸੱਤ ਰੋਜ਼ਾ ਐੱਨ ਐੱਸ ਐੱਸ ਕੈਂਪ ਅਮਿੱਟ ਯਾਦਾਂ ਛੱਡਦਾ ਸਮਾਪਤ ਹੋ ਗਿਆ। ਸਮਾਪਤੀ ਸਮਾਰੋਹ ਮੌਕੇ ਕੰਪਿਊਟਰ ਵਿਭਾਗ ਪੰਜਾਬੀ ਯੂਨੀਵਰਸਿਟੀ ਪਟਿਆਲਾ ਡਾ. ਵਿਲੀਅਮਜੀਤ ਸਿੰਘ ਨੇ ਮੁੱਖ ਮਹਿਮਾਨ ਅਤੇ ਪਿਛਲੇ ਐੱਨ ਐਸ ਐਸ ਕੈਂਪ ਦੇ ਬੈਸਟ ਵਲੰਟੀਅਰ ਬਲਜਿੰਦਰ ਸਿੰਘ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਕਾਲਜ ਦੇ ਸ਼ਬਦ ਨਾਲ ਕੀਤੀ ਗਈ । ਕੈਂਪ ਦੇ 7ਵੇਂ ਦਿਨ ਪ੍ਰੋਗਰਾਮ ਅਫਸਰ ਪ੍ਰੋ. ਹਰਮੀਤ ਸਿੰਘ ਨੇ ਆਏ ਹੋਏ ਮੁੱਖ ਮਹਿਮਾਨ ਨੂੰ ਜੀ ਆਇਆਂ ਆਖਦਿਆਂ ਵਲੰਟੀਅਰਾਂ ਨਾਲ ਮੁੱਖ ਮਹਿਮਾਨ ਨੂੰ ਰੂਬਰੂ ਕਰਵਾਉਂਦਿਆਂ ਐੱਨ ਐਸ ਐਸ ਲੋਗੋ ਬਾਰੇ ਵਿਸਥਾਰ ਸਹਿਤ ਦੱਸਿਆ। ਮੁੱਖ ਮਹਿਮਾਨ ਵਜੋਂ ਪਹੁੰਚੇ ਡਾਕਟਰ ਵਿਲੀਅਮਜੀਤ ਸਿੰਘ ਨੇ ਕਿਹਾ ਕਿ ਐੱਨ ਐੱਸ ਐੱਸ ਦੇ ਕੈਂਪ ਵਲੰਟੀਅਰ ਦੀ ਆਉਣ ਵਾਲੀ ਜ਼ਿੰਦਗੀ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ । ਪ੍ਰੋ. ਰਮਨਜੀਤ ਕੌਰ ਨੇ ਐੱਨ ਐੱਸ ਐੱਸ ਦੀ ਸਾਲਾਨਾ ਰਿਪੋਰਟ ਪੜ੍ਹੀ। ਇਸ ਪ੍ਰੋਗਰਾਮ ਦੌਰਾਨ ਹਨਿੰਦਰ ਸਿੰਘ ਅਤੇ ਅਮਨਦੀਪ ਕੌਰ ਨੂੰ ਬੈਸਟ ਵਲੰਟੀਅਰ ਚੁਣਿਆ ਗਿਆ। ਪ੍ਰੋ. ਮਨਿੰਦਰ ਸਿੰਘ ਨੇ ਮੰਚ ਸੰਚਾਲਨ ਕੀਤਾ। ਆਏ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ ।

# ਭਾਕਿਯੂ (ਡਕੌਂਦਾ) ਨੇ ਪੰਜਾਬ ਸਰਕਾਰ ਨੂੰ ਮੰਗ ਪੱਤਰ ਭੇਜਿਆ



**ਬਰੇਟਾ (ਗੋਬਿੰਦ ਸ਼ਰਮਾ)**-ਅੱਜ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਬਲਾਕ ਬੁਢਲਾਡਾ ਵੱਲੋਂ ਬਲਾਕ ਪ੍ਰਧਾਨ ਦਰਸ਼ਨ ਸਿੰਘ ਗੁਰਨੇ ਕਲਾਂ ਦੀ ਅਗਵਾਈ ਹੇਠ ਮੁੱਖ ਖੇਤੀਬਾੜੀ ਦਫਤਰ ਮਾਨਸਾ ਵਿਖੇ ਸੁਪਰਡੈਂਟ ਮਨਪ੍ਰੀਤ ਸਿੰਘ ਰਾਹੀ ਮੰਗ ਪੱਤਰ ਦਿੱਤਾ ਗਿਆ ਜਿਸ ਰਾਹੀਂ ਮੰਗ ਕੀਤੀ ਗਈ ਕਿ ਪਿਛਲੇ ਸਾਲਾਂ ਤੋ ਗੁਲਾਬੀ ਸੁੰਡੀ ਕਾਰਨ ਕਿਸਾਨਾਂ ਦਾ ਨਰਮੇ ਦੀ ਫਸਲ ਤੋਂ ਮੋਹ ਭੰਗ ਹੋ ਰਿਹਾ ਹੈ ਜੋ ਕਿ ਇੱਕ ਝੋਨੇ ਦੀ ਫਸਲ ਦਾ ਬਦਲ ਵੀ ਹੈ ਜੋ ਕਿ ਪਾਣੀ ਘੱਟ ਲੈਂਦਾ ਹੈ। ਸੋ ਇਸ ਲਈ ਨਰਮੇ ਦੀ ਫਸਲ ਬਿਜਾਉਣ ਸਬੰਧੀ ਨਰਮੇ ਦੇ ਚੰਗੇ ਬੀਜਾਂ ਦਾ ਅਗੇਤਾ ਪ੍ਰਬੰਧ ਕੀਤਾ ਜਾਵੇ ਤਾ ਜੋ ਕਿ ਕਿਸਾਨ ਨਰਮੇ ਦੀ ਫਸਲ ਬੀਜ ਸਕਣ ਜਿਸ ਨਾਲ ਮਜ਼ਦੂਰਾਂ ਨੂੰ ਵੀ ਰੁਜ਼ਗਾਰ ਦੇ ਮੌਕੇ ਪੈਦਾ ਹੋਣਗੇ ਅਤੇ ਹਰ ਬੀਜ ਵਿਕਰੇਤਾ ਲਈ ਕਿਸਾਨਾਂ ਨੂੰ ਪੱਕਾ ਬਿੱਲ ਦੇਣਾ ਯਕੀਨੀ ਬਣਾਇਆ ਜਾਵੇ। ਜੋ ਖੇਤੀਬਾੜੀ ਮਹਿਕਮੇ ਰਾਹੀ ਸਬਸਿਡੀ ਵਾਲੇ ਬੀਜ ਦਿੱਤੇ ਜਜ਼ਦੇ ਹਨ ਜਿਵੇ ਕਿ ਮੂੰਗੀ, ਜੰਤਰ ਆਦਿ ਇਹ ਵੀ ਅਗੇਤੇ ਹੀ ਦਿੱਤੇ ਜਾਇਆ ਕਰਨ ਤਾਂ ਜੋ ਕਿਸਾਨ ਵੇਲੇ ਸਿਰ ਬਿਜਾਈ ਕਰ ਸਕਣ। ਪਿਛਲੇ ਸਾਲ ਕਿਸਾਨਾਂ ਨੇ ਮੱਕੀ ਬੀਜੀ ਸੀ ਸੋ ਇਸ ਵਾਰ ਵੀ ਕਿਸਾਨਾਂ ਦਾ ਰੁਝਾਨ ਮੱਕੀ ਵੱਲ ਹੈ ਸੋ ਕਿਸਾਨਾਂ ਨੂੰ ਮੱਕੀ ਦੇ ਬੀਜ ਦਾ ਅਗੇਤਾ ਪ੍ਰਬੰਧ ਕਰਵਾਇਆ ਜਾਵੇ ਜੋ ਪਿਛਲੇ ਸਾਲ ਮੱਕੀ ਦੇ ਬੀਜ ਦੀ ਵੱਡੇ ਪੱਧਰ ਤੇ ਬਲੈਕ ਕੀਤੀ ਗਈ ਸੀ ਜਿਸ ਕਾਰਨ ਕਿਸਾਨਾਂ ਦਾ ਆਰਥਿਕ ਸ਼ੋਸ਼ਣ ਕੀਤਾ ਗਿਆ ਸੀ ਸੋ ਬਜ਼ਾਰ ਵਿੱਚ ਮੱਕੀ ਦੇ ਬੀਜ ਦਾ ਵੀ ਲੋੜੀਂਦਾ ਪ੍ਰਬੰਧ ਕਰਵਾਇਆ ਜਾਵੇ ਤੇ ਪੱਕਾ ਬਿੱਲ ਦੇਣਾ ਯਕੀਨੀ ਬਣਾਇਆ ਜਾਵੇ।

ਫਸਲਾਂ ਦੀ ਬੀਜਾਈ ਨੂੰ ਮੁੱਖ ਰੱਖਦੇ ਹੋਏ ਨਹਿਰੀ ਪਾਣੀ ਅਤੇ ਬਿਜਲੀ ਦੇ ਪ੍ਰਬੰਧ ਲਈ ਸਬੰਧਤ ਅਧਿਕਾਰੀਆਂ ਨੂੰ ਲਿਖਿਆ ਜਾਵੇ ਅਤੇ ਪਿਛਲੇ ਸਾਲ ਕਣਕ ਦੇ ਬੀਜ ਤੇ ਸਬਸਿਡੀ ਦੇਣ ਸਬੰਧੀ ਕਿਸਾਨਾਂ ਕੋਲੋਂ ਅਰਜ਼ੀਆਂ ਲਈਆਂ ਗਈਆਂ ਸਨ। ਦੂਸਰੇ ਜ਼ਿਲਿਆਂ ਵਿੱਚ ਕਿਸਾਨਾਂ ਨੂੰ ਸਬਸਿਡੀ ਜਾਰੀ ਕੀਤੀ ਗਈ ਸੀ ਪ੍ਰੰਤੂ ਮਾਨਸਾ ਜ਼ਿਲ੍ਹੇ ਦੇ ਕਿਸਾਨਾਂ ਨੂੰ ਸਬਸਿਡੀ ਨਹੀਂ ਦਿੱਤੀ ਗਈ ਸੀ ਸੋ ਉਹ ਕਿਸਾਨਾਂ ਨੂੰ ਜਾਰੀ ਕੀਤੀ ਜਾਵੇ। ਇਸ ਸਮੇਂ ਹੋਰਨਾਂ ਤੋਂ ਇਲਾਵਾ ਸਰੂਪ ਸਿੰਘ, ਲਾਭ ਸਿੰਘ, ਪ੍ਰਸ਼ੋਤਮ ਸਿੰਘ ਆਦਿ ਹਾਜ਼ਰ ਸਨ।

# ਪੱਤਰਕਾਰ ਇਰਫਾਨ ਮਹਿਰਾਜ ਦੀ ਗ੍ਰਿਫ਼ਤਾਰੀ ਖਿਲਾਫ ਅਵਾਜ਼ ਬੁਲੰਦ ਕਰਨ ਦੀ ਲੋੜ : ਪਲਸ ਮੰਚ



**ਜਲੰਧਰ : (ਨਵਾਂ ਜ਼ਮਾਨਾ ਸਰਵਿਸ)** ਕਸ਼ਮੀਰ ਵਿਚ ਇਕ ਹੋਰ ਪੱਤਰਕਾਰ ਇਰਫਾਨ ਮਹਿਰਾਜ ਨੂੰ ਯੂ ਏ ਪੀ ਏ ਤਹਿਤ ਗ੍ਰਿਫ਼ਤਾਰ ਕਰਨ ਦੀ ਜੋਰਦਾਰ ਨਿੰਦਾ ਕਰਦਿਆਂ ਪੰਜਾਬ ਲੋਕ ਸੱਭਿਆਚਾਰਕ ਮੰਚ ( ਪਲਸ ਮੰਚ) ਦੇ ਪ੍ਰਧਾਨ ਅਮੋਲਕ ਸਿੰਘ ਅਤੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਲਿਖਤੀ ਪ੍ਰੈਸ ਬਿਆਨ ਰਾਹੀਂ ਇਰਫਾਨ ਮਹਿਰਾਜ ਨੂੰ ਰਿਹਾਅ ਕਰਨ ਦੀ ਜੋਰਦਾਰ ਮੰਗ ਕੀਤੀ ਹੈ। ਕਸ਼ਮੀਰ ਵਿਚ ਪੱਤਰਕਾਰਾਂ ਨੂੰ ਲਗਾਤਾਰ ਨਿਸ਼ਾਨਾ ਬਣਾਇਆ ਜਾ ਰਿਹਾ ਹੈ ਜੋ ਭਾਰਤੀ ਫ਼ੌਜੀ ਰਾਜ ਦੀਆਂ ਮਨਮਾਨੀਆਂ ਦੀ ਰਿਪੋਰਟਿੰਗ ਕਰਦੇ ਹਨ ਅਤੇ ਮਨੁੱਖੀ ਹੱਕਾਂ ਦੇ ਘਾਣ ਵਿਰੁੱਧ ਆਵਾਜ਼ ਉਠਾਉਂਦੇ ਹਨ। ਅਕਤੂਬਰ 2020 'ਚ ਇਕ ਕੇਸ ਦਰਜ ਕੀਤਾ ਗਿਆ ਜਿਸ ਵਿਚ ਦਾਅਵਾ ਕੀਤਾ ਗਿਆ ਕਿ ਚੈਰਿਟੀ ਫੰਡਾਂ ਦੇ ਨਾਂਅ 'ਤੇ ਫੰਡ ਇਕੱਠੇ ਕਰਕੇ ਕਸ਼ਮੀਰ ਘਾਟੀ ਵਿਚ ਅੱਤਵਾਦੀ ਸਰਗਰਮੀਆਂ ਦੀ ਮੱਦਦ ਕੀਤੀ ਜਾ ਰਹੀ ਹੈ। ਇਹ ਦਰਅਸਲ ਯੂਏਪੀਏ ਲਗਾ ਕੇ ਉਨ੍ਹਾਂ ਸੰਸਥਾਵਾਂ ਨੂੰ ਦਬਾਉਣ ਦੀ ਸਾਜ਼ਿਸ਼ ਸੀ ਜੋ ਮਨੁੱਖੀ ਹੱਕਾਂ ਦੇ ਘਾਣ ਦੇ ਤੱਥ ਇਕੱਠੇ ਕਰਦੀਆਂ ਹਨ। ਜੰਮੂ ਕਸ਼ਮੀਰ ਕੁਲੀਸ਼ਨ ਆਫ਼ ਸਿਵਲ ਸੁਸਾਇਟੀ ਇਕ ਐਸੀ ਪ੍ਰਮੁੱਖ ਸੰਸਥਾ ਹੈ ਜੋ ਨਿਧੜਕ ਹੋ ਕੇ ਫ਼ੌਜੀ ਰਾਜ ਦੇ ਜ਼ੁਲਮਾਂ ਦੀ ਰਿਪੋਰਟਿੰਗ ਕਰ ਰਹੀ ਹੈ। ਇਸ ਦੇ ਪ੍ਰਮੁੱਖ ਆਗੂ ਖੁਰਮ ਪਰਵੇਜ਼ ਨੂੰ ਝੂਠੇ ਦੋਸ਼ ਲਗਾ ਕੇ ਬਿਨਾਂ ਜ਼ਮਾਨਤ ਜੇਲ੍ਹ ਵਿਚ ਬੰਦ ਕੀਤਾ ਹੋਇਆ ਹੈ।

ਕੌਮੀ ਜਾਂਚ ਏਜੰਸੀ ਨੇ ਹੁਣ ਨਵਾਂ ਨਿਸ਼ਾਨਾ ਮਸ਼ਹੂਰ ਪੱਤਰਕਾਰ ਅਤੇ ਵਾਂਡੇ ਮੈਗਜੀਨ ਦੇ ਸੰਸਥਾਪਕ ਸੰਪਾਦਕ ਇਰਫਾਨ ਮਹਿਰਾਜ ਨੂੰ ਬਣਾਇਆ ਹੈ। ਦੋਸ਼ ਇਹ ਲਾਇਆ ਕਿ ਬਿਆਨ 'ਚ ਕਿਹਾ ਗਿਆ ਹੈ ਕਿ ਮਹਿਰਾਜ ਖੁਰਮ ਪਰਵੇਜ ਦਾ ਕਰੀਬੀ ਸਾਥੀ ਸੀ ਅਤੇ ਉਸ ਦੀ ਸੰਸਥਾ ਜੰਮੂ-ਕਸ਼ਮੀਰ ਕੋਲੀਸ਼ਨ ਆਫ ਸਿਵਲ ਸੋਸਾਇਟੀਜ ਨਾਲ ਕੰਮ ਕਰਦਾ ਸੀ। ਉਹਨਾਂ ਕਿਹਾ ਕਿ ਪ੍ਰੈਸ ਦੀ ਆਜ਼ਾਦੀ ਉੱਪਰ ਹਮਲਿਆਂ ਦਾ ਡੱਟ ਕੇ ਵਿਰੋਧ ਕਰਨ ਦੀ ਜ਼ਰੂਰਤ ਹੈ, ਨਹੀਂ ਤਾਂ ਤੱਥ ਸਾਹਮਣੇ ਲਿਆਉਣ ਵਾਲਾ ਕੋਈ ਪੱਤਰਕਾਰ ਨਹੀਂ ਬਚੇਗਾ।

# ਕਾਂਸ਼ੀ ਰਾਮ ਨੇ ਸਾਰਾ ਜੀਵਨ ਬਹੁਜਨ ਸਮਾਜ ਨੂੰ ਸੰਗਠਿਤ ਕਰਨ 'ਤੇ ਲਗਾਇਆ-ਕਾਇਮਪੁਰ, ਸਾਹਰੀ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਬਹੁਜਨ ਨਾਇਕ ਮੈਮੋਰੀਅਲ ਵੈਲਫੇਅਰ ਸੁਸਾਇਟੀ ਰਜਿਸਟਰਡ ਹੁਸ਼ਿਆਰਪੁਰ ਪੰਜਾਬ ਵੱਲੋਂ ਰਹੀਮ ਪੁਰ ਵਿਖੇ ਬਹੁਜਨ ਨਾਇਕ ਸਾਹਿਬ ਕਾਸ਼ੀ ਰਾਮ ਜੀ ਦਾ ਜਨਮ ਦਿਨ ਮਨਾਇਆ ਗਿਆ, ਜਿਸ ਦੀ ਪ੍ਰਧਾਨਗੀ ਚੌਧਰੀ ਬਲਵੀਰ ਚੰਦ ਕਾਇਮਪੁਰ ਪ੍ਰਧਾਨ ਨੇ ਕੀਤੀ ਤੇ ਡਾ. ਸੰਤੋਖ ਸਿੰਘ ਸਾਹਰੀ ਚੇਅਰਮੈਨ ਮੁੱਖ ਮਹਿਮਾਨ ਵਜੋਂ ਹਾਜਰ ਹੋਏ। ਉਹਨਾਂ ਆਪਣੇ ਭਾਸ਼ਣ ਵਿੱਚ ਕਾਸ਼ੀ ਰਾਮ ਦੇ ਜੀਵਨ 'ਤੇ ਚਾਨਣਾ ਪਾਇਆ ਕਿ ਉਨ੍ਹਾਂ ਨੇ ਆਪਣਾ ਸਾਰਾ ਜੀਵਨ ਬਹੁਜਨ ਸਮਾਜ ਨੂੰ ਸੰਗਠਿਤ ਕਰਨ ਲਈ ਲਗਾਇਆ। ਬਹੁਜਨ ਸਮਾਜ ਨੂੰ ਯੋਜਨਾਵੱਧ ਤਰੀਕੇ ਨਾਲ ਸਭ ਤੋਂ ਪਹਿਲਾਂ ਸਮਾਜ ਦੇ ਪੜ੍ਹੇ ਲਿਖੇ ਸਾਥੀਆਂ ਨੂੰ ਇਕੱਠੇ ਕਰਕੇ ਬਾਮਸੇਫ ਦਾ ਗਠਨ ਕੀਤਾ। ਇਹਨਾਂ ਸਾਥੀਆਂ ਕੇਡਰਾਈਜ ਕਰਕੇ ਪੂਰੇ ਭਾਰਤ ਵਿੱਚ ਇੱਕ ਮਜਬੂਤ ਸੰਗਠਨ ਕਾਇਮ ਕੀਤਾ। ਉਸ ਬਾਅਦ ਡੀ ਐਸ ਫੋਰ ਦਾ ਗਠਨ ਕੀਤਾ। ਡੀ ਐਸ ਫੋਰ ਸੰਗਠਨ ਦੀ ਕਾਮਯਾਬੀ ਤੋਂ ਬਾਅਦ 14 ਅਪ੍ਰੈਲ 1984 ਨੂੰ ਬਹੁਜਨ ਸਮਾਜ ਪਾਰਟੀ ਦਾ ਗਠਨ ਕਰਕੇ ਪੂਰੇ ਭਾਰਤ ਦੇਸ਼ ਅੰਦਰ ਇੱਕ ਨਵੀਂ ਕਰਾਂਤੀ ਪੈਦਾ ਕਰ ਦਿੱਤੀ। 1996 'ਚ ਲੋਕ ਸਭਾ ਹੁਸ਼ਿਆਰਪੁਰ ਜਿੱਤ ਹਾਸਲ ਕਰਕੇ ਇਕ ਇਤਿਹਾਸ ਸਿਰਜ ਦਿੱਤਾ। ਕਾਸ਼ੀ ਰਾਮ ਹੁਸ਼ਿਆਰਪੁਰ ਨੂੰ ਹਿਟਬੈਕ ਸੈਂਟਰ ਬਣਾਉਣਾ ਚਾਹੁੰਦੇ ਸਨ। ਬਹੁਜਨ ਨਾਇਕ ਮੈਮੋਰੀਅਲ ਵੈਲਫੇਅਰ ਸੁਸਾਇਟੀ ਉਨ੍ਹਾਂ ਦੀ ਸੋਚ ਮੁਤਾਬਕ ਇਸ ਦਾ ਨਿਰਮਾਣ ਕਰਾਏਗੀ। ਸਟੇਜ ਸਕੱਤਰ ਦੀ ਜਿੰਮੇਵਾਰੀ ਡਾ. ਜੱਸੀ ਸਾਧਰਾ ਨੇ ਬਾਖੂਬੀ ਨਿਭਾਈ। ਇਸ ਮੌਕੇ ਰਮੇਸ਼ ਚੰਦਰ ਪਟਵਾਰੀ ਜਾਜਾ ਉਪ ਪ੍ਰਧਾਨ ਦਿਲਬਾਗ ਸਿੰਘ ਝੱਮਟ ਕੈਸ਼ੀਅਰ ਡਾ. ਜਸਵੀਰ ਸਿੰਘ ਜਮਾਲ, ਚੀਫ ਐਡਵਾਈਜਰ ਹਰਨਾਮ ਸਿੰਘ ਬਹਿਲਪੁਰੀ,ਪ੍ਰਚਾਰ ਸਕੱਤਰ ਸੋਮ ਨਾਥ ਬੋਹਣ, ਧਨੀ ਰਾਮ ਅਟੱਲਗੜ੍ਹ, ਸੁਖਵਿੰਦਰ ਪਾਲ ਅਲਾਹਾਬਾਦ, ਹਰਮੇਸ਼ ਲਾਲ, ਸਾਰੇ ਮੈਂਬਰ, ਲਹਿਬਰ ਰਾਮ ਝੱਮਟ, ਗੁਰਮੀਤ ਸਿੰਘ ਪਿਆਲਾ, ਰਾਕੇਸ਼ ਭਾਟੀਆ ਪੁਰ ਹੀਰਾ, ਡਾ. ਹਰਨੇਕ ਭਗਤੂਪੁਰ, ਨਛੱਤਰ ਠੱਕਰਵਾਲ, ਡਾ. ਰਤਨ ਚੰਦ, ਲਾਲ ਚੰਦ ਬਿੱਲਾ, ਬਲਜੀਤ ਅਟੱਲਗੜ੍ਹ, ਅਮਰਜੀਤ ਬਿੱਲਾ ਅਤੇ ਪੁਰਾਣੇ ਸਾਥੀ ਦਰਸ਼ਨ ਸਿੰਘ ਚੁੰਬਰ ਸਾਥੀਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਆ ਗਿਆ। ਇਸ ਸਮੇਂ ਸੈਂਕੜੇ ਸਾਥੀਆਂ ਨੇ ਹਾਜਰੀ ਲਗਵਾਈ।

# 73ਵੀਂ ਸੀਨੀਅਰ ਪੰਜਾਬ ਬਾਸਕਿਟਬਾਲ ਚੈਂਪੀਅਨਸ਼ਿਪ ਸ਼ੁਰੂ




**ਮੁੱਲਾਂਪੁਰ ਦਾਖਾ, (ਗੁਰਮੇਲ ਮੈਲਡੇ)**-ਅਰਜਨਾ ਐਵਾਰਡੀ ਗੁਰਦਿਆਲ ਸਿੰਘ ਮੱਲ੍ਹੀ ਦੇ ਜੱਦੀ ਪਿੰਡ ਗੁੜੇ ਵਿਖੇ ਉਨ੍ਹਾਂ ਦੀ ਯਾਦ ਵਿੱਚ 73ਵੀਂ ਸੀਨੀਅਰ ਪੰਜਾਬ ਬਾਸਕਿਟਬਾਲ ਚੈਂਪੀਅਨਸ਼ਿਪ (ਲੜਕੇ ਅਤੇ ਲੜਕੀਆਂ) ਸ਼ੁਰੂ ਹੋ ਗਈ ਹੈ, ਜਿਹੜੀ ਕਿ 23 ਮਾਰਚ ਤੱਕ ਖੇਡੀ ਜਾਵੇਗੀ। ਇਸ ਚੈਂਪੀਅਨਸ਼ਿਪ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਅਤੇ ਨਾਮਵਰ ਅਕੈਡਮੀਆਂ ਦੀਆਂ ਟੀਮਾਂ ਭਾਗ ਲੈ ਰਹੀਆਂ ਹਨ। ਚੈਂਪੀਅਨਸ਼ਿਪ ਦਾ ਉਦਘਾਟਨ ਗੁਰਬਾਜ ਸਿੰਘ ਓਲੰਪੀਅਨ ਹਾਕੀ ਖਿਡਾਰੀ ਅਤੇ ਐੱਸ. ਪੀ. ਸਥਾਨਕ ਲੁਧਿਆਣਾ ਦਿਹਾਤੀ ਪੁਲਸ ਵੱਲੋਂ ਕੀਤਾ ਗਿਆ। ਪੰਜਾਬ ਬਾਸਕਿਟਬਾਲ ਐਸੋਸੀਏਸ਼ਨ ਦੇ ਜਨਰਲ ਸਕੱਤਰ ਤੇਜਾ ਸਿੰਘ ਧਾਲੀਵਾਲ ਨੇ ਦੱਸਿਆ ਕਿ ਲੜਕਿਆਂ ਦੇ ਵਰਗ ਵਿੱਚ ਸੰਗਰੂਰ ਨੇ ਫਰੀਦਕੋਟ ਨੂੰ 92-72 ਅੰਕਾਂ ਨਾਲ, ਹੁਸ਼ਿਆਰਪੁਰ ਨੇ ਪਟਿਆਲਾ ਨੂੰ 67-55 ਅੰਕਾਂ ਨਾਲ, ਰੋਪੜ ਨੇ ਖੰਨਾ ਨੂੰ 61-34 ਅੰਕਾਂ ਨਾਲ ਅਤੇ ਲੁਧਿਆਣਾ ਅਕੈਡਮੀ ਨੇ ਬਠਿੰਡਾ ਨੂੰ 86-77 ਅੰਕਾਂ ਨਾਲ ਹਰਾਇਆ। ਇਸੇ ਤਰ੍ਹਾਂ ਲੜਕੀਆਂ ਦੇ ਵਰਗ ਵਿੱਚ ਜ਼ਿਲ੍ਹਾ ਲੁਧਿਆਣਾ ਨੇ ਪਟਿਆਲਾ ਨੂੰ 43-18 ਅੰਕਾਂ ਨਾਲ ਅਤੇ ਅੰਮ੍ਰਿਤਸਰ ਨੇ ਕਪੂਰਥਲਾ ਨੂੰ 59-19 ਅੰਕਾਂ ਨਾਲ ਮਾਤ ਦਿੱਤੀ। ਇਸ ਮੌਕੇ ਸਾਬਕਾ ਪੁਲਸ ਅਧਿਕਾਰੀ ਅਤੇ ਪੰਜਾਬ ਬਾਸਕਿਟਬਾਲ ਐਸੋਸੀਏਸ਼ਨ ਦੇ ਸੀਨੀਅਰ ਉਪ ਪ੍ਰਧਾਨ ਯੁਰਿੰਦਰ ਸਿੰਘ ਹੇਅਰ ਨੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ।

ਇਸ ਮੌਕੇ ਗੁਰਜੀਤ ਸਿੰਘ ਰੋਮਾਣਾ, ਸਾਬਕਾ ਸਰਪੰਚ ਸੋਹਣ ਸਿੰਘ, ਅਵਤਾਰ ਸਿੰਘ ਭੋਲਾ, ਵੀਰਪਾਲ ਸਿੰਘ, ਮਲਵਿੰਦਰ ਸਿੰਘ, ਨਰਿੰਦਰਪਾਲ ਸਿੰਘ, ਅਮਨ ਖੈਹਰਾ ਅਤੇ ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।

# ਖੂਨਦਾਨ ਨਾਲ ਬਚਾਈਆਂ ਜਾ ਸਕਦੀਆਂ ਹਨ ਅਨੇਕਾਂ ਕੀਮਤੀ ਜਾਨਾਂ : ਜਿੰਪਾ




**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**—ਖੂਨਦਾਨ ਕਰਨਾ ਮਨੁੱਖਤਾ ਦੀ ਸਭ ਤੋਂ ਵੱਡੀ ਸੇਵਾ ਹੈ ਕਿਉਂਕਿ ਖੂਨਦਾਨ ਇਕ ਮਹਾਨ ਦਾਨ ਹੈ, ਜਿਸ ਨਾਲ ਅਨੇਕਾਂ ਕੀਮਤੀ ਜਾਨਾਂ ਬਚਾਈਆਂ ਜਾ ਸਕਦੀਆਂ ਹਨ। ਇਹ ਪ੍ਰਗਟਾਵਾ ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਊਨਾ ਰੋਡ 'ਤੇ ਸਥਿਤ ਸੈਣੀ ਭਵਨ ਵਿਖੇ ਸੈਣੀ ਜਾਗ੍ਰਿਤੀ ਮੰਚ ਪੰਜਾਬ ਵਲੋਂ ਲਗਾਏ ਖੂਨਦਾਨ ਕੈਂਪ ਵਿਚ ਸ਼ਿਰਕਤ ਕਰਨ ਮੌਕੇ ਕੀਤਾ। ਕੈਬਨਿਟ ਮੰਤਰੀ ਨੇ ਕਿਹਾ ਕਿ ਖੂਨ ਦੀ ਇਕ-ਇਕ ਬੂੰਦ ਕੀਮਤੀ ਹੈ ਜੋ ਕਿਸੇ ਵੀ ਮਰਦੇ ਹੋਏ ਵਿਅਕਤੀ ਨੂੰ ਜੀਵਨ ਦਾਨ ਦੇ ਸਕਦੀ ਹੈ। ਉਨ੍ਹਾਂ ਕਿਹਾ ਕਿ ਖੂਨਦਾਨ ਕਰਨ ਨਾਲ ਕਿਸੇ ਵੀ ਤਰ੍ਹਾਂ ਦੀ ਕਮਜ਼ੋਰੀ ਨਹੀਂ ਆਉਂਦੀ ਬਲਕਿ ਮਨ ਨੂੰ ਇਕ ਸੰਤੁਸ਼ਟੀ ਮਿਲਦੀ ਹੈ ਕਿ ਅਸੀਂ ਇਹ ਦਾਨ ਕਰਕੇ ਇਕ ਲੋੜਵੰਦ ਵਿਅਕਤੀ ਨੂੰ ਜੀਵਨ ਪ੍ਰਦਾਨ ਕੀਤਾ ਹੈ।

ਇਸ ਲਈ ਹਰੇਕ ਸਿਹਤਮੰਦ ਵਿਅਕਤੀ ਨੂੰ ਖੂਨਦਾਨ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਾਡਾ ਜੀਵਨ ਮਾਨਵਤਾ ਦੀ ਸੇਵਾ ਨੂੰ ਸਮਰਪਿਤ ਹੋਣਾ ਚਾਹੀਦਾ ਹੈ ਅਤੇ ਖੂਨਦਾਨ ਕਰਕੇ ਮਾਨਵਤਾ ਦੀ ਸੇਵਾ ਵਿਚ ਆਪਣਾ ਯੋਗਦਾਨ ਪਾਇਆ ਜਾ ਸਕਦਾ ਹੈ। ਇਸ ਦੌਰਾਨ ਭਾਈ ਘਨੱਈਆ ਜੀ ਚੈਰੀਟੇਬਲ ਬਲੱਡ ਬੈਂਕ ਵਲੋਂ 40 ਯੂਨਿਟ ਦੇ ਕਰੀਬ ਖੂਨ ਇਕੱਤਰ ਕੀਤਾ ਗਿਆ। ਸੈਣੀ ਜਾਗ੍ਰਿਤੀ ਮੰਚ ਦੇ ਸੂਬਾ ਪ੍ਰਧਾਨ ਕੁਲਵੰਤ ਸਿੰਘ ਸੈਣੀ ਅਤੇ ਸੰਸਥਾਪਕ ਸੰਦੀਪ ਸੈਣੀ ਨੇ ਕੈਬਨਿਟ ਮੰਤਰੀ ਅਤੇ ਖੂਨਦਾਨ ਕਰਨ ਵਾਲੀਆਂ ਸਾਰੀਆ ਸ਼ਖਸੀਅਤਾਂ ਦਾ ਸਨਮਾਨ ਕੀਤਾ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਮੰਚ ਦੇ ਸੂਬਾ ਯੂਥ ਪ੍ਰਧਾਨ ਪ੍ਰਭਜੋਤ ਸਿੰਘ, ਜ਼ਿਲ੍ਹਾ ਪ੍ਰਧਾਨ ਤਰਲੋਚਨ ਸਿੰਘ ਸੈਣੀ, ਜਨਰਲ ਸਕੱਤਰ ਹਰਵਿੰਦਰ ਸਿੰਘ, ਚਰਨਜੀਤ ਸਿੰਘ ਲੁਧਿਆਣਾ, ਜ਼ਿਲ੍ਹਾ ਯੂਥ ਪ੍ਰਧਾਨ ਕ੍ਰਿਪਾਲ ਸਿੰਘ ਪਾਲੀ, ਪ੍ਰੇਮ ਸੈਣੀ, ਚੰਦਰ ਸ਼ੇਖਰ, ਅਜੇ ਮੋਹਨ ਬੱਬੀ, ਮਨਜੀਤ ਸਿੰਘ, ਸਰਬਜੀਤ ਸਿੰਘ ਸੈਣੀ ਟਾਂਡਾ, ਅਵਤਾਰ ਸਿੰਘ ਬੱਸੀ, ਜੀਵਨ, ਗੋਲਡੀ ਸਰਪੰਚ, ਸਨੀ ਖੋਸਲਾ, ਜਿੰਦੂ ਸੈਣੀ, ਰਾਜਾ ਸੈਣੀ, ਬਿੱਟੂ ਗਿੱਧਾ, ਕਰੁਨ ਸੈਣੀ ਅਤੇ ਹੋਰ ਪਤਵੰਤੇ ਹਾਜ਼ਰ ਸਨ।

## ਪੈਪਸੀਕੋ ਇੰਡੀਆ ਵੱਲੋਂ ਪੰਜਾਬ 'ਚ ਪਾਇਲਟ ਅਭਿਆਨ ਦਾ ਵਿਸਤਾਰ

**ਜਲੰਧਰ**- ਪੈਪਸੀਕੋ ਇੰਡੀਆ ਨੇ ਆਪਣੇ ਪਾਯਲਟ ਫਸਲ ਰਹਿੰਦ-ਖੂੰਹਦ ਪ੍ਰਬੰਧਨ ਪ੍ਰੋਗਰਾਮ, ਬਾਯੋਚਾਰ ਅਭਿਆਨ ਦਾ ਵਿਸਤਾਰ ਪੰਜਾਬ ਦੇ ਫਤਿਹਪੁਰ, ਲੁਧਿਆਣਾ ਜ਼ਿਲ੍ਹੇ 'ਚ ਕੀਤਾ ਹੈ। ਇਹ ਅਭਿਆਨ ਭਾਰਤ ਦੇ ਉੱਤਰੀ ਰਾਜਾਂ 'ਚ ਪਰਾਲੀ ਸਾੜਨ ਦੀ ਗੰਭੀਰ ਸਮੱਸਿਆ ਦਾ ਹੱਲ ਪ੍ਰਦਾਨ ਕਰੇਗਾ। ਇਹ ਅਭਿਆਨ ਪੰਜਾਬ 'ਚ ਹੋਰ ਜ਼ਿਆਦਾ ਕਿਸਾਨਾਂ ਦੇ ਨਾਲ ਜਾਰੀ ਰਹੇਗਾ ਤਾਂ ਕਿ ਰਿਟਾਰਟ ਭੱਠੀ ਨਾਮ ਦੀਆਂ ਇਨਾਂ ਭੱਠੀਆਂ 'ਚ ਫਸਲ ਦੀ ਰਹਿੰਦ-ਖੂੰਹਦ ਨੂੰ ਸਾੜ ਕੇ ਪਾਯਰੋਲਿਸਿਸ ਪ੍ਰਕਿਰਿਆ ਦੇ ਨਾਲ ਬਾਯੋਚਾਰ ਫਰਟੀਲਾਈਜ਼ਰ ਬਣਾਇਆ ਜਾ ਸਕੇ । ਪੈਪਸੀਕੋ ਇੰਡੀਆ ਦਾ ਬਾਯੋਚਾਰ ਅਭਿਆਨ ਯੂਨਾਈਟਿਡ ਨੇਸ਼ਨਜ਼ ਸਸਟੇਨੇਬਲ ਡਿਵੈਲਪਮੈਂਟ ਗੋਲਸ (ਐਸਡੀਜੀ), ਖਾਸ ਕਰਕੇ ਐੱਸਡੀਜੀ 13 (ਕਲਾਈਮੇਟ ਐਕਸ਼ਨ) ਅਤੇ ਐਸਡੀਜੀ 2 (ਜ਼ੀਰੋ ਹੰਗਰ) ਦੇ ਅਨੁਸਾਰ ਹੈ। ਇਸ ਅਭਿਆਨ ਦੇ ਬਾਰੇ ਅਨੁਕੂਲ ਜੋਸ਼ੀ, ਡਾਇਰੈਕਟਰ-ਐਗਰੋ, ਪੈਪਸੀਕੋ ਇੰਡੀਆ ਨੇ ਕਿਹਾ ਕਿ ਬਾਯੋਚਾਰ ਦੀ ਮਦਦ ਨਾਲ ਮਿੱਟੀ ਦੀ ਕੁਆਲਿਟੀ ਅਤੇ ਕੰਮ 'ਚ ਸੁਧਾਰ ਕਰਨ ਨਾਲ ਖੇਤੀ ਆਊਟਪੁੱਟ ਵਧੇਗੀ ਅਤੇ ਪੋਸ਼ਕ ਤੱਤਾਂ ਅਤੇ ਪਰਿਆਵਰਣ ਦੇ ਪ੍ਰਭਾਵਾਂ ਨਾਲ ਸਬੰਧਿਤ ਖਰਚਿਆਂ 'ਚ ਘਾਟ ਆਵੇਗੀ।

## ਸ਼ੈਲਿੰਦਰਜੀਤ ਸਿੰਘ ਰਾਜਨ ਤੇ ਰਘਬੀਰ ਸਿੰਘ ਸੋਹਲ ਦਾ ਸਨਮਾਨ ਅੱਜ



**ਬਾਬਾ ਬਕਾਲਾ ਸਾਹਿਬ (ਨਿਰਮਲ ਸਿੰਘ ਸੰਘਾ)**-ਸਾਹਿਤ ਸਭਾ ਫਤਹਿਗੜ੍ਹ ਚੂੜੀਆਂ ਵੱਲੋਂ ਇਕ ਸਨਮਾਨ ਸਮਾਰੋਹ ਅਤੇ ਕਵੀ ਦਰਬਾਰ 22 ਮਾਰਚ ਦਿਨ ਬੁੱਧਵਾਰ ਨੂੰ ਦੁਪਹਿਰ 1 ਤੋਂ 4 ਵਜੇ ਸ਼ਾਮ ਤੱਕ ਕਰਨ ਪੈਲੇਸ, ਰੇਲਵੇ ਰੋਡ ਫਤਹਿਗੜ੍ਹ ਚੂੜੀਆਂ ਵਿਖੇ ਕਰਵਾਇਆ ਜਾ ਰਿਹਾ ਹੈ। ਸਭਾ ਦੇ ਪ੍ਰਧਾਨ ਸੁੱਚਾ ਸਿੰਘ ਰੰਧਾਵਾ ਅਨੁਸਾਰ ਇਸ ਮੌਕੇ ਪੰਜਾਬੀ ਮਾਂ ਬੋਲੀ ਦੀ ਨਿਰੰਤਰ ਸੇਵਾ ਵਿੱਚ ਜੁਟੇ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ, ਉੱਘੇ ਪੱਤਰਕਾਰ ਅਤੇ ਲੇਖਕ ਸ਼ੈਲਿੰਦਰਜੀਤ ਸਿੰਘ ਰਾਜਨ ਅਤੇ ਸਭਾ ਦੇ ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ ਨੂੰ "ਪੰਜਾਬੀ ਮਾਂ ਬੋਲੀ ਦਾ ਮਾਣ" ਐਵਾਰਡ ਨਾਲ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਵੇਗਾ । ਇਹ ਸਮਾਗਮ ਸਵਰਗੀ ਕਸ਼ਮੀਰ ਕੌਰ ਅਤੇ ਰਾਜਿੰਦਰ ਕੌਰ ਦੀ ਨਿੱਘੀ ਯਾਦ ਨੂੰ ਕ੍ਰਿਪਾਲ ਸਿੰਘ ਯੋਗੀ, ਮੇਦਨ ਸਿੰਘ ਮੇਦਨ ਦੀ ਯਾਦ ਨੂੰ ਸਮਰਪਿਤ ਹੋਵੇਗਾ ਅਤੇ ਇਸ ਮੌਕੇ ਪ੍ਰਸ਼ੋਤਮ ਸਿੰਘ ਲੱਲੀ ਦੀ ਪੁਸਤਕ 'ਬੰਤੋ ਦਾ ਗੁਨਾਹਗਾਰ' ਲੋਕ ਅਰਪਿਤ ਕੀਤੀ ਜਾਵੇਗੀ

## ਦੋ ਧਿਰਾਂ ਦੀ ਆਪਸੀ ਲੜਾਈ 'ਚ ਨੌਜਵਾਨ ਦੀ ਮੌਤ

**ਮਲੋਟ, (ਗੁਰਮੀਤ ਸਿੰਘ ਮੱਕੜ)**:-ਸਥਾਨਕ ਬਾਲਮੀਕਿ ਮੁਹੱਲੇ ਵਿਚ ਆਪਸੀ ਰੰਜਿਸ਼ ਨੂੰ ਲੈ ਕੇ ਦੋ ਧਿਰਾਂ ਵਿਚ ਹੋਈ ਲੜਾਈ ਵਿਚ ਇੱਕ 30 ਸਾਲਾ ਨੌਜਵਾਨ ਦੀ ਮੌਕੇ 'ਤੇ ਮੌਤ ਹੋ ਗਈ ਅਤੇ ਮ੍ਰਿਤਕ ਲੜਕੇ ਦਾ ਪਿਤਾ ਗੰਭੀਰ ਜ਼ਖਮੀ ਹੋ ਗਿਆ, ਜਿਸ ਨੂੰ ਸਿਵਲ ਹਸਪਤਾਲ ਮਲੋਟ ਵਿਚ ਦਾਖਿਲ ਕਰਵਾਇਆ ਗਿਆ। ਇਸ ਮੌਕੇ 'ਤੇ ਪਹੁੰਚੀ ਥਾਣਾ ਸਿਟੀ ਪੁਲਸ ਵਲੋਂ ਬਿਆਨ ਦਰਜ ਕਰਕੇ ਕਾਰਵਾਈ ਕੀਤੀ ਜਾ ਰਹੀ ਹੈ। ਸਿਵਲ ਹਸਪਤਾਲ ਵਿਚ ਜ਼ੇਰੇ ਇਲਾਜ ਤਿਲਕ ਰਾਜ ਨੇ ਦੱਸਿਆ ਕਿ ਉਹ ਅੱਜ ਆਪਣੇ ਘਰ ਦੀ ਛੱਤ ਢਾਹ ਰਿਹਾ ਸੀ ਤਾਂ ਉਸ ਦਾ ਬੇਟਾ ਆਪਣੇ ਬੱਚਿਆਂ ਨੂੰ ਲੈਣ ਆਇਆ ਤਾਂ ਜਦੋਂ ਉਹ ਬਾਹਰ ਹੀ ਨਿਕਲਿਆ ਸੀ ਕਿ ਉਸ ਨੂੰ ਇਨ੍ਹਾਂ ਲੋਕਾਂ ਨੇ ਘੇਰ ਲਿਆ ਅਤੇ ਜਦੋਂ ਬਾਹਰ ਨਿਕਲਿਆ ਤਾਂ ਉਨ੍ਹਾਂ ਨੇ ਮੇਰੇ ਬੇਟੇ ਦੇ ਨਾਲ ਮੇਰੇ 'ਤੇ ਵੀ ਹਮਲਾ ਕਰ ਦਿੱਤਾ।

ਉਸ ਨੇ ਦੱਸਿਆ ਕਿ ਦੂਜੇ ਧਿਰ ਦੀ ਲੜਕੀ ਆਪਣੀ ਮਰਜ਼ੀ ਨਾਲ ਕਾਫੀ ਸਮੇਂ ਤੋਂ ਉਸਦੇ ਬੇਟੇ ਨਾਲ ਰਹਿ ਰਹੀ ਅਤੇ ਇਹ ਲੋਕ ਇਸ ਨੂੰ ਲੈ ਕੇ ਉਸਦੇ ਬੇਟੇ ਨਾਲ ਰੰਜਿਸ਼ ਰੱਖਦੇ ਸਨ। ਦੂਜੇ ਪਾਸੇ ਥਾਣਾ ਸਿਟੀ ਮਲੋਟ ਦੇ ਥਾਣਾ ਮੁੱਖੀ ਵਰੁਣ ਕੁਮਾਰ ਮੱਟੂ ਨੇ ਦੱਸਿਆ ਕਿ ਉਨ੍ਹਾਂ ਨੂੰ ਰੁੱਕਾ ਪ੍ਰਾਪਤ ਹੋਇਆ ਸੀ ਕਿ ਰਾਹੁਲ ਨਾਮ ਦੇ ਨੌਜਵਾਨ ਦੀ ਮੌਤ ਹੋਈ ਹੈ। ਉਨ੍ਹਾਂ ਕਿਹਾ ਕਿ ਜਦੋਂ ਪਤਾ ਲੱਗਿਆ ਕਿ ਇਨ੍ਹਾਂ ਦਾ ਕੋਈ ਆਪਸੀ ਝਗੜਾ ਸੀ ਜਿਸ ਵਿਚ ਰਾਹੁਲ ਦੀ ਮੌਤ ਹੋ ਗਈ ਅਤੇ ਉਸ ਦੇ ਪਿਤਾ ਦੇ ਸੱਟਾਂ ਲੱਗੀਆਂ ਹਨ, ਜਿਸ 'ਤੇ ਬਿਆਨ ਦਰਜ ਕਰਕੇ ਕਾਰਵਾਈ ਕਰਦੇ ਹੋਏ ਜਾਂਚ ਕੀਤੀ ਜਾ ਰਹੀ ਹੈ।

# ਰਿਆਤ ਬਾਹਰਾ 'ਵਰਸਿਟੀ ਦੇ ਵਿਦਿਆਰਥੀਆਂ ਵੱਲੋਂ ਅਖਬਾਰ ਦੇ ਦਫਤਰ ਦਾ ਦੌਰਾ



**ਕੁਰਾਲੀ, (ਮੋਹਨ ਅੱਗਰਵਾਲ ਜੋਗਾ)** :- ਰਿਆਤ ਬਾਹਰਾ ਯੂਨੀਵਰਸਿਟੀ ਦੇ ਕਾਮਰਸ ਵਿਭਾਗ ਵੱਲੋਂ ਵਿਦਿਆਰਥੀਆਂ ਦਾ ਅਖਬਾਰ ਦੇ ਦਫਤਰ ਵਿਖੇ ਇੱਕ ਉਦਯੋਗਿਕ ਦੌਰਾ ਕਰਵਾਇਆ ਗਿਆ।

ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ,ਵਾਈਸ ਚਾਂਸਲਰ ਡਾ. ਪਰਵਿੰਦਰ ਸਿੰਘ ਅਤੇ ਡੀਨ ਯੂਐਸਐਮਐਸ ਡਾ. ਅਜੈ ਸ਼ਰਮਾ ਦੀ ਯੋਗ ਅਗਵਾਈ ਹੇਠ ਕਰਵਾਏ ਗਏ ਇਸ ਦੌਰੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਪ੍ਰਿੰਟਿੰਗ ਪ੍ਰੈੱਸ, ਨਿਊਜ਼ ਰੂਮ ਬਾਰੇ ਵਿਹਾਰਿਕ ਜਾਣਕਾਰੀ ਦੇਣਾ ਅਤੇ ਸਮਾਂ ਸੀਮਾ ਦੀ ਮਹੱਤਤਾ ਅਤੇ ਕੁਸ਼ਲ ਸਮਾਂ ਪ੍ਰਬੰਧਨ ਨੂੰ ਸਮਝਣਾ ਸੀ। ਇਸ ਦੌਰਾਨ ਸਰਕੂਲੇਸ਼ਨ ਮੈਨੇਜਰ ਨੇ ਵਿਦਿਆਰਥੀਆਂ ਲਈ ਬਹੁਤ ਹੀ ਜਾਣਕਾਰੀ ਭਰਪੂਰ ਸੈਸ਼ਨ ਦਾ ਆਯੋਜਨ ਕੀਤਾ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣਾ ਡੋਮੇਨ ਅਤੇ ਦਿਲਚਸਪੀ ਦਾ ਖੇਤਰ ਚੁਣਨ ਲਈ ਵੀ ਪ੍ਰੇਰਿਤ ਕੀਤਾ। ਵਿਦਿਆਰਥੀ ਅਖਬਾਰ ਦੀ ਛਪਾਈ ਅਤੇ ਪ੍ਰਕਾਸ਼ਨ ਦੀ ਪ੍ਰਕਿਰਿਆ ਨੂੰ ਜਾਣਕੇ ਅਤੇ ਇਹ ਸਮਝ ਕੇ ਬਹੁਤ ਖੁਸ਼ ਹੋਏ ਕਿ ਅਖਬਾਰ ਸਮੇਂ ਸਿਰ ਗਾਹਕਾਂ ਦੇ ਘਰਾਂ ਤੱਕ ਕਿਵੇਂ ਪਹੁੰਚਦੇ ਹਨ।

# ਨਿਸ਼ਕਾਮ ਸਿੱਖ ਕੌਂਸਲ ਤੇ ਡਿਵੈਲਪਮੈਂਟ ਫਾਊਂਡੇਸ਼ਨ ਅਮਰੀਕਾ ਵੱਲੋਂ ਹੁਸ਼ਿਆਰ ਵਿਦਿਆਰਥੀਆਂ ਦਾ ਸਨਮਾਨ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ ਅਮਰੀਕਾ ਅਤੇ ਨਿਸ਼ਕਾਮ ਸਿੱਖ ਵੈਲਫ਼ੇਅਰ ਕੌਂਸਲ ਨਵੀਂ ਦਿੱਲੀ ਵੱਲੋਂ ਹਰ ਸਾਲ ਕਿੱਤਾਮੁਖੀ ਕੋਰਸ ਕਰ ਰਹੇ ਲੋੜਵੰਦ ਅਤੇ ਹੁਸ਼ਿਆਰ ਵਿਦਿਆਰਥੀਆਂ ਨੂੰ 35,000 ਰੁਪਏ ਤੱਕ ਦਾ ਪ੍ਰਤੀ ਵਿਦਿਆਰਥੀ ਵਜ਼ੀਫਾ ਦਿੱਤਾ ਜਾਂਦਾ ਹੈ। ਕੋਆਰਡੀਨੇਟਰ ਹਰਵਿੰਦਰ ਸਿੰਘ ਮਰਵਾਹਾ ਨੇ ਦੱਸਿਆ ਕਿ ਇਸ ਸਾਲ ਫਰੀਦਕੋਟ ਡਵੀਜ਼ਨ ਦੇ 280 ਵਿਦਿਆਰਥੀਆਂ ਨੂੰ 72 ਲੱਖ ਰੁਪਏ ਦੀ ਰਾਸ਼ੀ ਦੇ ਵਜ਼ੀਫਾ ਚੈੱਕ ਦਸਮੇਸ਼ ਡੈਂਟਲ ਕਾਲਜ ਫਰੀਦਕੋਟ ਦੇ ਭਾਈ ਪੂਰਨ ਸਿੰਘ ਆਡੀਟੋਰੀਅਮ ਵਿਖੇ ਤਕਸੀਮ ਕੀਤੇ ਗਏ। ਸਟੇਜ ਸੰਚਾਲਨ ਕਰਦਿਆਂ ਪ੍ਰੋ. ਦਲਬੀਰ ਸਿੰਘ ਨੇ ਦੱਸਿਆ ਕਿ ਜਥੇਬੰਦੀ ਵੱਲੋਂ ਮਨੁੱਖਤਾ ਦੀ ਸੇਵਾ ਲਈ ਬਹੁਤ ਕਾਰਜ ਕੀਤੇ ਜਾ ਰਹੇ ਹਨ, ਦੇਸ਼ 'ਚ ਕਿਤੇ ਵੀ ਕੁਦਰਤੀ ਆਫਤ ਆਉਂਦੀ ਹੈ ਤਾਂ ਨਿਸ਼ਕਾਮ ਦੀ ਟੀਮ ਸੇਵਾ ਲਈ ਤਿਆਰ ਰਹਿੰਦੀ ਹੈ। ਜਿਵੇਂ ਕਿ ਕਰੋਨਾ ਕਾਲ ਦੌਰਾਨ ਆਕਸੀਜਨ ਦੇ ਲੰਗਰ ਵੀ ਲਾਏ ਗਏ ਸਨ। ਵਿੱਦਿਆ ਦੇ ਖੇਤਰ 'ਚ ਪੰਜਾਬ ਤੋਂ ਇਲਾਵਾ, ਹਰਿਆਣਾ, ਰਾਜਸਥਾਨ, ਕਰਨਾਟਕ, ਮੱਧ ਪ੍ਰਦੇਸ਼, ਦਿੱਲੀ ਆਦਿ ਵਿੱਚ ਬਹੁਤ ਵੱਡਾ ਯੋਗਦਾਨ ਪਾਇਆ ਜਾ ਰਿਹਾ ਹੈ। ਉਨ੍ਹਾਂ ਦਸਮੇਸ਼ ਡੈਂਟਲ ਕਾਲਜ ਦੀ ਸਮੁੱਚੀ ਟੀਮ ਸਮੇਤ ਸਮੂਹ ਮਹਿਮਾਨਾਂ ਅਤੇ ਨਿਸ਼ਕਾਮ ਦੇ ਸੇਵਾਦਾਰਾਂ ਦੀ ਜਾਣ-ਪਛਾਣ ਕਰਾਉਂਦਿਆਂ ਸਾਰਿਆਂ ਨੂੰ ਜੀ ਆਇਆਂ ਆਖਿਆ। ਆਪਣੇ ਸੰਬੋਧਨ ਦੌਰਾਨ ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਵਿਧਾਨ ਸਭਾ ਦੇ ਭਰਾ ਐਡਵੋਕੇਟ ਬੀਰਇੰਦਰ ਸਿੰਘ ਸੰਧਵਾਂ ਨੇ ਜਥੇਬੰਦੀ ਦੇ ਉਕਤ ਉਪਰਾਲੇ ਦੀ ਭਰਪੂਰ ਪ੍ਰਸੰਸਾ ਕਰਦਿਆਂ ਆਖਿਆ ਕਿ ਸਪੀਕਰ ਸੰਧਵਾਂ ਵੱਲੋਂ ਇੱਕ ਲੱਖ ਰੁਪਿਆ ਇਸ ਸੇਵਾ ਕਾਰਜ ਵਿੱਚ ਯੋਗਦਾਨ ਪਾਉਣ ਦੀ ਬੇਨਤੀ ਕੀਤੀ ਗਈ ਹੈ।

ਉਨ੍ਹਾ ਆਖਿਆ ਕਿ ਸਪੀਕਰ ਸੰਧਵਾਂ ਦੇ ਕੋਟੇ ਵਿੱਚੋਂ ਭਵਿੱਖ ਵਿੱਚ ਵੀ ਇਹ ਮਦਦ ਜਾਰੀ ਰਹੇਗੀ। ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਸੇਵਾਦਾਰ ਡਾ ਅਵੀਨਿੰਦਰਪਾਲ ਸਿੰਘ ਨੇ ਗੁਰਬਾਣੀ ਦੀ ਕਸਵੱਟੀ 'ਤੇ ਨੈਤਿਕਤਾ ਦਾ ਪਾਠ ਪੜ੍ਹਾਇਆ, ਜਦਕਿ ਹਲਕਾ ਫਰੀਦਕੋਟ ਤੋਂ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਦੀ ਧਰਮਪਤਨੀ ਬੀਬਾ ਬੇਅੰਤ ਕੌਰ ਸੇਖੋਂ ਨੇ ਵੀ ਹਰ ਤਰ੍ਹਾਂ ਦੀ ਮਦਦ ਦਾ ਵਿਸ਼ਵਾਸ ਦਿਵਾਇਆ। ਜਸਵਿੰਦਰ ਸਿੰਘ ਲੁਧਿਆਣਾ, ਨਰਿੰਦਰ ਸਿੰਘ ਦਿੱਲੀ ਪ੍ਰਧਾਨ, ਗੋਪਾਲ ਸਿੰਘ ਸੈਕਟਰੀ, ਮਨਮੋਹਨ ਸਿੰਘ, ਡਾ. ਗੁਰਸੇਵਕ ਸਿੰਘ, ਸਵਰਨਜੀਤ ਸਿੰਘ ਗਿੱਲ ਅਤੇ ਗੁਰਪ੍ਰੀਤ ਸਿੰਘ ਚੰਦਬਾਜਾ ਨੇ ਬੱਚਿਆਂ ਨੂੰ ਚੰਗਾ ਜੀਵਨ ਜਿਉਣ ਦੀ ਜਾਂਚ ਦੇ ਨੁਕਤੇ ਸਾਂਝੇ ਕੀਤੇ। ਇਸ ਮੌਕੇ ਉਪਰੋਕਤ ਤੋਂ ਇਲਾਵਾ ਇੰਜੀ. ਸੁਖਜੀਤ ਸਿੰਘ ਢਿੱਲਵਾਂ ਚੇਅਰਮੈਨ, ਮਨਪ੍ਰੀਤ ਸਿੰਘ ਮਣੀ ਧਾਲੀਵਾਲ, ਡਾ. ਗੁਰਿੰਦਰਮੋਹਨ ਸਿੰਘ, ਗੁਰਮੀਤ ਸਿੰਘ ਸੰਧੂ, ਰਜਿੰਦਰ ਸਿੰਘ ਬਰਾੜ, ਮੱਘਰ ਸਿੰਘ, ਗੁਰਿੰਦਰ ਸਿੰਘ ਮਹਿੰਦੀਰੱਤਾ, ਅੰਮ੍ਰਿਤਪਾਲ ਸਿੰਘ, ਮਨਮੀਤ ਸਿੰਘ, ਹਰਜੀਤ ਸਿੰਘ, ਪ੍ਰਭਜੋਤ ਸਿੰਘ, ਮਨਦੀਪ ਸਿੰਘ, ਕਮਲੇਸ਼ ਰਾਣੀ, ਮਨਦੀਪ ਕੌਰ, ਸੁਖਜੀਤ ਕੌਰ, ਮਨਪ੍ਰੀਤ ਕੌਰ ਆਦਿ ਵੀ ਹਾਜ਼ਰ ਸਨ।